@Qpatrika
@qaumipatrika punjabi
instagram.com/qaumipatrika

**Largest Circulated**

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

# Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Monday, 10 June 2024

VISIT:
www.qaumipatrika.org
Email: qpatrika@gmail.com

**Punjabi National Daily**

ਨਵੀਂ ਦਿੱਲੀ: ਸੋਮਵਾਰ 10 ਜੂਨ 2024, 27 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 202. qpatrika@gmail.com ਫੋਨ : 9971359517 www.qaumipatrika.org

## ਨਤੀਜਿਆਂ ਤੋਂ ਨਿਰਾਸ਼ ਨਾ ਹੋਵੋ, ਜਿਮਨੀ ਚੋਣਾਂ ਲਈ ਰਹੋ ਤਿਆਰ : ਸੁਖਬੀਰ

ਚੰਡੀਗੜ੍ਹ 9 ਜੂਨ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸਾਰੇ ਲੋਕ ਸਭਾ ਹਲਕਿਆਂ 'ਚ ਪਾਰਟੀ ਉਮੀਦਵਾਰਾਂ ਤੇ ਵਰਕਰਾਂ ਨਾਲ ਮੀਟਿੰਗਾਂ ਕਰਨ ਲਈ ਦੌਰੇ ਦੀ ਸ਼ੁਰੂਆਤ ਕੀਤੀ। ਉਨ੍ਹਾਂ ਨੇ ਸੰਗਰੂਰ ਤੋਂ ਪਾਰਟੀ ਉਮੀਦਵਾਰ



ਇਕਬਾਲ ਸਿੰਘ ਝੂੰਦਾਂ ਨਾਲ ਅਮਰਗੜ੍ਹ ਤੇ ਰਣਜੀਤ ਸਿੰਘ ਢਿੱਲੋਂ ਨਾਲ ਲੁਧਿਆਣਾ 'ਚ ਉਨ੍ਹਾਂ ਦੀ ਰਿਹਾਇਸ 'ਤੇ ਜਾ ਕੇ ਮੁਲਾਕਾਤ ਕੀਤੀ ਤੇ ਦੋਵਾਂ ਥਾਵਾਂ 'ਤੇ ਪਾਰਟੀ ਆਗੂਆਂ ਤੇ ਵਰਕਰਾਂ ਨਾਲ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਇਕੱਲਾ ਅਕਾਲੀ ਦਲ ਹੀ ਪੰਜਾਬ ਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਕਰ ਸਕਦਾ ਹੈ। ਅਸੀਂ ਪੰਜਾਬ ਦੇ ਹੱਕਾਂ ਲਈ ਸੰਘਰਸ ਜਾਰੀ ਰੱਖਾਂਗੇ, ਭਾਵੇਂ ਉਹ ਦਰਿਆਈ ਪਾਣੀਆਂ ਦਾ ਮਸਲਾ ਹੋਵੇ, ਚੰਡੀਗੜ੍ਹ ਪੰਜਾਬ ਨੂੰ ਦੇਣ ਦੀ ਗੱਲ ਹੋਵੇ ਜਾਂ ਫਿਰ ਕਿਸਾਨਾਂ ਲਈ ਐੱਮ. ਐੱਸ. ਪੀ. ਦੀ ਕਾਨੂੰਨੀ ਗਾਰੰਟੀ ਲੈਣੀ ਹੋਵੇ, ਹਰ ਮਸਲੇ ਲਈ ਜੋਰਦਾਰ ਆਵਾਜ ਬੁਲੰਦ ਕਰਦੇ ਰਹਾਂਗੇ। ਉਨ੍ਹਾਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਚੋਣ ਨਤੀਜਿਆਂ ਤੋਂ ਨਿਰਾਸ਼ ਨਾ ਹੋਣ। ਉਨ੍ਹਾਂ ਕਿਹਾ ਕਿ ਸਾਨੂੰ ਹੁਣ ਆਉਂਦੀਆਂ ਜਿਮਨੀ ਚੋਣਾਂ ਲਈ ਤਿਆਰ ਰਹਿਣਾ ਪਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਨੇ ਵੇਖ ਲਿਆ ਹੈ ਕਿ ਕਿਵੇਂ ਦਿੱਲੀ ਆਧਾਰਿਤ ਪਾਰਟੀਆਂ ਅਕਾਲੀ ਦਲ ਖਿਲਾਫ ਇਕਜੁੱਟ ਹੋਈਆਂ ਸਨ।

## ਦਿੱਲੀ ਤੇ ਹਰਿਆਣਾ 'ਚ 'ਆਪ' ਨਾਲ ਗਠਜੋੜ ਤੋੜ ਸਕਦੀ ਹੈ ਕਾਂਗਰਸ ਪਾਰਟੀ

ਹਰਿਆਣਾ 9 ਜੂਨ। ਕਾਂਗਰਸ ਦਿੱਲੀ ਅਤੇ ਹਰਿਆਣਾ 'ਚ 'ਆਪ' ਨਾਲੋਂ ਗਠਜੋੜ ਤੋੜ ਸਕਦੀ ਹੈ। ਜਦਕਿ ਰਾਹੁਲ ਵਾਇਨਾਡ ਸੀਟ ਛੱਡ ਕੇ ਰਾਏਬਰੇਲੀ ਸੀਟ ਆਪਣੇ ਕੋਲ ਰੱਖਣਗੇ। ਇਹ ਸੰਕੇਤ ਸਨੀਵਾਰ ਨੂੰ ਕਾਂਗਰਸ ਵਰਕਿੰਗ ਕਮੇਟੀ ਦੀ ਬੈਠਕ ਤੋਂ ਮਿਲੇ ਹਨ। ਕਾਂਗਰਸ ਮਹਿਲਾ ਮੋਰਚਾ ਦੀ ਪ੍ਰਧਾਨ ਅਲਕਾ ਲਾਂਬਾ ਨੇ ਕਿਹਾ ਕਿ ਭ੍ਰਿਸਟਾਚਾਰ ਦੇ ਦੋਸਾਂ 'ਚ ਕੇਜਰੀਵਾਲ ਸਮੇਤ ਵੱਡੇ ਨੇਤਾਵਾਂ ਦੇ ਜੇਲ੍ਹ ਜਾਣ ਅਤੇ ਸਵਾਤੀ ਮਾਲੀਵਾਲ ਨਾਲ ਕੁੱਟਮਾਰ ਕਾਰਨ ਕਾਂਗਰਸ ਪਾਰਟੀ ਨੂੰ ਗਠਜੋੜ ਤੋਂ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ 'ਚ 'ਆਪ' ਨਾਲ ਗਠਜੋੜ ਨਹੀਂ ਕੀਤਾ,



ਇਸ ਦਾ ਸਿੱਧਾ ਫਾਇਦਾ ਸਾਨੂੰ ਹੋਇਆ ਹੈ। ਲੋਕ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਦਾ ਅਹੁਦਾ ਪਿਛਲੇ 10 ਸਾਲਾਂ ਤੋਂ ਖਾਲੀ ਹੈ। 2014 ਵਿਚ ਕਾਂਗਰਸ ਨੂੰ 44 ਅਤੇ 2019 ਵਿਚ 52 ਸੀਟਾਂ ਮਿਲੀਆਂ ਸਨ। ਭਾਜਪਾ ਤੋਂ ਬਾਅਦ ਕਾਂਗਰਸ ਨੂੰ ਸਭ ਤੋਂ ਵੱਧ ਸੀਟਾਂ ਮਿਲੀਆਂ ਸਨ। ਫਿਰ ਵੀ ਕਾਂਗਰਸ ਨੂੰ ਵਿਰੋਧੀ ਧਿਰ ਦੇ ਨੇਤਾ ਦੀ ਕੁਰਸੀ ਨਹੀਂ ਮਿਲੀ ਸੀ। ਦਰਅਸਲ, ਵਿਰੋਧੀ ਧਿਰ ਦੇ ਨੇਤਾ ਦੇ ਅਹੁਦੇ ਲਈ ਕਿਸੇ ਵੀ ਪਾਰਟੀ ਕੋਲ ਲੋਕ ਸਭਾ ਦੀਆਂ ਕੁੱਲ ਸੀਟਾਂ ਦਾ 10 ਫੀਸਦੀ ਹੋਣਾ ਜਰੂਰੀ ਹੈ। ਭਾਵ 543 ਸੀਟਾਂ 'ਚੋਂ ਕਾਂਗਰਸ ਨੂੰ ਇਸ ਲਈ 54 ਸੰਸਦ ਮੈਂਬਰਾਂ ਦੀ ਲੋੜ ਹੈ। ਇਸ ਵਾਰ ਕਾਂਗਰਸ ਨੇ ਆਪਣੇ ਦਮ 'ਤੇ 99 ਸੀਟਾਂ ਹਾਸਲ ਕੀਤੀਆਂ ਹਨ।

## ਜੰਮੂ ਕਸ਼ਮੀਰ 'ਚ ਜਲਦ ਹੋ ਸਕਦੀਆਂ ਹਨ ਵਿਧਾਨ ਸਭਾ ਚੋਣਾਂ

ਨਵੀਂ ਦਿੱਲੀ 9 ਜੂਨ। ਜੰਮੂ ਕਸ਼ਮੀਰ 'ਚ ਜਲਦ ਵਿਧਾਨ ਸਭਾ ਚੋਣਾਂ ਕਰਵਾਉਣ ਦਾ ਸੰਕੇਤ ਦਿੰਦੇ ਹੋਏ ਚੋਣ ਕਮਿਸ਼ਨ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਉਸ ਨੇ ਕੇਂਦਰ ਸ਼ਾਸਿਤ ਪ੍ਰਦੇਸ਼ 'ਚ ਚੋਣ ਚਿੰਨ੍ਹ ਦੀ ਵੰਡ ਲਈ ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਦਲਾਂ ਦੀਆਂ ਅਰਜੀਆਂ ਤੁਰੰਤ ਪ੍ਰਭਾਵ ਨਾਲ ਸਵੀਕਾਰ ਕਰਨ ਦਾ ਫੈਸਲਾ ਕੀਤਾ ਹੈ। ਇਕ ਅਧਿਕਾਰੀ ਨੇ ਦੱਸਿਆ ਕਿ ਚੋਣ ਚਿੰਨ੍ਹ (ਸੁਰੱਖਿਅਤ ਅਧਿਕਾਰ ਅਤੇ ਅਲਾਟਮੈਂਟ) ਆਦੇਸ਼, 1968 ਦੇ ਪੈਰਾ 10ਬੀ ਦੇ ਅਧੀਨ ਕੋਈ ਵੀ ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਰਾਜਨੀਤਕ ਦਲ ਸਦਨ ਦਾ ਕਾਰਜਕਾਲ ਖਤਮ ਹੋਣ ਤੋਂ 6 ਮਹੀਨੇ ਪਹਿਲਾਂ ਚੋਣ ਚਿੰਨ੍ਹ ਲਈ ਅਰਜੀ ਦੇ ਸਕਦਾ ਹੈ। ਉਨ੍ਹਾਂ ਦੱਸਿਆ ਕਿ ਕਿਉਂਕਿ ਜੰਮੂ ਕਸ਼ਮੀਰ 'ਚ ਫਿਲਹਾਲ ਵਿਧਾਨ ਸਭਾ ਭੰਗ ਹੈ, ਇਸ ਲਈ ਚੋਣ ਕਮਿਸ਼ਨ ਨੇ ਇਕ ਬਿਆਨ ਜਾਰੀ ਕਰ ਕੇ ਚੋਣ ਚਿੰਨ੍ਹਾਂ ਲਈ ਅਰਜੀਆਂ ਮੰਗੀਆਂ ਹਨ।

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਬਾਅਦ ਅਮਿਤ ਸ਼ਾਹ ਤੇ ਰਾਜਨਾਥ ਸਿੰਘ ਨੇ ਵੀ ਚੁੱਕੀ ਸਹੁੰ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ , 9 ਜੂਨ। ਨਰਿੰਦਰ ਮੋਦੀ ਲਗਾਤਾਰ ਤੀਜੀ ਵਾਰ ਦੇਸ਼ ਦੇ ਪ੍ਰਧਾਨ ਮੰਤਰੀ ਬਣ ਗਏ ਹਨ। ਉਨ੍ਹਾਂ ਰਾਸ਼ਟਰਪਤੀ ਭਵਨ ਵਿਖੇ ਦੇਸ਼ ਦੇ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕ ਲਈ ਹੈ। ਉਨ੍ਹਾਂ ਦੇ ਨਾਲ ਕੈਬਨਿਟ ਦੇ ਬਾਕੀ ਮੰਤਰੀ ਵੀ ਸਹੁੰ ਚੁੱਕ ਰਹੇ ਹਨ। ਸਾਬਕਾ ਰਾਸਟਰਪਤੀ ਰਾਮਨਾਥ ਕੋਵਿੰਦ ਅਤੇ ਓਡੀਸਾ ਦੇ ਰਾਜਪਾਲ ਰਘੁਵਰ ਦਾਸ ਵੀ ਸਹੁੰ ਚੁੱਕ ਸਮਾਗਮ ਵਿੱਚ ਸਾਮਲ ਹੋਏ। ਉਨ੍ਹਾਂ ਤੋਂ ਇਲਾਵਾ ਜੰਮੂ-ਕਸਮੀਰ ਦੇ ਲੈਫਟੀਨੈਂਟ ਗਵਰਨਰ ਮਨੋਜ ਸਿਨਹਾ ਵੀ ਪਹੁੰਚੇ ਹਨ। ਸੀ.ਜੇ.ਆਈ. ਚੰਦਰਚੂੜ ਤੋਂ ਇਲਾਵਾ ਭੂਟਾਨ ਦੇ ਪ੍ਰਧਾਨ ਮੰਤਰੀ ਤੋਬਗੇ ਵੀ ਰਾਸਟਰਪਤੀ ਭਵਨ ਪਹੁੰਚ ਚੁੱਕੇ ਹਨ। ਭਾਰਤ ਨਾਲ ਸਬੰਧਾਂ ਵਿੱਚ ਆਈ ਖਿੱਚੋਤਾਣ ਕਾਰਨ ਸੁਰਖੀਆਂ ਵਿੱਚ ਰਹੇ ਮਾਲਦੀਵ ਦੇ ਰਾਸਟਰਪਤੀ ਅੱਜ ਭਾਰਤ ਦੇ ਰਾਜ ਮਹਿਮਾਨ ਵੀ ਹਨ। ਮਾਲਦੀਵ ਦੇ ਰਾਸਟਰਪਤੀ ਮੁਹੰਮਦ ਮੁਈਜ਼ੂ ਵੀ ਸਹੁੰ ਚੁੱਕ ਸਮਾਗਮ ਲਈ ਰਾਸਟਰਪਤੀ ਭਵਨ ਪਹੁੰਚ ਚੁੱਕੇ ਹਨ। ਨਰਿੰਦਰ ਮੋਦੀ ਅੱਜ ਤੀਜੀ ਵਾਰ ਦੇਸ ਦੇ ਪ੍ਰਧਾਨ ਮੰਤਰੀ ਬਣਨ ਜਾ ਰਹੇ ਹਨ। ਇਸ ਦੇ ਲਈ ਅੱਜ ਸਹੁੰ ਚੁੱਕ ਸਮਾਗਮ ਦਾ ਆਯੋਜਨ ਕੀਤਾ ਗਿਆ ਹੈ।



ਦੇਸ਼ ਭਰ ਵਿਚ ਕੈਬਨਿਟ ਮੰਤਰੀਆਂ ਦੇ ਨਾਵਾਂ ਨੂੰ ਲੈ ਕੇ ਸਸਪੈਂਸ ਬਣਿਆ ਹੋਇਆ ਹੈ। ਹਾਲਾਂਕਿ ਸਮਾਗਮ ਤੋਂ ਪਹਿਲਾਂ ਰਾਸਟਰੀ ਜਮਹੂਰੀ ਗਠਜੋੜ (ਐਨਡੀਏ) ਦੇ ਸੰਸਦ ਮੈਂਬਰਾਂ ਨੂੰ ਫੋਨ ਆਉਣੇ ਸੁਰੂ ਹੋ ਗਏ ਹਨ ਜਿਨ੍ਹਾਂ ਨੇ ਮੰਤਰੀ ਵਜੋਂ ਸਹੁੰ ਚੁੱਕਣੀ ਹੈ। ਅਮਿਤ ਸਾਹ, ਸੀਆਰ ਪਾਟਿਲ, ਮਨਸੁਖ ਮਾਂਡਵੀਆ। ਹਿਮਾਚਲ- ਜੇਪੀ ਨੱਡਾ। ਉੱਤਰਾਖੰਡ- ਅਜੈ ਤਮਟਾ ਮਹਾਰਾਸਟਰ- ਨਿਤਿਨ ਗਡਕਰੀ, ਰਕਸਾ ਖੜਸੇ, ਪ੍ਰਤਾਪ ਰਾਓ ਜਾਧਵ, ਪੀਯੂਸ ਗੋਇਲ, ਮੁਰਲੀਧਰ ਮੋਹੋਲ, ਰਾਮਦਾਸ ਅਠਾਵਲੇ। ਮੱਧ ਪ੍ਰਦੇਸ- ਸਿਵਰਾਜ ਸਿੰਘ ਚੌਹਾਨ, ਜਯੋਤੀਰਾਦਿਤਿਆ ਸਿੰਧੀਆ, ਸਾਵਿਤਰੀ ਠਾਕੁਰ। ਪੰਜਾਬ- ਰਵਨੀਤ ਬਿੱਟੂ (ਚੋਣ ਹਾਰ ਗਏ)। ਰਾਜਸਥਾਨ- ਗਜੇਂਦਰ ਸੇਖਾਵਤ, ਭਾਗੀਰਥ ਚੌਧਰੀ, ਅਰਜੁਨ ਰਾਮ ਮੇਘਵਾਲ। ਬਿਹਾਰ- ਜੀਤਨ ਰਾਮ ਮਾਂਝੀ, ਰਾਮਨਾਥ ਠਾਕੁਰ, ਨਿਤਿਆਨੰਦ ਰਾਏ, ਗਿਰੀਰਾਜ ਸਿੰਘ, ਚਿਰਾਗ ਪਾਸਵਾਨ। ਝਾਰਖੰਡ- ਅੰਨਪੂਰਨਾ ਦੇਵੀ, ਚੰਦਰ ਪ੍ਰਕਾਸ। ਉੱਤਰ ਪ੍ਰਦੇਸ - ਰਾਜਨਾਥ ਸਿੰਘ, ਜਤਿਨ ਪ੍ਰਸਾਦ, ਡਾ: ਮਹੇਸ ਸਰਮਾ, ਪੰਕਜ ਚੌਧਰੀ, ਅਨੁਪ੍ਰਿਆ ਪਟੇਲ, ਜਯੰਤ ਚੌਧਰੀ, ਬੀ.ਐਲ.ਵਰਮਾ.ਅਨੂਪ ਵਾਲਮੀਕੀ। ਤੇਲੰਗਾਨਾ- ਸੰਜੇ ਬਾਂਡੀ, ਜੀ ਕਿਸਨ ਰੈੱਡੀ।

## ਗਜੇਂਦਰ ਸ਼ੇਖਾਵਤ ਨੇ ਤੀਜੀ ਵਾਰ ਮੰਤਰੀ ਪ੍ਰੀਸ਼ਦ 'ਚ ਸ਼ਾਮਲ ਕਰਨ ਲਈ ਨਰਿੰਦਰ ਮੋਦੀ ਦਾ ਕੀਤਾ ਧੰਨਵਾਦ

ਨਵੀਂ ਦਿੱਲੀ 9 ਜੂਨ। ਭਾਰਤੀ ਜਨਤਾ ਪਾਰਟੀ (ਭਾਜਪਾ) ਨੇਤਾ ਗਜੇਂਦਰ ਸਿੰਘ ਸ਼ੇਖਾਵਤ ਨੇ ਐਤਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਉਨ੍ਹਾਂ ਨੂੰ ਲਗਾਤਾਰ ਤੀਜੀ ਵਾਰ ਮੰਤਰੀ ਪ੍ਰੀਸ਼ਦ 'ਚ ਸ਼ਾਮਲ ਰਕਨ ਲਈ ਧੰਨਵਾਦ ਕੀਤਾ। ਆਪਣੇ ਮੰਤਰੀ ਪ੍ਰੀਸ਼ਦ ਦੇ ਮੈਂਬਰਾਂ ਨਾਲ ਮੋਦੀ ਐਤਵਾਰ ਨੂੰ ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਅਹੁਦੇ ਦੀ ਸਹੁੰ ਚੁੱਕਣਗੇ। ਸ਼ੇਖਾਵਤ ਨੇ ਕਿਹਾ ਕਿ ਉਹ ਮੋਦੀ ਦੀ ਲੀਡਰਸ਼ਿਪ 'ਚ ਇਕ ਟੀਮ ਦੇ ਹਿੱਸੇ ਵਜੋਂ ਕੰਮ ਕਰਨਗੇ, ਸਾਰੇ ਵਾਅਦਿਆਂ ਨੂੰ ਪੂਰਾ ਕਰਨਗੇ ਅਤੇ ਦੇਸ਼ ਦੀਆਂ ਉਮੀਦਾਂ 'ਤੇ ਖਰਾ ਉਤਰਨਗੇ। ਕੇਂਦਰੀ ਜਲ ਸ਼ਕਤੀ ਮੰਤਰੀ ਅਤੇ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਕਲਿਆਣ ਮੰਤਰੀ ਰਹਿ ਚੁੱਕੇ ਸ਼ੇਖਾਵਤ ਨੇ ਤੀਜੀ ਵਾਰ ਮੌਕਾ ਦੇਣ ਲਈ ਮੋਦੀ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ,"ਪ੍ਰਧਾਨ ਮੰਤਰੀ ਜੀ ਨੇ ਮੈਨੂੰ ਲਗਾਤਾਰ ਤੀਜੀ ਵਾਰ ਆਪਣੀ ਟੀਮ 'ਚ ਸ਼ਾਮਲ ਕਰ ਕੇ ਦੇਸ਼ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਅਸੀਂ ਪ੍ਰਧਾਨ ਮੰਤਰੀ ਜੀ ਦੀ ਅਗਵਾਈ 'ਚ ਇਕ ਟੀਮ ਵਜੋਂ ਕੰਮ ਕਰਾਂਗੇ ਅਤੇ ਸਾਰੇ ਵਾਅਦਿਆਂ ਨੂੰ ਪੂਰਾ ਕਰਨਗੇ ਤੇ ਦੇਸ਼ ਦੀਆਂ ਉਮੀਦਾਂ 'ਤੇ ਖਰਾ ਉਤਰਨਗੇ।" ਸ਼ੇਖਾਵਤ ਜੋਧਪੁਰ ਤੋਂ ਸੰਸਦ ਦੇ ਹੇਠਲੇ ਸਦਨ ਲਈ ਚੁਣੇ ਗਏ ਹਨ।

# ਮਾਨ ਨੇ ਪਾਰਟੀ ਦੀ ਹਾਰ ਦੀ ਕੀਤੀ ਸਮੀਖਿਆ

**ਏਜੰਸੀਆਂ**

ਜਲੰਧਰ/ਚੰਡੀਗੜ੍ਹ 9 ਜੂਨ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬੀਤੇ ਦਿਨ ਬਠਿੰਡਾ ਅਤੇ ਫਰੀਦਕੋਟ ਲੋਕ ਸਭਾ ਸੀਟਾਂ 'ਤੇ ਆਮ ਆਦਮੀ ਪਾਰਟੀ ਨੂੰ ਮਿਲੀ ਹਾਰ ਦੀ ਸਮੀਖਿਆ ਕਰਨ ਲਈ ਇਨ੍ਹਾਂ ਦੋਵਾਂ ਸੰਸਦੀ ਸੀਟਾਂ ਦੇ ਮੰਤਰੀਆਂ, ਵਿਧਾਇਕਾਂ, ਪਾਰਟੀ ਅਹੁਦੇਦਾਰਾਂ ਅਤੇ ਵਾਲੰਟੀਅਰਾਂ ਨਾਲ ਉੱਚ ਪੱਧਰੀ ਮੀਟਿੰਗ ਕੀਤੀ। ਮੁੱਖ ਮੰਤਰੀ ਭਗਵੰਤ ਮਾਨ ਨੇ ਦੋਵਾਂ ਲੋਕ ਸਭਾ ਸੀਟਾਂ 'ਤੇ ਹੋਈ ਹਾਰ ਨੂੰ ਲੈ ਕੇ ਪਾਰਟੀ ਦੇ ਵਿਧਾਇਕਾਂ, ਚੇਅਰਮੈਨਾਂ ਅਤੇ ਅਹੁਦੇਦਾਰਾਂ ਨੂੰ ਪੁੱਛਿਆ ਕਿ ਆਖਿਰ ਹਾਰ ਦੇ ਕੀ ਕਾਰਨ ਹਨ। ਵਰਨਣਯੋਗ ਹੈ ਕਿ ਬਠਿੰਡਾ 'ਚ ਕੈਬਨਿਟ ਮੰਤਰੀ ਤੇ 'ਆਪ' ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਸੀ ਅਤੇ ਇਸ ਸੀਟ ਤੋਂ ਅਕਾਲੀ ਦਲ ਦੀ ਹਰਸਿਮਰਤ ਕੌਰ ਬਾਦਲ ਚੋਣ ਜਿੱਤੇ ਸੀ। ਇਸੇ ਤਰ੍ਹਾਂ ਫਰੀਦਕੋਟ ਲੋਕ ਸਭਾ ਸੀਟ ਤੋਂ ਮੁੱਖ ਮੰਤਰੀ ਦੇ ਗਾਇਕ ਮਿੱਤਰ ਚੋਣ ਹਾਰ ਗਏ ਸੀ ਅਤੇ ਆਜਾਦ ਉਮੀਦਵਾਰ ਪਰਮਜੀਤ ਸਿੰਘ ਖਾਲਸਾ ਚੋਣ ਜਿੱਤ ਗਏ ਸਨ। ਬੈਠਕ 'ਚ ਮੁੱਖ ਮੰਤਰੀ ਭਗਵੰਤ ਮਾਨ ਨੇ ਪਾਰਟੀ ਉਮੀਦਵਾਰਾਂ ਨੂੰ ਪੁੱਛਿਆ ਕਿ ਆਖਿਰ ਉਨ੍ਹਾਂ ਨੂੰ ਘੱਟ ਵੋਟਾਂ ਕਿਉਂ ਮਿਲੀਆਂ ਹਨ। ਹਰੇਕ ਆਗੂ ਨੇ ਆਪਣੇ-



ਆਪਣੇ ਜਵਾਬ ਮੁੱਖ ਮੰਤਰੀ ਨੂੰ ਦੱਸੇ। ਭਗਵੰਤ ਮਾਨ ਨੇ ਬੈਠਕ ਤੋਂ ਬਾਅਦ ਟਵੀਟ ਕਰਦੇ ਹੋਏ ਕਿਹਾ ਕਿ ਬਠਿੰਡਾ ਅਤੇ ਫਰੀਦਕੋਟ ਲੋਕ ਸਭਾ ਸੀਟਾਂ ਦੇ ਸਾਰੇ ਆਗੂਆਂ ਨੂੰ ਹੋਰ ਮਜਬੂਤੀ ਨਾਲ ਕੰਮ ਕਰਨਾ ਪਵੇਗਾ। ਉਨ੍ਹਾਂ ਕਿਹਾ ਉਹ ਜਨਤਾ ਦੀ ਸੇਵਾ ਦਾ ਕਾਰਜ ਜਾਰੀ ਰੱਖਣ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਜਨਤਾ ਦੀ ਹੈ ਤੇ ਦੋਵੇਂ ਸੰਸਦੀ ਸੀਟਾਂ 'ਤੇ ਵਿਕਾਸ ਕਾਰਜਾਂ 'ਚ ਹੋਰ ਤੇਜ਼ੀ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਹੁਣ ਉਹ ਵਿਕਾਸ ਕਾਰਜਾਂ 'ਤੇ ਨਜ਼ਰ ਰੱਖਣਗੇ ਅਤੇ ਜਨਤਾ ਦੀਆਂ ਉਮੀਦਾਂ ਅਨੁਸਾਰ ਕੰਮ ਕਰਵਾਉਣਗੇ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਆਉਣ ਵਾਲੇ ਦਿਨਾਂ 'ਚ ਜਨਤਾ ਨਾਲ ਕੀਤੇ ਸਾਰੇ ਵਾਅਦਿਆਂ ਨੂੰ ਪੂਰਾ ਕਰ ਦੇਵੇਗੀ ਤੇ ਵਿਧਾਨ ਸਭਾ ਚੋਣਾਂ 'ਚ ਜਨਤਾ ਨੂੰ ਦਿੱਤੀਆਂ ਗਈਆਂ ਸਾਰੀਆਂ ਗਾਰੰਟੀਆਂ ਵੀ ਪੂਰੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਲੋਕਤੰਤਰ 'ਚ ਜਨਤਾ ਸਭ ਤੋਂ ਉੱਪਰ ਅਤੇ ਜਨਤਾ ਦਾ ਫਤਵਾ ਉਨ੍ਹਾਂ ਨੂੰ ਸਵੀਕਾਰ ਹੈ ਅਤੇ ਹੁਣ ਪਾਰਟੀ ਅਤੇ ਸਰਕਾਰ ਹੋਰ ਮਜਬੂਤੀ ਨਾਲ ਜਨਤਾ ਦੀ ਸੇਵਾ ਕਰੇਗੀ।

## ਨਰਿੰਦਰ ਮੋਦੀ ਦੇ ਸਹੁੰ ਚੁੱਕ ਸਮਾਰੋਹ 'ਚ ਸ਼ਾਮਲ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ

ਨਵੀਂ ਦਿੱਲੀ 9 ਜੂਨ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਐਤਵਾਰ ਯਾਨੀ ਅੱਜ ਸ਼ਾਮ ਨੂੰ ਪ੍ਰਧਾਨ ਮੰਤਰੀ ਵਜੋਂ ਨਰਿੰਦਰ ਮੋਦੀ ਦੇ ਸਹੁੰ ਚੁੱਕ ਸਮਾਰੋਹ 'ਚ ਸ਼ਾਮਲ ਹੋਣਗੇ। ਉਨ੍ਹਾਂ ਦੇ ਕਰੀਬੀ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ ਹੈ। ਰਾਸ਼ਟਰਪਤੀ ਭਵਨ 'ਚ ਹੋਣ ਵਾਲੇ ਇਸ ਸਮਾਰੋਹ ਲਈ ਖੜਗੇ ਅਤੇ ਕਾਂਗਰਸ ਸੰਸਦੀ ਦਲ ਦੀ ਪ੍ਰਧਾਨ ਸੋਨੀਆ ਗਾਂਧੀ ਨੂੰ ਸੱਦਾ ਭੇਜਿਆ ਗਿਆ ਹੈ। ਖੜਗੇ ਦੇ ਕਰੀਬੀ ਸੂਤਰਾਂ ਨੇ ਦੱਸਿਆ ਕਿ ਉਹ ਸਮਾਰੋਹ 'ਚ ਸ਼ਾਮਲ ਹੋਣਗੇ। ਦੱਸਣਯੋਗ ਹੈ ਕਿ ਅੱਜ ਸ਼ਾਮ 7.15 ਵਜੇ ਨਰਿੰਦਰ ਮੋਦੀ ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਅਹੁਦੇ ਦੀ ਸਹੁੰ ਚੁੱਕਣਗੇ। ਸਹੁੰ ਚੁੱਕ ਸਮਾਰੋਹ ਦਾ ਆਯੋਜਨ ਰਾਸ਼ਟਰਪਤੀ ਭਵਨ 'ਚ ਹੋ ਰਿਹਾ ਹੈ। ਦੱਸ ਦੇਈਏ ਕਿ 2014 ਅਤੇ 2019 ਦੀਆਂ ਲੋਕ ਸਭਾ ਚੋਣਾਂ 'ਚ ਭਾਜਪਾ ਨੂੰ ਇਕੱਲੇ ਬਹੁਮਤ ਪ੍ਰਾਪਤ ਸੀ। ਹਾਲਾਂਕਿ ਇਸ ਵਾਰ ਵੀ ਉਹ ਸਭ ਤੋਂ ਵੱਡੀ ਪਾਰਟੀ ਬਣ ਕੇ ਉੱਭਰੀ ਪਰ ਉਸ ਦੀਆਂ ਸੀਟਾਂ ਦਾ ਅੰਕੜਾ 240 ਰਹਿ ਗਿਆ। ਲੋਕ ਸਭਾ 'ਚ ਬਹੁਮਤ ਦਾ ਅੰਕੜਾ 272 ਹੈ। ਨਰਿੰਦਰ ਮੋਦੀ ਨੂੰ ਆਪਣੇ ਤੀਜੇ ਕਾਰਜਕਾਲ 'ਚ ਗਠਜੋੜ ਸਰਕਾਰ ਦੀ ਲੀਡਰਸ਼ਿਪ ਕਰਨੀ ਹੈ। ਭਾਜਪਾ ਦੀ ਅਗਵਾਈ ਵਾਲੀ ਐੱਨ.ਡੀ.ਏ. ਨੂੰ 293 ਸੀਟਾਂ ਨਾਲ ਪੂਰਨ ਬਹੁਮਤ ਪ੍ਰਾਪਤ ਹੈ। ਤੇਲੁਗੂ



ਦੇਸ਼ਮ ਪਾਰਟੀ (ਟੀਡੀਪੀ) ਅਤੇ ਜਨਤਾ ਦਲ (ਯੂ) 'ਚ ਸ਼ਾਮਲ ਹੋਰ 2 ਵੱਡੇ ਦਲ ਹੈ, ਜਿਨ੍ਹਾਂ ਕੋਲ 16 ਅਤੇ 12 ਲੋਕ ਸਭਾ ਸੀਟਾਂ ਹਨ। ਸਹੁੰ ਚੁੱਕਣ ਦੇ ਨਾਲ ਹੀ 73 ਸਾਲਾ ਨਰਿੰਦਰ ਮੋਦੀ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਜਵਾਹਰਲਾਲ ਨਹਿਰੂ ਦੀ ਲਗਾਤਾਰ ਤਿੰਨ ਵਾਰ ਪੀ.ਐੱਮ. ਬਣਨ ਦੀ ਉਪਲੱਬਧੀ ਦੀ ਬਰਾਬਰੀ ਕਰ ਲੈਣਗੇ।

## ਦਿਲੀਪ ਘੋਸ ਦੀ ਨਾਰਾਜਗੀ ਆਈ ਸਾਹਮਣੇ, ਕਿਹਾ, 'ਓਲਡ ਇਜ ਗੋਲਡ'

ਕੋਲਕਾਤਾ, 9 ਜੂਨ। ਆਪਣੇ ਵਰਗੇ ਸਥਾਪਤ ਨੇਤਾਵਾਂ ਨੂੰ ਜਿੱਤਣ ਯੋਗ ਹਲਕਿਆਂ ਤੋਂ ਚੁਣੌਤੀਪੂਰਨ ਹਲਕਿਆਂ 'ਚ ਤਬਦੀਲ ਕਰਨ ਦੀ ਦਲੀਲ 'ਤੇ ਸਵਾਲ ਉਠਾਉਣ ਪਿੱਛੋਂ ਭਾਜਪਾ ਨੇਤਾ ਦਿਲੀਪ ਘੋਸ ਨੇ ਸਨੀਵਾਰ ਸੋਸਲ ਮੀਡੀਆ 'ਤੇ ਇਕ ਪੋਸਟ ਪਾਈ, ਜਿਸ ਕਾਰਨ ਪਾਰਟੀ ਦੀ ਪੱਛਮੀ ਬੰਗਾਲ ਇਕਾਈ 'ਚ 'ਪੁਰਾਣੇ ਬਨਾਮ ਨਵੇਂ' 'ਤੇ ਬਹਿਸ ਦੀਆਂ ਅਟਕਲਾਂ ਸੁਰੂ ਹੋ ਗਈਆਂ। ਘੋਸ ਨੇ ਐਕਸ 'ਤੇ ਸੀਕ੍ਰੇਸੀ ਵਾਲਾ ਇਕ ਸੰਦੇਸ ਪੋਸਟ ਕੀਤਾ 'ਓਲਡ ਇਜ ਗੋਲਡ (ਪੁਰਾਣਾ ਦਮਦਾਰ ਹੈ)। ਘੋਸ ਨੇ ਪਹਿਲਾਂ ਕਿਹਾ ਸੀ ਕਿ ਪੁਰਾਣੇ ਨੇਤਾਵਾਂ ਨੂੰ ਪਾਸੇ ਕਰਨਾ ਪਾਰਟੀ ਦੀ ਗਲਤੀ ਸੀ । ਇਸ ਨੂੰ ਚੋਣਾਂ ਵਿਚ ਹਾਰ ਦਾ ਸਾਹਮਣਾ ਕਰਨਾ ਹੀ ਪੈਣਾ ਸੀ ਕਿਉਂਕਿ ਨਵੇਂ ਅਤੇ ਗੈਰ ਤਜਰਬੇਕਾਰ ਨੇਤਾ ਫੈਸਲੇ ਲੈ ਰਹੇ ਸਨ। ਸੂਬੇ 'ਚ ਭਾਜਪਾ ਦੀਆਂ ਲੋਕ ਸਭਾ ਸੀਟਾਂ ਦੀ ਗਿਣਤੀ 2019 'ਚ 18 ਸੀ ਜੋ ਹੁਣ ਇਨ੍ਹਾਂ ਚੋਣ 'ਚ ਘਟ ਕੇ 12 ਹੋ ਗਈ ਹੈ। 2019 'ਚ ਘੋਸ ਪ੍ਰਦੇਸ ਭਾਜਪਾ ਪ੍ਰਧਾਨ ਸਨ।

# ਟੈਸਟਿੰਗ ਏਜੰਸੀ ਵੱਲੋਂ ਐਲਾਨੇ ਨੀਟ ਦੇ ਨਤੀਜਿਆਂ 'ਤੇ ਹੰਗਾਮਾ

**ਨਵਦੀਪ ਸਿੰਘ ਸਾਹਨੀ**

ਅੰਮ੍ਰਿਤਸਰ 9 ਜੂਨ। ਨੈਸਨਲ ਟੈਸਟਿੰਗ ਏਜੰਸੀ ਵੱਲੋਂ ਐੱਨ. ਈ. ਈ. ਟੀ. 2024 ਦੇ ਐਲਾਨੇ ਨਤੀਜਿਆਂ ਨੂੰ ਲੈ ਕੇ ਹੰਗਾਮਾ ਰੁਕਦਾ ਨਜਰ ਨਹੀਂ ਆ ਰਿਹਾ ਹੈ। ਜਿਆਦਾਤਰ ਮਾਪਿਆਂ ਨੇ ਨਤੀਜਿਆਂ 'ਤੇ ਅਸੰਤੁਸਟੀ ਪ੍ਰਗਟਾਈ ਹੈ ਅਤੇ ਉਕਤ ਪ੍ਰੀਖਿਆ ਸਬੰਧੀ ਉੱਚ ਪੱਧਰੀ ਸੀ. ਬੀ. ਆਈ. ਤੋਂ ਜਾਂਚ ਦੀ ਮੰਗ ਕੀਤੀ ਹੈ। ਇੰਡੀਅਨ ਮੈਡੀਕਲ ਐਸੋਸੀਏਸਨ ਦੇ ਸਾਬਕਾ ਸੂਬਾ ਮੀਤ ਪ੍ਰਧਾਨ ਡਾ. ਆਰ. ਐੱਸ. ਸੇਠੀ ਨੇ ਉਕਤ ਪ੍ਰੀਖਿਆ ਦੀ ਕਾਰਜਪ੍ਰਣਾਲੀ 'ਤੇ ਸਵਾਲ ਖੜ੍ਹੇ ਕਰਦਿਆਂ ਪ੍ਰੀਖਿਆ ਰੱਦ ਕਰ ਕੇ ਦੁਬਾਰਾ ਲੈਣ ਦੀ ਮੰਗ ਕੀਤੀ ਹੈ। ਜਾਣਕਾਰੀ ਮੁਤਾਬਕ ਨੈਸਨਲ ਮੈਡੀਕਲ ਕੌਂਸਲ ਵੱਲੋਂ ਸਾਲ 2024 ਵਿਚ ਐੱਨ. ਈ. ਈ. ਟੀ. ਦੀ ਪ੍ਰੀਖਿਆ ਆਯੋਜਿਤ ਕੀਤੀ ਗਈ। ਪ੍ਰੀਖਿਆ ਵਿਚ 22 ਲੱਖ ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲਿਆ ਸੀ, ਜਿਨ੍ਹਾਂ 'ਚੋਂ ਕਰੀਬ 13 ਲੱਖ ਵਿਦਿਆਰਥੀ ਪਾਸ ਹੋਏ ਸਨ। ਇਹ ਪਹਿਲੀ ਵਾਰ ਹੈ ਕਿ ਐਲਾਨੇ ਗਏ ਨਤੀਜਿਆਂ 'ਚ ਇਹ ਗੱਲ ਸਾਹਮਣੇ ਆਈ ਹੈ ਕਿ ਇਕੋ ਕੇਂਦਰ ਦੇ ਕਈ ਵਿਦਿਆਰਥੀ ਕੁੱਲ 720 ਅੰਕਾਂ 'ਚੋਂ 720 ਅੰਕ ਲੈ ਕੇ ਅੱਵਲ ਆਏ ਹਨ। ਐੱਨ. ਟੀ. ਏ. ਵੱਲੋਂ ਕਰਵਾਈ ਗਈ ਪ੍ਰੀਖਿਆ 'ਤੇ ਸਵਾਲ ਚੁੱਕਦੇ ਹੋਏ ਮਾਪਿਆਂ ਨੇ ਕਈ ਗੰਭੀਰ ਦੋਸ ਲਾਏ ਹਨ। ਕਈ ਮਾਪਿਆਂ ਨੇ ਤਾਂ ਪੇਪਰ ਲੀਕ ਹੋਣ ਦੀ ਗੱਲ ਵੀ ਕਹੀ ਹੈ ਅਤੇ ਕੁਝ ਮਾਪਿਆਂ ਨੇ ਤਾਂ ਇਮਤਿਹਾਨ ਦੇ ਮਾਪਦੰਡ ਨਿਯਮਾਂ ਦੇ ਉਲਟ ਹੋਣ ਦੀ ਗੱਲ ਵੀ ਕਹੀ ਹੈ। ਕਈ ਮਾਪੇ ਤਾਂ ਮਾਣਯੋਗ ਅਦਾਲਤ ਵਿਚ ਵੀ ਇਸ ਸਬੰਧ ਵਿਚ ਪਟੀਸਨਾਂ ਵੀ ਦਾਇਰ ਕਰ ਰਹੇ ਹਨ ਅਤੇ ਕਈ ਮਾਪਿਆਂ ਨੇ ਸੰਖੇਪ ਜਾਣਕਾਰੀ ਲਈ ਸੂਚਨਾ ਅਧਿਕਾਰ ਕਾਨੂੰਨ ਤਹਿਤ ਆਰ. ਟੀ. ਆਈ. ਅਪਲਾਈ ਕੀਤੀ ਹੈ।




ਅੰਮ੍ਰਿਤਸਰ ਦੀ ਗੱਲ ਕਰੀਏ ਤਾਂ ਇੱਥੇ ਵੀ ਐਲਾਨਾਂ ਨੂੰ ਲੈ ਕੇ ਮਾਪਿਆਂ ਅਤੇ ਡਾਕਟਰ ਭਾਈਚਾਰੇ 'ਚ ਭਾਰੀ ਰੋਸ ਹੈ। ਜਿਲ੍ਹੇ ਦੇ ਕਈ ਵਿਦਿਆਰਥੀ ਸਾਨਦਾਰ ਅੰਕ ਲੈ ਕੇ ਆਏ ਹਨ ਪਰ ਐਲਾਨੇ ਗਏ ਨਾਂ ਤੋਂ ਵੀ ਉਹ ਸੰਤੁਸਟ ਨਹੀਂ ਹਨ। ਮੈਡੀਕਲ ਦਾਖਲਾ ਪ੍ਰੀਖਿਆ 'ਚ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਗਿਆ ਹੈ। ਪ੍ਰੀਖਿਆ ਤੋਂ ਪਹਿਲਾਂ ਜਾਰੀ ਕੀਤੇ ਪ੍ਰਾਸਪੈਕਟਸ ਵਿਚ ਇਹ ਸਪੱਸਟ ਨਹੀਂ ਕੀਤਾ ਗਿਆ ਸੀ ਕਿ ਵਿਦਿਆਰਥੀਆਂ ਨੂੰ ਗ੍ਰੇਸ ਅੰਕ ਦਿੱਤੇ ਜਾਣਗੇ ਪਰ ਅਚਾਨਕ ਐੱਨ. ਐੱਮ. ਸੀ. ਨੇ ਕਈ ਵਿਦਿਆਰਥੀਆਂ ਨੂੰ ਗ੍ਰੇਸ ਅੰਕ ਦੇ ਦਿੱਤੇ। ਉਕਤ ਕਾਰਵਾਈ ਕਰ ਕੇ ਉਕਤ ਗ੍ਰੇਸ ਨਾ ਮਿਲਣ ਕਾਰਨ ਮਿਹਨਤ ਕਰ ਕੇ ਅੰਕ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀ ਗ੍ਰੇਸ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀ ਸੂਚੀ 'ਚ ਪੱਛੜ ਗਏ ਹਨ। ਜਿਹੜੇ ਵਿਦਿਆਰਥੀ ਲੰਬੇ ਸਮੇਂ ਤੋਂ ਸਖਤ ਮਿਹਨਤ ਕਰ ਰਹੇ ਸਨ, ਉਨ੍ਹਾਂ ਨੇ ਸਖਤ ਮਿਹਨਤ ਦੇ ਬਾਵਜੂਦ ਸਾਨਦਾਰ ਅੰਕ ਪ੍ਰਾਪਤ ਕੀਤੇ ਹਨ ਪਰ ਗ੍ਰੇਸ ਅੰਕ ਲੈ ਕੇ ਅਚਾਨਕ ਦੂਜੇ ਵਿਦਿਆਰਥੀ ਅੱਗੇ ਨਿਕਲ ਗਏ ਹਨ। ਸਰਾਸਰ ਇਸ ਵਿਚ ਧਾਂਦਲੀ ਹੋਈ ਹੈ? ਜਿਹੜੇ ਵੀ ਜਿੰਮੇਵਾਰ ਅਧਿਕਾਰੀ ਹਨ, ਉਨ੍ਹਾਂ ਖਿਲਾਫ ਬਣਦੀ ਕਾਰਵਾਈ ਹੋਣੀ ਚਾਹੀਦੀ ਹੈ ਅਤੇ ਬੱਚਿਆਂ ਨੂੰ ਇਨਸਾਫ ਮਿਲਣਾ ਚਾਹੀਦਾ ਹੈ। ਇੰਡੀਅਨ ਮੈਡੀਕਲ ਐਸੋਸੀਏਸਨ ਇਸ ਸਬੰਧ 'ਚ ਵਿਦਿਆਰਥੀਆਂ ਨਾਲ ਖੜ੍ਹੀ ਹੈ। ਨੀਟ ਵਿਚ ਬਦਬੂ ਆਉਂਦੀ ਹੈ। ਇਹ ਪੇਪਰ ਦੁਬਾਰਾ ਹੋਣਾ ਜਾਣਾ ਚਾਹੀਦਾ ਹੈ। ਭਾਰਤ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਇਸ ਮਾਮਲੇ ਦੀ ਸੀ. ਬੀ. ਆਈ. ਤੋਂ ਜਾਂਚ ਕਰਵਾ ਕੇ ਮੁਲਜਮ ਪਾਏ ਜਾਣ ਵਾਲੇ ਅਧਿਕਾਰੀਆਂ ਖਿਲਾਫ ਸਖਤ ਕਾਰਵਾਈ ਕਰੇ। ਇਹ ਪਹਿਲੀ ਵਾਰ ਹੋਇਆ ਹੈ ਕਿ ਇਕ ਹੀ ਨਹੀਂ ਸਗੋਂ ਕਈ ਵਿਦਿਆਰਥੀ ਚੰਗੇ ਅੰਕ ਲੈ ਕੇ ਸਾਹਮਣੇ ਆਏ ਹਨ, ਇਹ ਮਾਮਲਾ ਸਿੱਧੇ ਤੌਰ 'ਤੇ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰਨ ਦਾ ਯਤਨ ਕੀਤਾ ਗਿਆ ਹੈ

# ਵਾਇਨਾਡ ਨੂੰ ਛੱਡ ਸਕਦੇ ਹਨ ਰਾਹੁਲ ਗਾਂਧੀ !

**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 9 ਜੂਨ। ਰਾਹੁਲ ਗਾਂਧੀ ਕੇਰਲ ਦੀ ਵਾਇਨਾਡ ਲੋਕ ਸਭਾ ਸੀਟ ਖਾਲੀ ਕਰ ਰਹੇ ਹਨ। ਉਹ ਰਾਏਬਰੇਲੀ ਦੀ ਸੀਟ ਆਪਣੇ ਕੋਲ ਰੱਖ ਸਕਦੇ ਹਨ। ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਵਾਇਨਾਡ ਤੋਂ ਹੀ ਚੋਣ ਲੜ ਕੇ ਸੰਸਦ ਮੈਂਬਰ ਬਣਨਾ ਚਾਹੁੰਦੇ ਸਨ। ਉਹ ਰਾਏਬਰੇਲੀ ਤੋਂ ਚੋਣ ਲੜਨ ਦੇ ਇੱਛੁਕ ਵੀ ਨਹੀਂ ਸਨ। ਉਨ੍ਹਾਂ ਪਹਿਲਾਂ ਵੀ ਇਹ ਕਿਹਾ ਸੀ ਕਿ ਜੇ ਉਹ ਰਾਏਬਰੇਲੀ ਤੋਂ ਚੋਣ ਲੜ ਕੇ ਜਿੱਤ ਜਾਂਦੇ ਹਨ ਤਾਂ ਵਾਇਨਾਡ 'ਚ ਉਨ੍ਹਾਂ ਦੇ ਵੋਟਰ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰਨਗੇ ਪਰ ਉਨ੍ਹਾਂ ਕਾਂਗਰਸ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਦੇ ਸਬਦਾਂ 'ਤੇ ਧਿਆਨ ਦਿੱਤਾ, ਜਿਨ੍ਹਾਂ ਕਿਹਾ ਸੀ ਕਿ ਤੁਸੀਂ ਰਾਏਬਰੇਲੀ ਤੋਂ ਵੀ ਚੋਣ ਲੜੋ ਅਤੇ 4 ਜੂਨ ਤੋਂ ਬਾਅਦ ਇਕ ਸੀਟ ਨੂੰ ਛੱਡਣ ਦਾ ਫੈਸਲਾ ਕਰੋ। ਦੋਵੇਂ ਸੀਟਾਂ ਜਿੱਤਣ ਤੋਂ ਬਾਅਦ ਹੁਣ ਰਾਹੁਲ ਗਾਂਧੀ ਨੇ ਫੈਸਲਾ ਲੈਣਾ ਹੈ ਕਿ ਉਨ੍ਹਾਂ ਕਿਹੜੀ ਸੀਟ ਛੱਡਣੀ ਹੈ? ਰਾਹੁਲ 'ਤੇ ਯੂ. ਪੀ. ਤੇ ਉੱਤਰੀ ਭਾਰਤ ਦੇ ਹੋਰ ਨੇਤਾਵਾਂ ਦਾ ਰਾਏਬਰੇਲੀ ਸੀਟ ਨਾ ਛੱਡਣ ਲਈ ਭਾਰੀ ਦਬਾਅ ਹੈ। ਇਹ ਵੀ ਪਤਾ ਲੱਗਾ ਹੈ ਕਿ ਕਾਂਗਰਸ ਦੀ ਕੇਰਲ ਇਕਾਈ ਦਾ ਵਿਚਾਰ ਹੈ ਕਿ ਜੇ ਰਾਹੁਲ ਗਾਂਧੀ ਸੀਟ ਖਾਲੀ ਕਰਦੇ ਹਨ ਤਾਂ ਗਾਂਧੀ ਪਰਿਵਾਰ ਦੇ ਕਿਸੇ ਹੋਰ ਮੈਂਬਰ ਨੂੰ ਇੱਥੋਂ ਚੋਣ ਲੜਨ ਲਈ ਕਿਹਾ ਜਾਵੇ। ਵੇਣੂਗੋਪਾਲ ਚਾਹੁੰਦੇ ਹਨ ਕਿ ਪ੍ਰਿਯੰਕਾ ਗਾਂਧੀ ਆਪਣੇ ਭਰਾ ਵਲੋਂ



ਛੱਡੀ ਗਈ ਖਾਲੀ ਥਾਂ ਨੂੰ ਭਰੇ। ਜੇ ਪ੍ਰਿਯੰਕਾ ਗਾਂਧੀ ਨੂੰ ਵਾਇਨਾਡ ਦੇ ਚੋਣ ਮੈਦਾਨ 'ਚ ਉਤਾਰਿਆ ਜਾਂਦਾ ਹੈ ਤਾਂ ਪਾਰਟੀ ਰਾਹੁਲ ਵਲੋਂ ਵਾਇਨਾਡ ਦੇ ਲੋਕਾਂ ਨਾਲ ਬਣਾਏ ਗਏ ਵਿਸੇਸ ਸਬੰਧ ਨੂੰ ਕਾਇਮ ਰੱਖ ਸਕਦੀ ਹੈ। ਇਸ ਸੀਟ ਤੋਂ ਪ੍ਰਿਯੰਕਾ ਗਾਂਧੀ ਚੋਣ ਲੜੇਗੀ ਜਾਂ ਕਿਸੇ ਸਥਾਨਕ ਨੇਤਾ ਨੂੰ ਮੈਦਾਨ 'ਚ ਉਤਾਰਿਆ ਜਾਵੇਗਾ, ਇਸ ਬਾਰੇ ਕਿਸੇ ਨੂੰ ਕੋਈ ਯਕੀਨ ਨਹੀਂ ਹੈ। ਰਾਹੁਲ ਗਾਂਧੀ ਨੂੰ 14 ਦਿਨਾਂ ਅੰਦਰ ਦੋ ਸੀਟਾਂ 'ਚੋਂ ਇਕ ਸੀਟ ਛੱਡਣ ਬਾਰੇ ਫੈਸਲਾ ਕਰਨਾ ਹੋਵੇਗਾ। ਰਾਹੁਲ ਵਲੋਂ ਵਾਇਨਾਡ ਨੂੰ ਛੱਡਣ ਦੇ ਸੰਕੇਤ ਇੰਡੀਅਨ ਯੂਨੀਅਨ ਮੁਸਲਿਮ ਲੀਗ ਦੇ ਰਾਸਟਰੀ ਜਨਰਲ ਸਕੱਤਰ ਕੁਨਹਾਲੀਕੁਟੀ ਗਵੇ ਤੋਂ ਮਿਲੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਾਰਟੀ ਲੋਕ ਸਭਾ ਸੀਟ ਨਹੀਂ ਸਗੋਂ ਰਾਜ ਸਭਾ ਸੀਟ ਲਵੇਗੀ। ਇੱਥੋਂ ਤੱਕ ਕਿ ਸੂਬਾ ਕਾਂਗਰਸ ਪ੍ਰਧਾਨ ਕੇ. ਸੁਧਾਕਰਨ ਨੇ ਆਪਣੇ ਭਰੋਸੋਯੋਗ ਸਾਥੀਆਂ ਨੂੰ ਇਹ ਵੀ ਦੱਸਿਆ ਕਿ ਤ੍ਰਿਸ਼ੂਰ 'ਚ ਭਾਜਪਾ ਦੇ ਸੁਰੇਸ ਗੋਪੀ ਹੱਥੋਂ ਹਾਰਨ ਵਾਲੇ ਕੇ. ਮੁਰਲੀਧਰਨ ਨੇ ਕਿਹਾ ਕਿ ਉਹ ਪਾਰਟੀ 'ਚ ਕਿਸੇ ਵੀ ਭੂਮਿਕਾ ਲਈ ਸਮਰੱਥ ਹਨ ਤੇ ਉਨ੍ਹਾਂ ਨੂੰ ਵਾਇਨਾਡ ਤੋਂ ਚੋਣ ਮੈਦਾਨ 'ਚ ਉਤਾਰਨ ਵਿਚ ਕੋਈ ਰੁਕਾਵਟ ਨਹੀਂ ਹੈ।

## ਬਿਹਾਰ ਦੇ 'ਰਾਜਕੁਮਾਰ' 'ਚ ਹੰਕਾਰ ਨਾ ਹੁੰਦਾ ਤਾਂ 'ਇੰਡੀਆ' 40 'ਚੋਂ ਜਿੱਤ ਜਾਂਦਾ 25 ਸੀਟਾਂ : ਪੱਪੂ ਯਾਦਵ

ਨੈਸ਼ਨਲ ਡੈਸਕ 9 ਜੂਨ। ਬਿਹਾਰ ਦੀ ਪੂਰਨੀਆ ਸੀਟ ਤੋਂ ਰਾਜੇਸ ਰੰਜਨ ਉਰਫ ਪੱਪੂ ਯਾਦਵ ਨੇ ਇਕ ਆਜਾਦ ਉਮੀਦਵਾਰ ਵਜੋਂ ਚੋਣ ਲੜਦਿਆਂ ਸਾਨਦਾਰ ਜਿੱਤ ਦਰਜ ਕੀਤੀ ਹੈ। ਚੋਣਾਂ 'ਚ ਸਾਨਦਾਰ ਜਿੱਤ ਦਰਜ ਕਰਨ ਤੋਂ ਬਾਅਦ ਨਵੇਂ ਚੁਣੇ ਗਏ ਸੰਸਦ ਮੈਂਬਰ ਪੱਪੂ ਯਾਦਵ ਸਨੀਵਾਰ ਨੂੰ ਪਟਨਾ ਤੋਂ ਦਿੱਲੀ ਲਈ ਰਵਾਨਾ ਹੋਏ। ਇਸ ਦੌਰਾਨ ਉਨ੍ਹਾਂ ਨੇ ਬਿਹਾਰ ਦੇ ਸਾਬਕਾ ਉੱਪ ਮੁੱਖ ਮੰਤਰੀ ਅਤੇ ਰਾਸਟਰੀ ਜਨਤਾ ਦਲ ਦੇ ਨੇਤਾ ਤੇਜਸਵੀ ਯਾਦਵ 'ਤੇ ਨਿਸਾਨਾ ਵਿੰਨ੍ਹਿਆ ਹੈ। ਉਨ੍ਹਾਂ ਕਿਹਾ ਕਿ ਬਿਹਾਰ ਦੇ ਰਾਜਕੁਮਾਰ 'ਚ ਜੇਕਰ ਹੰਕਾਰ ਨਾ ਹੁੰਦਾ ਤਾਂ 'ਇੰਡੀਆ' ਗੱਠਜੋੜ ਸੂਬੇ ਦੀਆਂ 40 'ਚੋਂ 25 ਸੀਟਾਂ ਜਿੱਤ ਸਕਦਾ ਸੀ। ਪੱਪੂ ਯਾਦਵ ਨੇ ਸਵਾਲ ਪੁੱਛਿਆ ਕਿ ਬਿਹਾਰ 'ਚ ਉੱਤਰ ਪ੍ਰਦੇਸ ਅਤੇ ਮਹਾਰਾਸਟਰ ਵਾਂਗ ਚੋਣਾਂ ਕਿਉਂ ਨਹੀਂ ਲੜੀਆਂ ਗਈਆਂ? ਉਨ੍ਹਾਂ ਕਿਹਾ ਕਿ ਯੂ. ਪੀ. 'ਚ ਅਖਿਲੇਸ ਯਾਦਵ, ਰਾਹੁਲ ਗਾਂਧੀ, ਪ੍ਰਿਅੰਕਾ ਗਾਂਧੀ ਲਗਾਤਾਰ ਸੰਘਰਸ ਕਰਦੇ ਨਜਰ ਆਏ। ਜਿੱਥੇ-ਜਿੱਥੇ ਰਾਹੁਲ ਆਪਣੀ ਯਾਤਰਾ 'ਚ ਗਏ ਹਨ, ਉੱਥੋਂ ਦੇ ਚੋਣ ਨਤੀਜੇ ਦੇਖ ਲਵੋ। ਮੀਸਾ ਭਾਰਤੀ ਲਈ ਵੀ ਰਾਹੁਲ ਨੇ ਵੋਟਾਂ ਮੰਗੀਆਂ ਅਤੇ ਤੁਸੀਂ ਉੱਥੇ ਨਤੀਜੇ ਦੇਖ ਸਕਦੇ ਹੋ। ਇਸ ਦੌਰਾਨ ਪੱਪੂ ਯਾਦਵ ਨੇ ਮਧੇਪੁਰਾ, ਕਟਿਹਾਰ, ਸੁਪੌਲ, ਖਗੜੀਆ ਸਮੇਤ ਕਈ ਸੀਟਾਂ 'ਤੇ 'ਇੰਡੀਆ' ਗੱਠਜੋੜ ਦੀ ਹਾਰ 'ਤੇ ਸਵਾਲ ਖੜ੍ਹੇ ਕੀਤੇ। ਦੱਸ ਦੇਈਏ ਕਿ ਪਾਟਲੀਪੁੱਤਰ 'ਚ ਰਾਹੁਲ ਗਾਂਧੀ ਨੇ 27 ਮਈ ਨੂੰ ਰਾਸਟਰੀ ਜਨਤਾ ਦਲ ਦੀ ਉਮੀਦਵਾਰ ਮੀਸਾ ਭਾਰਤੀ ਦੇ ਹੱਕ 'ਚ ਚੋਣ ਰੈਲੀ ਕੀਤੀ ਸੀ। ਪੱਪੂ ਯਾਦਵ ਨੇ ਅੱਗੇ ਕਿਹਾ ਕਿ ਕੇਂਦਰ ਵਿਚ ਹੁਣ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਨਹੀਂ, ਸਗੋਂ ਐੱਨ. ਡੀ. ਏ. ਦੀ ਸਰਕਾਰ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਸਰਕਾਰ ਨਿਤੀਸ ਕੁਮਾਰ ਅਤੇ ਚਿਰਾਗ ਪਾਸਵਾਨ ਦੇ ਰਹਿਮੋ-ਕਰਮ 'ਤੇ ਚੱਲੇਗੀ। ਇਸ ਲਈ ਸਭ ਤੋਂ ਪਹਿਲਾਂ ਮੈਂ ਇਹ ਕਹਿਣਾ ਚਾਹੁੰਦਾ ਹਾਂ ਕਿ ਦੇਸ 'ਚ 69 ਫੀਸਦੀ ਰਾਖਵਾਂਕਰਨ ਲਾਗੂ ਕਰਵਾਇਆ ਜਾਵੇ। ਦੂਜਾ, ਜਾਤੀ ਜਨਗਣਨਾ ਲਾਗੂ ਕਰਨਾ ਅਤੇ ਤੀਜਾ, ਬਿਹਾਰ ਲਈ ਵਿਸੇਸ ਦਰਜਾ ਅਤੇ ਵਿਸੇਸ ਪੈਕੇਜ।



# ਹਾਦਸਿਆਂ ਤੋਂ ਬਾਅਦ ਵੀ ਨਹੀਂ ਜਾਗਿਆ ਰੇਲਵੇ ਪ੍ਰਸਾਸਨ, ਹਾਦਸੇ ਵਾਲੇ ਟਰੈਕ 'ਤੇ 3 ਦਿਨ ਪਹਿਲਾਂ ਵੀ ਹੋਈ ਸੀ ਡੀਰੇਲਮੈਂਟ

ਜਲੰਧਰ 9 ਜੂਨ। ਰੇਲ ਗੱਡੀਆਂ ਦੀ ਡੀਰੇਲਮੈਂਟ (ਪੱਟੜੀ ਤੋਂ ਉੱਤਰਨਾ) ਕੋਈ ਨਵੀਂ ਗੱਲ ਨਹੀਂ, ਇਸ ਤੋਂ ਪਹਿਲਾਂ ਵੀ ਇਸ ਤਰ੍ਹਾਂ ਦੇ ਕਈ ਹਾਦਸੇ ਵਾਪਰ ਚੁੱਕੇ ਹਨ ਅਤੇ ਰੇਲਵੇ ਵੱਲੋਂ ਜਾਂਚ ਕਮੇਟੀ ਬਣਾ ਦਿੱਤੀ ਜਾਂਦੀ ਹੈ ਪਰ ਜਿਸ ਟਰੈਕ 'ਤੇ ਬੀਤੇ ਦਿਨ (ਸਾਧੂਗੜ੍ਹ ਅਤੇ ਸਰਹਿੰਦ ਵਿਚਕਾਰ) ਦੋ ਮਾਲ ਗੱਡੀਆਂ ਦੀ ਟੱਕਰ ਹੋਈ, ਉਸੇ ਟਰੈਕ 'ਤੇ 3 ਦਿਨ ਪਹਿਲਾਂ ਵੀ ਡੀਰੇਲਮੈਂਟ ਦੀ ਘਟਨਾ ਵਾਪਰੀ ਸੀ ਅਤੇ ਇਸ ਦੌਰਾਨ ਕਈ ਬੋਗੀਆਂ ਟਰੈਕ ਤੋਂ ਉਤਰ ਗਈਆਂ ਸਨ ਪਰ ਰੇਲਵੇ ਨੇ ਇਸ ਤੋਂ ਕੋਈ ਸਬਕ ਨਹੀਂ ਲਿਆ, ਜਿਸ ਤੋਂ ਬਾਅਦ ਅੱਜ ਫਿਰ ਹਾਦਸਾ ਵਾਪਰ ਗਿਆ। ਬੀਤੀ 30 ਮਈ ਨੂੰ ਦੁਪਹਿਰ ਤਕਰੀਬਨ 3.30 ਵਜੇ ਦਿੱਲੀ ਮਾਰਗ 'ਤੇ ਸਾਧੂਗੜ੍ਹ-ਸਰਹਿੰਦ ਨੇੜੇ ਇਕ ਮਾਲ ਗੱਡੀ ਦੇ ਪਹੀਏ ਟਰੈਕ ਤੋਂ ਉਤਰ ਗਏ ਸਨ ਅਤੇ ਇਸ ਕਾਰਨ 'ਵੰਦੇ ਭਾਰਤ'ਸਮੇਤ ਕਈ ਰੇਲ ਗੱਡੀਆਂ ਪ੍ਰਭਾਵਿਤ ਹੋਈਆਂ ਸਨ। ਘਟਨਾ ਵਾਲੀ ਥਾਂ ਵੱਖਰੀ ਹੋ ਸਕਦੀ ਹੈ ਪਰ ਸ਼ਨੀਵਾਰ ਦਾ ਹਾਦਸਾ ਵੀ ਇਸੇ ਟਰੈਕ 'ਤੇ ਵਾਪਰਿਆ ਹੈ। ਸੂਤਰਾਂ ਦਾ ਕਹਿਣਾ ਹੈ ਕਿ ਕੁਝ ਦਿਨ ਪਹਿਲਾਂ ਇਕ ਮਾਲ ਗੱਡੀ ਦਾ ਟਰੈਕ ਤੋਂ ਉਤਰਨਾ ਅਤੇ ਅੱਜ ਉਹੀ ਹਾਦਸਾ ਮੁੜ ਵਾਪਰਨਾ ਕਈ ਸਵਾਲ ਖੜ੍ਹੇ ਕਰਦਾ ਹੈ। ਬੀਤੇ ਦਿਨ ਜਦੋਂ ਇਹ ਹਾਦਸਾ ਵਾਪਰਿਆ ਤਾਂ ਰਾਤ ਦਾ ਸਮਾਂ ਸੀ, ਜੇਕਰ ਇਹ ਹਾਦਸਾ ਦਿਨ ਵੇਲੇ ਵਾਪਰਿਆ ਹੁੰਦਾ ਤਾਂ ਵੱਡਾ ਹਾਦਸਾ ਵਾਪਰ ਸਕਦਾ ਸੀ। ਜਾਣਕਾਰਾਂ ਦਾ ਕਹਿਣਾ ਹੈ ਕਿ ਪਿਛਲੇ ਦਿਨਾਂ ਦੌਰਾਨ ਵਾਪਰੇ ਹਾਦਸਿਆਂ ਤੋਂ ਬਾਅਦ ਵੀ ਰੇਲਵੇ ਵੱਲੋਂ ਢੁੱਕਵੇਂ ਕਦਮ ਨਹੀਂ ਚੁੱਕੇ ਗਏ, ਜਿਸ ਕਾਰਨ ਮੁੜ ਹਾਦਸੇ ਦਾ ਸ਼ਿਕਾਰ ਹੋਣਾ ਪਿਆ। ਇਸ ਸਾਲ ਟਰੈਕ



ਤੋਂ ਉਤਰਨ ਸਮੇਤ ਕਈ ਤਰ੍ਹਾਂ ਦੇ ਹਾਦਸੇ ਵਾਪਰ ਚੁੱਕੇ ਹਨ, ਜਿਸ ਕਾਰਨ ਰੇਲਵੇ ਦੀ ਕਾਰਜਪ੍ਰਣਾਲੀ ਸਵਾਲਾਂ ਦੇ ਘੇਰੇ ਵਿਚ ਆ ਗਈ ਹੈ। ਇਸ ਦੇ ਨਾਲ ਹੀ ਇਕ ਹੋਰ ਹਾਦਸੇ ਦੌਰਾਨ ਜਲੰਧਰ ਤੋਂ ਆਪਣੇ-ਆਪ ਚੱਲ ਕੇ ਇਕ ਮਾਲ ਗੱਡੀ ਮੁਕੇਰੀਆਂ ਪਹੁੰਚ ਗਈ ਸੀ। ਇਸ ਸਾਲ ਕੁਝ ਮਹੀਨੇ ਪਹਿਲਾਂ ਜੰਮੂ-ਕਸ਼ਮੀਰ ਤੋਂ ਇਕ ਮਾਲ ਗੱਡੀ (14806-ਆਰ) ਬਿਨਾਂ ਡਰਾਈਵਰ-ਗਾਰਡ ਦੇ ਪੰਜਾਬ ਪਹੁੰਚ ਗਈ ਸੀ। ਤਕਰੀਬਨ 80 ਕਿਲੋਮੀਟਰ ਤੱਕ ਮਾਲ ਗੱਡੀ ਨੂੰ ਨਹੀਂ ਰੋਕਿਆ ਜਾ ਸਕਿਆ, ਜਿਸ ਕਾਰਨ ਕੋਈ ਵੱਡਾ ਹਾਦਸਾ ਵਾਪਰ ਸਕਦਾ ਸੀ। ਉਸ ਸਮੇਂ ਦੱਸਿਆ ਗਿਆ ਕਿ ਡਰਾਈਵਰ ਟਰੇਨ ਨੂੰ ਸਟਾਰਟ ਕਰਕੇ ਹੈਂਡ ਬ੍ਰੇਕ ਲਗਾਉਣਾ ਭੁੱਲ ਗਿਆ ਸੀ, ਜਿਸ ਕਾਰਨ ਟਰੇਨ ਇਸੇ ਤਰ੍ਹਾਂ ਦੌੜਦੀ ਰਹੀ। ਉਸ ਸਮੇਂ ਕਈ ਸਟੇਸਨਾਂ 'ਤੇ ਟਰੇਨ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ ਅਤੇ ਆਖਿਰਕਾਰ ਲੱਕੜ ਦੇ ਸਟਾਪਰ ਲਗਾ ਕੇ ਟਰੇਨ ਨੂੰ ਰੋਕਿਆ ਗਿਆ ਸੀ। ਇਸ ਸਾਲ ਦੇ ਪਹਿਲੇ ਮਹੀਨੇ ਜਗਰਾਓਂ ਵਿਚ ਸੰਟਿੰਗ ਦੌਰਾਨ ਇਕ ਮਾਲ ਗੱਡੀ ਦੇ ਪਹੀਏ ਪੱਟੜੀ ਤੋਂ ਉਤਰ ਗਏ ਸਨ। ਜਦੋਂ ਮਾਲ ਗੱਡੀ ਦੀ ਸ਼ੰਟਿੰਗ ਕੀਤੀ ਜਾ ਰਹੀ ਸੀ ਤਾਂ ਦੋ ਪਹੀਏ ਟਰੈਕ ਤੋਂ ਉਤਰ ਗਏ। ਮੌਕੇ 'ਤੇ ਪਹੁੰਚੀ ਐਕਸੀਡੈਂਟ ਰਿਲੀਫ ਗੱਡੀ ਅਤੇ ਹੋਰ ਵਿਭਾਗਾਂ ਦੇ ਕਰਮਚਾਰੀਆਂ ਨੇ ਤਕਰੀਬਨ 5 ਘੰਟਿਆਂ ਦੀ ਮੁਸੱਕਤ ਤੋਂ ਬਾਅਦ ਪਹੀਆਂ ਨੂੰ ਟਰੈਕ 'ਤੇ ਚੜ੍ਹਾਇਆ। ਜਾਂਚ ਦੌਰਾਨ ਅਧਿਕਾਰੀਆਂ ਨੂੰ ਪਤਾ ਲੱਗਾ ਕਿ ਜਦੋਂ ਮਾਲ ਗੱਡੀ ਜਗਰਾਓਂ ਸਟੇਸਨ 'ਤੇ ਖੜ੍ਹੀ ਸੀ ਤਾਂ ਪੁਆਇੰਟ ਮੈਨ ਨੇ ਇਕ ਰੈਕ ਦੀ ਬ੍ਰੇਕ ਚੇਨ ਲਗਾ ਦਿੱਤੀ ਸੀ, ਜਿਸ ਕਾਰਨ ਰੈਕ ਅੱਗੇ ਨਹੀਂ ਵਧ ਸਕਦਾ ਸੀ। ਹਾਦਸੇ ਤੋਂ ਬਾਅਦ ਅਧਿਕਾਰੀ ਮੌਕੇ 'ਤੇ ਜਾ ਕੇ ਜਾਂਚ ਕਰ ਰਹੇ ਹਨ ਅਤੇ ਰਾਹਤ ਕਾਰਜ ਜਾਰੀ ਹਨ। ਇਸੇ ਸਾਲ 23 ਮਾਰਚ ਨੂੰ ਗੁਜਰਾਤ ਦੇ ਵਡੋਦਰਾ ਤੋਂ 50 ਤੇਲ ਟੈਂਕਰਾਂ ਨੂੰ ਲੈ ਕੇ ਮਾਲ ਗੱਡੀ (ਬੀ. ਟੀ. ਪੀ. ਐੱਨ.) ਜਲੰਧਰ ਦੇ ਸੁੱਚੀ ਪਿੰਡ ਵਿਚ ਰੁਕਣ ਦੀ ਬਜਾਏ 40 ਕਿਲੋਮੀਟਰ ਅੱਗੇ ਹੁਸ਼ਿਆਰਪੁਰ ਦੇ ਟਾਂਡਾ ਜਾ ਪਹੁੰਚੀ। ਜਦੋਂ ਰੇਲਵੇ ਅਧਿਕਾਰੀਆਂ ਨੂੰ ਇਸ ਗਲਤੀ ਦਾ ਪਤਾ ਲੱਗਿਆ ਤਾਂ ਉਕਤ ਟਰੇਨ ਨੂੰ ਸੁੱਚੀ ਪਿੰਡ ਵਾਪਸ ਲਿਆਂਦਾ ਗਿਆ ਸੀ। ਇਸ ਟਰੇਨ ਦੇ 47 ਟੈਂਕਰਾਂ 'ਚ ਪੈਟਰੋਲ ਅਤੇ 3 ਟੈਂਕਰਾਂ 'ਚ ਡੀਜਲ ਸੀ

## ਸਰਕਾਰੀ ਨੌਕਰੀ ਦਾ ਝਾਂਸਾ ਦੇ ਔਰਤ ਨਾਲ ਮਾਰੀ ਦੋ ਲੱਖ ਰੁਪਏ ਦੀ ਠੱਗੀ, ਦੋ ਨਾਮਜ਼ਦ

ਤਰਨਤਾਰਨ 9 ਜੂਨ। ਸਰਕਾਰੀ ਨੌਕਰੀ ਦਿਵਾਉਣ ਦਾ ਝਾਂਸਾ ਦੇ 2 ਲੱਖ 10 ਹਜ਼ਾਰ ਰੁਪਏ ਦੀ ਠੱਗੀ ਮਾਰਨ ਵਾਲੇ ਦੋ ਵਿਅਕਤੀਆਂ ਖਿਲਾਫ ਥਾਣਾ ਸ੍ਰੀ ਗੋਇੰਦਵਾਲ ਸਾਹਿਬ ਦੀ ਪੁਲਸ ਨੇ ਪਰਚਾ ਦਰਜ ਕਰ ਗ੍ਰਿਫਤਾਰੀ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਤਿੰਦਰ ਸਿੰਘ ਪੁੱਤਰ ਕਰਮ ਸਿੰਘ ਵਾਸੀ ਪਿੰਡ ਦੁਲਚੀਪੁਰ ਨੇ ਜ਼ਿਲੇ ਦੇ ਐੱਸ. ਐੱਸ. ਪੀ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ ਉਸ ਨੂੰ ਸਰਕਾਰੀ ਨੌਕਰੀ ਦੇਣ ਲਈ ਗੁਰਪ੍ਰੀਤ ਸਿੰਘ ਪੁੱਤਰ ਅਮਰਜੀਤ ਸਿੰਘ ਪਾਸੀ ਪਿੰਡ ਕੰਗ ਅਤੇ ਰਣਜੀਤ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਕੰਗ ਨੇ 2 ਲੱਖ 10 ਹਜ਼ਾਰ ਰੁਪਏ




ਵਸੂਲ ਕੀਤੇ ਹਨ ਪਰ ਉਸਨੂੰ ਨਾ ਤਾਂ ਸਰਕਾਰੀ ਨੌਕਰੀ ਦਿੱਤੀ ਅਤੇ ਨਾ ਹੀ ਉਸਦੇ ਪੈਸੇ ਵਾਪਸ ਕੀਤੇ। ਜਿਸ ਸਬੰਧੀ ਜ਼ਿਲ੍ਹੇ ਦੇ ਐੱਸ. ਐੱਸ. ਪੀ. ਵੱਲੋਂ ਇਸ ਮਾਮਲੇ ਦੀ ਜਾਂਚ ਕਰਨ ਲਈ ਸਾਈਬਰ ਸ਼ਾਖਾ ਨੂੰ ਆਦੇਸ਼ ਜਾਰੀ ਕੀਤੇ, ਜਿਸ ਤੋਂ ਬਾਅਦ ਕੀਤੀ ਗਈ ਜਾਂਚ ਵਿਚ ਉਕਤ ਦੋਵਾਂ ਮੁਲਜ਼ਮਾਂ ਵੱਲੋਂ ਧੋਖਾਧਡੀ ਕਰਨਾ ਤਸਦੀਕ ਪਾਇਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸ੍ਰੀ ਗੋਇੰਦਵਾਲ ਸਾਹਿਬ ਦੇ ਏ. ਐੱਸ. ਆਈ. ਮੁਖਤਿਆਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿਚ ਗੁਰਪ੍ਰੀਤ ਸਿੰਘ ਅਤੇ ਰਣਜੀਤ ਸਿੰਘ ਖਿਲਾਫ ਮਾਮਲਾ ਦਰਜ ਕਰ ਉਨ੍ਹਾਂ ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਗਈ ਹੈ।

## ਮੁੰਡਿਆਂ ਦੇ ਸਿਰ ਉਪਰੋਂ ਗੋਲੀ ਵਾਂਗ ਲੰਘਿਆ ਉੱਡਣਾ ਸੱਪ, ਜਲਾਲਾਬਾਦ ਦੀ ਵੀਡੀਓ ਦੇਖ ਹੋਵੋਗੇ ਹੈਰਾਨ

ਜਲਾਲਾਬਾਦ 9 ਜੂਨ। ਜਲਾਲਾਬਾਦ ਵਿਚ ਹਵਾ 'ਚ ਉਡਦੇ ਸੱਪ ਦੀ ਹੈਰਾਨ ਕਰਨ ਵਾਲੀ ਵੀਡੀਓ ਸਾਹਮਣੇ ਆਈ ਹੈ। ਇਹ ਘਟਨਾ ਪਿੰਡ ਬੱਗੇ ਮੋੜ ਦੀ ਹੈ, ਜਿਥੇ ਇਕ ਸੈਲੂਨ ਦੇ ਬਾਹਰ ਬੈਠੇ ਨੌਜਵਾਨਾਂ ਦੇ ਉਪਰੋਂ ਉੱਡਣਾ ਸੱਪ ਤੇਜੀ ਨਾਲ ਲੰਘਿਆ। ਇਹ ਮੰਜਰ ਦੇਖ ਉਨ੍ਹਾਂ ਦੀ ਹੋਸ਼ ਉਡ ਗਏ। ਸੈਲੂਨ ਸੰਚਾਲਕ ਦਾ ਕਹਿਣਾ ਹੈ ਕਿ ਉਸ ਨੇ ਬੜੀ ਮੁਸਕਲ ਨਾਲ ਆਪਣੀ ਜਾਨ ਬਚਾਈ। ਸੀ. ਸੀ. ਟੀ. ਵੀ. ਕੈਮਰੇ ਵਿਚ ਉੱਡਦਾ ਸੱਪ ਸਾਫ ਦਿਖਾਈ ਦੇ ਰਿਹਾ ਹੈ ਅਤੇ ਨੌਜਵਾਨ ਤੇਜੀ ਨਾਲ ਭੱਜਦੇ ਹੋਏ ਵੀ ਨਜਰ ਆ ਰਹੇ ਹਨ। ਜਾਣਕਾਰੀ ਦਿੰਦੇ ਹੋਏ ਪਿੰਡ ਬੱਗੇ ਕੇ ਮੋੜ ਨੇੜੇ



ਹੇਅਰ ਸੈਲੂਨ ਦੇ ਸੰਚਾਲਕ ਚਰਨਪ੍ਰੀਤ ਸਿੰਘ ਨੇ ਦੱਸਿਆ ਕਿ ਇਹ ਵੀਡੀਓ 1 ਜੂਨ ਨੂੰ ਰਾਤ 8.15 ਵਜੇ ਦੇ ਕਰੀਬ ਦੀ ਹੈ। ਚੋਣਾਂ ਕਾਰਨ ਸੈਲੂਨ 'ਚ ਜ਼ਿਆਦਾ ਕੰਮ ਨਹੀਂ ਸੀ, ਸੈਲੂਨ ਵਿਚ ਕੰਮ ਕਰਨ ਵਾਲੇ ਲੜਕੇ ਸਮੇਤ ਉਹ ਬਾਹਰ ਖੜ੍ਹਾ ਸੀ। ਇਸ ਦੌਰਾਨ ਉਨ੍ਹਾਂ ਦੇ ਸਿਰ ਉਪਰੋਂ ਉਡਣਾ ਸੱਪ ਤੇਜੀ ਨਾਲ ਲੰਘਿਆ। ਇਥੇ ਬਸ ਨਹੀਂ ਇਸ ਤੋਂ ਬਾਅਦ ਉੱਡਣਾ ਸੱਪ ਉਨ੍ਹਾਂ ਦੇ ਪਿੱਛੇ ਪੈ ਗਿਆ ਅਤੇ ਉਨ੍ਹਾਂ ਨੇ ਭੱਜ ਕੇ ਆਪਣੀ ਜਾਨ ਬਾਈ। ਇਕ ਵਾਰ ਨਹੀਂ ਸਗੋਂ ਦੋ ਵਾਰ ਸੱਪ ਉਸ ਦੀ ਦੁਕਾਨ 'ਤੇ ਉੱਡਦਾ ਆਇਆ ਅਤੇ ਦੁਕਾਨ ਦੇ ਸ਼ੀਸ਼ੇ ਨਾਲ ਟਕਰਾਅ ਗਿਆ। ਚਰਨਪ੍ਰੀਤ ਸਿੰਘ ਦਾ ਕਹਿਣਾ ਹੈ ਕਿ ਉਸ ਨੇ ਸੈਲੂਨ ਦਾ ਸੀਸਾ ਬੰਦ ਕਰਕੇ ਆਪਣੀ ਜਾਨ ਬਚਾਈ। ਇਹ ਸੱਪ ਕਿਧਰੋਂ ਆਇਆ ਅਤੇ ਕਿਧਰ ਗਿਆ ਇਸ ਦਾ ਪਤਾ ਨਹੀਂ ਲੱਗ ਸਕਿਆ।

# ਖਡੂਰ ਸਾਹਿਬ 'ਚ ਵੱਡੀ ਜਿੱਤ ਤੋਂ ਬਾਅਦ ਡਿਬਰੂਗੜ੍ਹ ਜੇਲ੍ਹ ਪਹੁੰਚੀ ਅੰਮ੍ਰਿਤਪਾਲ ਦੀ ਪਤਨੀ

ਚੰਡੀਗੜ੍ਹ 9 ਜੂਨ। ਪੰਥਕ ਸੀਟ ਖਡੂਰ ਸਾਹਿਬ ਤੋਂ ਵੱਡੀ ਜਿੱਤ ਹਾਸਲ ਕਰਨ ਤੋਂ ਬਾਅਦ ਅੰਮ੍ਰਿਤਪਾਲ ਸਿੰਘ ਦੀ ਪਤਨੀ ਕਿਰਨਦੀਪ ਕੌਰ ਡਿਬਰੂਗੜ੍ਹ ਜੇਲ੍ਹ ਪਹੁੰਚ ਗਈ ਹੈ। ਜਿੱਥੇ ਉਹ ਅੰਮ੍ਰਿਤਪਾਲ ਸਿੰਘ ਨਾਲ ਮੁਲਾਕਾਤ ਕਰੇਗੀ। ਲੋਕ ਸਭਾ ਚੋਣਾਂ ਦੇ ਨਤੀਜਿਆਂ ਤੋਂ ਇਕ ਦਿਨ ਬਾਅਦ ਹੀ ਕਿਰਨਦੀਪ ਕੌਰ ਅੰਮ੍ਰਿਤਪਾਲ ਸਿੰਘ ਨਾਲ ਮੁਲਾਕਾਤ ਕਰਨ ਲਈ ਡਿਬਰੂਗੜ੍ਹ ਜੇਲ੍ਹ ਪਹੁੰਚ ਗਈ ਹੈ। ਆਜਾਦ ਤੌਰ 'ਤੇ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਮੈਦਾਨ ਵਿਚ ਉਤਰੇ ਅੰਮ੍ਰਿਤਪਾਲ ਸਿੰਘ ਨੇ ਇਥੇ ਇਤਿਹਾਸਕ ਜਿੱਤ ਹਾਸਲ ਕੀਤੀ ਹੈ। ਖਡੂਰ ਸਾਹਿਬ ਤੋਂ ਆਏ ਨਤੀਜਿਆਂ ਨੇ ਸਭ ਨੂੰ ਹੈਰਾਨ ਕਰਕੇ ਰੱਖ ਦਿੱਤਾ ਹੈ। ਜੇਲ੍ਹ ਵਿਚ ਹੋਣ ਦੇ ਬਾਵਜੂਦ ਅੰਮ੍ਰਿਤਪਾਲ ਇਥੇ 2 ਲੱਖ ਦੇ ਕਰੀਬ ਮਾਰਜਨ ਨਾਲ ਜਿੱਤਿਆ ਹੈ। ਅੰਮ੍ਰਿਤਪਾਲ ਸਿੰਘ ਦੀ ਇਹ ਜਿੱਤ ਪੰਜਾਬ ਵਿਚ ਸਭ ਤੋਂ ਵੱਡੀ ਜਿੱਤ ਹੈ। ਅੰਮ੍ਰਿਤਪਾਲ ਨੂੰ ਇਥੇ 404430 ਰਿਕਾਰਡ ਵੋਟਾਂ ਹਾਸਲ ਹੋਈਆਂ ਸਨ। ਜਦਕਿ ਉਨ੍ਹਾਂ ਦੇ ਵਿਰੋਧੀ ਕੁਲਬੀਰ ਜੀਰਾ ਨੂੰ 207310 ਵੋਟਾਂ ਪਈਆਂ, ਆਮ ਆਦਮੀ ਪਾਰਟੀ ਦੇ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ



194836 ਵੋਟਾਂ ਪਈਆਂ। ਇਸ ਤੋਂ ਇਲਾਵਾ ਅਕਾਲੀ ਦਲ ਦੇ ਵਿਰਸਾ ਸਿੰਘ ਵਲਟੋਹਾ ਇਥੇ ਮਹਿਜ 86416 ਵੋਟਾਂ 'ਤੇ ਹੀ ਸੁੰਗੜ ਕੇ ਰਹਿ ਗਏ। ਪੁੱਤਰ ਦੀ ਜਿੱਤ 'ਤੇ ਅੰਮ੍ਰਿਤਪਾਲ ਦੇ ਮਾਤਾ-ਪਿਤਾ ਨੇ ਕੌਮ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਨਤੀਜਾ ਸਾਰੇ ਪੰਥ ਅਤੇ ਪੰਜਾਬ ਲਈ ਖੁਸ਼ੀ ਦੀ ਗੱਲ ਹੈ ਪਰ ਨਾਲ ਹੀ ਇਹ ਵੀ ਅਪੀਲ ਕੀਤੀ ਕਿ ਕੋਈ ਵੀ 6 ਜੂਨ ਤਕ ਕਿਸੇ ਕਿਸਮ ਦਾ ਜਸ਼ਨ ਨਾ ਮਨਾਵੇ ਕਿਉਂਕਿ ਸਾਡੇ ਸ਼ਹੀਦੀ ਦਿਹਾੜੇ ਚੱਲ ਰਹੇ ਹਨ। ਉਨ੍ਹਾਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕਰਵਾਏ ਜਾਣਗੇ ਤੇ 6 ਜੂਨ ਨੂੰ ਭੋਗ ਪਾਏ ਜਾਣਗੇ। ਉਨ੍ਹਾਂ ਕਿਹਾ ਕਿ ਇਹ ਜਿੱਤ ਸਾਡੇ ਸ਼ਹੀਦ ਸਿੰਘਾਂ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਜਿੱਤਣ ਮਗਰੋਂ ਨਸ਼ੇ, ਬੰਦੀ ਸਿੰਘ ਅਤੇ ਬੇਅਦਬੀ ਦੇ ਮਾਮਲੇ ਪਹਿਲ ਦੇ ਅਧਾਰ 'ਤੇ ਚੁੱਕੇ ਜਾਣਗੇ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਸਰਕਾਰ ਨੂੰ ਬਿਨਾਂ ਕਿਸੇ ਕਾਨੂੰਨੀ ਲੜਾਈ ਦੇ ਅੰਮ੍ਰਿਤਪਾਲ ਸਿੰਘ ਨੂੰ ਰਿਹਾਅ ਕਰ ਦੇਣਾ ਚਾਹੀਦਾ ਹੈ ਤਾਂ ਜੋ ਉਹ ਲੋਕਾਂ ਵਿਚ ਵਿਚਰ ਕੇ ਨਸ਼ਿਆਂ ਖ਼ਿਲਾਫ ਜਾਗਰੁਕਤਾ ਪੈਦਾ ਕਰ ਸਕੇ। ਉਨ੍ਹਾਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਪੰਜਾਬ ਦੇ ਹੱਕ ਵਿਚ ਆਵਾਜ ਬੁਲੰਦ ਕਰੇਗਾ।

## ਅੰਮ੍ਰਿਤਸਰ 'ਚ ਰੇਡ ਕਰਨ ਗਈ ਪੰਜਾਬ ਪੁਲਸ, ਜਦੋਂ ਘਰ ਦੀ ਤਲਾਸ਼ੀ ਲਈ ਤਾਂ ਉੱਡੇ ਹੋਸ਼

ਲੋਪੋਕੇ 9 ਜੂਨ। ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਅਧੀਨ ਆਉਂਦੇ ਪੁਲਸ ਥਾਣਾ ਲੋਪੋਕੇ ਦੇ ਸਰਹੱਦੀ ਪਿੰਡ ਕੱਕੜ ਵਿਖੇ ਉਚ ਅਧਿਕਾਰੀ ਦੀਆਂ ਹਦਾਇਤਾ ਅਤੇ ਡੀ.ਐੱਸ.ਪੀ ਅਟਾਰੀ ਸੁਖਜਿੰਦਰ ਥਾਪਰ, ਬੀ. ਐੱਸ. ਐੱਫ. ਰਾਮ ਤੀਰਥ ਅਤੇ ਪੁਲਸ ਚੌਂਕੀ ਕੱਕੜ ਦੀ ਪੁਲਸ ਵੱਲੋਂ ਸਰਹੱਦੀ ਪਿੰਡ ਕੱਕੜ ਵਿਖੇ ਬਲਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਪਿੰਡ ਕੱਕੜ ਦੇ ਘਰ ਰੇਡ ਦੌਰਾਨ ਕਰੋੜਾਂ ਦੀ ਡਰੱਗ ਮਨੀ ਸਮੇਤ ਦੋਵਾਂ ਨੂੰ ਕਾਬੂ ਕੀਤਾ ਗਿਆ। ਉਕਤ ਵਿਅਕਤੀ ਹੈਰੋਇਨ ਵੇਚਣ ਦਾ ਧੰਦਾ ਕਰਦੇ ਸਨ। ਹੈਰੋਇਨ ਦੇ ਪੈਸੇ ਵੱਟ ਕੇ ਸਰਹੱਦ ਪਾਰ ਬੈਠੇ ਸਮੱਗਲਰਾਂ ਨੂੰ ਭੇਜਦੇ ਹਨ। ਪੁਲਸ ਤੇ ਬੀ. ਐੱਸ.



ਐੱਫ ਵਲੋਂ ਰੇਡ ਕਰਨ 'ਤੇ ਉਕਤ ਵਿਅਕਤੀਆਂ ਘਰੋਂ ਲੋਹੇ ਵਾਲੀ ਪੇਟੀ ਵਿਚੋਂ ਇਕ ਕਰੋੜ ਕੱਕੜ ਵਿਖੇ ਬਲਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਪਿੰਡ ਕੱਕੜ ਦੇ ਘਰ ਰੇਡ ਦੌਰਾਨ ਕਰੋੜਾਂ ਦੀ ਡਰੱਗ ਮਨੀ ਸਮੇਤ ਦੋਵਾਂ ਨੂੰ ਕਾਬੂ ਕੀਤਾ ਗਿਆ। ਉਕਤ ਵਿਅਕਤੀ ਹੈਰੋਇਨ ਵੇਚਣ ਦਾ ਧੰਦਾ ਕਰਦੇ ਸਨ। ਹੈਰੋਇਨ ਦੇ ਪੈਸੇ ਵੱਟ ਕੇ ਸਰਹੱਦ ਪਾਰ ਬੈਠੇ ਸਮੱਗਲਰਾਂ ਨੂੰ ਭੇਜਦੇ ਹਨ। ਪੁਲਸ ਤੇ ਬੀ. ਐੱਸ. 97 ਲੱਖ 14 ਹਜਾਰ 650 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ। ਇਸ ਸਬੰਧੀ ਪੁਲਸ ਥਾਣਾ ਲੋਪੋਕੇ ਵਿਖੇ ਉਕਤ ਵਿਅਕਤੀਆਂ ਖ਼ਿਲਾਫ 21, 27-ਏ, 29-61-85 ਐੱਨ.ਡੀ.ਪੀ.ਐੱਸ ਐਕਟ ਅਧੀਨ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸੁਰੂ ਕਰ ਦਿੱਤੀ ਗਈ ਹੈ।

# ਟਰੱਕ ਦੀ ਲਪੇਟ 'ਚ ਆ ਕੇ ਮੋਟਰਸਾਈਕਲ ਨੂੰ ਲੱਗੀ ਅੱਗ

ਪਟਿਆਲਾ 9 ਜੂਨ। ਸ਼ਹਿਰ ਦੇ ਨਵੇਂ ਬੱਸ ਸਟੈਂਡ ਕੋਲ ਬੀਤੀ ਰਾਤ ਟਰੱਕ ਨੇ ਮੋਟਰਸਾਈਕਲ ਨੂੰ ਟੱਕਰ ਮਾਰੀ ਦਿੱਤੀ, ਜਿਸ ਕਾਰਨ ਮੋਟਰਸਾਈਕਲ ਨੂੰ ਅੱਗ ਲੱਗ ਗਈ ਅਤੇ ਮੋਟਰਸਾਈਕਲ ਸਵਾਰ ਜ਼ਿੰਦਾ ਸੜ ਗਿਆ। ਮ੍ਰਿਤਕ ਦੀ ਪਛਾਣ ਸਾਹਿਲ (25) ਪੁੱਤਰ ਨਰਿੰਦਰ ਸਿੰਘ ਵਾਸੀ ਖੇੜੇ ਵਾਲਾ ਮੁਹੱਲਾ ਸਨੌਰ ਵਜੋਂ ਹੋਈ। ਮੋਟਰਸਾਈਕਲ ਨੂੰ ਅੱਗ ਲੱਗਣ ਤੋਂ ਬਾਅਦ ਟਰੱਕ ਨੂੰ ਵੀ ਅੱਗ ਲੱਗ ਗਈ ਅਤੇ ਇਕਦਮ ਦਹਿਸ਼ਤ ਵਾਲਾ ਮਾਹੌਲ ਬਣ ਗਿਆ ਅਤੇ ਟਰੱਕ-ਮੋਟਰਸਾਈਕਲ ਦੋਵੇਂ ਸੜ ਕੇ ਸੁਆਹ ਹੋ ਗਏ। ਮ੍ਰਿਤਕ ਦੇ ਭਰਾ ਨੇ ਦੱਸਿਆ ਕਿ ਉਸ ਦਾ ਭਰਾ ਨਵੇਂ ਬੱਸ ਸਟੈਂਡ ਦੇ ਕੋਲ ਆਪਣੇ ਮੋਟਰਸਾਈਕਲ 'ਤੇ ਜਾ ਰਿਹਾ ਸੀ ਤਾਂ ਟਰੱਕ ਡਰਾਈਵਰ ਨੇ ਲਾਪ੍ਰਵਾਹੀ ਨਾਲ ਟਰੱਕ ਲਿਆ ਕੇ ਉਸ ਦੇ ਭਰਾ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤਾ। ਟੱਕਰ ਮਾਰਦੇ ਹੀ ਮੋਟਰਸਾਈਕਲ ਦੀ ਟੈਂਕੀ ਫਟ ਕੇ ਅੱਗ ਲੱਗ ਗਈ ਤੇ ਉਸ ਦਾ ਭਰਾ ਸਾਹਿਲ ਜ਼ਿੰਦਾ ਹੀ ਸੜ ਗਿਆ, ਜਿਸ ਕਾਰਨ ਉਸ ਦੀ ਮੌਕੇ 'ਤੇ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਟਰੱਕ ਨੂੰ ਵੀ ਅੱਗ ਲੱਗ ਗਈ। ਸੂਚਨਾ ਮਿਲਣ ਤੋਂ ਬਾਅਦ ਫਾਇਰ ਬਿਗ੍ਰੇਡ ਦੀ ਗੱਡੀ ਪਹੁੰਚੀ ਤੇ ਅੱਗ 'ਤੇ ਕਾਬੂ ਪਾਇਆ। ਇਸ ਮਾਮਲੇ ਵਿਚ ਸੂਚਨਾ ਮਿਲਣ ਤੋਂ ਬਾਅਦ ਪੁਲਸ ਵੀ ਪਹੁੰਚ ਗਈ ਅਤੇ ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਲੋਕ ਸਭਾ ਚੋਣਾਂ ਵਿਚ ਗੈਰ ਹਾਜ਼ਰ ਰਹਿਣ ਵਾਲੇ ਕਰਮਚਾਰੀ ਨੂੰ ਪੁਲਸ ਨੇ ਕੀਤਾ ਗ੍ਰਿਫਤਾਰ

ਤਰਨਤਾਰਨ 9 ਜੂਨ। ਲੋਕ ਸਭਾ ਚੋਣਾਂ ਵਿਚ ਰਿਟਰਨਿੰਗ ਅਫਸਰ ਵੱਲੋਂ ਵੱਖ-ਵੱਖ ਕਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਸਨ, ਜਿਸ ਦੇ ਚੱਲਦੇ ਕਈ ਕਰਮਚਾਰੀਆਂ ਵੱਲੋਂ ਰਿਟਰਨਿੰਗ ਅਫਸਰ ਦੇ ਹੁਕਮਾਂ ਨੂੰ ਟਿੱਚ ਜਾਣਿਆ ਗਿਆ ਸੀ। ਜਿਸ ਸਬੰਧੀ ਰਿਟਰਨਿੰਗ ਅਫਸਰ ਵੱਲੋਂ ਸਖਤ ਕਾਰਵਾਈ ਕਰਦੇ ਹੋਏ ਐਕਸ਼ਨ ਲੈਣੇ ਸ਼ੁਰੂ ਕਰ ਦਿੱਤੇ ਗਏ ਹਨ। ਇਸੇ ਤਹਿਤ ਡਿਊਟੀ ਵਿਚ ਗੈਰ ਹਾਜ਼ਰ ਰਹਿਣ ਦੇ ਚੱਲਦਿਆਂ ਇਕ ਕਰਮਚਾਰੀ ਖ਼ਿਲਾਫ ਥਾਣਾ ਗੋਇੰਦਵਾਲ ਸਾਹਿਬ ਦੀ ਪੁਲਸ ਨੇ ਮਾਮਲਾ ਦਰਜ ਕਰ ਉਸ ਨੂੰ ਗ੍ਰਿਫਤਾਰ ਕਰ ਲਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਲੋਕ ਸਭਾ ਚੋਣਾਂ ਵਿਚ ਰਿਟਰਨਿੰਗ ਅਫਸਰ ਕਮ ਡਿਪਟੀ ਕਮਿਸ਼ਨਰ ਸੰਦੀਪ ਕੁਮਾਰ ਦੇ ਹੁਕਮਾਂ ਤਹਿਤ ਅਮਰਜੀਤ ਸਿੰਘ ਪੁੱਤਰ ਮਨਮੋਹਨ ਸਿੰਘ ਵਾਸੀ ਮਕਾਨ ਨੰਬਰ ਸੱਤ ਬਾਬਾ ਦੀਪ ਸਿੰਘ ਨਗਰ ਤਰਨਤਾਰਨ ਰੋਡ ਅੰਮ੍ਰਿਤਸਰ ਦੀ



ਡਿਊਟੀ ਬੂਥ ਨੰਬਰ 78 ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਜਹਾਂਗੀਰ ਵਿਖੇ ਲਗਾਈ ਗਈ ਸੀ ਪ੍ਰੰਤੂ ਉਕਤ ਕਰਮਚਾਰੀ ਲਗਾਈ ਗਈ ਡਿਊਟੀ ਵਿਚ ਗੈਰ ਹਾਜ਼ਰ ਪਾਇਆ ਗਿਆ, ਜਿਸ ਦੇ ਚੱਲਦਿਆਂ ਪੋਲਿੰਗ ਪਾਰਟੀਆਂ ਦੀ ਰਵਾਨਗੀ ਵਿਚ ਅੜਿਕਾ ਪੈ ਰਿਹਾ ਸੀ । ਇਸ ਦੌਰਾਨ ਅਮਰਜੀਤ ਸਿੰਘ ਵੱਲੋਂ ਡਿਊਟੀ ਦੌਰਾਨ ਲਾਪ੍ਰਵਾਹੀ ਅਤੇ ਇਨਕਾਰੀ ਕੀਤੀ ਜਾਣੀ ਪਾਈ ਗਈ ਹੈ। ਜਿਸ ਤੋਂ ਬਾਅਦ ਰਿਟਰਨਿੰਗ ਅਫਸਰ ਦੇ ਆਦੇਸ਼ਾਂ ਤਹਿਤ ਸਹਾਇਕ ਰਿਟਰਨਿੰਗ ਕੰਮ ਉਪ ਮੰਡਲ ਮਜਿਸਟਰੇਟ ਖਡੂਰ ਸਾਹਿਬ ਸਚਿਨ ਪਾਠਕ ਦੇ ਬਿਆਨਾਂ ਤਹਿਤ ਅਮਰਜੀਤ ਸਿੰਘ ਖ਼ਿਲਾਫ ਪਰਚਾ ਦਰਜ ਕਰ ਲਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸ੍ਰੀ ਗੋਇੰਦਵਾਲ ਸਾਹਿਬ ਦੇ ਏ. ਐੱਸ. ਆਈ. ਕੁਲਵੰਤ ਸਿੰਘ ਨੇ ਦੱਸਿਆ ਕਿ ਸਹਾਇਕ ਰਿਟਰਨਿੰਗ ਅਫਸਰ ਦੇ ਬਿਆਨਾਂ ਹੇਠ ਅਮਰਜੀਤ ਸਿੰਘ ਖ਼ਿਲਾਫ ਪਰਚਾ ਦਰਜ ਕਰਦੇ ਹੋਏ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

## ਦੋ ਨਾਬਾਲਗ ਬੱਚਿਆਂ ਨਾਲ ਬਦਫੈਲ ਕਰਨ ਦੇ ਦੋਸ ਵਿੱਚ ਮਦਰੱਸਾ ਅਧਿਆਪਕ ਗ੍ਰਿਫਤਾਰ

ਗੁਰਦਾਸਪੁਰ 9 ਜੂਨ। ਪੁਲਸ ਨੇ ਇੱਕ ਮਦਰੱਸੇ ਦੇ ਅਧਿਆਪਕ ਨੂੰ ਦੋ ਨਾਬਾਲਗ ਵਿਦਿਆਰਥੀਆਂ ਨਾਲ ਬਦਫੈਲੀ ਕਰਨ ਅਤੇ ਮਾਮਲੇ ਦਾ ਖੁਲਾਸਾ ਕਰਨ 'ਤੇ ਉਨ੍ਹਾਂ ਨੂੰ ਗੰਭੀਰ ਨਤੀਜੇ ਭੁਗਤਣ ਦੀ ਧਮਕੀ ਦੇਣ ਦੇ ਦੋਸ ਹੇਠ ਗ੍ਰਿਫਤਾਰ ਕੀਤਾ ਹੈ।ਸਰਹੱਦ ਪਾਰਲੇ ਸੂਤਰਾਂ ਅਨੁਸਾਰ ਸ਼ਿਕਾਇਤਕਰਤਾ ਜਲਾਲ ਦੀਨ ਨੇ ਆਪਣੀ ਦਰਖਾਸਤ ਵਿੱਚ ਕਿਹਾ ਹੈ ਕਿ ਉਸ ਦਾ ਮੁੰਡਾ ਅਤੇ ਭਤੀਜਾ, ਜਿਸ ਦੀ ਉਮਰ 10-12 ਸਾਲ ਦਰਮਿਆਨ ਹੈ, ਪਿਛਲੇ ਕੁਝ ਮਹੀਨਿਆਂ ਤੋਂ ਚੱਕ ਨੰਬਰ 143/ਐੱਮ.ਐੱਲ. ਮਦਰੱਸੇ ਵਿੱਚ ਰਹਿ ਰਹੇ ਸਨ ਉਨ੍ਹਾਂ ਨੇ ਦੱਸਿਆ ਕਿ ਉਨ੍ਹਾਂ ਦੇ ਅਧਿਆਪਕ ਨੇ ਉਨ੍ਹਾਂ ਨਾਲ ਮਦਰੱਸੇ 'ਚ ਬਦਫੈਲੀ ਕੀਤੀ ਸੀ ਅਤੇ ਇਸ ਬਾਰੇ ਕਿਸੇ ਨੂੰ ਦੱਸਣ 'ਤੇ ਉਨ੍ਹਾਂ ਨੂੰ ਤਸੀਹੇ ਦੇਣ ਦੀ ਧਮਕੀ ਵੀ ਦਿੱਤੀ ਸੀ। ਪੁਲਸ ਨੇ ਸ਼ਿਕਾਇਤ 'ਤੇ ਉਕਤ ਵਿਅਕਤੀ ਖ਼ਿਲਾਫ ਧਾਰਾ 376, 377-ਬੀ ਤਹਿਤ ਕੇਸ ਦਰਜ ਕਰਕੇ ਸੱਕੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਵਿਦਿਆਰਥੀਆਂ ਨੂੰ ਮੈਡੀਕਲ ਜਾਂਚ ਲਈ ਹਸਪਤਾਲ ਭੇਜ ਦਿੱਤਾ ਗਿਆ ਹੈ।

# ਘਰੇਲੂ ਬਿਜਲੀ ਕੁਨੈਕਸਨ ਬਾਰੇ ਰਿਪੋਰਟ ਭੇਜਣ ਬਦਲੇ ਮੰਗੀ ਰਿਸ਼ਵਤ

ਚੰਡੀਗੜ੍ਹ 9 ਜੂਨ। ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿਚ ਭ੍ਰਿਸਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਵੀਰਵਾਰ ਨੂੰ ਪੀ. ਐੱਸ. ਪੀ. ਸੀ. ਐੱਲ. ਦਫਤਰ, ਫੋਕਲ ਪੁਆਇੰਟ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਤਾਇਨਾਤ ਲਾਈਨਮੈਨ ਸੁਖਵਿੰਦਰ ਸਿੰਘ ਨੂੰ 5,000 ਰੁਪਏ ਦੀ ਰਿਸਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਲਾਈਨਮੈਨ ਨੂੰ ਬਲਕਾਰ ਸਿੰਘ ਵਾਸੀ ਫੈਜਪੁਰਾ, ਤਹਿਸੀਲ ਬਟਾਲਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ ਲਾਇਆ ਕਿ ਉਪਰੋਕਤ ਲਾਈਨਮੈਨ ਨੇ ਉਸਦੇ ਨਵੇਂ ਲੱਗਣ ਵਾਲੇ ਘਰੇਲੂ ਬਿਜਲੀ ਕੁਨੈਕਸਨ ਬਾਰੇ ਠੀਕ ਰਿਪੋਰਟ



ਭੇਜਣ ਬਦਲੇ 5,000 ਰੁਪਏ ਦੀ ਮੰਗ ਕੀਤੀ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਵੱਲੋਂ ਜਾਲ ਵਿਛਾਇਆ ਗਿਆ ਅਤੇ ਉਕਤ ਮੁਲਜਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਚ ਮੁਲਜਮ ਖ਼ਿਲਾਫ ਭ੍ਰਿਸਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮੁਲਜਮ ਨੂੰ ਭਲਕੇ ਅਦਾਲਤ ਵਿਚ ਪੇਸ ਕੀਤਾ ਜਾਵੇਗਾ ਅਤੇ ਹੋਰ ਪੁੱਛਗਿੱਛ ਜਾਰੀ ਹੈ।

## ਪੰਜਾਬ ਦੇ ਲੋਕਾਂ ਨੂੰ ਅੱਤ ਦੀ ਗਰਮੀ ਤੋਂ ਮਿਲੀ ਰਾਹਤ, ਜਲੰਧਰ ਸਣੇ ਕਈ ਜਿਲ੍ਹਿਆ 'ਚ ਪਿਆ ਤੇਜ ਮੀਂਹ

ਜਲੰਧਰ 9 ਜੂਨ। ਪੰਜਾਬ ਦੇ ਲੋਕਾਂ ਨੂੰ ਅੱਤ ਦੀ ਗਰਮੀ ਤੋਂ ਥੋੜ੍ਹੀ ਰਾਹਤ ਮਿਲੀ ਹੈ। ਪਿਛਲੇ ਕਈ ਦਿਨਾਂ ਤੋਂ ਜਿੱਥੇ ਗਰਮੀ ਨੇ ਵੱਟ ਕਢਾਏ ਹੋਏ ਹਨ, ਉੱਥੇ ਹੀ ਲੂ ਨੇ ਵੀ ਲੋਕਾਂ ਦਾ ਘਰੋਂ ਨਿਕਲਣਾ ਔਖਾ ਕੀਤਾ ਹੋਇਆ ਸੀ। ਲੋਕਾਂ ਨੂੰ ਅੱਤ ਦੀ ਗਰਮੀ ਤੇ ਲੂ ਵਿੱਚ ਰਹਿਣ ਲਈ ਮਜਬੂਰ ਹੋਣਾ ਪਿਆ ਰਿਹਾ ਸੀ ਉਥੇ ਹੀ ਤਾਪਮਾਨ 45 ਤੋਂ 46 ਡਿਗਰੀ ਤੱਕ ਚਲ ਗਿਆ ਸੀ। ਇਸ ਕਾਰਨ ਬੱਚਿਆਂ ਅਤੇ ਬਜੁਰਗਾਂ ਨੂੰ ਭਾਰੀ ਪਰੇਸਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਪਰ ਅੱਜ ਅਚਾਨਕ ਦੇਰ ਸਾਮ ਠੰਡੀਆਂ ਹਵਾਵਾਂ ਤੇਜ ਮੀਂਹ ਨੇ ਅੱਤ ਦੀ ਗਰਮੀ ਤੋਂ ਥੋੜ੍ਹੀ ਰਾਹਤ ਦਿੱਤੀ ਹੈ। ਜ਼ਿਕਰਯੋਗ ਹੈ ਕਿ ਮੌਸਮ ਵਿਭਾਗ ਨੇ ਅਗਲੇ 3 ਦਿਨਾਂ ਤੱਕ ਪੰਜਾਬ 'ਚ ਮੀਂਹ ਪੈਣ ਅਤੇ ਤੇਜ ਹਵਾਵਾਂ ਚੱਲਣ ਦੀ ਸੰਭਾਵਨਾ ਜਾਹਰ ਕੀਤੀ ਸੀ। ਮੌਸਮ ਵਿਭਾਗ ਵਲੋਂ ਸੂਬੇ ਦੇ 18 ਜ਼ਿਲ੍ਹਿਆਂ ਲਈ ਆਰੇਂਜ ਅਲਰਟ ਜਾਰੀ ਕੀਤਾ ਗਿਆ ਹੈ। ਇਸ ਅਲਰਟ ਮੁਤਾਬਕ ਪੰਜਾਬ 'ਚ 40 ਕਿਲੋਮੀਟਰ ਦੀ ਰਫਤਾਰ ਨਾਲ ਤੇਜ ਹਵਾਵਾਂ ਚੱਲਣਗੀਆਂ ਅਤੇ ਨਾਲ ਹੀ ਮੀਂਹ ਵੀ ਪਵੇਗਾ। ਜਿਨ੍ਹਾਂ 18 ਜ਼ਿਲ੍ਹਿਆਂ 'ਚ ਅਲਰਟ ਜਾਰੀ ਕੀਤਾ ਗਿਆ ਹੈ, ਉਨ੍ਹਾਂ 'ਚ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਫ਼ਿਰੋਜਪੁਰ, ਮੋਗਾ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ, ਲੁਧਿਆਣਾ, ਨਵਾਂਸ਼ਹਿਰ, ਰੂਪਨਗਰ, ਐੱਸ. ਏ. ਐੱਸ. ਨਗਰ, ਫਤਿਹਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਲੇਰਕੋਟਲਾ ਅਤੇ ਬਰਨਾਲਾ ਸ਼ਾਮਲ ਹਨ। ਫਿਲਹਾਲ ਪੰਜਾਬ 'ਚ ਪਿਛਲੇ ਕੁੱਝ ਦਿਨਾਂ ਤੋਂ ਤਾਪਮਾਨ ਘਟਿਆ ਹੈ ਅਤੇ ਪਿਛਲੇ 24 ਘੰਟਿਆਂ ਦੌਰਾਨ ਤਾਪਮਾਨ 'ਚ 1.2 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਹੈ। ਪੰਜਾਬ 'ਚ ਪਿਛਲੇ ਕੁੱਝ ਦਿਨਾਂ ਤੋਂ ਪੱਛਮੀ ਗੜਬੜੀ ਵੀ ਸਰਗਰਮ ਹੈ, ਜਿਸ ਕਾਰਨ ਹਵਾਵਾਂ ਚੱਲਣ ਕਰਕੇ ਤਾਪਮਾਨ 'ਚ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ।

# ਉੱਤਰੀ ਰੇਲਵੇ ਫਿਰੋਜਪੁਰ ਨੇ ਮਈ ਮਹੀਨੇ 'ਚ ਟਿਕਟਾਂ ਦੀ ਚੈਕਿੰਗ ਦੌਰਾਨ 3.04 ਕਰੋੜ ਦਾ ਜੁਰਮਾਨਾ ਵਸੂਲਿਆ

ਜੈਤੋਂ 9 ਜੂਨ। ਉੱਤਰੀ ਰੇਲਵੇ ਦੇ ਫ਼ਿਰੋਜਪੁਰ ਡਵੀਜਨ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਫ਼ਿਰੋਜਪੁਰ ਡਵੀਜਨ ਦੀ ਟਿਕਟ ਚੈਕਿੰਗ ਟੀਮ ਵੱਲੋਂ ਰੇਲ ਗੱਡੀਆਂ 'ਚ ਅਣ ਅਧਿਕਾਰਤ ਤੌਰ 'ਤੇ ਸਫਰ ਕਰਨ ਵਾਲੇ ਯਾਤਰੀਆਂ ਦੇ ਇਸ ਰੁਝਾਨ ਨੂੰ ਰੋਕਣ ਲਈ ਲਗਾਤਾਰ ਟਿਕਟਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਡਵੀਜਨ ਦੇ ਟਿਕਟ ਚੈਕਿੰਗ ਸਟਾਫ ਅਤੇ ਚੀਫ ਟਿਕਟ ਇੰਸਪੈਕਟਰਾਂ ਵੱਲੋਂ ਮਈ, 2024 ਦੌਰਾਨ ਰੇਲ ਗੱਡੀਆਂ ਦੀ ਚੈਕਿੰਗ ਦੌਰਾਨ ਕੁੱਲ 31833 ਯਾਤਰੀ ਬਿਨਾਂ ਟਿਕਟ ਜਾਂ ਬੇਨਿਯਮੀ ਨਾਲ ਸਫਰ ਕਰਦੇ ਪਾਏ ਗਏ ਅਤੇ ਉਨ੍ਹਾਂ ਤੋਂ ਜੁਰਮਾਨੇ ਵਜੋਂ ਕਰੀਬ 3.04 ਕਰੋੜ ਰੁਪਏ ਦੀ ਵਸੂਲੀ ਕੀਤੀ ਗਈ। ਹੁਣ, ਭਾਵੇਂ ਰੇਲਗੱਡੀ ਵਿੱਚ ਯਾਤਰਾ ਕਰਦੇ ਸਮੇਂ ਕਿਸੇ ਰੇਲਵੇ ਯਾਤਰੀ ਕੋਲ ਨਕਦੀ ਨਾ ਹੋਵੇ, ਉਹ ਆਨ-ਬੋਰਡ ਟਿਕਟ ਚੈਕਿੰਗ ਸਟਾਫ ਕੋਲ ਉਪਲੱਬਧ ਹੈਂਡ ਹੈਲਡ ਟਰਮੀਨਲ () ਰਾਹੀਂ ਕੋਡ/ ਨੂੰ ਸਕੈਨ ਕਰਕੇ ਭੁਗਤਾਨ ਕਰ ਸਕਦਾ ਹੈ। ਚਾਲੂ ਵਿੱਤੀ ਸਾਲ ਦੇ ਜਨਵਰੀ ਮਹੀਨੇ ਵਿੱਚ ਫ਼ਿਰੋਜਪੁਰ ਡਿਵੀਜਨ ਨੂੰ ਕਿਊਆਰ ਕੋਡ/ਯੂਪੀਆਈ ਸਕੈਨ ਰਾਹੀਂ ਟਿਕਟ ਚੈਕਿੰਗ ਨਾਲ ਸਬੰਧਿਤ ਲੈਣ-ਦੇਣ ਤੋਂ 1.31 ਲੱਖ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ, ਜੋ ਮਈ ਮਹੀਨੇ ਵਿੱਚ ਵੱਧ ਕੇ 7.30 ਲੱਖ ਰੁਪਏ ਹੋ ਗਿਆ। ਜਨਵਰੀ ਅਤੇ ਮਈ ਦੇ ਮਹੀਨਿਆਂ ਲਈ ਕੋਡ/ ਸਕੈਨਿੰਗ ਰਾਹੀਂ ਕਮਾਈ ਕੀਤੀ ਆਮਦਨ ਦੀ ਤੁਲਨਾ ਕਰਦੇ ਹੋਏ, ਫ਼ਿਰੋਜਪੁਰ ਡਿਵੀਜਨ ਵਿੱਚ 557 ਫੀਸਦੀ ਵਾਧਾ ਹੋਇਆ ਹੈ। ਫ਼ਿਰੋਜਪੁਰ ਡਵੀਜਨ ਵਿੱਚ ਸਮੇਂ-ਸਮੇਂ 'ਤੇ ਰੇਲਵੇ ਯਾਤਰੀਆਂ



ਨੂੰ ਕੋਡ ਬਾਰੇ ਜਾਗਰੂਕ ਕਰਨ ਲਈ ਮੁਹਿੰਮ ਚਲਾਈ ਜਾਂਦੀ ਹੈ, ਜਿਸ ਦੇ ਨਤੀਜੇ ਵਜੋਂ ਉਪਭੋਗਤਾਵਾਂ ਦੀ ਗਿਣਤੀ ਦਿਨੋਂ-ਦਿਨ ਵੱਧ ਰਹੀ ਹੈ। ਡਵੀਜਨ ਦੇ ਰੇਲਵੇ ਸਟੇਸਨਾਂ ਨੂੰ ਸਾਫ-ਸੁਥਰਾ ਰੱਖਣ ਅਤੇ ਆਮ ਲੋਕਾਂ ਨੂੰ ਸਟੇਸਨਾਂ 'ਤੇ ਕੂੜਾ ਸੁੱਟਣ ਤੋਂ ਰੋਕਣ ਅਤੇ ਸਫਾਈ ਪ੍ਰਤੀ ਜਾਗਰੂਕ ਕਰਨ ਲਈ ਡਵੀਜਨ ਦੇ ਮੁੱਖ ਸਟੇਸਨਾਂ 'ਤੇ ਰੈਗੂਲਰ ਤੌਰ 'ਤੇ ਚੈਕਿੰਗ ਕੀਤੀ ਜਾਂਦੀ ਹੈ। ਇਸ ਦੇ ਨਤੀਜੇ ਵਜੋਂ ਮਈ ਮਹੀਨੇ ਦੌਰਾਨ ਸਟੇਸਨ ਕੰਪਲੈਕਸ (ਐਂਟੀ ਲਿਟਰਿੰਗ ਐਕਟ) ਵਿੱਚ ਕੂੜਾ ਸੁੱਟਣ ਵਾਲੇ 301 ਯਾਤਰੀਆਂ ਤੋਂ 54 ਹਜਾਰ ਰੁਪਏ ਤੋਂ ਵੱਧ ਦੀ ਵਸੂਲੀ ਕੀਤੀ ਗਈ। ਇਸ ਤੋਂ ਇਲਾਵਾ ਯਾਤਰੀਆਂ ਨੂੰ ਸਫਾਈ ਪ੍ਰਤੀ ਜਾਗਰੂਕ ਕਰਨ ਲਈ ਸਮੇਂ-ਸਮੇਂ 'ਤੇ ਸਫਾਈ ਮੁਹਿੰਮ ਵੀ ਚਲਾਈ ਜਾਂਦੀ ਹੈ। ਰੇਲਵੇ ਮਾਲੀਆ ਵਧਾਉਣ ਦੇ ਨਾਲ-ਨਾਲ ਫ਼ਿਰੋਜਪੁਰ ਡਵੀਜਨ ਦਾ ਟਿਕਟ ਚੈਕਿੰਗ ਸਟਾਫ ਯਾਤਰੀਆਂ ਦੀ ਮਦਦ ਕਰਕੇ ਸਮਾਜਿਕ ਫਰਜ ਵੀ ਨਿਭਾ ਰਿਹਾ ਹੈ ਕਿਉਂਕਿ ਕੰਮ ਪ੍ਰਤੀ ਸਮਰਪਿਤ ਟਿਕਟ ਚੈਕਿੰਗ ਸਟਾਫ ਦਾ ਮਨੋਬਲ ਵਧਾਉਣ ਲਈ ਰੇਲਵੇ ਪ੍ਰਸਾਸਨ ਵੱਲੋਂ ਉਨ੍ਹਾਂ ਨੂੰ ਸਮੇਂ-ਸਮੇਂ 'ਤੇ ਪ੍ਰਸ਼ੰਸਾ ਪੱਤਰ ਦਿੱਤੇ ਜਾਂਦੇ ਹਨ।

## ਸਾਰਟ ਸਰਕਟ ਕਾਰਨ ਕੱਪੜਾ ਫੈਕਟਰੀ 'ਚ ਲੱਗੀ ਭਿਆਨਕ ਅੱਗ

ਲੁਧਿਆਣਾ 9 ਜੂਨ। ਇੱਥੇ ਅੱਜ ਦੁਪਹਿਰ ਬਾਅਦ ਇਕ ਕੱਪੜਾ ਫੈਕਟਰੀ 'ਚ ਸਾਰਟ ਸਰਕਟ ਹੋਣ ਕਾਰਨ ਅੱਗ ਲੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਮਿਹਰਬਾਨ ਅਧੀਨ ਪੈਂਦੇ ਪਿੰਡ ਬਾਜੜਾ 'ਚ ਫੈਕਟਰੀ ਮਾਲਕ ਦਵਿੰਦਰ ਕੁਮਾਰ ਨੇ ਦੱਸਿਆ ਕਿ ਰਾਤ ਕਰੀਬ 12.30 ਵਜੇ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਸਾਰਟ ਸਰਕਟ ਕਾਰਨ ਫੈਕਟਰੀ ਦੇ ਇਕ ਹਾਲ 'ਚ ਅਚਾਨਕ ਅੱਗ ਲੱਗ ਗਈ। ਇਸ ਮਗਰੋਂ ਅੱਗ ਬੁਝਾਊ ਦਸਤੇ ਦੀਆਂ 10 ਗੱਡੀਆਂ ਮੌਕੇ 'ਤੇ ਪੁੱਜੀਆਂ, ਜਿਨ੍ਹਾਂ ਨੇ ਕਰੀਬ 3 ਘੰਟੇ ਬਾਅਦ ਅੱਗ 'ਤੇ ਕਾਬੂ ਪਾਇਆ, ਜਦਕਿ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814
Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

### ਭਰਾ ਦੇ ਵਿਆਹ ਗਏ ਪਤੀ ਨੂੰ ਮਿਲੀ ਖਬਰ ਨੇ ਖਿਸਕਾਈ ਪੈਰਾਂ ਹੇਠੋਂ ਜਮੀਨ

ਚੰਡੀਗੜ੍ਹ 9 ਜੂਨ। ਆਪਣੇ ਪਤੀ ਦੀ ਲੰਬੀ ਉਮਰ ਲਈ ਵਰਤ ਰੱਖਣ ਵਾਲੀ ਇਕ ਔਰਤ ਨੇ ਧਨਾਸ ਵਿਖੇ ਈ. ਡਬਲਿਊ. ਐੱਸ. ਫਲੈਟ 'ਚ ਬੁੱਧਵਾਰ ਸ਼ਾਮ ਨੂੰ ਸ਼ੱਕੀ ਹਾਲਾਤ 'ਚ ਫਾਹਾ ਲਾ ਲਿਆ। ਮ੍ਰਿਤਕਾ ਦੀ ਮਾਂ ਨੇ ਮਾਮਲੇ ਦੀ ਸੂਚਨਾ ਪੁਲਸ ਨੂੰ ਦਿੱਤੀ। ਸਾਰੰਗਪੁਰ ਥਾਣਾ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਔਰਤ ਨੂੰ ਫਾਹੇ ਤੋਂ ਉਤਾਰਿਆ ਅਤੇ ਸੈਕਟਰ-16 ਦੇ ਜਨਰਲ ਹਸਪਤਾਲ 'ਚ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਉਸ ਦੀ ਪਛਾਣ 32 ਸਾਲਾ ਪੂਨਮ ਵਜੋਂ ਹੋਈ ਹੈ। ਪੁਲਸ ਨੂੰ ਮੌਕੇ ਤੋਂ ਕੋਈ ਸੁਸਾਈਡ ਨੋਟ ਨਹੀਂ ਮਿਲਿਆ ਹੈ। ਸਾਰੰਗਪੁਰ ਥਾਣਾ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਧਨਾਸ ਸਥਿਤ ਈ. ਡਬਲਿਊ. ਐੱਸ. ਫਲੈਟ 'ਚ ਇਕ ਔਰਤ ਨੇ ਫਾਹਾ ਲਾ ਲਿਆ ਹੈ। ਜਦੋਂ ਪੁਲਸ ਟੀਮ ਮੌਕੇ 'ਤੇ ਪਹੁੰਚੀ ਤਾਂ ਔਰਤ ਨੇ ਕਮਰੇ 'ਚ ਚੁੰਨੀ ਨਾਲ ਫਾਹਾ ਲਾਇਆ ਹੋਇਆ ਸੀ। ਪੁਲਸ ਨੇ ਔਰਤ ਨੂੰ ਫਾਹੇ ਤੋਂ ਉਤਾਰਿਆ ਅਤੇ ਹਸਪਤਾਲ 'ਚ ਭਰਤੀ ਕਰਵਾਇਆ, ਜਿੱਥੇ ਡਾਕਟਰਾਂ ਨੇ 32 ਸਾਲਾ ਪੂਨਮ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਨੇ ਦੱਸਿਆ ਕਿ ਘਟਨਾ ਸਮੇਂ ਮ੍ਰਿਤਕਾ ਦਾ ਪਤੀ ਅਮਿਤ ਆਪਣੇ ਭਰਾ ਦੇ ਵਿਆਹ 'ਚ ਅੰਮ੍ਰਿਤਸਰ ਗਿਆ ਹੋਇਆ ਸੀ। ਪੂਨਮ ਘਰ 'ਚ ਆਪਣੀ ਇਕ 8 ਸਾਲਾ ਅਤੇ ਦੂਜੀ 10 ਮਹੀਨਿਆਂ ਦੀ ਬੱਚੀ ਨਾਲ ਇਕੱਲੀ ਸੀ। ਘਟਨਾ ਸਮੇਂ 8 ਸਾਲਾ ਬੱਚੀ ਬਾਹਰ ਖੇਡ ਰਹੀ ਸੀ ਅਤੇ ਛੋਟੀ ਬੱਚੀ ਬੈੱਡ 'ਤੇ ਸੀ। ਉਸ ਨੇ ਅੰਦਰ ਆ ਕੇ ਆਪਣੀ ਮਾਂ ਨੂੰ ਲਟਕਦੇ ਵੇਖਿਆ ਅਤੇ ਆਪਣੀ ਨਾਨੀ ਨੂੰ ਦੱਸਿਆ। ਥਾਣਾ ਸਾਰੰਗਪੁਰ ਪੁਲਸ ਪੂਨਮ ਦੀ ਖੁਦਕੁਸ਼ੀ ਦੇ ਕਾਰਨਾਂ ਦਾ ਪਤਾ ਲਾਉਣ 'ਚ ਲੱਗੀ ਹੋਈ ਹੈ। ਮ੍ਰਿਤਕਾ ਦੀ ਮਾਂ ਉਸੇ ਘਰ ਦੀ ਪਹਿਲੀ ਮੰਜ਼ਿਲ 'ਤੇ ਰਹਿੰਦੀ ਹੈ।

# ਨਰਿੰਦਰ ਮੋਦੀ ਨੂੰ ਤੀਜੀ ਵਾਰ ਪ੍ਰਧਾਨ ਮੰਤਰੀ ਬਣਨ ਲਈ ਬਹੁਤ-ਬਹੁਤ ਵਧਾਈਆਂ ਅਤੇ ਸ਼ੁੱਭਕਾਮਨਾਵਾਂ: ਰਾਮਦਾਸ ਮਲਿਕ

### ਦਿੱਲੀ ਨੇ ਜਮਾਨਤ ਧਾਰਕਾਂ ਅਤੇ ਜੇਲ੍ਹਰਾਂ ਨੂੰ ਰੱਦ ਕਰ ਦਿੱਤਾ, ਦੇਸ ਦੇ ਲੋਕਾਂ ਨੇ ਐਨ.ਡੀ.ਏ.



ਨਵੀਂ ਦਿੱਲੀ। ਭਾਰਤੀ ਜਨਤਾ ਪਾਰਟੀ ਦਿੱਲੀ ਪ੍ਰਦੇਸ ਦੇ ਸੀਨੀਅਰ ਨੇਤਾ ਅਤੇ ਚੋਣ ਪ੍ਰਬੰਧਨ ਕਮੇਟੀ ਦੇ ਸੰਸਾਧਨ ਵਿਭਾਗ ਦੇ ਸਹਿ-ਮੁਖੀ ਅਤੇ ਸਮਾਜ ਸੇਵੀ ਰਾਮਦਾਸ ਮਲਿਕ ਨੇ ਕਿਹਾ ਕਿ ਉਹ ਨਰਿੰਦਰ ਮੋਦੀ ਨੂੰ ਤੀਜੀ ਵਾਰ ਪ੍ਰਧਾਨ ਮੰਤਰੀ ਬਣਨ ਲਈ ਵਧਾਈ ਦਿੰਦੇ ਹਨ ਅਤੇ ਸ਼ੁੱਭਕਾਮਨਾਵਾਂ ਵੀ ਦਿੰਦੇ ਹਨ। ਮੈਂ ਉਨ੍ਹਾਂ ਮੰਤਰੀਆਂ ਨੂੰ ਦਿੰਦਾ ਹਾਂ ਜੋ ਉਨ੍ਹਾਂ ਦੀ ਕੈਬਨਿਟ ਵਿੱਚ ਬਣ ਗਏ ਹਨ। ਮੈਂ ਦੇਸ ਵਾਸੀਆਂ ਅਤੇ ਭਾਰਤੀ ਜਨਤਾ ਪਾਰਟੀ ਦੇ ਅਧਿਕਾਰੀਆਂ ਅਤੇ ਪਾਰਟੀ ਵਰਕਰਾਂ ਨੂੰ ਦਿਲੋਂ ਵਧਾਈਆਂ ਅਤੇ ਸ਼ੁੱਭਕਾਮਨਾਵਾਂ ਦਿੰਦਾ ਹਾਂ, ਅੱਜ ਮਨ ਕੀ ਬਾਤ ਨਾਲ ਜੁੜੇ ਬਹੁਤ ਸਾਰੇ ਲੋਕ ਸਹੁੰ ਚੁੱਕ ਸਮਾਗਮ ਵਿੱਚ ਸਾਮਲ ਹੋਏ। ਉਨ੍ਹਾਂ ਕਿਹਾ ਕਿ ਦਿੱਲੀ ਨੇ ਜਮਾਨਤ ਧਾਰਕਾਂ ਅਤੇ ਜੇਲ੍ਹਾਂ ਵਿਚ ਬੰਦ ਕੈਦੀਆਂ ਨੂੰ ਨਕਾਰ ਦਿੱਤਾ, ਐਨ.ਡੀ.ਏ. ਨੂੰ ਦੇਸ ਦੇ ਲੋਕਾਂ ਨੇ ਅਪਣਾਇਆ, ਦੇਸ ਦੇ ਲੋਕਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਉਨ੍ਹਾਂ ਦੇ ਕੰਮ ਨੂੰ ਦੇਖ ਕੇ ਆਪਣੇ ਪਿਆਰ ਅਤੇ ਸਨੇਹ ਨਾਲ ਅਸੀਰਵਾਦ ਦਿੱਤਾ ਅਤੇ ਉਨ੍ਹਾਂ ਨੂੰ ਦੇਸ ਦਾ ਪ੍ਰਧਾਨ ਮੰਤਰੀ ਬਣਾਇਆ . ਨੇ ਤੀਸਰੀ ਵਾਰ ਸਹਿਯੋਗੀ ਪਾਰਟੀਆਂ ਨੂੰ ਆਪਣਾ ਪੂਰਾ ਸਮਰਥਨ ਦਿੱਤਾ ਅਤੇ ਐਨ.ਡੀ.ਏ. ਦੀ ਸਰਕਾਰ ਬਣਾ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੀ ਸਰਕਾਰ ਬਣਾਈ। ਇਸ ਵਾਰ ਦਿੱਲੀ ਦੀ ਜਨਤਾ ਨੇ ਦਿੱਲੀ ਲੋਕ ਸਭਾ ਦੀਆਂ ਸੱਤ ਸੀਟਾਂ 'ਤੇ ਭਾਜਪਾ ਦੀ ਜਿੱਤ ਲਈ ਵੋਟ ਦਿੱਤੀ। ਆਰਡੀ ਮਲਿਕ ਨੇ ਕਿਹਾ ਕਿ ਹੁਣ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਹੋਣ ਜਾ ਰਹੀਆਂ ਹਨ, ਦੇਖਿਆ ਜਾਵੇਗਾ ਕਿ ਭ੍ਰਿਸ਼ਟਾਚਾਰੀਆਂ ਅਤੇ ਗੱਦਾਰਾਂ ਨੂੰ ਕਿਤੇ ਵੀ ਪਨਾਹ ਨਹੀਂ ਮਿਲੇਗੀ, ਅਰਵਿੰਦ ਕੇਜਰੀਵਾਲ ਸਰਕਾਰ ਬਾਰੇ ਚਰਚਾ ਕਰਦਿਆਂ ਰਾਮਦਾਸ ਮਲਿਕ ਨੇ ਕਿਹਾ ਕਿ ਆਉਣ ਵਾਲੀ ਵਿਧਾਨ ਸਭਾ ਵਿੱਚ ਇਸ ਨੂੰ ਰੱਦ ਕਰ ਦਿੱਤਾ ਜਾਵੇਗਾ ਚੋਣਾਂ ਵੀ. ਭ੍ਰਿਸ਼ਟਾਂ ਨੂੰ ਕਿਤੇ ਵੀ ਥਾਂ ਨਹੀਂ ਮਿਲੇਗੀ, ਹੁਣ ਉਨ੍ਹਾਂ ਨੂੰ ਆਉਣ ਵਾਲੀ ਦਿੱਲੀ ਵਿਧਾਨ ਸਭਾ ਤੋਂ ਬਾਹਰ ਕਰ ਦਿੱਤਾ ਜਾਵੇਗਾ। ਜਿਵੇਂ ਲੋਕ ਸਭਾ ਵਿੱਚ ਹੋਇਆ ਹੈ। ਜਦੋਂ ਨਰਿੰਦਰ ਮੋਦੀ ਨੇ ਤੀਜੀ ਵਾਰ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕੀ ਤਾਂ ਰਾਸਟਰਪਤੀ ਭਵਨ ਦੀਆਂ ਕੰਧਾਂ, ਮੀਨਾਰਾਂ, ਮਹਿਰਾਬਾਂ ਅਤੇ ਹਰ ਦਰਵਾਜੇ 'ਤੇ ਸਫਲਤਾ ਦਾ ਨਵਾਂ ਇਤਿਹਾਸ ਲਿਖਿਆ ਗਿਆ। ਰਾਸਟਰਪਤੀ ਦ੍ਰੋਪਦੀ ਮੁਰਮੂ ਨੇ ਨਰਿੰਦਰ ਮੋਦੀ ਨੂੰ ਅਹੁਦੇ ਅਤੇ ਗੁਪਤਤਾ ਦੀ ਸਹੁੰ ਚੁਕਾਈ। ਅਹੁਦੇ ਨਾਲ ਗੁਪਤਤਾ ਜੁੜੀ ਹੋਈ ਹੈ ਕਿਉਂਕਿ ਸਰਕਾਰ ਚਲਾਉਂਦੇ ਸਮੇਂ ਤੁਹਾਨੂੰ ਬਹੁਤ ਸਾਰੀ ਜਾਣਕਾਰੀ ਤੱਕ ਪਹੁੰਚ ਮਿਲਦੀ ਹੈ। ਅਜਿਹੀਆਂ ਬਹੁਤ ਸਾਰੀਆਂ ਚਰਚਾਵਾਂ, ਕਈ ਅਜਿਹੇ ਫੈਸਲੇ ਹਨ, ਜਿਨ੍ਹਾਂ ਬਾਰੇ ਤੁਹਾਨੂੰ ਚੁੱਪੀ ਬਣਾਈ ਰੱਖਣੀ ਪੈਂਦੀ ਹੈ ਜਾਂ ਸਹੀ ਥਾਵਾਂ 'ਤੇ ਹੀ ਚਰਚਾ ਕਰਨੀ ਪੈਂਦੀ ਹੈ। ਇਸ ਲਈ ਸਾਰੇ ਮੰਤਰੀਆਂ ਨੂੰ ਅਹੁਦੇ ਅਤੇ ਗੁਪਤਤਾ ਦੀ ਸਹੁੰ ਵੀ ਚੁਕਾਈ ਜਾਂਦੀ ਹੈ। ਨਰਿੰਦਰ ਮੋਦੀ ਤੋਂ ਬਾਅਦ ਰਾਜਨਾਥ ਸਿੰਘ, ਅਮਿਤ ਸ਼ਾਹ, ਨਿਤਿਨ ਗਡਕਰੀ, ਨਿਰਮਲਾ ਸੀਤਾਰਮਨ, ਐਸ ਜੈਸ਼ੰਕਰ, ਐਚਡੀ ਕੁਮਾਰਸਵਾਮੀ, ਧਰਮਿੰਦਰ ਪ੍ਰਧਾਨ, ਜੇਡੀਯੂ ਦੇ ਸਾਬਕਾ ਪ੍ਰਧਾਨ ਅਤੇ ਮੁੰਗੇਰ ਤੋਂ ਸੰਸਦ ਮੈਂਬਰ ਰਾਜੀਵ ਰੰਜਨ ਉਰਫ ਲਲਨ ਸਿੰਘ, ਐਚਏਐਮ ਪਾਰਟੀ ਦੇ ਪ੍ਰਧਾਨ ਜੀਤਨ ਰਾਮ ਮਾਂਝੀ, ਮਨਸੁਖ ਮਾਂਡਵੀਆ ਨੇ ਲਿਆ ਕੈਬਨਿਟ ਮੰਤਰੀ ਵਜੋਂ ਸਹੁੰ ਚੁੱਕੀ।

ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਅਤੇ ਕਾਂਗਰਸ ਦੇ ਯੂਥ ਆਗੂ ਰਾਹੁਲ ਗਾਂਧੀ ਨੇ ਲੋਕ ਸਭਾ ਚੋਣਾਂ ਸਮੇਂ ਜਨ ਸਭਾਵਾਂ ਨੂੰ ਸੰਬੋਧਨ ਕਰਦਿਆਂ ਕਿਹਾ ਸੀ ਕਿ ਨਰਿੰਦਰ ਮੋਦੀ ਇਸ ਵਾਰ ਪ੍ਰਧਾਨ ਮੰਤਰੀ ਨਹੀਂ ਬਣ ਸਕਦੇ, ਭਾਵੇਂ ਅਸੀਂ ਉਨ੍ਹਾਂ ਨੂੰ ਲਿਖਣ ਲਈ ਕਹਿ ਦੇਈਏ, ਫਿਰ ਵੀ ਅਜਿਹਾ ਨਹੀਂ ਹੋਇਆ। ਹੋਇਆ, ਇਹ ਕਾਂਗਰਸੀਆਂ ਲਈ ਇੱਕ ਵੱਡਾ ਥੱਪੜ ਹੈ।

## ਪੰਜਾਬ ਵਾਸੀਆਂ ਲਈ ਜਰੂਰੀ ਖਬਰ, ਬੱਚਿਆਂ ਤੇ ਬਜੁਰਗਾਂ ਨੂੰ ਵੱਡਾ ਖਤਰਾ !

ਚੰਡੀਗੜ੍ਹ 9 ਜੂਨ। ਪੰਜਾਬ ਵਾਸੀਆਂ ਲਈ ਜਰੂਰੀ ਖਬਰ ਹੈ। ਦਰਅਸਲ ਸੂਬੇ ਦੇ ਵੱਖ-ਵੱਖ ਇਲਾਕਿਆਂ 'ਚ ਪਰਾਲੀ ਸੜਨ ਤੋਂ ਬਾਅਦ ਪ੍ਰਦੂਸ਼ਣ ਨੇ ਵਾਤਾਵਰਣ 'ਚ ਜਹਿਰ ਘੋਲ ਦਿੱਤੀ ਹੈ। ਇਸ ਕਾਰਨ ਬੱਚਿਆਂ ਅਤੇ ਬਜੁਰਗਾਂ 'ਤੇ ਵੱਡਾ ਖਤਰਾ ਮੰਡਰਾ ਰਿਹਾ ਹੈ। ਪ੍ਰਦੂਸ਼ਣ ਦਾ ਪੱਧਰ ਵੱਧਣ ਕਾਰਨ ਆਬੋ-ਹਵਾ ਪੂਰੀ ਤਰ੍ਹਾਂ ਵਿਗੜਨ ਲੱਗੀ ਹੈ। ਦੱਸਿਆ ਜਾ ਰਿਹਾ ਹੈ ਕਿ ਸੂਬੇ ਦਾ ਏਅਰ ਕੁਆਲਿਟੀ ਇੰਡੈਕਸ 295 ਤੱਕ ਪੁੱਜ ਗਿਆ ਹੈ। ਮੌਸਮ ਵਿਭਾਗ ਦੀ ਮੰਨੀਏ ਤਾਂ ਜੇਕਰ ਅਜਿਹੇ ਹੀ ਹਾਲਾਤ ਰਹੇ ਤਾਂ ਆਉਣ ਵਾਲੇ ਦਿਨਾਂ 'ਚ ਹਵਾ ਹੋਰ ਖਰਾਬ ਹੋ ਸਕਦੀ ਹੈ, ਜਿਸ ਦਾ ਅਸਰ ਬੱਚਿਆਂ ਅਤੇ ਬਜੁਰਗਾਂ 'ਤੇ ਪੈ ਸਕਦਾ ਹੈ। ਅਸਥਮਾ ਦੇ ਮਰੀਜਾਂ ਨੂੰ ਸਾਹ ਦੀ ਸਮੱਸਿਆ ਆ ਸਕਦੀ ਹੈ। ਅਜਿਹੇ 'ਚ ਘਰੋਂ ਬਾਹਰ ਤੋਂ ਨਿਕਲਣਾ ਸਾਵਧਾਨੀ ਵਰਤੋ। ਮੌਸਮ ਮਾਹਰਾਂ ਦੇ ਮੁਤਾਬਕ ਏ. ਕਿਉ. ਆਈ. 50 ਤੱਕ ਹੋਵੇ ਤਾਂ ਸਭ ਤੋਂ ਸ਼ੁੱਧ, 100 ਤੱਕ ਆਮ ਅਤੇ ਇਸ ਤੋਂ ਜ਼ਿਆਦਾ ਹੋਣ 'ਤੇ ਇਹ ਸਿਹਤ ਲਈ ਹਾਨੀਕਾਰਕ ਹੁੰਦਾ ਹੈ। ਵਿਭਾਗ ਵੱਲੋਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲੀ ਕੀਤੀ ਜਾ ਰਹੀ ਹੈ। ਆਉਣ ਵਾਲੇ ਦਿਨਾਂ 'ਚ ਜੇਕਰ ਪਰਾਲੀ ਹੋਰ ਸੜਦੀ ਹੈ ਤਾਂ ਇਹ ਚਿੰਤਾ ਦਾ ਕਾਰਨ ਬਣ ਸਕਦਾ ਹੈ। ਬੁੱਧਵਾਰ ਨੂੰ ਪਰਾਲੀ ਸਾੜਨ ਦਾ ਪਿਛਲੇ 2 ਸਾਲਾਂ ਦਾ ਰਿਕਾਰਡ ਟੁੱਟ ਗਿਆ, ਜਿਸ ਕਾਰਨ ਸੂਬੇ ਦੀ ਆਬੋ-ਹਵਾ ਖਰਾਬ ਹੋ ਗਈ। ਸੂਬੇ ਭਰ 'ਚ ਬੀਤੇ ਦਿਨ ਪਰਾਲੀ ਸਾੜਨ ਦੀਆਂ 1921 ਘਟਨਾਵਾਂ ਸਾਹਮਣੇ ਆਈਆਂ ਹਨ। ਜ਼ਿਲ੍ਹਾ ਸੰਗਰੂਰ 'ਚ ਸਭ ਤੋਂ ਵੱਧ 345 ਕੇਸ ਸਾਹਮਣੇ ਆਏ ਹਨ। ਇਸ ਕਾਰਨ ਪੰਜਾਬ ਦੇ ਕਈ ਸ਼ਹਿਰਾਂ 'ਚ ਏ. ਕਿਉ. ਆਈ. ਮਾੜੀ ਸ਼੍ਰੇਣੀ 'ਚ ਆ ਗਿਆ ਹੈ। ਸੂਬੇ 'ਚ ਪਰਾਲੀ ਸਾੜਨ ਦੇ ਮਾਮਲਿਆਂ ਦੀ ਕੁੱਲ ਗਿਣਤੀ ਵੱਧ ਕੇ 9594 ਹੋ ਗਈ ਹੈ। ਮੰਗਲਵਾਰ ਨੂੰ 1389 ਮਾਮਲੇ ਸਾਹਮਣੇ ਆਏ, ਅੰਮ੍ਰਿਤਸਰ ਤੋਂ 86, ਬਠਿੰਡਾ ਅਤੇ ਫਰੀਦਕੋਟ ਤੋਂ 97-97, ਫਤਹਿਗੜ੍ਹ ਸਾਹਿਬ ਤੋਂ 82, ਕਪੂਰਥਲਾ ਤੋਂ 96, ਲੁਧਿਆਣਾ ਤੋਂ 75, ਪਟਿਆਲਾ ਜ਼ਿਲ੍ਹੇ ਤੋਂ 127 ਅਤੇ ਜਲੰਧਰ ਤੋਂ 66 ਮਾਮਲੇ ਸਾਹਮਣੇ ਆਏ ਹਨ।

# ਫੀਸ ਨਾ ਦੇਣ 'ਤੇ ਬੇਰਹਿਮੀ ਨਾਲ ਕੁੱਟੇ ਬੱਚੇ ਨੂੰ ਹੋਇਆ ਅਧਰੰਗ

ਉੱਤਰ ਪ੍ਰਦੇਸ਼ 9 ਜੂਨ। ਉੱਤਰ ਪ੍ਰਦੇਸ਼ ਦੇ ਬਲੀਆ ਜ਼ਿਲ੍ਹੇ ਦੇ ਰਸੜਾ ਥਾਣੇ ਅਧੀਨ ਪੈਂਦੇ ਇਕ ਪਬਲਿਕ ਸਕੂਲ ਵਿਚ ਫੀਸ ਜਮ੍ਹਾਂ ਨਾ ਕਰਵਾਉਣ 'ਤੇ ਹੋਈ ਕੁੱਟਮਾਰ ਅਤੇ ਜਮਾਤ ਵਿਚ ਚਾਰ ਘੰਟੇ ਤਕ ਬੈਂਚ 'ਤੇ ਹੱਥ ਖੜ੍ਹੇ ਰਹਿਣ ਦੀ ਸਜਾ ਨਾਲ ਪਹਿਲੀ ਜਮਾਤ ਦਾ ਵਿਦਿਆਰਥੀ ਲਕਵੇ ਦਾ ਸ਼ਿਕਾਰ ਹੋ ਗਿਆ। ਇਸ ਤੋਂ ਬਾਅਦ ਪੁਲਸ ਵੱਲੋਂ ਪ੍ਰਿੰਸੀਪਲ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਮਾਮਲੇ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੁਲਸ ਚੌਕੀ ਦੇ ਮੁਖੀ ਅਸ਼ੋਕ ਕੁਮਾਰ ਸ਼ੁਕਲਾ ਨੇ ਕਿਹਾ ਕਿ ਮੁਲਜਮ ਅਧਿਆਪਕ, ਪ੍ਰਿੰਸੀਪਲ ਅਤੇ ਪ੍ਰਬੰਧਕ ਦੇ ਖ਼ਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ। ਸ਼ਨਿੱਚਰਵਾਰ ਨੂੰ ਪ੍ਰਿੰਸੀਪਲ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਬਾਕੀ ਦੋਵਾਂ ਮੁਲਜਮਾਂ ਦੀ ਗ੍ਰਿਫਤਾਰੀ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪਰਿਵਾਰ ਵੱਲੋਂ ਦੋਸ਼ ਲਗਾਇਆ ਗਿਆ ਹੈ ਕਿ ਰਸੜਾ ਕਸਬੇ 'ਚ ਸਥਿਤ ਦਿੱਲੀ ਪਬਲਿਕ ਸਕੂਲ ਦੇ ਪਹਿਲੀ ਜਮਾਤ ਦੇ ਆਯਾਜ ਅਖਤਰ (7) ਨੂੰ 27 ਜਨਵਰੀ ਨੂੰ ਫੀਸ ਜਮ੍ਹਾਂ ਨਾ ਕਰਵਾਉਣ ਕਾਰਨ ਸਕੂਲ ਦੀ ਅਧਿਆਪਕਾ ਅਫਸਾਨਾ ਨੇ ਜਮਾਤ ਵਿਚ 4 ਘੰਟਿਆਂ ਤਕ ਦੋਵੇਂ ਹੱਥ ਖੜ੍ਹੇ ਰੱਖਣ ਦੀ ਸਜਾ ਦਿੱਤੀ। ਰਿਸ਼ਤੇਦਾਰਾਂ ਮੁਤਾਬਕ ਵਿਦਿਆਰਥੀ ਦੇ ਪੈਰਾਂ 'ਤੇ ਮਾਰਿਆ ਗਿਆ, ਜਿਸ ਕਾਰਨ ਆਯਾਜ ਬੇਹੋਸ਼ ਹੋ ਕੇ ਡਿੱਗ ਗਿਆ ਅਤੇ ਉਹ ਲਕਵੇ ਦਾ ਸ਼ਿਕਾਰ ਹੋ ਗਿਆ। ਆਯਾਜ ਅਖਤਰ ਦਾ ਸੋਸ਼ਲ ਮੀਡੀਆ 'ਤੇ ਇਕ ਵੀਡੀਓ ਵਾਇਰਲ ਹੋਇਆ ਹੈ, ਜਿਸ ਵਿਚ ਉਹ ਕਹਿ ਰਿਹਾ ਹੈ ਕਿ ਫੀਸ ਜਮ੍ਹਾਂ ਨਾ ਕਰਵਾਉਣ ਕਾਰਨ ਉਸ ਨੂੰ ਮੋਟੇ ਡੰਡੇ ਨਾਲ ਕੁੱਟਿਆ ਗਿਆ। ਅਖਤਰ ਦੇ ਨਾਲ ਹੀ ਪੜ੍ਹਣ ਵਾਲੀ ਉਸ ਦੀ ਚਚੇਰੀ ਭੈਣ ਅਲੀ ਜਾਬਾ ਨੇ ਵੀ ਪੱਤਰਕਾਰਾਂ ਨੂੰ ਦੱਸਿਆ ਕਿ ਅਧਿਆਪਕ ਨੇ ਮੋਟੇ ਡੰਡੇ ਨਾਲ ਆਯਾਜ ਨੂੰ ਕੁੱਟਿਆ ਸੀ। ਪੁਲਸ ਮੁਤਾਬਕ ਇਸ ਮਾਮਲੇ ਵਿਚ ਸਕੂਲ ਦੇ ਪ੍ਰਬੰਧਕ ਪ੍ਰਦਯੁਮਨ ਵਰਮਾ, ਪ੍ਰਿੰਸੀਪਲ ਸਤਿੰਦਰ ਪਾਲ ਤੇ ਅਧਿਆਪਕ ਅਫਸਾਨਾ ਖ਼ਿਲਾਫ ਧਾਰਾ 325 ਅਤੇ 506 ਵਿਚ ਨਾਮਜਦ ਮਾਮਲਾ ਦਰਜ ਕੀਤਾ ਗਿਆ ਹੈ।

# ਪੰਜਾਬ ਦੇ ਧਾਰਮਿਕ ਸਥਾਨਾਂ ਦੇ ਬਾਹਰ ਸੁਰੱਖਿਆ ਵਿਵਸਥਾ ਕੀਤੀ ਗਈ ਸਖਤ

ਜਲੰਧਰ 9 ਜੂਨ। ਪੰਜਾਬ ਪੁਲਸ ਨੇ ਸੂਬੇ ਭਰ ਵਿਚ ਧਾਰਮਿਕ ਸਥਾਨਾਂ ਦੇ ਬਾਹਰ ਸੁਰੱਖਿਆ ਵਿਵਸਥਾ ਹੋਰ ਸਖਤ ਕਰ ਦਿੱਤੀ ਹੈ ਤਾਂ ਜੋ ਕੋਈ ਵੀ ਸ਼ਰਾਰਤੀ ਅਨਸਰ ਕਿਸੇ ਵੀ ਧਾਰਮਿਕ ਸਥਾਨ ਦੇ ਆਸ-ਪਾਸ ਗੜਬੜ ਨਾ ਕਰਵਾ ਸਕੇ। ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਦੇ ਹੁਕਮਾਂ 'ਤੇ ਪੰਜਾਬ ਪੁਲਸ ਦੀਆਂ ਵੱਖ-ਵੱਖ ਟੀਮਾਂ ਨੇ ਧਾਰਮਿਕ ਸਥਾਨਾਂ ਦੇ ਬਾਹਰ ਤਲਾਸ਼ੀ ਮੁਹਿੰਮ ਚਲਾਈ ਅਤੇ ਸ਼ੱਕੀ ਲੋਕਾਂ ਕੋਲੋਂ ਪੁੱਛਗਿੱਛ ਵੀ ਕੀਤੀ। ਮੁੱਖ ਮੰਤਰੀ ਭਗਵੰਤ ਮਾਨ ਦੇ ਸੂਬੇ ਨੂੰ ਅਪਰਾਧ-ਮੁਕਤ ਬਣਾਉਣ ਦੇ ਟੀਚੇ ਨੂੰ ਹਾਸਲ ਕਰਨ ਲਈ ਪੰਜਾਬ ਪੁਲਸ ਨੇ ਅਪਰਾਧਕ ਅਨਸਰਾਂ ਖ਼ਿਲਾਫ ਮੁਹਿੰਮ ਹੋਰ ਤੇਜ ਕਰ ਦਿੱਤੀ ਹੈ। ਡੀ. ਜੀ. ਪੀ. ਗੌਰਵ ਯਾਦਵ ਨੇ ਕਿਹਾ ਕਿ ਧਾਰਮਿਕ ਸਥਾਨਾਂ ਦੇ ਬਾਹਰ ਸੁਰੱਖਿਆ ਵਿਵਸਥਾ ਸਖਤ ਕਰਨ ਦਾ ਮਕਸਦ ਇਹ ਹੈ ਕਿ ਲੋਕਾਂ ਅੰਦਰ ਸੁਰੱਖਿਆ ਦੀ ਭਾਵਨਾ ਬਣੀ ਰਹੇ। ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਨੇ ਸੂਬੇ ਦੇ ਸਾਰੇ ਸ਼ਹਿਰਾਂ ਤੇ ਕਸਬਿਆਂ ਵਿਚ ਧਾਰਮਿਕ ਸਥਾਨਾਂ ਦੇ ਬਾਹਰ ਹੋਰ ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਹਨ। ਇਸ ਨਾਲ ਲੋਕਾਂ ਅੰਦਰ ਪੁਲਸ ਮਸ਼ੀਨਰੀ ਪ੍ਰਤੀ ਭਰੋਸਾ ਪੈਦਾ ਹੋਵੇਗਾ। ਉਨ੍ਹਾਂ ਕਿਹਾ ਕਿ ਤਿੰਨੋਂ ਕਮਿਸ਼ਨਰੇਟ ਸ਼ਹਿਰਾਂ ਵਿਚ ਵੱਖ-ਵੱਖ ਟੀਮਾਂ ਨੇ ਸੁਰੱਖਿਆ ਵਿਵਸਥਾ ਦਾ ਜਾਇਜਾ ਲਿਆ ਅਤੇ ਸੀਨੀਅਰ ਪੁਲਸ ਅਧਿਕਾਰੀ ਆਪ ਮੌਕੇ 'ਤੇ ਮੌਜੂਦ ਰਹੇ। ਪੰਜਾਬ ਪੁਲਸ ਨੇ ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਸਾਥੀਆਂ ਦੀ ਗ੍ਰਿਫਤਾਰੀ ਤੋਂ ਬਾਅਦ ਜਿਸ ਤਰ੍ਹਾਂ ਦਬਦਬਾ ਬਣਾਇਆ ਹੈ, ਉਸ ਨੂੰ ਸੂਬਾ ਪੁਲਸ ਅਤੇ ਉਸ ਦੇ ਅਧਿਕਾਰੀ ਬਣਾ ਕੇ ਰੱਖਣਾ ਚਾਹੁੰਦੇ ਹਨ। ਦੂਜੇ ਪਾਸੇ ਹਾਲਾਂਕਿ ਜਲੰਧਰ ਲੋਕ ਸਭਾ ਸੀਟ ਦੀ ਜ਼ਿਮਨੀ ਚੋਣ ਵੀ ਚੱਲ ਰਹੀ ਹੈ। ਇਸ ਲਈ ਸਾਰੀਆਂ ਸਿਆਸੀ ਪਾਰਟੀਆਂ ਦੇ ਸੀਨੀਅਰ ਨੇਤਾ ਪੰਜਾਬ ਵਿਚ ਮੌਜੂਦ ਹਨ ਅਤੇ ਜਲੰਧਰ ਪਹੁੰਚ ਰਹੇ ਹਨ। ਇਸ ਨੂੰ ਵੇਖਦੇ ਹੋਏ ਵੀ ਸੁਰੱਖਿਆ ਵਿਵਸਥਾ ਨੂੰ ਹੋਰ ਸਖਤ ਕੀਤਾ ਗਿਆ

## ਤਿਉਹਾਰਾਂ ਦੇ ਸੀਜਨ ਦੌਰਾਨ ਐਕਸ਼ਨ 'ਚ ਫੂਡ ਅਫਸਰ, ਗੰਦਗੀ 'ਚ ਬਣਾਇਆ ਜਾ ਰਿਹਾ 6 ਕੁਇੰਟਲ ਪੇਠਾ ਕੀਤਾ ਜਬਤ

ਅੰਮ੍ਰਿਤਸਰ 9 ਜੂਨ। ਸਿਹਤ ਵਿਭਾਗ ਦੇ ਫੂਡ ਵਿੰਗ ਵੱਲੋਂ ਮਜੀਠਾ ਰੋਡ ਬਾਈਪਾਸ ਵਿਖੇ ਪੇਠਾ ਬਣਾਉਣ ਵਾਲੀ ਕੰਪਨੀ ਦੀ ਅਚਨਚੇਤ ਚੈੱਕਿੰਗ ਕੀਤੀ ਗਈ। ਕੰਪਨੀ 'ਚ ਗੰਦਗੀ ਵਾਲੀ ਥਾਂ 'ਤੇ ਪੇਟਾ ਕੱਟਿਆ ਜਾ ਰਿਹਾ ਸੀ। ਟੀਮ ਵੱਲੋਂ 600 ਕਿੱਲੋ ਪੇਠਾ ਜਬਤ ਕਰ ਕੇ ਦੋ ਸੈਂਪਲ ਅੰਗੂਰੀ ਪੇਠਾ ਅਤੇ ਦੋ ਸੈਂਪਲ ਸੁੱਕਾ ਪੇਠਾ ਦੇ ਸੀਲ ਕੀਤੇ। ਸਬੰਧਿਤ ਕੰਪਨੀ ਨੂੰ ਸਾਫ-ਸਫਾਈ ਨਾ ਰੱਖਣ 'ਤੇ ਨੋਟਿਸ ਵੀ ਜਾਰੀ ਕੀਤਾ ਗਿਆ। ਇਸ ਤੋਂ ਇਲਾਵਾ ਜਲੇਬੀ ਸਮੇਤ 6 ਸੈਂਪਲ ਲਏ ਗਏ। ਸਹਾਇਕ ਕਮਿਸਨਰ ਫੂਡ ਰਜਿੰਦਰ



ਪਾਲ ਨੇ ਦੱਸਿਆ ਕਿ ਤਿਉਹਾਰਾਂ ਦੇ ਸੀਜਨ ਦੌਰਾਨ ਮਿਲਾਵਟਖੋਰੀ ਕਰਨ ਵਾਲਿਆਂ ਖਿਲਾਫ ਸਖਤੀ ਨਾਲ ਐਕਸ਼ਨ ਲਿਆ ਜਾ ਰਿਹਾ ਹੈ। ਉਨ੍ਹਾਂ ਦੀ ਅਗਵਾਈ ਵਾਲੀ ਟੀਮ 'ਚ ਤਾਇਨਾਤ ਐੱਫ.ਐੱਸ.ਓ. ਅਸਵਨੀ ਕੁਮਾਰ ਅਤੇ ਐੱਫ.ਐੱਸ.ਓ. ਅਮਨਦੀਪ ਸਿੰਘ ਦੀ ਫੂਡ ਸੇਫਟੀ ਟੀਮ ਵੱਲੋਂ ਮਜੀਠਾ ਬਾਈਪਾਸ ਵਿਖੇ ਪੇਠਾ ਬਣਾਉਣ ਵਾਲੀ ਕੰਪਨੀ 'ਤੇ ਛਾਪੇਮਾਰੀ ਕੀਤੀ ਗਈ, ਉਹ ਬਹੁਤ ਹੀ ਗੰਦੀ ਹਾਲਤ 'ਚ ਪੇਠਾ ਬਣਾ ਰਹੀ ਸੀ, ਜਿਸ 'ਚ 600 ਕਿੱਲੋ ਦੇ ਕਰੀਬ ਪੇਠੇ ਦਾ ਸਾਰਾ ਸਟਾਕ ਜਬਤ ਕੀਤਾ ਗਿਆ ਹੈ। ਟੀਮ ਵੱਲੋਂ ਮੌਕੇ 'ਤੇ ਹੀ ਐੱਫ.ਬੀ.ਓ. ਨੂੰ ਚਲਾਨ ਜਾਰੀ ਕੀਤਾ ਗਿਆ। ਦੋ ਨਮੂਨੇ ਸੁੱਕੇ ਪੇਠੇ ਦੇ ਅਤੇ ਦੂਜੇ ਅੰਗੂਰੀ ਪੇਠੇ ਦੇ ਫੂਡ ਸੇਫਟੀ ਅਫਸਰ ਵੱਲੋਂ ਸੀਲ ਕੀਤੇ ਗਏ ਹਨ ਅਤੇ ਵਿਸਲੇਸਣ ਲਈ ਲੈਬ 'ਚ ਭੇਜੇ ਜਾਣਗੇ। ਇਸ ਤੋਂ ਬਾਅਦ ਰਵਾਇਤੀ ਮਠਿਆਈਆਂ ਵਿਚ ਫੂਡ ਕਲਰ ਦੀ ਜਾਂਚ ਕਰਨ ਲਈ ਆਈ.ਈ. ਫੂਡ ਸੇਫਟੀ ਟੀਮ ਵੱਲੋਂ ਜਲੇਬੀ ਸਮੇਤ 6 ਸੈਂਪਲ ਲਏ ਗਏ। ਉਨ੍ਹਾਂ ਕਿਹਾ ਕਿ ਮਿਲਾਵਟਖੋਰੀ ਕਿਸੇ ਵੀ ਹੱਲ ਵਿਚ ਬਰਦਾਸਤ ਨਹੀਂ ਕੀਤੀ ਜਾਵੇਗੀ। ਜੇਕਰ ਕੋਈ ਮਿਲਾਵਟਖੋਰੀ ਕਰਦਾ ਹੈ ਤਾਂ ਲੋਕਾਂ ਨੂੰ ਉਸ ਦੀ ਜਾਣਕਾਰੀ ਵਿਭਾਗ ਨੂੰ ਦੇਣੀ ਚਾਹੀਦੀ ਹੈ।

### ਪੰਜਾਬ ਪੁਲਸ ਦੇ ਰਿਟਾਇਰਡ ਮੁਲਾਜਮ ਦੀ ਸੜਕ ਹਾਦਸੇ 'ਚ ਮੌਤ

ਲੁਧਿਆਣਾ 9 ਜੂਨ। ਲੁਧਿਆਣਾ 'ਚ ਵਾਪਰੇ ਦਰਦਨਾਕ ਹਾਦਸੇ ਦੌਰਾਨ ਪੰਜਾਬ ਪੁਲਸ ਦੇ ਸੇਵਾਮੁਕਤ ਮੁਲਾਜਮ ਦੀ ਮੌਤ ਹੋ ਗਈ। ਜਾਣਕਾਰੀ ਮੁਤਾਬਕ ਰਿਟਾਇਰਡ ਮੁਲਾਜਮ ਸਾਈਕਲ 'ਤੇ ਸਵਾਰ ਹੋ ਕੇ ਕਿਤੇ ਜਾ ਰਿਹਾ ਸੀ। ਉਸ ਨੂੰ ਨਗਰ ਨਿਗਮ ਦੇ ਟਿੱਪਰ ਨੇ ਟੱਕਰ ਮਾਰ ਦਿੱਤੀ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਇਸ ਘਟਨਾ ਤੋਂ ਬਾਅਦ ਟਿੱਪਰ ਚਾਲਕ ਟਿੱਪਰ ਛੱਡ ਕੇ ਮੌਕੇ ਤੋਂ ਫਰਾਰ ਹੋ ਗਿਆ। ਫਿਲਹਾਲ ਮੌਕੇ 'ਤੇ ਪੁੱਜੀ ਸਲੇਮ ਟਾਬਰੀ ਦੀ ਪੁਲਸ ਨੇ ਟਿੱਪਰ ਨੂੰ ਕਬਜੇ 'ਚ ਲੈ ਕੇ ਲਾਸ਼ ਨੂੰ ਹਸਪਤਾਲ ਪਹੁੰਚਾ ਦਿੱਤਾ ਹੈ। ਪੁਲਸ ਵੱਲੋਂ ਮਾਮਲੇ ਸਬੰਧੀ ਕਾਰਵਾਈ ਕੀਤੀ ਜਾ ਰਹੀ ਹੈ।

# ਕਾਂਗਰਸ ਦਾ ਬੂਥ ਲਾਉਣ ਦੀ ਰੰਜਿਸ਼ 'ਚ ਕੱਖਾਂਵਾਲੀ ਵਿਖੇ ਇਕ ਵਿਅਕਤੀ ਦਾ ਕਤਲ

ਮਲੋਟ 9 ਜੂਨ। ਲੰਬੀ ਦੇ ਪਿੰਡ ਕੱਖਾਂਵਾਲੀ ਵਿਖੇ ਕਾਂਗਰਸੀ ਵਰਕਰਾਂ ਵੱਲੋਂ ਚੋਣਾਂ ਵਾਲੇ ਦਿਨ ਕਾਂਗਰਸ ਪਾਰਟੀ ਵਰਕਰਾਂ ਵਲੋ ਲਾਏ ਬੂਥ ਨੂੰ ਨਾ ਹਟਾਏ ਜਾਣ 'ਤੇ ਭੜਕੇ ਆਮ ਆਦਮੀ ਪਾਰਟੀ ਦੇ ਸਰਪੰਚ ਨੇ ਚੋਣਾਂ ਤੋਂ 3 ਦਿਨ ਬਾਅਦ ਸਾਥੀਆਂ ਨਾਲ ਦੋ ਭਰਾਵਾਂ 'ਤੇ ਹਮਲਾ ਕਰ ਦਿੱਤਾ। ਜਿਸ 'ਤੇ ਇਕ ਦੀ ਮੌਤ ਹੋ ਗਈ ਜਦਕਿ ਦੂਜਾ ਗੰਭੀਰ ਜਖਮੀ ਹੋ ਗਿਆ। ਇਸ ਮਾਮਲੇ 'ਚ ਲੰਬੀ ਪੁਲਸ ਨੇ ਮ੍ਰਿਤਕ ਦੇ ਪੁੱਤਰ ਦੇ ਬਿਆਨਾਂ 'ਤੇ ਸਰਪੰਚ ਦਲੀਪ ਰਾਮ ਸਮੇਤ 14 ਵਿਅਕਤੀਆਂ ਵਿਰੁੱਧ ਕਤਲ ਸਮੇਤ ਵੱਖ ਵੱਖ ਧਾਰਾਵਾਂ ਅਧੀਨ ਮਾਮਲਾ ਦਰਜ ਕਰ ਲਿਆ ਹੈ। ਇਸ ਸਬੰਧੀ ਗੁਰਜੰਟ ਰਾਮ ਪੁੱਤਰ ਗੁਰਮੀਤ ਰਾਮ ਵਾਸੀ ਕੱਖਾਂਵਾਲੀ ਨੇ ਲੰਬੀ ਪੁਲਸ ਨੂੰ ਦਰਜ ਬਿਆਨਾਂ 'ਚ ਕਿਹਾ ਹੈ ਕਿ ਵੋਟਾਂ ਵਾਲੇ ਦਿਨ ਉਸਦੇ ਚਾਚੇ ਮਨਜੀਤ ਰਾਮ ਦੇ ਘਰ ਅੱਗੇ ਕਾਂਗਰਸ ਪਾਰਟੀ ਦਾ ਬੂਥ ਲਾਇਆ ਸੀ। ਦਲੀਪ ਰਾਮ ਸਰਪੰਚ ਪੁੱਤਰ ਹਰਬੰਸ ਰਾਮ ਜੋ ਆਮ ਆਦਮੀ ਪਾਰਟੀ ਨਾਲ ਸਬੰਧ ਰੱਖਦਾ ਹੈ, ਨੇ ਇਸ 'ਤੇ ਇਤਰਾਜ ਕੀਤਾ। ਉਸਨੇ ਮੁੱਦਈ ਦੇ ਚਾਚਾ ਮਨਜੀਤ ਰਾਮ ਅਤੇ ਪਿਤਾ ਗੁਰਮੀਤ ਰਾਮ ਨੂੰ ਕਿਹਾ ਸੀ ਕਿ ਤੁਸੀਂ ਆਪਣੇ ਘਰ ਨੇੜੇ ਕਾਂਗਰਸ ਦਾ ਬੂਥ ਨਾ ਲੱਗਣ ਦਿਓ। ਗੁਰਮੀਤ ਰਾਮ ਅਤੇ ਉਸਦੇ ਭਰਾ ਮਨਜੀਤ ਰਾਮ ਨੇ ਕਿਹਾ ਕਿ ਹੁਣ ਤਾਂ ਬੂਥ ਲੱਗ ਹੀ ਗਿਆ ਹੈ। ਇਸ ਮਾਮਲੇ 'ਤੇ ਦਲੀਪ ਰਾਮ ਸਰਪੰਚ ਗੁੱਸੇ ਹੋ ਕੇ ਚਲਾ ਗਿਆ ਅਤੇ ਕਹਿਣ ਲੱਗਿਆ ਕਿ ਤੁਸੀਂ ਮੇਰੇ ਕਹਿਣ 'ਤੇ ਕਾਂਗਰਸ ਦਾ ਬੂਥ ਨਹੀਂ ਹਟਾਇਆ। ਇਸਦੇ ਸਿੱਟੇ ਤੁਹਾਨੂੰ ਭੁਗਤਣੇ ਪੈਣਗੇ। 4ਜੂਨ ਨੂੰ ਜਦੋਂ ਕਰੀਬ 6.30 ਵਜੇ ਸਾਮ ਨੂੰ ਮੁਦਈ ਦਾ ਪਿਤਾ ਗੁਰਮੀਤ ਰਾਮ ਅਤੇ ਚਾਚਾ ਮਨਜੀਤ ਰਾਮ ਘਰ 'ਚ ਹਾਜਰ ਸਨ। ਇਸ ਮੌਕੇ ਪਿੰਡ ਦੇ ਦਲੀਪ ਰਾਮ ਸਰਪੰਚ ਪੁੱਤਰ ਹਰਬੰਸ ਰਾਮ ਉਸਦਾ ਭਰਾ ਮਲਕੀਤ ਰਾਮ, ਬੂਟਾ ਰਾਮ ਪੁੱਤਰ ਹੰਸਾ, ਸੰਦੀਪ ਰਾਮ ਪੁੱਤਰ ਮਲਕੀਤ ਰਾਮ, ਸੰਦੀਪ ਰਾਮ ਪੁੱਤਰ ਹਰਬੰਸ ਰਾਮ, ਗਗਨਦੀਪ ਰਾਮ ਪੁੱਤਰ ਕਸਮੀਰੀ ਰਾਮ, ਬੂਟਾ ਰਾਮ ਪੁੱਤਰ ਸੰਕਰ ਰਾਮ, ਬੂਟਾ ਰਾਮ ਪੁੱਤਰ ਹੰਸਾ ਰਾਮ, ਹਰਬੰਸ ਸਿੰਘ ਪੁੱਤਰ ਮੱਲ ਸਿੰਘ, ਹੈਪੀ ਪੁੱਤਰ ਸੱਤਪਾਲ ਸਾਰੇ ਵਾਸੀਆਨ ਕੱਖਾਂਵਾਲੀ ਮਾਰੂ ਹਥਿਆਰ ਨਾਲ ਲੈਸ ਹੋ ਕੇ ਲਲਕਾਰੇ ਮਾਰਦੇ ਹੋਏ ਮਨਜੀਤ ਰਾਮ ਦੇ ਘਰ ਅੰਦਰ ਦਾਖਲ ਹੋਏ। ਦਲੀਪ ਰਾਮ ਸਰਪੰਚ ਨੇ ਲਲਕਾਰਾ ਮਾਰ ਕੇ ਕਿਹਾ ਕਿ ਅੱਜ ਇਨ੍ਹਾਂ ਨੂੰ ਕਾਂਗਰਸ ਦਾ ਬੂਥ ਲਾਉਣ ਦਾ ਪਤਾ ਦੱਸ ਦਿਓ। ਇਨ੍ਹਾਂ ਸਾਰਿਆਂ ਨੇ ਹਥਿਆਰਾਂ ਨਾਲ ਮੁੱਦਈ ਦੇ ਪਿਤਾ ਗੁਰਮੀਤ ਰਾਮ ਅਤੇ ਚਾਚੇ ਮਨਜੀਤ ਰਾਮ ਦੇ ਸੱਟਾਂ ਮਾਰੀਆਂ। ਮੁਦਈ ਅਤੇ ਪਰਿਵਾਰ ਜਖਮੀਆਂ ਨੂੰ ਲੰਬੀ ਹਸਪਤਾਲ ਲਿਆ ਰਹੇ ਸਨ ਕਿ ਲੰਬੀ ਪਿੰਡ ਦੇ ਨਜਦੀਕ ਇਹ ਉਕਤ ਸਾਰੇ ਜਣੇ ਆਪਣੇ ਨਾਲ ਜਸਵੀਰ ਸਿੰਘ, ਟੀਨਾ ਪੁੱਤਰ ਬੋਘਾ ਸਿੰਘ,ਹਰਸਪਿੰਦਰ ਸਿੰਘ ਪੁੱਤਰ ਹਰਦੀਪ ਸਿੰਘ,ਰਮੇਸ ਕੁਮਾਰ ਪੁੱਤਰ ਮਹਿੰਗਾ ਰਾਮ,ਅੰਮ੍ਰਿਤਪਾਲ ਸਿੰਘ ਪੁੱਤਰ ਸਵਰਨ ਸਿੰਘ ਵਾਸੀਆਨ ਪੰਜਾਵਾ ਨੂੰ ਲੈ ਕੇ ਆਏ ਅਤੇ ਦੋਬਾਰਾ ਗੁਰਮੀਤ ਰਾਮ ਅਤੇ ਮਨਜੀਤ ਰਾਮ ਨੂੰ ਮਾਰਨ ਦੇ ਇਰਾਦੇ ਨਾਲ ਹੋਰ ਸੱਟਾਂ ਮਾਰੀਆਂ। ਇਸ ਤੋਂ ਬਾਅਦ ਉਕਤ ਹਮਲਾਵਰ ਫਰਾਰ ਹੋ ਗਏ। ਪਰਿਵਾਰ ਨੇ ਗੁਰਮੀਤ ਰਾਮ ਅਤੇ ਮਨਜੀਤ ਰਾਮ ਨੂੰ ਸਰਕਾਰੀ ਹਸਪਤਾਲ ਲੰਬੀ ਦਾਖਲ ਕਰਵਾਇਆ ਗਿਆ। ਸੱਟਾਂ ਜ਼ਿਆਦਾ ਹੋਣ ਕਾਰਨ ਡਾਕਟਰ ਨੇ ਦੋਹਾਂ ਨੂੰ ਇਲਾਜ ਲਈ ਸਰਕਾਰੀ ਹਸਪਤਾਲ ਬਠਿੰਡਾ ਰੈਫਰ ਕਰ ਦਿੱਤਾ। ਇਲਾਜ ਦੌਰਾਨ ਸੱਟਾਂ ਜ਼ਿਆਦਾ ਲੱਗਣ ਕਾਰਨ ਗੁਰਮੀਤ ਰਾਮ 50 ਸਾਲ ਦੀ ਰਾਤ ਨੂੰ ਮੌਤ ਹੋ ਗਈ ਜਦਕਿ ਮਨਜੀਤ ਰਾਮ ਇਲਾਜ ਲਈ ਭਰਤੀ ਹੈ। ਇਸ ਮਾਮਲੇ 'ਤੇ ਲੰਬੀ ਪੁਲਸ ਨੇ ਧਾਰਾਵਾਂ ਅਧੀਨ ਮਾਮਲਾ ਦਰਜ ਕਰ ਦਿੱਤਾ ਹੈ। ਦੂਜੇ ਪਾਸੇ ਮ੍ਰਿਤਕ ਦੇ ਪਰਿਵਾਰ ਵੱਲੋਂ ਗੁਰਮੀਤ ਰਾਮ ਦਾ ਸਸਕਾਰ ਨਹੀਂ ਕੀਤਾ ਗਿਆ ਹੈ ਅਤੇ ਚਿਤਾਵਨੀ ਦਿੱਤੀ ਹੈ ਕਿ ਜਦੋਂ ਤੱਕ ਪੁਲਸ ਦੋਸ਼ੀਆਂ ਨੂੰ



ਮੁਦਈ ਦੇ ਬਿਆਨਾਂ 'ਤੇ 14 ਹਮਲਵਾਰਾਂ ਵਿਰੁੱਧ ਕਤਲ, ਇਰਾਦਾ ਕਤਲ ਸਮੇਤ ਵੱਖ-ਵੱਖ ਗ੍ਰਿਫਤਾਰ ਨਹੀਂ ਕਰਦੀ, ਉਦੋਂ ਤੱਕ ਸਸਕਾਰ ਨਹੀਂ ਕੀਤਾ ਜਾਵੇਗਾ।

### ਦਿਨ ਦਿਹਾੜੇ ਦੁਕਾਨ ਅੰਦਰ ਵੜ ਕੇ ਦੁਕਾਨਦਾਰ ਨੂੰ ਲੁੱਟਣ ਦੀ ਕੋਸ਼ਿਸ਼, ਹੋਇਆ ਗੰਭੀਰ ਜਖਮੀ

ਫਿਰੋਜ਼ਪੁਰ 9 ਜੂਨ। ਫਿਰੋਜ਼ਪੁਰ ਛਾਉਣੀ ਦੇ ਬਾਜ਼ਾਰ ਨੰਬਰ 1 ਵਿਖੇ ਲੁਟੇਰਿਆਂ ਵੱਲੋਂ ਲੋਹੇ ਦਾ ਗੁੱਲਾ ਮਾਰ ਕੇ ਇਕ ਦੁਕਾਨਦਾਰ ਨੂੰ ਜ਼ਖਮੀ ਕਰਨ ਦੇ ਮਾਮਲੇ ਵਿਚ ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਇਕ ਲੜਕੇ ਨੂੰ ਗ੍ਰਿਫਤਾਰ ਕਰਕੇ ਦੋ ਖਿਲਾਫ 379-ਬੀ, 323, 34 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਪ੍ਰਮੋਦ ਸੇਠੀ ਪੁੱਤਰ ਓਮ ਪ੍ਰਕਾਸ਼ ਸੇਠੀ ਵਾਸੀ ਮਕਾਨ ਨੰਬਰ 43 ਬਾਜ਼ਾਰ ਨੰਬਰ 1 ਆਜ਼ਾਦ ਚੌਕ ਕੈਂਟ ਫਿਰੋਜ਼ਪੁਰ ਨੇ ਦੱਸਿਆ ਕਿ ਉਹ ਆਪਣੀ ਦੁਕਾਨ ਸੀਮੈਂਟ, ਸਰੀਆ ਦੀ ਦੁਕਾਨ ਖੋਲ੍ਹ ਕੇ ਦੁਕਾਨ 'ਤੇ ਬੈਠਾ ਹੋਇਆ ਸੀ ਤਾਂ ਇਕ ਐਕਟਿਵਾ 'ਤੇ ਦੋ ਮੋਨੇ ਨੌਜਵਾਨ ਆਏ ਤੇ ਕਿਹਾ ਸਾਨੂੰ ਸਰੀਆ ਦਿਓ, ਜਿਸ 'ਤੇ ਉਸ ਨੇ 20 ਕਿੱਲੋ ਸਰੀਆ ਤੇ ਤਾਰ ਤੋਲ ਰਿਹਾ ਸੀ ਤਾਂ ਦੋਸ਼ੀਅਨ ਜੁਵੇਨਾਇਲ (ਬਾਲ ਅਪਰਾਧੀ) ਗੁਰਪ੍ਰੀਤ ਉਰਫ ਗੋਰਾ ਪੁੱਤਰ ਰਾਜ ਕੁਮਾਰ ਵਾਸੀ ਰੁਕਨਾ ਮੂੰਗਲਾ ਹਾਲ ਵਾਸੀ ਚੁੰਗੀ ਨੰਬਰ 8 ਫਰੀਦਕੋਟ ਰੋਡ ਨੇੜੇ ਗੁਰਦੁਆਰਾ ਸਾਹਿਬ ਫਿਰੋਜ਼ਪੁਰ ਅਤੇ ਵਿਕਰਮ ਉਰਫ ਵਿੱਕੀ ਪੁੱਤਰ ਅਸ਼ੋਕ ਕੁਮਾਰ ਵਾਸੀ ਪਟੇਲ ਨਗਰ ਨੇ ਕਿਹਾ ਕਿ ਰੁਕ ਜਾਓ ਸਾਡੀ ਟਰਾਲੀ ਆਵੇਗੀ ਫਿਰ ਤੋਲਾਂਗੇ। ਇਸ ਦੌਰਾਨ ਇਕ ਦੋਸ਼ੀ ਨੇ ਉਸ ਦੀ ਜੇਬ੍ਹ ਵਿਚੋਂ ਝਪਟ ਮਾਰ ਕੇ ਪੈਸੇ ਖੋਹ ਲਏ। ਪ੍ਰਮੋਦ ਸੇਠੀ ਨੇ ਦੱਸਿਆ ਕਿ ਉਸ ਵੱਲੋਂ ਵਿਰੋਧ ਕਰਨ ਤੇ ਉਸੇ ਲੜਕੇ ਨੇ ਲੋਹੇ ਦਾ ਗੁੱਲਾ ਉਸ ਦੇ ਸਿਰ ਵਿਚ ਮਾਰਿਆ ਜਿਸ ਨਾਲ ਉਹ ਲਹੂ ਲੁਹਾਨ ਹੋ ਗਿਆ। ਉਸ ਨੇ ਜਦੋਂ ਰੌਲਾ ਪਾਇਆ ਤਾਂ ਬਾਜ਼ਾਰ ਵਿਚ ਲੋਕ ਇਕੱਠੇ ਹੋ ਗਏ ਤੇ ਇਕ ਦੋਸ਼ੀ ਨੂੰ ਫੜ ਲਿਆ ਤੇ ਦੂਜਾ ਐਕਟਿਵਾ 'ਤੇ ਫਰਾਰ ਹੋ ਗਿਆ। ਪ੍ਰਮੋਦ ਸੇਠੀ ਨੇ ਦੱਸਿਆ ਕਿ ਉਸ ਦਾ ਇਲਾਜ ਅਨਿਲ ਬਾਗੀ ਹਸਪਤਾਲ ਵਿਚ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਬ ਇੰਸਪੈਕਟਰ ਤਰਲੋਕ ਸਿੰਘ ਨੇ ਦੱਸਿਆ ਕਿ ਪੁਲਸ ਨੇ ਦੋਸ਼ੀ ਜੁਵੇਨਾਇਲ (ਬਾਲ ਅਪਰਾਧੀ) ਗੁਰਪ੍ਰੀਤ ਉਰਫ ਗੋਰਾ ਨੂੰ ਗ੍ਰਿਫਤਾਰ ਕਰਕੇ ਬਾਲ ਸੁਧਾਰ ਘਰ ਫਰੀਦਕੋਟ ਭੇਜਿਆ ਗਿਆ ਹੈ।

# ਪੰਜਾਬ ਪੁਲਸ ਨੇ ਦੋ ਨਸ਼ਾ ਤਸਕਰਾਂ ਨੂੰ ਕੀਤਾ ਗ੍ਰਿਫਤਾਰ, 2 ਕਿਲੋ ਹੈਰੋਇਨ ਬਰਾਮਦ

ਚੰਡੀਗੜ੍ਹ/ਤਰਨਤਾਰਨ 9 ਜੂਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਤਹਿਤ ਪੰਜਾਬ ਪੁਲਸ ਨੇ ਭਾਰਤ-ਪਾਕਿ ਸਰਹੱਦ 'ਤੇ 40 ਕਿਲੋਮੀਟਰ ਤੱਕ ਪਿੱਛਾ ਕਰਦਿਆਂ ਦੋ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 2 ਕਿਲੋ ਹੈਰੋਇਨ ਬਰਾਮਦ ਕੀਤੀ ਹੈ। ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਗੌਰਵ ਯਾਦਵ ਨੇ ਐਤਵਾਰ ਨੂੰ ਇੱਥੇ ਦੱਸਿਆ ਕਿ ਕਾਬੂ ਕੀਤੇ ਵਿਅਕਤੀਆਂ ਦੀ ਪਛਾਣ ਅਰਸ਼ਦੀਪ ਸਿੰਘ ਉਰਫ ਅਰਸ਼ ਵਾਸੀ ਪਿੰਡ ਨੂਰਪੁਰ, ਫਿਰੋਜ਼ਪੁਰ ਅਤੇ ਰਾਜਪ੍ਰੀਤ ਸਿੰਘ ਉਰਫ ਰਾਜ ਵਾਸੀ ਪਿੰਡ ਮਾਲੋਕੇ, ਫਿਰੋਜ਼ਪੁਰ ਵਜੋਂ ਹੋਈ ਹੈ। ਪੁਲਸ ਟੀਮਾਂ ਨੇ 2 ਕਿਲੋ ਹੈਰੋਇਨ ਬਰਾਮਦ ਕਰਨ ਤੋਂ ਇਲਾਵਾ ਉਹ ਐਸਯੂਵੀ ਮਹਿੰਦਰਾ ਸਕਾਰਪੀਓ ਕਾਰ ਵੀ ਬਰਾਮਦ ਕੀਤੀ ਹੈ, ਜਿਸ ਵਿੱਚ ਉਕਤ ਸਫ਼ਰ ਕਰ ਰਹੇ ਸਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਹੈਰੋਇਨ ਦੀ ਤਸਕਰੀ ਸਬੰਧੀ ਗੁਪਤ ਸੂਚਨਾਵਾਂ ਦੇ ਆਧਾਰ 'ਤੇ ਤਰਨਤਾਰਨ ਪੁਲਿਸ ਨੇ ਭਿੱਖੀਵਿੰਡ ਨੇੜੇ ਤੋਂ ਸਕਾਰਪੀਓ ਗੱਡੀ ਦਾ ਪਿੱਛਾ ਕਰਨਾ ਸ਼ੁਰੂ ਕੀਤਾ ਅਤੇ



ਸਮੁੱਚੀ ਜ਼ਿਲ੍ਹਾ ਪੁਲਸ ਨੇ ਤੁਰੰਤ ਹਰਕਤ ਵਿਚ ਆਉਂਦਿਆਂ ਪੂਰੀ ਮੁਸਤੈਦੀ ਨਾਲ, ਵਿਸ਼ੇਸ਼ ਨਾਕਾਬੰਦੀ ਕਰਕੇ ਜ਼ਿਲ੍ਹੇ ਦੇ ਸਾਰੇ ਬਾਹਰੀ ਰਸਤਿਆਂ ਨੂੰ ਸੀਲ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਭਿੱਖੀਵਿੰਡ ਤੋਂ ਚੋਹਲਾ ਸਾਹਿਬ ਤੱਕ 40 ਕਿਲੋਮੀਟਰ ਤੱਕ ਚੱਲੀ ਤਣਾ-ਤਣੀ ( ਭੱਜ-ਦੌੜ), ਉਸ ਸਮੇਂ ਆ ਨਿੱਬੜੀ, ਜਦੋਂ ਉਕਤ ਤਸਕਰ ਐਸ.ਐਚ.ਓ ,ਚੋਹਲਾ ਸਾਹਿਬ ਵੱਲੋਂ ਲਗਾਏ ਗਏ ਨਾਕੇ ਨੂੰ ਉਲੰਘ ਨਾ ਸਕੇ ਅਤੇ ਪੁਲਿਸ ਟੀਮਾਂ ਵੱਲੋਂ ਉਨ੍ਹਾਂ ਨੂੰ ਸਕਾਰਪੀਓ ਕਾਰ ਚੋਂ ਬਰਾਮਦ ਹੋਈ 2 ਕਿਲੋ ਹੈਰੋਇਨ ਸਮੇਤ ਕਾਬੂ ਕਰ ਲਿਆ ਗਿਆ। ਪੁਲਿਸ ਤੋਂ ਬਚਣ ਲਈ ਚੱਲਦੀ ਕਾਰ ਤੋਂ ਛਾਲ ਮਾਰਨ ਦੀ ਨਾਕਾਮ ਕੋਸ਼ਿਸ਼ ਕਰਦੇ ਹੋਏ ਮੁਲਜ਼ਮਾਂ ਵਿੱਚੋਂ ਇੱਕ ਦੋਸ਼ੀ ਦੇ ਗਿੱਟੇ 'ਤੇ ਸੱਟ ਵੱਜ ਗਈ। ਹੋਰ ਵੇਰਵੇ ਨੂੰ ਸਾਂਝਾ ਕਰਦੇ ਹੋਏ ਸੀਨੀਅਰ ਪੁਲਿਸ ਕਪਤਾਨ (ਐਸਐਸਪੀ) ਤਰਨਤਾਰਨ ਅਸ਼ਵਨੀ ਕਪੂਰ ਨੇ ਦੱਸਿਆ ਕਿ ਇਸ ਮਾਡਿਊਲ ਵਿੱਚ ਸ਼ਾਮਲ ਹੋਰ ਲੋਕਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫਤਾਰੀਆਂ ਹੋਣ ਦੀ ਆਸ ਹੈ। ਜ਼ਿਕਰਯੋਗ ਹੈ ਕਿ ਇਸ ਸਬੰਧੀ ਐਫਆਈਆਰ ਨੰ. 93 ਮਿਤੀ 04.11.2023 ਨੂੰ ਥਾਣਾ ਚੋਹਲਾ ਸਾਹਿਬ, ਤਰਨ ਤਾਰਨ ਵਿਖੇ ਐਨ.ਡੀ.ਪੀ.ਐਸ ਐਕਟ ਦੀ ਧਾਰਾ 21ਸੀ ਅਤੇ 29 ਤਹਿਤ ਕੇਸ ਦਰਜ ਕੀਤਾ ਗਿਆ ਹੈ।


**NAME CHANGE**

I Noushaba Abbas W/O Mr. Sahil Abbas R/O C-170 ,Khasra no . 2/2 Street no . 3 Sangam Vihar Wazirabad Delhi -110084 do hereby solemnly affirm that my Aadhar Card no is 634543141351. My prevoius name is KM. Noushaba .that now i changed my name KM. Noushaba to Noushaba Abbas . In future I shall be known by the name of Naushaba Abbas for all purposes .

**NAME CHANGE**

I, SAMINA MUMTAZ W/O RIAZ UR RAHMAAN residing at B-1, SECOND FLOOR, NIZAMUDDIN WEST, NEW DELHI -110013 have changed my name to SAMINA RIAZ for all future purpose.

**NAME CHANGE**

I Rajesh Kumar Tiwari S/o Baidnath Tiwari R/o House No-227,Ground Floor, Housing Board Sector-40,Have Changed My Name To Rajesh Tiwari For All Future Purpose.

**NAME CHANGE**

I, ROHIT KUMAR s/o Ravi vasdev R/O 928 SECTOR 17 faridabad Haryana have change name to ROHIT KUMAR VASDEV for all purposes

**NAME CHANGE**

I, MAMTA D/O GANGA RAM R/O-178, NEAR AMBEDKAR SADAN, SHAHBAD DAULATPUR VILLAGE, DELHI-110042, HAVE CHANGED MY NAME TO MAMTA JAISWAL FOR ALL FUTURE PURPOSES

**NAME CHANGE**

I, Mahinder s/o Bahrichi Prasad R/o C-25, Amar Colony, Qamruddin Nagar, Nangloi, Delhi-110041, have Changed my name to Mahender permanently

**NAME CHANGE**

I, DEVI LAL S/O CHIRANJI LAL JAIN R/O 588, GALI NO 38 ONKAR NAGAR, TRI NAGAR, DELHI have changed my name from DEVI LAL to DEVI RAM JAIN for all future purpose.

**NAME CHANGE**

I, Rafi Mohammed s/o Nazir Ahmad R/o H. No. 26, Gali No.4D, Aram Park, Shastri Nagar, Delhi-110031, have Changed my name to Mohd Rafi for all future purposes.

**NAME CHANGE**

I, Krishna Kumar s/o Shankar Singh r/o B4/69 SEC 15A FARIDABAD HARYANA HAVE ADD SURNAME TO KRISHNA KUMAR SINGH FOR ALL PURPOSES.

**NAME CHANGE**

I Rajbir Singh Dangi S/o Surajbhan Dangi R/o Flat No-372,Sant Sundar Das Apartment,Sector-12,Dwarka, Delhi-110075,Have Changed My Name To Rajbir Dangi For All Purpose.

**NAME CHANGE**

I Apoorva Dangi D/o Rajbir Dangi R/o Flat No-372,Sant Sundar Das Apartment,Sector-12,Dwarka,Delhi-110075,Have Changed My Name To Appoorva Dangi For All Purpose.

**NAME CHANGE**

I, Naseem Ahmed s/o Hafizuddin R/o D-605A, Old No. D-614, Gali No.1, Near Madarsa Wali Gali, Chauhan Banger, Delhi-110053, have Changed my name to Naseem for all future purposes.

**NAME CHANGE**

I, AMBIKA w/o ROHIT KUMAR VASDEV R/O 928 SECTOR 17 faridabad Haryana have change name to Ambika Vasdev for all purposes

**NAME CHANGE**

I, Vivek Chaurasiya s/o Manoj Kumar Chaurasiya R/o A-22, Govindpuri, Gwalior-474011, have Changed my name to Vivek Chaurasia permanently

**NAME CHANGE**

I KASHIF S/O ZAHID ALI R/O T-24 MAKHDUM SHAH WARD-8, MEHRAULI DELHI-110030 HAVE CHANGED MY NAME TO KASHIF ALI FOR ALL FUTURE PURPOSES

**NAME CHANGE**

I, ANJU LATA wife of JC-460950M SUB MAJ/CLK RAJESH KUMAR R/O VILL-KHABBAL, PO-KATHOLI, TEH-JAWALI, DISTT-KANGRA, H.P-176027, in my husband's service records my date of birth wrongly mentioned as 26/06/1976 instead of my correct date of birth as 15/06/1974 vide affidavit dated 01/05/2023 before Notary Public, Delhi.

**PUBLIC NOTICE**

I, Army No. 14881774X Rank - SEP/MT Name - Sandip Kumar S/o Havildar Sharma Presently Residing at Unit 5017 ASC BN (MT), Kancharapara Military Station, P.S.- Jetia, Dist - North 24 Parganas, State - West Bengal & Permanently Residence of Village - Medanapur urf Bilashpur, Tehsil - Rudrapur, Dist - Deoria, State - Uttar Pradesh, Pin - 274204 have changed my wife name from Snehalata Sharma to Snehlata Sharma for all future purposes. Vide Affidavit Dated 18th Nov. 2022 before S. P. Mishra, Notray Magistrate at Gorakhpur Court.

**PUBLIC NOTICE**

This is to the inform the public at large that my client Shri Pal son of Late Sri Sagwa Singh has entered into an Agreement to Sell for purchasing PROPERTY BEARING NO.D-68, ENTIRE GROUND FLOOR MEASURING 2400 SQ.FT. WITH CAR PARKING SPACE (7 X 10 ) IN THE DRIVEWAY, SITUATED AT EAST OF KAILASH, NEW DEHI-110048, along with ownership rights in the Land underneath admeasuring 500 sq. Yds, which is valid, binding and subsisting. If any one has any objection to the said sale and/or has any right, title and/or interest in the said property then he/she is required to give notice of the same to the undersigned within 7 days of the publication of the present notice. The public at large is hereby advised not to enter into any transaction whatsoever in respect of the aforesaid property in manner whatsoever."

**MEHTAB BIDHURI**
(ADVOCATE)
Ch. No.-710, Lawyer's Block,
Saket Court Complex
New Delhi 110017

**NAME CHANGE**

I, MD FAHAD S/O IKRAMUDDIN R/o B28 DDA FLATS MATA SUNDRI ROAD DARYA GANJ Central Delhi DELHI -110006, have changed my name to SHAH FAHAD IKRAM for all future purposes.

**PUBLIC NOTICE**

My Clients MR. DAYA KISHAN son of Late. Shri Rijak Ram, Resident of H-210, Near Grand Shobha Hotel, Mahipalpur, South West Delhi, Delhi-110037, informed that they have expelled, renounce, there relations with their Three sons namely (1) Mr. Gaurav, having Aadhar Card No.2742 6731 3506, (2) Mr. Sorabh, having Aadhar Card No.7045 4154 1174, and (3) Mr. Tejan, having Aadhar Card No.9906 2239 9657. That they have also expelled them from their Movable & Immovable Properties/ lien/interest etc. That in future they will never be responsible for any action or omissions done by abovesaid Three sons.

**SUBHASH CHAND SHARMA**
(Advocate)
422/3, Mehrauli,
New Delhi-110030

**PUBLIC NOTICE**

Information is given to general public at large that our clients Mr. Rahul Kumar and Mr. Deepak Bansal are the owner of Freehold Residential built on Plot no. 114-A, area 60 sq. yds, part of khasra no. 29/4, situated in village Kakrola, New Delhi. Vide Conveyance Deed (under PMUY) dated 13.10.2022 executed by DDA (PM-Unauthorized Colonies in Delhi Awas Adhikar Yojana Cell) as Doc. No. 11964, Book No. I, vol. no. 11733, pages 189-193, SR-IX, Delhi. Our client is declaring that that any other Person does not have any right over the said property, and Pvt. No. 009, on Second Floor, without roof rights, towards back side right hand side sold to be Mrs. Annu W/o Mr. Pankaj Kumar Which is to be financed by Ujjivan Small Finance Bank Ltd. Branch Gurgaon, Haryana. If any person(s) have any objection(s) or claim(s) with respect to the right, title or interest in the Said Property then contact us within 14 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

# ਧਰਮ ਤੇ ਵਿਰਸਾ

## ਸਾਧੋ ਮਨਿ ਕਾ ਮਾਨੁ ਤਿਆਗਉ



ਤੀਰਥ ਸਿੰਘ ਢਿੱਲੋਂ

ਨੌਵੇਂ ਪਾਤਸ਼ਾਹ ਗੁਰੂ ਤੇਗ਼ ਬਹਾਦਰ ਸਾਹਿਬ ਦੀ ਬਾਣੀ ਸੰਸਾਰਕ ਰਸਾਂ-ਕਸਾਂ ਦੇ ਭਰਮ ਜਾਲ ਵਿੱਚ ਫਸੇ ਮਨੁੱਖ ਨੂੰ ਇਸ ਤੋਂ ਮੁਕਤ ਕਰ ਕੇ ਉਸ ਅੰਦਰ ਪ੍ਰਭੂ ਮਿਲਾਪ ਲਈ ਵੈਰਾਗ ਦੀ ਅਨੰਤ ਧਾਰਾ ਪ੍ਰਵਾਹਿਤ ਕਰਨ ਵਾਲੀ ਬਾਣੀ ਹੈ। ਇਸ ਲਈ ਉਨ੍ਹਾਂ ਨੂੰ ਵੈਰਾਗ ਦੀ ਮੂਰਤ ਵੀ ਆਖਿਆ ਜਾਂਦਾ ਹੈ। ਸੰਸਾਰ ਦੀ ਨਾਸ਼ਮਾਨਤਾ, ਮਨੁੱਖੀ ਜੀਵਨ ਦੇ ਅਸਲ ਮਕਸਦ ਪ੍ਰਤੀ ਲਾਪ੍ਰਵਾਹੀ, ਗ਼ਫ਼ਲਤ ਤੇ ਪੰਜ ਵਿਕਾਰਾਂ ਦੀ ਗ਼ੁਲਾਮੀ ਵਿੱਚੋਂ ਉਸ ਨੂੰ ਮੁਕਤ ਕਰਨ ਦੀ ਜੁਗਤੀ ਦ੍ਰਿੜ੍ਹ ਕਰਾਉਣਾ ਨੌਵੇਂ ਪਾਤਸ਼ਾਹ ਦੀ ਬਾਣੀ ਦੇ ਵਿਸ਼ੇਸ਼ ਸਰੋਕਾਰ ਹਨ। ਉਨ੍ਹਾਂ ਨੇ ਗਾਫ਼ਿਲ ਪ੍ਰਾਣੀ ਨੂੰ ਮੋਹ-ਨਿੰਦਰਾ ਤੋਂ ਜਗਾਉਣ ਲਈ ਅਨੇਕ ਥਾਈਂ 'ਸਾਧੋ' ਸੰਬੋਧਨੀ ਸ਼ਬਦ ਵਰਤਿਆ ਹੈ। ਜਿਵੇਂ 'ਸਾਧੋ ਰਚਨਾ ਰਾਮ ਬਨਾਈ', 'ਸਾਧੋ ਗੋਵਿੰਦ ਕੇ ਗੁਨ ਗਾਵਉ' ਤੇ 'ਸਾਧੋ ਮਨ ਕਾ ਮਾਨ ਤਿਆਗਉ ਕਾਮਿ, ਕ੍ਰੋਧ, ਸੰਗਤਿ ਦੁਰਜਨ ਕੀ ਤਾਤੇ ਅਹਿਨਿਸ ਭਾਗਉ।'

ਗੁਰੂ ਤੇਗ਼ ਬਹਾਦਰ ਸਾਹਿਬ ਮਹਾਨ ਸਮਾਜ ਸੁਧਾਰਕ ਵੀ ਸਨ। ਉਨ੍ਹਾਂ ਨੇ ਸਮਾਜ ਵਿੱਚ ਪ੍ਰਚੱਲਿਤ ਰੂੜੀਆਂ, ਕੁਰੀਤੀਆਂ, ਕਰਮ ਕਾਂਡਾਂ ਤੇ ਭਰਮਾਂ ਵਿਰੁੱਧ ਲੋਕ ਚੇਤਨਾ ਲਿਆਉਣ ਦਾ ਮਹਾਨ ਉਪਰਾਲਾ ਕੀਤਾ। 'ਸਾਧੋ ਮਨ ਕਾ ਮਾਨ ਤਿਆਗਉ', ਗਉੜੀ ਰਾਗ ਦੇ ਇਸ ਸ਼ਬਦ ਰਾਹੀਂ ਉਨ੍ਹਾਂ ਨੇ ਅਨੇਕਾਂ ਸਮਾਜਿਕ ਬੁਰਾਈਆਂ ਦੇ ਖ਼ਾਤਮੇ ਦਾ ਸੁਨੇਹਾ ਦਿੱਤਾ ਹੈ। ਉਨ੍ਹਾਂ ਉਸਤਤ ਅਤੇ ਨਿੰਦਿਆ ਦਾ ਤਿਆਗ ਕਰਨ ਤੇ ਨਿਰਵਾਣ ਪਦ ਦੀ ਪ੍ਰਾਪਤੀ ਲਈ ਉੱਦਮ ਕਰਨ ਉੱਤੇ ਜ਼ੋਰ ਦਿੱਤਾ ਹੈ। ਗੁਰੂ ਸਾਹਿਬ ਅਨੁਸਾਰ ਨਿਰਵਾਣ ਪਦ ਦੀ ਪ੍ਰਾਪਤੀ ਗ੍ਰਹਿਸਥ ਮਾਰਗ ਵਿੱਚ ਰਹਿੰਦਿਆਂ ਹੀ ਹੋ ਸਕਦੀ ਹੈ ਪਰ ਇਸ ਅਵਸਥਾ ਵਿੱਚ ਵਿਚਰਨਾ, ਅਡੋਲ ਰਹਿਣਾ, ਸਮਦ੍ਰਿਸ਼ਟ ਰਹਿਣਾ ਸੁਖਾਲਾ ਨਹੀਂ ਹੈ। ਗੁਰੂ ਦੀ ਸ਼ਰਨ ਵਿੱਚ ਜਾ ਕੇ ਪੂਰਨ ਰੂਪ ਵਿੱਚ ਆਤਮ-ਸਮਰਪਣ ਕਰ ਕੇ ਹੀ ਕੋਈ ਗੁਰਮੁਖ ਇਸ ਦੀ ਪ੍ਰਾਪਤੀ ਕਰ ਕੇ ਆਪਣਾ ਜੀਵਨ ਸਫ਼ਲ ਕਰ ਸਕਦਾ ਹੈ।

ਗੁਰੂ ਤੇਗ਼ ਬਹਾਦਰ ਸਾਹਿਬ ਨੇ ਇਹ ਬਚਨ ਆਪਣੇ ਮੁਖਾਰ ਬਿੰਦ ਤੋਂ ਉਚਾਰਨ ਹੀ ਨਹੀਂ ਕੀਤੇ, ਸਗੋਂ ਆਪ ਵੀ ਇਨ੍ਹਾਂ ਉੱਤੇ ਅਮਲ ਕਰ ਕੇ ਮਹਾਨ ਮਿਸਾਲ ਕਾਇਮ ਕੀਤੀ ਹੈ। ਗੁਰੂ ਸਾਹਿਬ ਦੀ ਜਿਹੜੀ ਆਤਮਿਕ ਅਵਸਥਾ ਗੁਰਗੱਦੀ ਉੱਤੇ ਸੁਭਾਇਮਾਨ, ਸੀਸ ਉੱਤੇ ਸੇਵਕਾਂ ਵੱਲੋਂ ਚੌਰ ਝੁਲਾਉਣ ਤੇ ਸੰਗਤਾਂ ਵੱਲੋਂ ਨਤਮਸਤਕ ਹੋਣ ਸਮੇਂ ਸੀ, ਉਹੋ ਅਵਸਥਾ ਦਿੱਲੀ ਦੇ ਚਾਂਦਨੀ ਚੌਕ ਵਿੱਚ ਲੋਹੇ ਦੇ ਪਿੰਜਰੇ ਵਿੱਚ ਨਜ਼ਰਬੰਦ ਭਾਈ ਮਤੀ ਦਾਸ, ਸਤੀ ਦਾਸ ਤੇ ਭਾਈ ਦਿਆਲਾ ਜੀ ਵਰਗੇ ਸਿੱਖ ਸੇਵਕਾਂ ਦੀਆਂ ਸ਼ਹਾਦਤਾਂ ਤੇ ਆਪਣੀ ਅਜ਼ੀਮ ਸ਼ਹਾਦਤ ਸਮੇਂ ਉਨ੍ਹਾਂ ਦੀ ਆਤਮਿਕ ਅਡੋਲਤਾ, ਦੁੱਖ-ਸੁੱਖ ਵਿੱਚ ਸਮਾਨ ਰਹਿ ਕੇ ਪ੍ਰਭੂ ਚਰਨਾਂ ਨਾਲ ਜੁੜੇ ਰਹਿਣ ਤੇ ਨਿਰਭੈ ਅਵਸਥਾ ਵਿੱਚ ਵਿਚਰਨ ਵੇਲੇ ਵੀ ਸੀ। ਸੰਸਾਰ ਵਿੱਚ ਅਜਿਹੇ ਆਤਮਿਕ ਬਲ ਦੀ ਮਿਸਾਲ ਮਿਲਣੀ ਮੁਸ਼ਕਲ ਹੈ।

> ਗੁਰੂ ਸਾਹਿਬ ਦੀ ਜਿਹੜੀ ਆਤਮਿਕ ਅਵਸਥਾ ਗੁਰਗੱਦੀ ਉੱਤੇ ਸੁਭਾਇਮਾਨ, ਸੀਸ ਉੱਤੇ ਸੇਵਕਾਂ ਵੱਲੋਂ ਚੌਰ ਝੁਲਾਉਣ ਤੇ ਸੰਗਤਾਂ ਵੱਲੋਂ ਨਤਮਸਤਕ ਹੋਣ ਸਮੇਂ ਸੀ, ਉਹੋ ਅਵਸਥਾ ਦਿੱਲੀ ਦੇ ਚਾਂਦਨੀ ਚੌਕ ਵਿੱਚ ਲੋਹੇ ਦੇ ਪਿੰਜਰੇ ਵਿੱਚ ਨਜ਼ਰਬੰਦ ਭਾਈ ਮਤੀ ਦਾਸ, ਸਤੀ ਦਾਸ ਤੇ ਭਾਈ ਦਿਆਲਾ ਜੀ ਵਰਗੇ ਸਿੱਖ ਸੇਵਕਾਂ ਦੀਆਂ ਸ਼ਹਾਦਤਾਂ ਤੇ ਆਪਣੀ ਅਜ਼ੀਮ ਸ਼ਹਾਦਤ ਸਮੇਂ ਉਨ੍ਹਾਂ ਦੀ ਆਤਮਿਕ ਅਡੋਲਤਾ, ਦੁੱਖ-ਸੁੱਖ ਵਿੱਚ ਸਮਾਨ ਰਹਿ ਕੇ ਪ੍ਰਭੂ ਚਰਨਾਂ ਨਾਲ ਜੁੜੇ ਰਹਿਣ ਤੇ ਨਿਰਭੈ ਅਵਸਥਾ ਵਿੱਚ ਵਿਚਰਨ ਵੇਲੇ ਵੀ ਸੀ। ਸੰਸਾਰ ਵਿੱਚ ਅਜਿਹੇ ਆਤਮਿਕ ਬਲ ਦੀ ਮਿਸਾਲ ਮਿਲਣੀ ਮੁਸ਼ਕਲ ਹੈ।

ਗੁਰੂ ਤੇਗ਼ ਬਹਾਦਰ ਸਾਹਿਬ ਫ਼ਰਮਾਉਂਦੇ ਹਨ ਕਿ ਭੁੱਲ ਕੇ ਵੀ ਮਨਮੁਖਾਂ ਦੇ ਨੇੜੇ ਨਹੀਂ ਢੁੱਕਣਾ ਕਿਉਂਕਿ ਜੈਸੀ ਸੰਗਤ, ਵੈਸੀ ਰੰਗਤ। ਇਸ ਲਈ ਉਹ ਸਮਸਤ ਪ੍ਰਾਣੀਆਂ ਨੂੰ ਸਤਿ ਪੁਰਸ਼ਾਂ ਦੀ ਸੰਗਤ ਕਰਨ ਤੇ ਨਿਰਮਾਣਤਾ ਦੇ ਧਾਰਨੀ ਹੋਣ ਦੀ ਪ੍ਰੇਰਨਾ ਦਿੰਦੇ ਹਨ। ਗੁਰੂ ਸਾਹਿਬ ਉਚੇਰੀ ਆਤਮਿਕ ਅਵਸਥਾ ਦੀ ਸੋਝੀ ਕਰਾਉਂਦਿਆਂ ਫ਼ਰਮਾਨ ਕਰਦੇ ਹਨ ਕਿ ਜੀਵਨ ਵਿੱਚ ਵਿਚਰਦਿਆਂ ਦੁੱਖ ਵੀ ਮਿਲਣਗੇ ਤੇ ਸੁੱਖਾਂ ਦੀ ਬਖ਼ਸ਼ਿਸ਼ ਵੀ ਹੋਵੇਗੀ। ਅਸਲ ਮਨੁੱਖ ਉਹ ਹੈ, ਜਿਹੜਾ ਇਨ੍ਹਾਂ ਦੋਵਾਂ ਅਵਸਥਾਵਾਂ ਵਿੱਚ ਵਿਚਲਿਤ ਨਹੀਂ ਹੁੰਦਾ। ਉਸ ਦੇ ਕਦਮ ਡਗਮਗਾਉਂਦੇ ਨਹੀਂ, ਮਨ ਡੋਲਦਾ ਨਹੀਂ, ਸਗੋਂ ਉਹ ਦੋਵਾਂ ਅਵਸਥਾਵਾਂ ਨੂੰ ਪਰਮੇਸ਼ਰ ਦੀ ਰਜ਼ਾ ਸਮਝਦਿਆਂ ਖਿੜੇ ਮੱਥੇ ਕਬੂਲ ਕਰਦਾ ਹੈ।


ਇਸ ਦੇ ਨਾਲ ਨਾਲ ਖ਼ੁਸ਼ੀ ਅਤੇ ਗ਼ਮੀ ਵਿੱਚ ਵੀ ਸਾਬਤ ਕਦਮ ਰਹਿੰਦਿਆਂ, ਭਾਣਾ ਮੰਨਦਾ ਹੈ। ਸੁੱਖ ਵਿੱਚ ਅਕਾਲ ਪੁਰਖ ਦਾ ਸ਼ੁਕਰਾਨਾ ਕਰਦਾ ਹੈ ਤੇ ਬਿਪਤਾ ਆਉਣ ਦੀ ਸੂਰਤ ਵਿੱਚ ਗੁਰੂ ਪਾਸੋਂ ਆਤਮਿਕ ਸ਼ਕਤੀ ਪ੍ਰਾਪਤ ਕਰਨ ਲਈ ਅਰਦਾਸ ਬੇਨਤੀ ਕਰਦਾ ਹੈ।

ਸੰਪਰਕ: 98154-61710

# ਕਰਮਸ਼ੀਲ ਅਧਿਆਤਮਵਾਦੀ ਬਾਬਾ ਬੰਦਾ ਸਿੰਘ ਬਹਾਦਰ

> ਵਰਤਮਾਨ ਸਮੇਂ ਸਿੱਖ ਭਾਈਚਾਰੇ ਵਿੱਚ ਜਿਸ ਤਰ੍ਹਾਂ ਸਿਆਸਤ ਦਾ ਬੋਲਬਾਲਾ ਹੋ ਗਿਆ ਹੈ, ਉਸ ਨਾਲ ਧਾਰਮਿਕ ਚੇਤਨਾ ਦਾ ਰਾਹ ਹੀ ਰੁਕ ਗਿਆ ਜਾਪਣ ਲੱਗਾ ਹੈ। ਇੱਕ ਸੋਚ ਨਾਲ ਜੁੜੀ ਹੋਈ ਕੋਮਲ ਮਾਨਸਿਕਤਾ ਦਾ ਤਲਿੱਸਮੀ-ਨਾਅਰਿਆਂ ਨਾਲ ਕੀਤਾ ਗਿਆ ਸ਼ੋਸ਼ਣ, ਸਿਆਸਤ ਦੀ ਮਨਭਾਉਂਦੀ ਖ਼ੁਰਾਕ ਹੈ। ਅਜਿਹੀਆਂ ਸੰਭਾਵਨਾਵਾਂ, ਭੀੜ-ਮਾਨਸਿਕਤਾ ਵਿੱਚ ਹੀ ਸੰਭਵ ਹੋ ਸਕਦੀਆਂ ਹਨ।



ਡਾ. ਬਲਕਾਰ ਸਿੰਘ

ਸ਼ਤਾਬਦੀ ਸਮਾਰੋਹਾਂ ਦੀ ਨਿਰੰਤਰਤਾ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਰਹੰਦ ਨੂੰ ਫ਼ਤਹਿ ਕਰਨ ਦੀ ਤੀਜੀ ਸ਼ਤਾਬਦੀ ਲਗਪਗ ਪਹਿਲੀ ਵਾਰ ਮਨਾਈ ਗਈ ਹੈ। ਸਮੇਂ ਤੇ ਸਾਧਨਾਂ ਦੀ ਵਧੇਰੇ ਵਰਤੋਂ, ਸ਼ਤਾਬਦੀਆਂ ਦੀ ਸਿਆਸਤ ਵਜੋਂ ਹੀ ਹੁੰਦੀ ਆ ਰਹੀ ਹੈ। ਇਸ ਨੂੰ ਧਿਆਨ ਵਿੱਚ ਰੱਖ ਕੇ 'ਬੰਦਾ-ਸਮਾਰੋਹਾਂ' ਦੇ ਹਵਾਲੇ ਨਾਲ ਸਿੱਖ ਭਾਈਚਾਰੇ ਦੀ ਦਸ਼ਾ ਤੇ ਦਿਸ਼ਾ ਨੂੰ ਸਮਝਣ ਦਾ ਯਤਨ ਕੀਤਾ ਜਾ ਰਿਹਾ ਹੈ।

ਸਿੱਖ ਭਾਈਚਾਰੇ ਦੀ ਦਸ਼ਾ ਤੇ ਦਿਸ਼ਾ ਦਾ ਸਬੰਧ ਸਿੱਧੇ ਤੌਰ 'ਤੇ ਸਿੱਖ ਮਾਨਸਿਕਤਾ ਨਾਲ ਹੈ। ਸਿੱਖ ਮਾਨਸਿਕਤਾ ਦਾ ਸ੍ਰੋਤ ਬਾਣੀ ਹੈ ਤੇ ਪ੍ਰੇਰਨਾ ਸਿੱਖ ਇਤਿਹਾਸ ਹੈ। ਵਰਤਮਾਨ ਸਮਾਰੋਹ ਆਪਣੇ ਸ੍ਰੋਤ ਤੇ ਪ੍ਰੇਰਨਾ ਨਾਲ ਕਿੰਨਾ ਕੁ ਜੁੜੇ ਹੋਏ ਹਨ, ਇਸ ਬਾਰੇ ਗੱਲ ਕਰਨਾ ਜ਼ਰੂਰੀ ਹੈ। ਇਨ੍ਹਾਂ ਸਮਾਰੋਹਾਂ ਨੂੰ ਮਨਾਈਆਂ ਗਈਆਂ ਸ਼ਤਾਬਦੀਆਂ ਦੀ ਨਿਰੰਤਰਤਾ ਵਿੱਚ ਵੇਖੀਏ ਤਾਂ ਸੌਖਿਆਂ ਹੀ ਸਮਝ ਆ ਜਾਵੇਗਾ ਕਿ ਇਨ੍ਹਾਂ ਵਿੱਚ ਸਿਆਸੀਨੁਮਾ ਵਿਖਾਵੇ ਨੂੰ ਹੀ ਅਹਿਮੀਅਤ ਪ੍ਰਾਪਤ ਹੈ। ਸਿੱਖ ਧਰਮ ਵਿੱਚ ਮੇਲਾਨੁਮਾ ਬੇਲਗਾਮ ਭੀੜ ਨੂੰ ਕਦੇ ਅਹਿਮੀਅਤ ਨਹੀਂ ਦਿੱਤੀ ਗਈ। ਇੱਥੋਂ ਤਕ ਕਿ ਸਿੱਖ ਸੰਘਰਸ਼ਾਂ ਵੇਲੇ ਵੀ ਗਿਣਤੀ ਆਧਾਰਿਤ ਨਹੀਂ, ਗੁਣਤਾ ਆਧਾਰਿਤ ਨੂੰ ਪਹਿਲ ਦਿੱਤੀ ਗਈ ਸੀ। ਅਲਪ ਸੰਖਿਅਕ ਭਾਈਚਾਰਿਆਂ ਕੋਲੋਂ ਗਿਣਤੀ ਆਧਾਰਿਤ ਵਰਤਾਰਿਆਂ ਦੀ ਆਸ ਹੀ ਨਹੀਂ ਕੀਤੀ ਜਾ ਸਕਦੀ। ਇਸ ਵੇਲੇ ਇਹ ਧਿਆਨ ਵਿੱਚ ਰੱਖਣ ਦੀ ਲੋੜ ਹੈ ਕਿ ਗਿਣਤੀ ਦੇ ਹਿਸਾਬ ਨਾਲ ਸਿੱਖ ਭਾਈਚਾਰਾ ਕੁੰਭ ਵਰਗੇ ਇਕੱਠਾਂ ਦਾ ਮੁਕਾਬਲਾ ਨਹੀਂ ਕਰ ਸਕਦਾ। ਇਸ ਨਾਲ ਇਹ ਤੱਥ ਸਾਹਮਣੇ ਆ ਜਾਂਦਾ ਹੈ ਕਿ ਭੀੜਨੁਮਾ ਇਕੱਠ ਵਿਅਕਤੀ ਕੇਂਦਰਿਤ ਸਿਆਸਤਨੁਮਾ ਅਵਸਰਾਂ ਨੂੰ ਵੀ ਇਹ ਠੀਕ ਬੈਠਦਾ ਹੈ। ਕਾਰਨ ਇਹ ਹੈ ਕਿ ਮੀਡੀਆ ਦੀ ਸਰਦਾਰੀ ਵਿੱਚ ਅਵਸਰਾਂ ਨੂੰ ਹਨੇਰੀ ਵਾਂਗ ਉਡਾਇਆ ਵੀ ਜਾ ਸਕਦਾ ਹੈ ਤੇ ਹੜ੍ਹ ਵਾਂਗ ਬਹਾਇਆ ਵੀ ਜਾ ਸਕਦਾ ਹੈ। ਕਹਿਣ ਦਾ ਭਾਵ ਇਹ ਹੈ ਕਿ ਜਿਹੜੇ ਸਮਾਰੋਹ ਸੁਭਾ ਵਿੱਚ ਸਿਆਸੀ ਹੋਣ ਤੇ ਨਤੀਜੇ ਵੀ ਸਿਆਸੀ ਰੰਗ ਵਾਲੇ ਕੱਢਣ, ਉਨ੍ਹਾਂ ਨੂੰ ਵੋਟ ਬੈਂਕ ਦੀ ਸਿਆਸਤ ਨਾਲ ਜੁੜੇ ਹੋਏ ਹੋਣ ਕਰਕੇ ਪੰਥਕ ਰੰਗ ਵਿੱਚ ਨਹੀਂ ਭੁਗਤਾਇਆ ਜਾ ਸਕਦਾ।

ਕਿਸੇ ਵੇਲੇ ਢਾਡੀ ਵਿਧੀ ਨਾਲ ਸਿੱਖ ਮਾਨਸਿਕਤਾ ਵਿੱਚ ਲਗਾਤਾਰ ਉਤਾਰਿਆ ਜਾਂਦਾ ਸੀ ਕਿ ਸਿੱਖ ਧਰਮ ਦੁਆਰਾ ਲਿਆਂਦਾ ਗਿਆ ਮਾਨਸਿਕ ਪਰਿਵਰਤਨ ਬਾਬਾ ਬੰਦਾ ਸਿੰਘ ਬਹਾਦਰ ਵਰਗੇ ਖ਼ਾਲਸਾ ਬਿੰਬ ਪੈਦਾ ਕਰਦਾ ਰਿਹਾ ਹੈ। ਇਸ ਨੂੰ ਸੰਭਾਲਣ ਦੀ ਥਾਂ ਵਿਅਕਤੀਆਂ ਦੇ ਮੂਰਤੀਕਰਨ ਵਾਲੇ ਰਾਹ ਪਾ ਦਿੱਤਾ ਗਿਆ ਹੈ। ਪੰਥਕ ਸੁਰ ਵਿੱਚ ਲੋੜ ਇਹ ਸਾਹਮਣੇ ਲਿਆਉਣ ਦੀ ਹੈ ਕਿ ਬਾਬਾ ਜੀ ਦੇ ਬਿੰਬ ਰਾਹੀਂ ਅਧਿਆਤਮਕਤਾ ਦੀ ਭਾਰਤੀ ਵਿਧੀ ਵਿੱਚੋਂ ਨਿਕਲ ਕੇ ਅਧਿਆਤਮਕਤਾ ਦੀ ਸਿੱਖ ਵਿਧੀ ਨਾਲ ਕਿਹੋ ਜਿਹੇ ਨਤੀਜੇ ਕੱਢੇ ਜਾ ਸਕਦੇ ਹਨ? ਇਸ ਦਾ ਅੰਸ਼ਿਕ ਪ੍ਰਗਟਾਵਾ ਸਵਾਮੀ ਰਾਮ ਦੀ 'ਗੋਵਿੰਦ ਗੀਤਾ' (ਅੰਗਰੇਜ਼ੀ,1989) ਵਿੱਚੋਂ ਵੀ ਵੇਖਿਆ ਜਾ ਸਕਦਾ ਹੈ।

ਬਾਬਾ ਜੀ ਨੂੰ ਸਿੱਖ ਅਧਿਆਤਮਕਤਾ ਦੇ ਇਤਿਹਾਸਕ ਪ੍ਰਗਟਾਵੇ ਦੀ ਨਿਰੰਤਰਤਾ ਵਿੱਚ ਵਿਚਰਨ ਦਾ ਗੁਰੂ ਹੁਕਮ ਸੀ। ਇਹ ਸਫ਼ਰ ਉਨ੍ਹਾਂ ਨੇ ਪੰਜ ਪਿਆਰਿਆ ਨੂੰ ਨਾਲ ਲੈ ਕੇ ਸ਼ੁਰੂ ਕੀਤਾ ਸੀ ਤੇ ਪੰਥਕ ਰੰਗ ਵਿੱਚ ਹੀ ਆਪਣੇ ਮਿਸ਼ਨ ਨੂੰ ਅੰਜ਼ਾਮ ਤਕ ਪਹੁੰਚਾਇਆ ਸੀ। ਹਰ ਕਿਸਮ ਦੀ ਸਿਆਸਤ ਨਾਲ ਜੂਝਦਿਆਂ ਵੀ ਪ੍ਰਾਪਤੀਆਂ ਦੀ ਪ੍ਰਧਾਨ-ਸੁਰ ਸਿਆਸਤ ਦੀ ਨਹੀਂ, ਧਰਮ ਦੀ ਹੀ ਰਹੀ ਸੀ। ਚਪੜਚਿੜੀ ਦੇ ਮੈਦਾਨ ਵਿੱਚ ਸਿੱਖ ਲੋਕਤੰਤਰ ਦੀ ਸੁਰ ਵਿੱਚ ਸਥਿਤੀ ਨੂੰ ਭਾਂਪਦਿਆਂ ਬਾਬਾ ਬਿਨੋਦ ਸਿੰਘ ਤੇ ਬਾਬਾ ਬਾਜ ਸਿੰਘ ਨੇ ਕਿਹਾ ਸੀ ਕਿ ਗੁਰੂ ਪਾਤਸ਼ਾਹ ਨੇ ਹਰ ਮੈਦਾਨ ਫ਼ਤਹਿ ਬਖ਼ਸ਼ੀ ਹੈ। ਗੁਰੂ ਹੁਕਮ ਦੇ ਸਨਮੁਖ ਰਹਿ ਕੇ ਅਰਦਾਸ ਕੀਤੀ ਗਈ ਸੀ ਤੇ ਕਲਗੀਆਂ ਵਾਲੇ ਨੂੰ ਜੋਦੜੀ ਕੀਤੀ ਗਈ ਸੀ ਕਿ ਅੰਗ-ਸੰਗ ਸਹਾਈ ਹੋ ਕੇ ਫ਼ਤਹਿ ਬਖ਼ਸ਼ਿਸ਼ ਕਰਨ। ਇਹ ਸਿਆਸੀ ਹਾਰ ਨੂੰ ਧਾਰਮਿਕ ਜਿੱਤ ਵਿੱਚ ਬਦਲਣ ਦੀ ਜਾਹਰੀ ਕਲਾ ਸੀ, ਜੋ ਸਿੱਖ ਇਤਿਹਾਸ ਵਿੱਚ ਵਾਰ-ਵਾਰ ਵਾਪਰਦੀ ਰਹੀ ਹੈ। ਇਸ ਨਾਲ ਸਵਾਲ ਇਹ ਪੈਦਾ ਹੁੰਦਾ ਹੈ ਕਿ ਬਾਬਾ ਜੀ ਦੇ ਜੰਗੀ ਪੈਂਤੜੇ, ਸਮਝ ਤੇ ਪ੍ਰਗਟਾਵੇ ਵਿੱਚ ਧਾਰਮਿਕ ਸਨ ਕਿ ਸਿਆਸੀ ਸਨ? ਜੇ ਸਿਆਸੀਆਂ ਵਾਂਗ ਸੋਚਿਆ ਜਾਵੇ ਤਾਂ ਬਾਬਾ ਜੀ ਨੂੰ ਗੁਰਦਾਸ ਨੰਗਲ ਦੀ ਗੜ੍ਹੀ ਵਿੱਚੋਂ ਨਿਕਲ ਜਾਣਾ ਚਾਹੀਦਾ ਸੀ। ਅਜਿਹੀਆਂ ਹੋਰ ਵੀ ਕਈ ਘਟਨਾਵਾਂ ਹਨ, ਜਿਹੜੀਆਂ ਇਸ ਨੂੰ ਸਿਆਸੀ ਨਾਲੋਂ ਵੱਧ ਧਾਰਮਿਕ ਹੋਣ ਵੱਲ ਲੈ ਕੇ ਜਾਂਦੀਆਂ ਹਨ। ਇੱਥੇ ਪ੍ਰਸ਼ਨ ਇਹ ਪੈਦਾ ਹੁੰਦਾ ਹੈ ਕਿ ਵਰਤਮਾਨ ਸਮੇਂ ਇਸ ਪੰਥਕ ਭਾਵਨਾ ਨੂੰ ਨਾਲ ਲੈ ਕੇ ਟੁਰਿਆ ਜਾ ਰਿਹਾ ਹੈ ਜਾਂ ਨਹੀਂ।



ਵਰਤਮਾਨ ਸਮੇਂ ਸਿੱਖ ਭਾਈਚਾਰੇ ਵਿੱਚ ਜਿਸ ਤਰ੍ਹਾਂ ਸਿਆਸਤ ਦਾ ਬੋਲਬਾਲਾ ਹੋ ਗਿਆ ਹੈ, ਉਸ ਨਾਲ ਧਾਰਮਿਕ ਚੇਤਨਾ ਦਾ ਰਾਹ ਹੀ ਰੁਕ ਗਿਆ ਜਾਪਣ ਲੱਗਾ ਹੈ। ਇੱਕ ਸੋਚ ਨਾਲ ਜੁੜੀ ਹੋਈ ਕੋਮਲ ਮਾਨਸਿਕਤਾ ਦਾ ਤਲਿੱਸਮੀ-ਨਾਅਰਿਆਂ ਨਾਲ ਕੀਤਾ ਗਿਆ ਸ਼ੋਸ਼ਣ, ਸਿਆਸਤ ਦੀ ਮਨਭਾਉਂਦੀ ਖ਼ੁਰਾਕ ਹੈ। ਅਜਿਹੀਆਂ ਸੰਭਾਵਨਾਵਾਂ, ਭੀੜ-ਮਾਨਸਿਕਤਾ ਵਿੱਚ ਹੀ ਸੰਭਵ ਹੋ ਸਕਦੀਆਂ ਹਨ। ਸਿੱਖ ਆਗੂ ਇਸ ਪਾਸੇ ਸਰਪਟ ਦੌੜੇ ਜਾ ਰਹੇ ਹਨ। ਉਲਾਰ ਜਜ਼ਬਿਆਂ ਦੀ ਬੇਰਹਿਮ ਮਾੜ-ਧਾੜ ਵੀ ਅਜਿਹੇ ਹਾਲਾਤ ਵਿੱਚ ਹੀ ਪੈਦਾ ਹੁੰਦੀ ਹੈ। ਬੇਰਹਿਮ ਮੁਕਾਬਲੇਬਾਜ਼ੀ ਦੇ ਸਨਮੁੱਖ ਸਿੱਖ ਭਾਈਚਾਰਾ ਤਾਂ ਪਹਿਲਾਂ ਹੀ ਚੁਰਾਹੇ 'ਤੇ ਖੜ੍ਹਾ ਹੈ। ਇਸ ਹਾਲਤ ਵਿੱਚ ਸਿੱਖਾਂ ਨੂੰ ਚੁਰਾਹੇ ਤੋਂ ਸਿਰਫ਼ ਸਿਆਸਤ ਵਾਲਾ ਰਾਹ ਹੀ ਕਿਉਂ ਨਜ਼ਰ ਆ ਰਿਹਾ ਹੈ? ਇਸ 'ਤੇ ਤੁਰਨ ਦੇ ਹਾਲਾਤ ਹੀ ਕਿਉਂ ਪੈਦਾ ਕੀਤੇ ਜਾ ਰਹੇ ਹਨ? ਬਾਕੀ ਤਿੰਨ ਰਾਹਾਂ ਦੀ ਨਿਸ਼ਾਨਦੇਹੀ ਕਿਉਂ ਨਹੀਂ ਹੋ ਰਹੀ? ਕੀ ਕਿਰਤ ਕਰਨ, ਨਾਮ ਜਪਣ, ਵੰਡ-ਛਕਣ ਨੂੰ ਇਨ੍ਹਾਂ ਤਿੰਨਾਂ ਰਾਹਾਂ ਵਜੋਂ ਨਹੀਂ ਵੀਚਾਰਿਆ ਜਾ ਸਕਦਾ? ਕੀ ਜੋ ਸਿੱਖ-ਸਿਆਸਤਦਾਨ ਨੂੰ ਠੀਕ ਨਹੀਂ ਬੈਠਦਾ, ਉਸ ਨੂੰ ਅਪੰਥਕ ਪ੍ਰਵਾਨ ਕਰ ਲੈਣਾ ਚਾਹੀਦਾ ਹੈ? ਅਜਿਹੇ ਸਵਾਲਾਂ ਦੇ ਉੱਤਰ ਲੱਭਣ ਦੀ ਅਕਾਦਮਿਕਤਾ ਵਾਸਤੇ ਸ਼ਤਾਬਦੀ ਅਵਸਰਾਂ ਨੂੰ ਨਾ ਅਸੀਂ ਪਹਿਲਾਂ ਵਰਤਿਆ ਹੈ ਤੇ ਨਾ ਹੀ ਹੁਣ ਵਰਤਣਾ ਚਾਹੁੰਦੇ ਹਾਂ। ਜਲਸੇ ਜਲੂਸਾਂ ਨਾਲ ਸਿੱਖ ਪਛਾਣ ਦੀ ਸਿਆਸਤ ਤੋਂ ਅੱਗੇ ਤੁਰਨ ਦੀ ਕੋਈ ਸੰਭਾਵਨਾ ਨਹੀਂ ਹੈ। ਜਲਸੇ ਜਲੂਸਾਂ ਦੀ ਸਿਆਸਤ ਨਾਲ ਗ਼ੈਰ-ਸਿੱਖਾਂ ਨੂੰ ਕਿਵੇਂ ਦੱਸ ਸਕਾਂਗੇ ਕਿ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਵਿਰਾਸਤੀ ਜੜ੍ਹਾਂ ਸਰਬਤ ਦੇ ਭਲੇ ਵਿੱਚ ਸਨ, 'ਜਗਤ ਜਲੰਦਾ ਰਖਿ ਲੈ' ਵਿੱਚ ਸਨ। ਲੜਾਈਆਂ ਲੜਦਿਆਂ ਵੀ ਬਾਬਾ ਜੀ ਦਾ ਨਿਸ਼ਾਨਾ ਸਿੱਖ-ਸੱਚ ਸੀ ਤੇ ਜਿੱਤਾਂ ਜਿੱਤ ਕੇ ਵੀ ਉਨ੍ਹਾਂ ਲਈ ਇਹੀ ਰਿਹਾ ਸੀ। ਉਨ੍ਹਾਂ ਦੀ ਅਗਵਾਈ ਵਿੱਚ ਲੜੀਆਂ ਗਈਆਂ ਜੰਗਾਂ, ਧਰਮ ਯੁੱਧ ਦੇ ਚਾਅ ਨਾਲ ਲੜੀਆਂ ਗਈਆਂ ਸਨ ਤੇ ਇਨ੍ਹਾਂ ਵਿੱਚ ਹਾਰਾਂ ਅਤੇ ਜਿੱਤਾਂ ਨੂੰ ਭਾਣੇ ਦੀ ਭਾਵਨਾ ਵਿੱਚ ਹੀ ਵੇਖਿਆ ਤੇ ਪਰਖਿਆ ਜਾਣਾ ਚਾਹੀਦਾ ਹੈ।

ਇਸ ਵੇਲੇ ਲੋੜ, ਬਾਬਾ ਬੰਦਾ ਸਿੰਘ ਦੀਆਂ ਪ੍ਰਾਪਤੀਆਂ ਦੀ ਧਾਰਮਿਕਤਾ, ਸਿੱਖ ਧਰਮ ਦੀ ਅਕਾਦਮਿਕਤਾ ਤੇ ਪੰਥਕ ਕਾਵਿਕਤਾ ਉਸਾਰੇ ਜਾਣ ਦੀ ਹੈ।

# ਸਰ ਹੈਨਰੀ ਫੇਨ ਨੇ ਦੇਖਿਆ ਕੰਵਰ ਦਾ ਵਿਆਹ

ਸਤਿੰਦਰ ਸਿੰਘ ਰੰਧਾਵਾ



> ਮਹਿਮਾਨਾਂ ਦੀ ਮਹਿਮਾਨਿਵਾਜ਼ੀ ਤੋਂ ਬਾਅਦ ਮਹਾਰਾਜੇ ਨੇ ਸਰ ਹੈਨਰੀ ਫੇਨ ਨੂੰ ਆਪਣੀ ਫ਼ੌਜ ਦਿਖਾਈ, ਜਿਸ ਵਿੱਚ 18 ਹਜ਼ਾਰ ਤਾਕਤਵਾਰ ਜਵਾਨ ਅਸਲੇ ਅਤੇ ਚੰਗੇ ਕੱਪੜਿਆਂ ਵਿੱਚ ਹਾਜ਼ਰ ਸਨ। ਉਸ ਨੂੰ ਜਵਾਹਰਾਤ ਦਿਖਾਏ ਗਏ। ਮਹਾਰਾਜਾ ਵੀ ਬ੍ਰਿਟਿਸ਼ ਫ਼ੌਜ ਤੋਂ ਪ੍ਰਭਾਵਿਤ ਹੋਇਆ। ਉਸ ਨੇ ਸਰ ਹੈਨਰੀ ਫੇਨ ਤੋਂ ਜੰਗ ਵਿੱਚ ਕੰਮ ਆਉਣ ਵਾਲੀਆਂ ਬਹੁਤ ਸਾਰੀਆਂ ਗੱਲਾਂ ਸਿੱਖੀਆਂ।

ਸਾਲ 1837 ਦੇ ਸ਼ੁਰੂ ਵਿੱਚ ਮਹਾਰਾਜਾ ਰਣਜੀਤ ਸਿੰਘ ਦੇ ਪੋਤਰੇ ਕੰਵਰ ਨੌਨਿਹਾਲ ਸਿੰਘ ਦਾ ਵਿਆਹ ਸੀ। ਇਸ ਕਰਕੇ ਸ੍ਰੀ ਅੰਮ੍ਰਿਤਸਰ ਨੂੰ ਸਜਾਇਆ ਜਾ ਰਿਹਾ ਸੀ ਤੇ ਸਾਰਾ ਵਾਤਾਵਰਨ ਖ਼ੁਸ਼ੀਆਂ ਭਰਪੂਰ ਸੀ। ਮਹਾਰਾਜਾ ਰਣਜੀਤ ਸਿੰਘ ਦੀ ਇਹ ਦਿਲੀ ਇੱਛਾ ਸੀ ਕਿ ਪੰਜਾਬ ਦੇ ਇਤਿਹਾਸ ਵਿੱਚ ਇਹ ਵਿਆਹ ਬੇਮਿਸਾਲ ਹੋਵੇ। ਮਹਾਰਾਜਾ ਦੇ ਸਰਦਾਰਾਂ ਨੇ ਵੀ ਵਿਆਹ ਦੀਆਂ ਤਿਆਰੀਆਂ ਵਿੱਚ ਵੱਧ ਤੋਂ ਵੱਧ ਸਮਾਂ ਤੇ ਪੈਸਾ ਖ਼ਰਚ ਕੀਤਾ। ਪਟਿਆਲਾ, ਜੀਂਦ, ਨਾਭਾ ਤੇ ਫ਼ਰੀਦਕੋਟ ਦੇ ਰਾਜੇ ਸਮੇਤ ਨਵਾਬ ਮਾਲੇਰਕੋਟਲਾ, ਕਪੂਰਥਲਾ ਦੇ ਸਰਦਾਰ, ਪਹਾੜੀ ਇਲਾਕੇ ਵਿੱਚੋਂ ਮੰਡੀ ਅਤੇ ਨੂਰਪੁਰ ਦੇ ਰਾਜਿਆਂ ਨੇ ਉਚੇਚੇ ਤੌਰ 'ਤੇ ਵਿਆਹ ਸਮਾਗਮ ਵਿੱਚ ਸ਼ਿਰਕਤ ਕਰਨੀ ਸੀ। ਬ੍ਰਿਟਿਸ਼ ਅਫ਼ਸਰਾਂ ਵਿੱਚੋਂ ਭਾਰਤੀ ਬ੍ਰਿਟਸ਼ ਆਰਮੀ ਦਾ ਕਮਾਂਡਰ ਇਨ ਚੀਫ ਸਰ ਹੈਨਰੀ ਫੇਨ ਇਕੱਲਾ ਹੀ ਸ਼ਾਮਲ ਹੋ ਸਕਿਆ। ਉਸ ਦਾ ਮੁੱਢਲਾ ਸਵਾਗਤ ਸਤਲੁਜ ਕੰਢੇ ਹਰੀ ਕੇ ਪੱਤਣ ਵਿੱਚ ਕੰਵਰ ਸ਼ੇਰ ਸਿੰਘ ਸਮੇਤ ਅਨੇਕ ਮੋਹਤਬਰ ਬੰਦਿਆਂ ਨੇ ਕੀਤਾ। ਮਗਰੋਂ ਸ੍ਰੀ ਅੰਮ੍ਰਿਤਸਰ ਤੋਂ ਪੰਜ ਮੀਲ ਦੂਰ ਉਸ ਦਾ ਸਵਾਗਤ ਖੜਕ ਸਿੰਘ, ਪ੍ਰਧਾਨ ਮੰਤਰੀ ਤੇ ਹੋਰ ਉੱਚ ਰਾਜ ਅਧਿਕਾਰੀਆਂ ਨੇ ਕੀਤਾ। ਉਸ ਨੂੰ ਪੰਜ ਹਜ਼ਾਰ ਰੁਪਏ ਭੇਟ ਕੀਤੇ ਗਏ। ਉਸ ਦੇ ਸਵਾਗਤ ਵਿੱਚ ਤਿੰਨ ਹਜ਼ਾਰ ਘੋੜ ਸਵਾਰ ਹਾਜ਼ਰ ਸਨ, ਜਿਨ੍ਹਾਂ ਦੀ ਹਾਜ਼ਰੀ ਵਿੱਚ ਸਰ ਹੈਨਰੀ ਨੂੰ ਉਸ ਦੀ ਰਿਹਾਇਸ਼ ਵੱਲ ਲਿਆਂਦਾ ਗਿਆ। ਸਾਰੇ ਘੋੜ ਸਵਾਰਾਂ ਦੇ ਕੱਪੜੇ ਹੀਰਿਆਂ ਨਾਲ ਜੜਤ ਸਨ ਤੇ ਚਮਕਾਂ ਮਾਰ ਰਹੇ ਸਨ।

ਪ੍ਰਧਾਨ ਮੰਤਰੀ ਰਾਜਾ ਧਿਆਨ ਸਿੰਘ ਦਾ ਪਹਿਰਾਵਾ ਵੀ ਪ੍ਰਭਾਵਸ਼ਾਲੀ ਸੀ। ਉਸ ਨੇ ਹੀਰਿਆਂ ਨਾਲ ਜੜੀ ਮਹਿੰਗੀ ਪੁਸ਼ਾਕ ਪਹਿਨੀ ਹੋਈ ਸੀ। ਉਹ ਜਿਸ ਘੋੜੇ 'ਤੇ ਬੈਠਾ ਸੀ, ਉਹ ਪਰਸ਼ੀਆ ਤੋਂ ਲਿਆਂਦਾ ਗਿਆ ਸੀ। ਘੋੜੇ ਦੀ ਕਾਠੀ ਤੇ ਲਗਾਮ ਉੱਪਰ ਸੋਨੇ ਦਾ ਕੰਮ ਹੋਇਆ ਸੀ। ਉਸ ਨੇ ਫਰਾਂਸ ਤੋਂ ਬਣਿਆ ਚਮਕਦਾਰ ਕਵਚ ਛਾਤੀ ਦੁਆਲੇ ਪਾਇਆ ਹੋਇਆ ਸੀ। ਸਰ ਹੈਨਰੀ ਨੂੰ ਉਸ ਦੀ ਮਿੱਥੀ ਰਿਹਾਇਸ਼ 'ਤੇ ਇੱਕੀ ਸੌ ਬੁਦਕੀਆਂ ਸੋਨੇ ਦੀਆਂ ਅਤੇ ਪੰਜ ਸੌ ਥਾਲੀਆਂ ਲਜ਼ੀਜ਼ ਮਠਿਆਈਆਂ ਦੀਆਂ ਦਿੱਤੀਆਂ ਗਈਆਂ ਸਨ। ਦੂਜੇ ਦਿਨ ਉਸ ਨੇ ਮਹਾਰਾਜੇ ਨੂੰ ਰਾਮ ਬਾਗ਼ ਅੰਮ੍ਰਿਤਸਰ ਵਿਚਲੀ ਰਿਹਾਇਸ਼ 'ਤੇ ਮਿਲਣਾ ਸੀ। ਅਗਲੇ ਦਿਨ ਮਹਾਰਾਜੇ ਦੀ ਰਿਹਾਇਸ਼ ਦੇ ਸਾਹਮਣੇ ਵੱਡਾ ਤੰਬੂਨੁਮਾ ਤਖ਼ਤ ਲੱਗਾ ਸੀ, ਜਿਸ ਨੂੰ ਚਾਂਦੀ ਦੇ ਬੱਲਿਆਂ ਨਾਲ ਸਹਾਰਾ ਦਿੱਤਾ ਗਿਆ ਸੀ। ਜ਼ਮੀਨ ਉੱਪਰ ਮਹਿੰਗੇ ਕਸ਼ਮੀਰੀ ਗਲੀਚੇ ਵਿਛਾਏ ਗਏ ਸਨ। ਮਹਾਰਾਜੇ ਨੇ ਪੀਲੇ ਰੰਗ ਦੀ ਪੁਸ਼ਾਕ ਪਹਿਨੀ ਹੋਈ ਸੀ ਤੇ ਹਾਥੀ 'ਤੇ ਸਵਾਰ ਸੀ। ਉਸ ਦੇ ਪਿੱਛੇ ਉਸ ਦੇ ਸਰਦਾਰ ਸੋਨੇ, ਚਾਂਦੀ ਤੇ ਹੀਰਿਆਂ ਨਾਲ ਜੜਤ ਵਸਤਰਾਂ ਨਾਲ ਸੋਭ ਰਹੇ ਸਨ। ਦੋਹਾਂ ਦੀ ਮੁਲਾਕਾਤ ਹੋਈ। ਮਹਾਰਾਜੇ ਨੇ ਹੈਨਰੀ ਤੋਂ ਬ੍ਰਿਟਿਸ਼ ਆਰਮੀ ਦੇ ਜੰਗੀ ਤਰੀਕਿਆਂ ਬਾਰੇ ਕਈ ਸਵਾਲ ਪੁੱਛੇ ਸਨ।

ਕੰਵਰ ਨੌਨਿਹਾਲ ਸਿੰਘ ਦੇ ਵਿਆਹ ਦਾ ਦਿਨ ਆਇਆ। ਉਸ ਨੂੰ ਅਨੇਕ ਤੋਹਫ਼ੇ ਦਿੱਤੇ ਗਏ। ਸਰ ਹੈਨਰੀ ਫੇਨ ਨੇ ਗਿਆਰ੍ਹਾਂ ਹਜ਼ਾਰ ਰੁਪਏ ਤੇ ਰਾਜਾ ਧਿਆਨ ਸਿੰਘ ਨੇ ਇਕ ਲੱਖ, 25 ਹਜ਼ਾਰ ਰੁਪਏ ਦਿੱਤੇ। ਉਸ ਦਿਨ ਕੰਵਰ ਨੂੰ ਲਗਪਗ 15 ਲੱਖ ਰੁਪਏ ਦੇ ਤੋਹਫ਼ੇ ਦਿੱਤੇ ਗਏ। ਨੌਨਿਹਾਲ ਸਿੰਘ ਨੇ ਖ਼ੂਬਸੂਰਤ ਪੁਸ਼ਾਕ ਪਹਿਨੀ ਹੋਈ ਸੀ। ਉਸ ਦੇ ਗਲ ਵਿੱਚ ਫੁੱਲਾਂ ਦੇ ਹਾਰ ਸਨ। ਉਸ ਨੇ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ। ਮਹਾਰਾਜਾ ਰਣਜੀਤ ਸਿੰਘ ਨੇ ਗੁਰੂ ਗ੍ਰੰਥ ਸਾਹਿਬ ਨੂੰ ਪੰਜ ਸੌ ਰੁਪਏ ਭੇਟ ਕੀਤੇ। ਕਾਫ਼ੀ ਰੁਪਏ ਦਾਨ ਵਜੋਂ ਵੀ ਦਿੱਤੇ ਗਏ। ਬਰਾਤ ਨੇ ਅਟਾਰੀ ਪਹੁੰਚਣਾ ਸੀ। ਇਹ ਸ੍ਰੀ ਅੰਮ੍ਰਿਤਸਰ ਦਾ ਜ਼ਿਲ੍ਹਾ ਸੀ। ਇਸ ਸਥਾਨ 'ਤੇ ਲੜਕੀ ਦੇ ਪਿਤਾ ਸਰਦਾਰ ਸ਼ਾਮ ਸਿੰਘ ਰਹਿੰਦੇ ਸਨ। ਹਰਿਮੰਦਰ ਸਾਹਿਬ ਤੋਂ ਅਟਾਰੀ ਤਕ ਹਜ਼ਾਰਾਂ ਲੋਕ ਸੜਕ ਦੇ ਦੋਹੀਂ ਪਾਸੀਂ ਕਤਾਰਾਂ ਵਿੱਚ ਖੜ੍ਹੇ ਇਸ ਅਨੋਖੇ ਵਿਆਹ ਨੂੰ ਤੱਕ ਰਹੇ ਸਨ। ਮਹਾਰਾਜੇ ਵੱਲੋਂ ਉਨ੍ਹਾਂ ਨੂੰ ਵੀ ਪੈਸੇ ਦਾਨ ਵਜੋਂ ਦਿੱਤੇ ਗਏ। ਬਰਾਤ ਸਰਦਾਰ ਸ਼ਾਮ ਸਿੰਘ ਦੇ ਘਰ ਢੁਕੀ ਤਾਂ ਬੰਦੂਕਾਂ ਵਿੱਚੋਂ ਗੋਲੀਆਂ ਆਕਾਸ਼ ਵੱਲ ਦਾਗੀਆਂ ਗਈਆਂ। ਸਰਦਾਰ ਸ਼ਾਮ ਸਿੰਘ ਨੇ ਮਹਾਰਾਜਾ ਰਣਜੀਤ ਸਿੰਘ ਨੂੰ ਇਕ ਸੌ ਇੱਕ ਸੋਨੇ ਦੀਆਂ ਮੋਹਰਾਂ ਤੇ ਪੰਜ ਘੋੜੇ ਦਿੱਤੇ।

ਕੰਵਰ ਸਰਦਾਰ ਦੀ ਹਵੇਲੀ ਵਿੱਚ ਬਰਾਤ ਸਮੇਤ ਦਾਖ਼ਲ ਹੋਇਆ। ਵਿਆਹ ਦੀਆਂ ਰਸਮਾਂ ਸ਼ੁਰੂ ਹੋਈਆਂ। ਦੂਜੇ ਦਿਨ ਖੁੱਲ੍ਹੇ ਮੈਦਾਨ ਵਿੱਚ ਇੱਕ ਵਾੜਨੁਮਾ ਪੰਡਾਲ ਬਣਿਆ ਹੋਇਆ ਸੀ। ਇਸ ਦਾ ਘੇਰਾ ਪੰਜ ਮੀਲ ਵਿੱਚ ਸੀ ਅਤੇ ਇਸ ਦੇ 80 ਦਰਵਾਜ਼ੇ ਸਨ। ਹਰ ਦਰਵਾਜ਼ੇ ਉੱਪਰ ਸਿਪਾਹੀ ਤਾਇਨਾਤ ਸਨ, ਜਿਨ੍ਹਾਂ ਦੀ ਜ਼ਿੰਮੇਵਾਰੀ ਸੀ ਕਿ ਕੋਈ ਵੀ ਵਿਅਕਤੀ ਇੱਕ ਰੁਪਇਆ ਪ੍ਰਾਪਤ ਕਰਨ ਤੋਂ ਬਿਨਾਂ ਨਾ ਜਾਵੇ ਅਤੇ ਕੋਈ ਵੀ ਦੁਬਾਰਾ ਰੁਪਇਆ ਲੈਣ ਨਾ ਆਵੇ। ਉਸ ਦਿਨ ਲੱਖਾਂ ਰੁਪਏ ਵੰਡੇ ਗਏ ਸਨ। ਕੰਵਰ ਨੂੰ ਮਹਿੰਗੀਆਂ ਸੌਗਾਤਾਂ ਦਿੱਤੀਆਂ ਗਈਆਂ, ਜਿਸ ਵਿੱਚ ਸੋਨੇ ਦੀਆਂ ਕਾਠੀਆਂ ਅਤੇ ਲਗਾਮਾਂ ਨਾਲ ਜੜਤ ਸੌ ਘੋੜੇ, ਇੱਕ ਸੌ ਇੱਕ ਗਾਵਾਂ, ਇੱਕ ਸੌ ਇੱਕ ਮੱਝਾਂ, ਸੌ ਊਠ, ਗਿਆਰ੍ਹਾਂ ਹਾਥੀ, ਹਜ਼ਾਰਾਂ ਰੁਪਏ ਦੇ ਗਹਿਣੇ, ਸੋਨੇ ਤੇ ਚਾਂਦੀ ਦੇ ਬਰਤਨ, ਰੇਸ਼ਮ ਦੀਆਂ ਸ਼ਾਅਲਾਂ, ਹੀਰੇ ਤੇ ਜਵਾਹਰਾਤ ਸਨ। ਇਸ ਤੋਂ ਬਾਅਦ ਬਰਾਤੀ ਲਾਹੌਰ ਵੱਲ ਤੁਰ ਪਏ, ਜਿੱਥੇ ਦੂਜੇ ਦਿਨ ਸ਼ਾਲੀਮਾਰ ਬਾਗ਼ ਵਿੱਚ ਵੱਡੇ ਭੋਜ ਦਾ ਇੰਤਜ਼ਾਮ ਕੀਤਾ ਗਿਆ ਸੀ। ਮਹਿਮਾਨਾਂ ਦੀ ਮਹਿਮਾਨਿਵਾਜ਼ੀ ਤੋਂ ਬਾਅਦ ਮਹਾਰਾਜੇ ਨੇ ਸਰ ਹੈਨਰੀ ਫੇਨ ਨੂੰ ਆਪਣੀ ਫ਼ੌਜ ਦਿਖਾਈ, ਜਿਸ ਵਿੱਚ 18 ਹਜ਼ਾਰ ਤਾਕਤਵਾਰ ਜਵਾਨ ਅਸਲੇ ਅਤੇ ਚੰਗੇ ਕੱਪੜਿਆਂ ਵਿੱਚ ਹਾਜ਼ਰ ਸਨ। ਉਸ ਨੂੰ ਜਵਾਹਰਾਤ ਦਿਖਾਏ ਗਏ। ਮਹਾਰਾਜਾ ਵੀ ਬ੍ਰਿਟਿਸ਼ ਫ਼ੌਜ ਤੋਂ ਪ੍ਰਭਾਵਿਤ ਹੋਇਆ। ਉਸ ਨੇ ਸਰ ਹੈਨਰੀ ਫੇਨ ਤੋਂ ਜੰਗ ਵਿੱਚ ਕੰਮ ਆਉਣ ਵਾਲੀਆਂ ਬਹੁਤ ਸਾਰੀਆਂ ਗੱਲਾਂ ਸਿੱਖੀਆਂ।

22 ਮਾਰਚ, 1837 ਨੂੰ ਹੋਲੀ ਸੀ। ਸਰ ਹੈਨਰੀ ਨੇ ਹੋਲੀ ਦਾ ਤਿਉਹਾਰ ਇੱਥੇ ਹੀ ਮਨਾਇਆ। ਹੈਨਰੀ ਦੀ ਵਿਦਾਇਗੀ ਸਮੇਂ ਮਹਾਰਾਜੇ ਨੇ ਉਸ ਨੂੰ ਸੁੰਦਰ ਸ਼ਾਅਲਾਂ, ਤਲਵਾਰਾਂ, ਇੱਕ ਹਾਥੀ ਅਤੇ ਅਨੇਕ ਘੋੜੇ ਭੇਟ ਕੀਤੇ ਸਨ।

# ਮਹਾਰਾਜਾ ਰਣਜੀਤ ਸਿੰਘ ਦੇ ਵਿਦੇਸ਼ੀ ਜਨਰਲ





ਬਲਰਾਜ ਸਿੰਘ ਸਿੱਧੂ ਐਸ.ਪੀ

ਦੂਜੀ ਤੇ ਅੰਤਿਮ ਕਿਸ਼ਤ

ਉਸ ਵੇਲੇ ਈਸਟ ਇੰਡੀਆ ਕੰਪਨੀ ਦਾ ਬਰਮਾ ਨਾਲ ਯੁੱਧ ਸ਼ੁਰੂ ਹੋਣ ਵਾਲਾ ਸੀ ਤੇ ਕੰਪਨੀ ਨੂੰ ਡਾਕਟਰਾਂ ਦੀ ਜ਼ਰੂਰਤ ਸੀ। ਉਸ ਨੇ ਬਿਨਾਂ ਕਿਸੇ ਡਿਗਰੀ ਤੋਂ ਕੰਪਨੀ ਵਿੱਚ ਮੈਡੀਕਲ ਸਰਜਨ ਦੀ ਨੌਕਰੀ ਪ੍ਰਾਪਤ ਕਰ ਲਈ। ਉਹ ਜੰਗ ਵਿੱਚ ਜ਼ਖ਼ਮੀ ਹੋ ਗਿਆ ਤੇ ਵਾਪਸ ਕਲਕੱਤੇ ਆ ਗਿਆ।

ਕੁਝ ਸਾਲਾਂ ਬਾਅਦ ਉਸ ਨੇ ਕੰਪਨੀ ਛੱਡ ਦਿੱਤੀ ਤੇ ਵੈਨਤੂਰਾ ਦੀ ਸਿਫ਼ਾਰਸ਼ ਨਾਲ 1929 ਵਿੱਚ ਲਾਹੌਰ ਦਰਬਾਰ ਵਿੱਚ ਨੌਕਰੀ ਪ੍ਰਾਪਤ ਕਰ ਲਈ। ਮਹਾਰਾਜੇ ਨੇ ਉਸ ਨੂੰ ਪਹਿਲਾਂ ਨੂਰਪੁਰ-ਜਸਰੋਟਾ ਤੇ 1832 ਵਿੱਚ ਗੁਜਰਾਤ ਦਾ ਗਵਰਨਰ ਥਾਪ ਦਿੱਤਾ। ਉਹ ਮਹਾਰਾਜੇ ਦਾ ਨਿੱਜੀ ਡਾਕਟਰ ਸੀ। ਮਹਾਰਾਜੇ ਦੀ ਮੌਤ ਤੋਂ ਬਾਅਦ ਕੁਝ ਦੇਰ ਅਫ਼ਗਾਨਿਸਤਾਨ ਰਹਿ ਕੇ ਉਹ ਵਾਪਸ ਅਮਰੀਕਾ ਚਲਾ ਗਿਆ। ਉਹ ਸਾਂ-ਫਰਾਂਸਿਸਕੋ ਵਿੱਚ ਵਸ ਗਿਆ। 1871 ਵਿੱਚ ਟੀ.ਬੀ. ਕਾਰਨ ਉਸ ਦੀ ਮੌਤ ਹੋ ਗਈ।

ਬਲਭੱਦਰ ਕੁੰਵਰ: ਬਲਭੱਦਰ ਦਾ ਜਨਮ ਨੇਪਾਲ ਦੇ ਸ਼ਹਿਰ ਭਾਵਨਕੋਟ ਵਿੱਚ 1785 ਦੇ ਆਸ ਪਾਸ ਹੋਇਆ ਸੀ। ਉਸ ਦੇ ਪਿਤਾ ਤੇ ਦਾਦੇ ਨੇਪਾਲ ਦੀ ਸੈਨਾ ਵਿੱਚ ਨੌਕਰੀ ਕਰਦੇ ਸਨ। ਜਵਾਨ ਹੋਣ ਉੱਤੇ ਬਲਭੱਦਰ ਵੀ ਨੇਪਾਲੀ ਫ਼ੌਜ ਵਿੱਚ ਭਰਤੀ ਹੋ ਗਿਆ। 1814-1816 ਵਿੱਚ ਹੋਏ ਐਂਗਲੋ-ਨੇਪਾਲ ਯੁੱਧਾਂ ਵਿੱਚ ਗੋਰਖੇ ਹਾਰ ਗਏ। ਉਨ੍ਹਾਂ ਨੂੰ ਸਾਰਾ ਭਾਰਤੀ ਖੇਤਰ ਛੱਡਣਾ ਪਿਆ। ਬਲਭੱਦਰ ਇਸ ਜੰਗ ਵਿੱਚ ਕਈ ਵਾਰ ਜ਼ਖ਼ਮੀ ਹੋਇਆ। ਜੰਗ ਤੋਂ ਬਾਅਦ ਉਹ ਹੋਰ ਅਨੇਕਾਂ ਗੋਰਖਿਆਂ ਸਮੇਤ ਲਾਹੌਰ ਦਰਬਾਰ ਪਹੁੰਚ ਗਿਆ। ਮਹਾਰਾਜੇ ਨੇ ਕਈ ਗੋਰਖਾ ਰੈਜਮੈਂਟਾਂ ਤਿਆਰ ਕੀਤੀਆਂ ਤੇ ਬਲਭੱਦਰ ਨੂੰ ਉਨ੍ਹਾਂ ਦਾ ਜਨਰਲ ਨਿਯੁੱਕਤ ਕਰ ਦਿੱਤਾ। ਉਸ ਨੇ ਕਈ ਯੁੱਧਾਂ ਵਿੱਚ ਹਿੱਸਾ ਲਿਆ ਤੇ ਮਾਰਚ 1823 ਨੂੰ ਨੌਸ਼ਹਿਰੇ ਦੀ ਜੰਗ ਵਿੱਚ ਅਕਾਲੀ ਫੂਲਾ ਸਿੰਘ ਸਮੇਤ ਸ਼ਹੀਦੀ ਪ੍ਰਾਪਤ ਕਰ ਗਿਆ।

ਜੌਹਨ ਹੋਮਜ਼: ਅੰਗਰੇਜ਼ ਪਿਤਾ ਤੇ ਭਾਰਤੀ ਮਾਤਾ ਦਾ ਪੁੱਤਰ ਹੋਮਜ਼ ਐਂਗਲੋ ਇੰਡੀਅਨ ਸੀ। ਉਹ ਖ਼ਾਲਸਾ ਫ਼ੌਜ ਵਿੱਚ ਸ਼ਾਮਲ ਹੋਣ ਵਾਲਾ ਆਖ਼ਰੀ ਵਿਦੇਸ਼ੀ ਸੀ। ਉਹ ਈਸਟ ਇੰਡੀਆ ਕੰਪਨੀ ਦੀ ਬੰਗਾਲ ਹਾਰਸ ਆਰਟਿਲਰੀ ਵਿੱਚ ਬਤੌਰ ਬਿਗਲਰ (ਸਿਪਾਹੀ) ਭਰਤੀ ਹੋਇਆ ਸੀ। ਤਰੱਕੀ ਨਾ ਹੁੰਦੀ ਵੇਖ ਕੇ 1829 ਵਿੱਚ ਅਸਤੀਫ਼ਾ ਦੇ ਕੇ ਲਾਹੌਰ ਪਹੁੰਚ ਗਿਆ ਤੇ ਖ਼ਾਲਸਾ ਫ਼ੌਜ ਵਿੱਚ ਭਰਤੀ ਹੋ ਗਿਆ। ਉਸ ਨੇ ਪਿਸ਼ਾਵਰ ਅਤੇ ਜਮਰੌਦ ਦੀਆਂ ਜੰਗਾਂ ਵਿੱਚ ਹਿੱਸਾ ਲਿਆ। ਉਸ ਨੇ 2 ਸਾਲ ਗੁਜਰਾਤ ਦੇ ਦੀਵਾਨ ਦਾ ਕੰਮ ਵੀ ਕੀਤਾ। ਉਹ ਗੱਦਾਰ ਸੀ। ਕੰਪਨੀ ਨੇ ਉਸ ਨੂੰ ਖ਼ੁਦ ਹੀ ਲਾਹੌਰ ਦਰਬਾਰ ਵਿੱਚ ਫਿੱਟ ਕੀਤਾ ਸੀ। ਪਹਿਲੇ ਐਂਗਲੋ ਸਿੱਖ ਯੁੱਧ ਸਮੇਂ ਲਾਲ ਸਿੰਘ, ਤੇਜ ਸਿੰਘ ਨਾਲ ਮਿਲ ਕੇ ਉਸੇ ਨੇ ਸਾਰੀ ਜਾਣਕਾਰੀ ਅੰਗਰੇਜ਼ਾਂ ਨੂੰ ਪਹੁੰਚਾਈ ਸੀ। 1848 ਵਿੱਚ ਉਸ ਨੂੰ ਕਰਨਲ ਦਾ ਰੈਂਕ ਦੇ ਕੇ ਬੰਨੂ ਦਾ ਗਵਰਨਰ ਥਾਪਿਆ ਗਿਆ ਪਰ ਉਸ ਦੇ ਅਧੀਨ ਸਿੱਖ ਫ਼ੌਜ ਨੇ ਬਗਾਵਤ ਕਰ ਦਿੱਤੀ ਤੇ ਉਸ ਨੂੰ ਕਤਲ ਕਰ ਦਿੱਤਾ।

# ਜਿਲ੍ਹੇ ਨੂੰ ਮੋਤੀਆ ਬੈਕਲਾਗ ਮੁਕਤ ਕਰਵਾਏ ਜਾਣ ਦੇ ਉਪਰਾਲੇ ਕੀਤੇ ਜਾ ਰਹੇ ਹਨ : ਸਿਵਲ ਸਰਜਨ ਡਾ. ਸੰਜੇ ਗੋਇਲ


ਸਿਵਲ ਸਰਜਨ ਡਾ. ਸੰਜੇ ਗੋਇਲ ਅਫਸਰ ਅਪਥਾਲਮਿਕ ਅਫਸਰਾਂ ਦੀ ਮੀਟਿੰਗ ਕਰਦੇ ਹੋਏ।

**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀ ਨੇਤਰ ਜਯੋਤੀ ਅਭਿਆਨ ਤਹਿਤ ਜਿਲ੍ਹਾ ਪਟਿਆਲਾ ਨੂੰ ਮੋਤੀਆ ਮੁਕਤ ਕਰਨ ਲਈ ਸਿਵਲ ਸਰਜਨ ਡਾ. ਸੰਜੇ ਗੋਇਲ ਅਤੇ ਜਿਲ੍ਹਾ ਪ੍ਰੋਗਰਾਮ ਅਫਸਰ ਰਾਸ਼ਟਰੀ ਪ੍ਰੋਗਰਾਮ ਫਾਰ ਕੰਟਰੋਲ ਆਫ ਬਲਾਈਂਡਨੈਸ ਡਾ. ਐਸ.ਜੇ. ਸਿੰਘ ਵੱਲੋਂ ਜਿਲ੍ਹੇ ਦੇ ਅਪਥਾਲਮਿਕ ਅਫਸਰਾਂ ਦੀ ਮੀਟਿੰਗ ਕੀਤੀ ਗਈ। ਜਿਸ ਵਿੱਚ ਵੱਖ ਵੱਖ ਸਿਹਤ ਸੰਸਥਾਂਵਾਂ ਤੋਂ ਆਏ ਅਪਥਾਲਮਿਕ ਅਫਸਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਮੀਟਿੰਗ ਕਰਦੇ ਹੋਏ ਸਿਵਲ ਸਰਜਨ ਡਾ. ਸੰਜੇ ਗੋਇਲ ਨੇ ਕਿਹਾ ਕਿ ਰਾਸ਼ਟਰੀ ਨੇਤਰ ਜਯੋਤੀ ਅਭਿਆਨ ਤਹਿਤ ਜਿਲ੍ਹਾ ਪਟਿਆਲਾ ਨੂੰ ਮੋਤੀਆ ਮੁਕਤ ਕਰਨ ਦਾ ਜੋ ਅਭਿਆਨ ਚਲ ਰਿਹਾ ਹੈ, ਉਸ ਤਹਿਤ 50 ਸਾਲ ਤੋਂ ਵੱਧ ਉਮਰ ਵਾਲੇ ਸਾਰੇ ਵਿਅਕਤੀਆਂ ਦੀ ਮੋਤੀਆਬਿੰਦ ਸਬੰਧੀ ਸਕਰੀਨਿੰਗ ਕੀਤੀ ਜਾ ਰਹੀ ਅਤੇ ਮੋਤੀਆਬਿੰਦ ਦੇ ਅਪਰੇਸ਼ਨ ਕੈਂਪ ਲਗਾ ਕੇ ਮੁੱਫਤ ਕਰਵਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਪੀ.ਐਚ.ਸੀ ਭਾਦਸੋਂ ਅਤੇ ਦੁੱਧਣ ਸਾਧਾਂ ਨੂੰ ਮੋਤੀਆ ਮੁਕਤ ਕੀਤਾ ਜਾ ਚੁੱਕਾ ਹੈ ਅਤੇ ਜਿਲ੍ਹੇ ਦੇ ਬਾਕੀ ਰਹਿੰਦੇ ਸਿਹਤ ਬਲਾਕਾਂ ਨੂੰ ਵੀ ਜਲਦੀ ਹੀ ਮੋਤੀਆ ਬੈਕਲਾਗ ਮੁਕਤ ਕਰਵਾਏ ਜਾਣ ਦੇ ਉਪਰਾਲੇ ਕੀਤੇ ਜਾ ਰਹੇ ਹਨ।ਇਸ ਮੌਕੇ ਡਾ. ਐਸ.ਜੇ. ਸਿੰਘ ਵੱਲੋਂ ਬਾਕੀ ਦੇ ਸਿਹਤ ਬਲਾਕਾਂ ਦੇ ਸਬੰਧਤ ਅਪਥਾਲਮਿਕ ਅਫਸਰਾਂ ਨੂੰ 50 ਸਾਲ ਤੋਂ ਵੱਧ ਉਮਰ ਦੇ ਸਾਰੇ ਯੋਗ ਨਾਗਰਿਕਾਂ ਦੇ ਮੋਤੀਆਬਿੰਦ ਦੇ ਅਪਰੇਸ਼ਨ ਕਰਵਾਉਣੇ ਯਕੀਨੀ ਬਣਾਉਣ ਅਤੇ ਨੇੜੇ ਦੀ ਬਹੁਤ ਘੱਟ ਨਿਗਾਹ ਵਾਲੇ ਮਰੀਜ਼ਾਂ ਦੀ ਲਿਸਟ ਭੇਜਣ ਲਈ ਕਿਹਾ, ਤਾਂ ਜੋ ਮੁੱਫਤ ਨਜਦੀਕ ਦੀਆਂ ਐਨਕਾਂ ਮੁਹੱਈਆ ਕਰਵਾਈਆਂ ਜਾ ਸਕਣ। ਉਹਨਾਂ ਸਾਰੇ ਅਪਥਾਲਮਿਕ ਅਫਸਰਾਂ ਨੂੰ ਹਦਾਇਤ ਕੀਤੀ ਕਿ ਸਾਰੇ ਸਕੂਲਾਂ ਦੇ ਬੱਚਿਆਂ ਦੀ ਨਿਗਾਹ ਚੈਕ ਕਰਕੇ ਘੱਟ ਨਿਗਾਹ ਵਾਲੇ ਸਾਰੇ ਬੱਚਿਆਂ ਨੂੰ ਐਨਕਾਂ ਦੀ ਵੰਡ ਯਕੀਨੀ ਬਣਾਈ ਜਾਵੇ ਅਤੇ ਇਸ ਪ੍ਰੋਗਰਾਮ ਵਿੱਚ ਸਾਰੀਆਂ ਐਨ.ਜੀ.ਓਜ਼, ਆਸ਼ਾ, ਏ.ਐਨ.ਐਮਜ਼ ਦੀ ਸ਼ਮੂਲੀਅਤ ਵੀ ਕਰਵਾਈ ਜਾਵੇ।

# ਐਨ ਸੀ ਸੀ ਅਤੇ ਐਨ ਐਸ ਐਸ ਦੇ ਵਲੰਟੀਅਰਜ਼ ਨੂੰ ਸਰਟੀਫਿਕੇਟ ਵੰਡਣੇ ਸ਼ਲਾਘਾਯੋਗ: ਇੰਸਪੈਕਟਰ ਰਾਮਕੇਸ

**ਪਟਿਆਲਾ, 9 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਆਈ ਟੀ ਆਈ ਲੜਕਿਆਂ ਨਾਭਾ ਰੋਡ ਪਟਿਆਲਾ ਵਿਖੇ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ,ਯੂਵਕ ਸੇਵਾਵਾਂ ਪਾਵਰ ਹਾਊਸ ਯੂਥ ਕਲੱਬ ਰਣਜੀਤ ਨਗਰ, ਯੂਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਅਤੇ ਡਿਪਟੀ ਡਾਇਰੈਕਟਰ ਕਮ ਪ੍ਰਿਸੀਪਲ ਇੰਜੀਨੀਅਰ ਹਰਦੀਪ ਕੁਮਾਰ ਟੋਹੜਾ ਅਤੇ ਵਾਇਸ ਪ੍ਰਿੰਸੀਪਲ ਦਵਿੰਦਰਪਾਲ ਸਿੰਘ ਦੀ ਸਰਪ੍ਰਸਤੀ ਅਤੇ ਐਨ ਸੀ ਸੀ ਅਤੇ ਐਨ ਐਸ ਐਸ ਦੇ ਪ੍ਰੋਗਰਾਮ ਅਫਸਰ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫ਼ਸਰ ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਅੰਤਰਰਾਜੀ ਯੂਥ ਐਕਸੇਜ ਪ੍ਰੋਗਰਾਮ ਅਤੇ ਐਨ ਐਸ ਐਸ ਦੇ ਸੱਤ ਰੋਜ਼ਾ ਕੈਂਪ ਦੇ ਸਰਟੀਫਿਕੇਟ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਇੰਸਪੈਕਟਰ ਰਾਮਕੇਸ ਇੰਚਾਰਜ ਸੜਕ ਸੁਰੱਖਿਆ ਫੋਰਸ ਪਟਿਆਲਾ ਰੇਂਜ ਨੇ ਸ਼ਿਰਕਤ ਕੀਤੀ ,ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਬਰ ਨਸਾ ਮੁਕਤ ਭਾਰਤ ਅਭਿਆਨ ਅਤੇ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਬਰ ਨਸਾ ਮੁਕਤ ਭਾਰਤ ਅਭਿਆਨ ਨੇ ਕੀਤੀ,, ਇਸ ਮੌਕੇ ਰੁਦਰਪ੍ਰਤਾਪ ਸਿੰਘ, ਹਿਮਾਨੀ ਰਾਣੀ , ਸੋਨੀਆ, ਸਤਗੁਰੂ, ਗੁਰਵਿੰਦਰ, ਸੁਨੀਲ, ਮਨਦੀਪ, ਜੁਗਰਾਜ, ਹਰਦੀਪ, ਗੁਰਸੇਵਕ, ਕੁਨਾਲ, ਅਰਮਾਨ ਖਾਨ,ਸਨਮਦੀਪ ਨੇ ਸ਼ਿਰਕਤ ਕੀਤੀ, ਇਸ ਮੌਕੇ ਐਨ ਐਸ ਐਸ ਵਲੰਟੀਅਰ ਅਤੇ ਐਨ ਸੀ ਸੀ ਕੈਡਿਟਸ ਨੂੰ ਸੰਬੋਧਨ ਕਰਦਿਆਂ ਇੰਸਪੈਕਟਰ ਰਾਮਕੇਸ ਨੇ ਕਿਹਾ ਕਿ ਐਨ ਸੀ ਸੀ ਨੋਜਵਾਨਾ ਨੂੰ ਦੇਸ ਦੀ ਸੇਵਾ ਭਾਵਨਾ ਪੈਦਾ ਕਰਨ ਵਿਚ ਬਹੁਤ ਵੱਡਾ ਯੋਗਦਾਨ ਪਾ ਰਹੀ ਹੈ ਉਹਨਾਂ ਕਿਹਾ ਕਿ ਐਨ ਸੀ ਸੀ ਨੋਜਵਾਨਾ ਨੂੰ ਅਨੁਸ਼ਾਸਨ ਵਿਚ ਰਹਿਣ ਲਈ ਸਿਖਾਉਂਦੀ ਹੈ ਅਤੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬਣਾਈ ਰੱਖਣ ਦੇ ਲਈ ਭਾਵਨਾ ਪੈਦਾ ਕਰਦੀ ਹੈ ਅਤੇ ਐਨ ਐਸ ਐਸ ਨੋਜਵਾਨਾ ਨੂੰ ਸਮਾਜ ਸੇਵੀ ਕਾਰਜਾਂ ਲਈ ਅੱਗੇ ਆਉਣ ਲਈ ਪ੍ਰੇਰਿਤ ਕਰਦਾ ਹੈ, ਇਸ ਮੌਕੇ ਇੰਸਪੈਕਟਰ ਰਾਮਕੇਸ ਨੇ ਐਨ ਐਸ ਐਸ ਅਤੇ ਐਨ ਸੀ ਸੀ ਵਲੰਟੀਅਰ ਨੂੰ ਅੰਤਰਰਾਜੀ ਯੂਥ ਐਕਸੇਜ ਪ੍ਰੋਗਰਾਮ ਅਤੇ ਐਨ ਐਸ ਐਸ ਦੇ ਸੱਤ ਰੋਜ਼ਾ ਕੈਂਪ ਦੇ ਸਰਟੀਫਿਕੇਟ ਅਤੇ ਮੈਡਲ ਦਿੱਤੇ ਗਏ। ਇਸ ਮੌਕੇ ਐਨ ਸੀ ਸੀ ਅਤੇ ਐਨ ਐਸ ਐਸ ਦੇ ਪ੍ਰੋਗਰਾਮ ਅਫਸਰ ਜਗਦੀਪ ਸਿੰਘ ਜੋਸ਼ੀ ਨੇ ਸਾਰੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।


ਐਨ ਸੀ ਸੀ ਅਤੇ ਐਨ ਐਸ ਐਸ ਦੇ ਵਲੰਟੀਅਰਜ਼ ਨੂੰ ਸਰਟੀਫਿਕੇਟ ਵੰਡਦੇ ਹੋਏ ਇੰਸਪੈਕਟਰ ਰਾਮਕੇਸ, ਪ੍ਰੋਗਰਾਮ ਅਫਸਰ ਜਗਦੀਪ ਜੋਸ਼ੀ, ਸਟੇਟ ਐਵਾਰਡੀ ਪਰਮਿੰਦਰ ਭਲਵਾਨ,ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਅਤੇ ਹੋਰ।

# ਪੰਜਾਬ ਕਾਂਗਰਸ 'ਚ ਅਲੱਗ-ਥਲੱਗ ਹੋਏ ਨਵਜੋਤ ਸਿੱਧੂ

**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਨਵਜੋਤ ਸਿੱਧੂ ਨੇ ਪੰਜਾਬ ਦੀਆਂ ਲੋਕ ਸਭਾ ਚੋਣਾਂ ਵਿੱਚ ਪ੍ਰਚਾਰ ਨਾ ਕਰਕੇ ਕਾਂਗਰਸ ਹਾਈਕਮਾਂਡ ਨੂੰ ਵੱਡਾ ਝਟਕਾ ਦਿੱਤਾ ਹੈ। ਸਿੱਧੂ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ 'ਤੇ ਜਾਂ ਕਿਸੇ ਵੀ ਹੋਰ ਢੰਗ ਨਾਲ ਚੋਣ ਪ੍ਰਚਾਰ ਵਿੱਚ ਹਿੱਸਾ ਨਹੀਂ ਲਿਆ ਜਦ ਕਿ ਉਸ ਦੇ ਸਮਰਥਕ ਆਖ਼ਰ ਤੱਕ ਕਹਿੰਦੇ ਰਹੇ ਕਿ 28 ਮਈ ਤੋਂ ਨਵਜੋਤ ਸਿੱਧੂ ਪੰਜਾਬ ਵਿੱਚ ਪ੍ਰਚਾਰ ਕਰਨ ਜ਼ਰੂਰ ਆਉਣਗੇ। ਦੂਜੇ ਪਾਸੇ ਪੰਜਾਬ ਕਾਂਗਰਸ ਨੇ ਦਿਖਾ ਦਿੱਤਾ ਹੈ ਕਿ ਉਹ ਸਿੱਧੂ ਤੋਂ ਬਿਨਾਂ ਵੀ ਲੜਾਈ ਲੜ ਸਕਦੇ ਹਨ। ਨਵਜੋਤ ਸਿੱਧੂ ਕਰੀਬ 83 ਦਿਨਾਂ ਤੱਕ ਚੱਲੀ ਚੋਣ ਪ੍ਰਚਾਰ ਮੁਹਿੰਮ ਵਿੱਚੋਂ ਗਾਇਬ ਰਹੇ। ਉਹ ਨਾ ਤਾਂ ਕਿਸੇ ਚੋਣ ਮੰਚ 'ਤੇ ਨਜ਼ਰ ਆਏ ਅਤੇ ਨਾ ਹੀ ਕਿਸੇ ਉਮੀਦਵਾਰ ਲਈ ਵੋਟਾਂ ਮੰਗੀਆਂ। ਹਾਲਾਂਕਿ ਆਈਪੀਐੱਲ ਵੀ ਚੋਣ ਪ੍ਰਚਾਰ ਦੇ ਆਖ਼ਰੀ ਪੜਾਅ 'ਤੇ ਸਮਾਪਤ ਹੋ ਗਈ ਸੀ। ਸਿੱਧੂ ਰਾਹੁਲ ਗਾਂਧੀ ਦੀ ਪਟਿਆਲਾ ਰੈਲੀ ਵਿੱਚ ਵੀ ਨਜ਼ਰ ਨਹੀਂ ਆਏ। ਦੱਸਣਾ ਬਣਦਾ ਹੈ ਕਿ ਸਿੱਧੂ ਦੀ ਪਤਨੀ ਕੈਂਸਰ ਨਾਲ ਜੂਝ ਰਹੀ ਹੈ ਤੇ ਉਹ ਆਪਣੀ ਪਤਨੀ ਦੀ ਸਿਹਤ 'ਤੇ ਧਿਆਨ ਕੇਂਦਰਿਤ ਕਰ ਰਹੇ ਹਨ। ਜਾਣਕਾਰੀ ਅਨੁਸਾਰ ਚੋਣ ਜ਼ਾਬਤਾ ਲਾਗੂ ਹੋਣ ਤੋਂ ਠੀਕ ਪਹਿਲਾਂ ਸਿੱਧੂ 15 ਮਾਰਚ ਨੂੰ ਆਪਣੇ ਆਗੂਆਂ ਸਣੇ ਰਾਜਪਾਲ ਨੂੰ ਮਿਲਣ ਚੰਡੀਗੜ੍ਹ ਪੁੱਜੇ ਸਨ। ਉਸ ਵੇਲੇ ਉਨ੍ਹਾਂ ਲੋਕ ਸਭਾ ਚੋਣ ਲੜਨ ਤੋਂ ਇਨਕਾਰ ਕੀਤਾ ਸੀ। ਉਨ੍ਹਾਂ ਕਿਹਾ ਸੀ ਕਿ ਉਹ ਪੰਜਾਬ ਵਿੱਚ ਰਹਿ ਕੇ ਪੰਜਾਬ ਦੀ ਸੇਵਾ ਕਰਨਾ ਚਾਹੁੰਦੇ ਹਨ। ਸਿੱਧੂ ਨੇ ਜਨਵਰੀ ਤੋਂ ਹੀ ਪਾਰਟੀ ਤੋਂ ਦੂਰੀ ਬਣਾ ਲਈ ਸੀ।

# ਸੁਪਰੀਮ ਕੋਰਟ ਅਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀਆਂ ਮਹੱਤਵਪੂਰਨ ਜੱਜਮੈਂਟ ਹੁਣ ਹਿੰਦੀ ਅਤੇ ਖੇਤਰੀ ਭਾਸ਼ਾਵਾਂ 'ਚ ਵੀ ਉਪਲਬਧ

**ਫਾਜ਼ਿਲਕਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਦੇਸ਼ ਦੀ ਸਰਵਉੱਚ ਅਦਾਲਤ, ਸੁਪਰੀਮ ਕੋਰਟ ਅਤੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੀਆਂ ਮਹੱਤਵਪੂਰਨ ਜੱਜਮੈਂਟ ਦੀ ਕਾਪੀ ਹੁਣ ਅੰਗਰੇਜ਼ੀ ਦੇ ਨਾਲ-ਨਾਲ ਹਿੰਦੀ ਜਾਂ ਹੋਰਨਾਂ ਖੇਤਰੀ ਭਾਸ਼ਾਵਾਂ ਵਿੱਚ ਵੀ ਉਪਲਬਧ ਹੋ ਸਕਦੀ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਦੱਸਿਆ ਕਿ ਇਸ ਦੇ ਲਈ ਈ-ਐਸ ਸੀ ਆਰ (eSCR) ਅਤੇ ਪੰਜਾਬ ਅਤੇ ਹਰਿਆਣਾਹਾ ਈ ਕੋਰਟ ਦੀ ਵੈਬਸਾਈਟ ਜਿਸ ਦਾ ਲਿੰਕ ;https://highcourtchd.gov.in/ ਹੈ, 'ਤੇ ਜਾ ਕੇ ਟਰਾਂਸਲੇਟਡ ਹਾਈਕੋਰਟ ਜੱਜਮੈਂਟ 'ਤੇ ਕਲਿੱਕ ਕਰਨ 'ਤੇ ਮਹੱਤਵਪੂਰਨ ਜਜਮੈਂਟ ਵੱਖ-ਵੱਖ ਸਥਾਨਕ ਭਾਸ਼ਾਵਾਂ ਵਿੱਚ ਵੀ ਮਿਲ ਸਕਦੀਆਂ ਹਨ। ਇਸੇ ਵੇਬਸਾਇਟ ਤੇ ਸੁਪਰੀਮ ਕੋਰਟ ਦੀਆਂ ਵੀ ਮਹੱਤਵਪੂਰਨ ਜੱਜਮੈਂਟ ਹਿੰਦੀ ਸਮੇਤ ਸਥਾਨਕ ਭਾਸ਼ਾਵਾਂ ਵਿੱਚ ਮਿਲ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਸਹੂਲਤ ਆਮ ਲੋਕਾਂ, ਵਕੀਲਾਂ ਜਾਂ ਕਾਨੂੰਨ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਲਈ ਬਹੁਤ ਲਾਹੇਵੰਦ ਸਾਬਤ ਹੋਵੇਗੀ।

ਉਨ੍ਹਾਂ ਦੱਸਿਆ ਕਿ ਇਸ ਤੋਂ ਅੱਗੇ ਵੱਖ-ਵੱਖ ਵਿਭਾਗ ਜਿਨ੍ਹਾਂ ਨਾਲ ਇਹ ਜੱਜਮੈਂਟਸ (ਫ਼ੈਸਲੇ) ਸਬੰਧਤ ਹੋਣ, ਇਨ੍ਹਾਂ ਫ਼ੈਸਲਿਆਂ ਦੀ ਸੂਚੀ ਆਪਣੀ ਵਿਭਾਗੀ ਵੈੱਬਸਾਈਟ 'ਤੇ ਅੰਗਰੇਜ਼ੀ ਅਤੇ ਸਥਾਨਕ ਭਾਸ਼ਾ 'ਚ ਅਪਲੋਡ ਕਰਕੇ ਆਮ ਲੋਕਾਂ ਅਤੇ ਆਪਣੇ ਵਿਭਾਗੀ ਅਫ਼ਸਰਾਂ ਨੂੰ ਇਸ ਦੀ ਪਹੁੰਚ ਦੇ ਸਕਦੇ ਹਨ ਤਾਂ ਜੋ ਉਹ ਆਪਣੇ ਨਾਲ ਸਬੰਧਤ ਇਨ੍ਹਾਂ ਫ਼ੈਸਲਿਆਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।

# ਪਟਿਆਲਾ ਵਿੱਚ 'ਆਪ' ਦੀ ਹਾਰ ਦਾ ਮੰਥਨ ਹੋਣ ਲੱਗਾ


ਬਲਬੀਰ ਸਿੰਘ | ਅਜੀਤਪਾਲ ਸਿੰਘ ਕੋਹਲੀ | ਚੇਤਨ ਸਿੰਘ ਜੌੜਾਮਾਜਰਾ | ਹਰਮੀਤ ਸਿੰਘ ਪਠਾਣਮਾਜਰਾ

**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੀ ਪਟਿਆਲਾ ਵਿੱਚ ਹੋਈ ਕਰਾਰੀ ਹਾਰ ਦਾ ਮੰਥਨ ਹੋਣ ਲੱਗਾ ਹੈ। ਅੱਜ ਆਮ ਆਦਮੀ ਪਾਰਟੀ ਦੇ ਦੋ ਮੰਤਰੀਆਂ- ਡਾ. ਬਲਬੀਰ ਸਿੰਘ ਤੇ ਚੇਤਨ ਸਿੰਘ ਜੌੜਾਮਾਜਰਾ, ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਟਿਆਲਾ ਵਿੱਚ ਹੋਈ ਹਾਰ ਦਾ ਮੰਥਨ ਕੀਤਾ। ਇੱਥੇ ਇਕ 'ਆਪ' ਆਗੂ ਨੇ ਕਿਹਾ ਕਿ ਜੇ ਬੀਜੇਪੀ ਡੇਰਾਬੱਸੀ, ਰਾਜਪੁਰਾ ਤੇ ਪਟਿਆਲਾ ਸ਼ਹਿਰੀ ਤੋਂ ਜਿੱਤ ਸਕਦੀ ਹੈ ਤਾਂ ਸਾਰਿਆਂ ਨੂੰ ਇਸ ਬਾਰੇ ਖ਼ਾਸ ਤਵੱਜੋ ਦੇਣ ਦੀ ਲੋੜ ਹੈ। ਭਾਵੇਂ 'ਆਪ' ਉਮੀਦਵਾਰ ਦੂਜੇ ਨੰਬਰ 'ਤੇ ਆਇਆ ਹੈ ਪਰ ਫਿਰ ਵੀ ਹਾਰ ਦੇ ਬਹੁਤ ਵੱਡੇ ਕਾਰਨ ਹਨ। ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ ਸਮਾਣਾ ਤੋਂ ਚੇਤਨ ਸਿੰਘ ਜੌੜਾਮਾਜਰਾ ਤੇ ਸਨੌਰ ਤੋਂ ਹਰਮੀਤ ਸਿੰਘ ਪਠਾਣਮਾਜਰਾ ਦੇ ਹਲਕਿਆਂ ਤੋਂ ਜਿੱਤੀ ਹੈ ਜਦਕਿ ਬਾਕੀ ਸਾਰੇ ਹਲਕਿਆਂ ਤੋਂ ਹਾਰੀ ਹੈ। ਅਜੀਤਪਾਲ ਸਿੰਘ ਕੋਹਲੀ ਪਟਿਆਲਾ ਸ਼ਹਿਰੀ ਤੋਂ ਕੈਪਟਨ ਅਮਰਿੰਦਰ ਸਿੰਘ ਨੂੰ ਹਰਾ ਕੇ ਜਿੱਤੇ ਸਨ, ਜਿਸ ਦੀ ਕਾਫ਼ੀ ਚਰਚਾ ਹੋਈ ਸੀ ਪਰ ਇਸ ਵਾਰ ਪ੍ਰਨੀਤ ਕੌਰ ਨੇ 'ਆਪ' ਉਮੀਦਵਾਰ ਨੂੰ ਕਰੀਬ ਦੁੱਗਣੀਆਂ ਵੋਟਾਂ ਨਾਲ ਹਰਾਇਆ ਹੈ। ਇਸ ਬਾਰੇ ਕਿਹਾ ਜਾ ਰਿਹਾ ਹੈ ਕਿ ਸ਼ਹਿਰੀ ਸਿੱਖਾਂ ਨੇ ਪ੍ਰਨੀਤ ਕੌਰ ਵੱਲ ਮੁੜ ਧਿਆਨ ਮੋੜਿਆ ਹੈ। ਇਹ ਵੀ ਕਿਹਾ ਜਾ ਰਿਹਾ ਹੈ ਕਿ ਜੇਕਰ ਡਾ. ਬਲਬੀਰ ਸਿੰਘ ਹੀ ਆਪਣੇ ਹਲਕੇ 'ਚੋਂ ਹਾਰ ਗਏ ਹਨ ਤਾਂ ਫੇਰ ਇਹ ਵੱਡੇ ਚਿੰਤਨ ਦੀ ਲੋੜ ਹੈ, ਕਿਉਂਕਿ ਪਟਿਆਲਾ ਦਿਹਾਤੀ ਤੋਂ 'ਆਪ' ਨੂੰ 2022 ਵਿੱਚ ਵੱਡੀ ਜਿੱਤ ਹਾਸਲ ਹੋਈ ਸੀ। ਕਿਹਾ ਜਾ ਰਿਹਾ ਹੈ ਕਿ ਡਾ. ਬਲਬੀਰ ਸਿੰਘ ਨੇ ਮੰਤਰੀ ਬਣਨ ਤੋਂ ਬਾਅਦ ਸਿਹਤ ਸਹੂਲਤਾਂ ਦਿੱਤੀਆਂ, ਪਰ ਉਨ੍ਹਾਂ ਦਾ ਪ੍ਰਚਾਰ ਕਰਨ ਵਿੱਚ ਕਾਮਯਾਬ ਨਹੀਂ ਹੋਏ। ਸਨੌਰ ਤੋਂ ਪਾਰਟੀ ਦਾ ਆਧਾਰ ਅਜੇ ਵੀ ਮਜ਼ਬੂਤ ਰਹਿਣਾ ਇਹ ਦਰਸਾ ਰਿਹਾ ਹੈ ਕਿ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਦੇ ਕੰਮ ਕਰਨ ਦਾ ਤਰੀਕਾ ਲੋਕਾਂ ਨੂੰ ਚੰਗਾ ਲੱਗਿਆ ਹੈ, ਜਿਸ ਕਰਕੇ ਉੱਥੋਂ 'ਆਪ' ਨੇ ਜਿੱਤ ਹਾਸਲ ਕੀਤੀ ਹੈ। ਦੂਜੇ ਪਾਸੇ ਡੇਰਾਬਸੀ, ਘਨੌਰ, ਰਾਜਪੁਰਾ, ਸ਼ੁਤਰਾਣਾ ਆਦਿ ਹਲਕਿਆਂ ਵਿਚ ਵੀ 'ਆਪ' ਦੀ ਕਾਰਗੁਜ਼ਾਰੀ ਬਹੁਤ ਹੀ ਮਾੜੀ ਰਹੀ ਹੈ। ਪਤਾ ਲੱਗਾ ਹੈ ਕਿ ਆਉਂਦੇ ਦਿਨਾਂ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਪਟਿਆਲਾ ਦੇ ਵਿਧਾਇਕਾਂ ਦੀ ਟੀਮ ਨੂੰ ਸੱਦ ਸਕਦੇ ਹਨ।

## ਸਮੂਹ ਵੋਟਰਾਂ ਦਾ ਧੰਨਵਾਦ

**ਸ੍ਰੀ ਅਨੰਦਪੁਰ ਸਾਹਿਬ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਮਾਲਵਿੰਦਰ ਸਿੰਘ ਕੰਗ ਦੀ ਹੋਈ ਇਤਿਹਾਸਿਕ ਜਿੱਤ ਤੋਂ ਬਾਅਦ ਹਲਕੇ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ।ਬੀਤੀ ਸ਼ਾਮ ਮਾਲਵਿੰਦਰ ਸਿੰਘ ਕੰਗ ਨੇ ਜਿਲਾ ਰੂਪਨਗਰ ਦੇ ਡਿਪਟੀ ਕਮਿਸ਼ਨਰ ਤੋਂ ਜਿੱਤ ਦਾ ਸਰਟੀਫਿਕੇਟ ਪ੍ਰਾਪਤ ਕੀਤਾ ਉਪਰੰਤ ਉਹ ਤਖਤ ਸ੍ਰੀ ਕੇਸਗੜ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚੇ।

# 'ਭ੍ਰਿਸ਼ਟਾਚਾਰ' ਕਾਰਨ 'ਆਪ' ਦੇ ਹਾਰਨ ਦਾ ਦਾਅਵਾ

**ਘਨੌਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੇ ਪੁਰਾਣੇ ਵਰਕਰ ਤੇ ਆਗੂ ਸੁਖਦੇਵ ਸਿੰਘ ਘੱਗਰਸਰਾਏ ਨੇ 'ਆਪ' ਉਮੀਦਵਾਰਾਂ ਦੀ ਹਾਰ 'ਤੇ ਚਿੰਤਾ ਜ਼ਾਹਿਰ ਕਰਦਿਆਂ ਇਸ ਸਬੰਧੀ ਵਿਧਾਇਕਾਂ ਵੱਲੋਂ ਵਾਲੰਟੀਅਰਾਂ ਨੂੰ ਨਜ਼ਰਅੰਦਾਜ਼ ਕੀਤੇ ਜਾਣ ਤੇ ਭ੍ਰਿਸ਼ਟਾਚਾਰ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਸੁਖਦੇਵ ਸਿੰਘ ਘੱਗਰਸਰਾਏ ਨੇ ਕਿਹਾ ਕਿ ਕਿ 'ਆਪ' ਦੀ ਲਹਿਰ ਵਿੱਚ ਵਿਧਾਇਕ ਬਣਨ ਕਰਕੇ ਬਹੁਤਿਆਂ ਨੂੰ ਇਸ ਗੱਲ ਦਾ ਅਹਿਸਾਸ ਹੀ ਨਹੀਂ ਕਿ ਉਹ ਵਿਧਾਇਕ ਹਨ।


ਉਨ੍ਹਾਂ ਕਿਹਾ ਕਿ ਬਹੁਤੇ ਵਿਧਾਇਕ ਤਾਂ ਵਾਲੰਟੀਅਰਾਂ ਦਾ ਇਸ ਕਦਰ ਨਿਰਾਦਰ ਕਰਦੇ ਹਨ ਕਿ ਉਨ੍ਹਾਂ ਦੇ ਫੋਨ ਤੱਕ ਵੀ ਨਹੀਂ ਚੁੱਕਦੇ। ਸੁਖਦੇਵ ਸਿੰਘ ਨੇ 'ਆਪ' ਦੇ ਕਈ ਵਿਧਾਇਕਾਂ 'ਤੇ ਭ੍ਰਿਸ਼ਟਾਚਾਰ ਫੈਲਾਉਣ ਦੇ ਕਥਿਤ ਦੋਸ਼ ਵੀ ਲਾਏ ਹਨ। ਉਨ੍ਹਾਂ ਦੋਸ਼ ਲਾਇਆ ਕਿ ਕਈ ਵਿਧਾਇਕ ਦੀਵਾਲੀ ਮੌਕੇ ਪਟਾਕਿਆਂ ਦੀਆਂ ਦੁਕਾਨਾਂ ਲਾਉਣ 'ਦੇ ਵੀ ਪੈਸੇ ਲੈਂਦੇ ਹਨ ਤੇ ਅਸਲਾ ਲਾਇਸੈਂਸ ਬਣਾਉਣ ਦੇ ਕਥਿਤ ਪੰਜਾਹ-ਪੰਜਾਹ ਹਜ਼ਾਰ ਰੁਪਏ ਲਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਵਿਧਾਇਕਾਂ ਦੀ ਪੁਰਾਣੀ ਅਤੇ ਤਾਜ਼ਾ ਜਾਇਦਾਦ ਤੇ ਆਮਦਨੀ ਦੀ ਜਾਂਚ ਕੀਤੀ ਜਾਵੇ ਤਾਂ ਸਾਰੀ ਸਥਿਤੀ ਸਪੱਸ਼ਟ ਹੋ ਜਾਵੇਗੀ।

ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਪੀਲ ਕੀਤੀ ਕਿ ਲੋਕ ਸਭਾ ਚੋਣਾਂ ਵਿੱਚ 'ਆਪ' ਉਮੀਦਵਾਰਾਂ ਦੀ ਹੋਈ ਹਾਰ ਸਬੰਧੀ ਜਾਂਚ ਕਰਵਾ ਕੇ ਉਨ੍ਹਾਂ ਵਿਧਾਇਕਾਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇ, ਜਿਨ੍ਹਾਂ ਦੇ ਹਲਕਿਆਂ ਵਿਚੋਂ 'ਆਪ' ਉਮੀਦਵਾਰਾਂ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ।

# ਭਾਜਪਾ ਨਾਲ ਤੋੜ-ਵਿਛੋੜੇ ਮਗਰੋਂ ਕਮਜ਼ੋਰ ਹੋਇਆ ਅਕਾਲੀ ਦਲ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੀਆਂ ਢਾਈ ਸਾਲ ਪਹਿਲਾਂ ਹੋਈਆਂ ਵਿਧਾਨ ਸਭਾ ਚੋਣਾਂ ਮਗਰੋਂ ਲੋਕ ਸਭਾ ਚੋਣਾਂ ਦੇ ਨਤੀਜਿਆਂ ਨੇ ਇਹ ਗੱਲ ਸਾਬਤ ਕਰ ਦਿੱਤੀ ਹੈ ਕਿ ਰਾਜ ਵਿੱਚ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਦੇ ਆਪਸੀ ਗੱਠਜੋੜ ਟੁੱਟਣ ਕਾਰਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲਾ ਅਕਾਲੀ ਦਲ ਵੋਟਾਂ ਹਾਸਲ ਕਰਨ ਵਿੱਚ ਪਹਿਲਾਂ ਨਾਲੋਂ ਕਮਜ਼ੋਰ ਹੋਇਆ ਹੈ। ਭਾਵੇਂ ਪੰਜਾਬ ਵਿੱਚ ਭਾਜਪਾ ਕੋਈ ਵੀ ਲੋਕ ਸਭਾ ਸੀਟ ਜਿੱਤਣ ਵਿੱਚ ਕਾਮਯਾਬ ਨਹੀਂ ਹੋ ਸਕੀ, ਪਰ ਉਸ ਦੇ ਮਾਲਵਾ ਖੇਤਰ ਸਣੇ ਮਾਝੇ ਤੇ ਦੁਆਬੇ ਵਿੱਚ ਸਾਰੇ ਉਮੀਦਵਾਰਾਂ ਨੇ ਅਕਾਲੀ ਉਮੀਦਵਾਰਾਂ ਨਾਲੋਂ ਵੱਧ ਵੋਟਾਂ ਹਾਸਲ ਕੀਤੀਆਂ ਹਨ। ਬਠਿੰਡਾ ਸੀਟ ਤੋਂ ਇਲਾਵਾ ਲਗਪਗ ਸਾਰੀਆਂ ਸੀਟਾਂ 'ਤੇ ਅਕਾਲੀ ਦਲ ਨਾਲੋਂ ਭਾਜਪਾ ਦੀ ਵਧੀਆ ਕਾਰਗੁਜ਼ਾਰੀ ਹੈ।



ਵੇਰਵਿਆਂ ਅਨੁਸਾਰ ਬਠਿੰਡਾ ਲੋਕ ਸਭਾ ਹਲਕੇ ਤੋਂ ਹਰਸਿਮਰਤ ਕੌਰ ਬਾਦਲ ਦੇ ਮੁਕਾਬਲੇ ਭਾਜਪਾ ਵੱਲੋਂ ਚੋਣ ਲੜ ਰਹੇ ਉਮੀਦਵਾਰ ਪਰਮਪਾਲ ਕੌਰ ਮਲੂਕਾ ਨੂੰ 1,10,762 ਵੋਟਾਂ ਮਿਲੀਆਂ ਜਦੋਂ ਕਿ ਹਰਸਿਮਰਤ ਬਾਦਲ ਨੂੰ 3,76,558 ਵੋਟਾਂ ਮਿਲੀਆਂ। ਇਸੇ ਤਰ੍ਹਾਂ ਸੰਗਰੂਰ ਹਲਕੇ ਤੋਂ ਅਕਾਲੀ ਦਲ ਦੇ ਇਕਬਾਲ ਸਿੰਘ ਝੂੰਦਾਂ ਨੂੰ 62,888 ਵੋਟਾਂ ਹਾਸਲ ਹੋਈਆਂ ਹਨ ਅਤੇ ਭਾਜਪਾ ਦੇ ਅਰਵਿੰਦ ਖੰਨਾ ਨੂੰ 1,28,253 ਵੋਟਾਂ ਮਿਲੀਆਂ ਹਨ, ਜੋ ਅਕਾਲੀ ਦਲ ਦੇ ਉਮੀਦਵਾਰ ਨਾਲੋਂ ਦੁੱਗਣੀਆਂ ਹਨ। ਪਟਿਆਲਾ ਤੋਂ ਭਾਜਪਾ ਉਮੀਦਵਾਰ ਪ੍ਰਨੀਤ ਕੌਰ ਨੂੰ 2,88,998 ਵੋਟਾਂ ਅਤੇ ਅਕਾਲੀ ਦਲ ਦੇ ਐੱਨਕੇ ਸ਼ਰਮਾ ਨੂੰ 1,53,978 ਵੋਟਾਂ ਮਿਲੀਆਂ। ਮਾਲਵਾ ਖੇਤਰ ਵਿੱਚ ਫਿਰੋਜ਼ਪੁਰ ਤੋਂ ਭਾਜਪਾ ਨੂੰ 2,55,097 ਅਤੇ ਅਕਾਲੀ ਦਲ ਨੂੰ 2,53,645 ਵੋਟਾਂ ਮਿਲੀਆਂ। ਲੁਧਿਆਣਾ ਤੋਂ ਭਾਜਪਾ ਦੇ ਉਮੀਦਵਾਰ ਰਵਨੀਤ ਸਿੰਘ ਬਿੱਟੂ ਨੂੰ 3,01,282 ਵੋਟਾਂ ਜਦੋਂਕਿ ਅਕਾਲੀ ਦਲ ਦੇ ਰਣਜੀਤ ਸਿੰਘ ਢਿੱਲੋਂ ਨੂੰ 90,220 ਵੋਟਾਂ ਮਿਲੀਆਂ। ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ 2,07,205 ਅਤੇ ਅਕਾਲੀ ਦਲ ਦੇ ਅਨਿਲ ਜ਼ੋਸੀ ਨੂੰ 1,62,896 ਨੂੰ ਵੋਟਾਂ ਮਿਲੀਆਂ। ਗੁਰਦਾਸਪੁਰ ਤੋਂ ਅਕਾਲੀ ਦਲ ਦੇ ਡਾ. ਦਲਜੀਤ ਸਿੰਘ ਚੀਮਾ ਨੂੰ 85,500 ਜਦੋਂਕਿ ਭਾਜਪਾ ਦੇ ਉਮੀਦਵਾਰ ਨੂੰ 2,81,182 ਵੋਟਾਂ ਮਿਲੀਆਂ। ਜਲੰਧਰ ਤੋਂ ਭਾਜਪਾ ਨੂੰ 2,14,060, ਅਕਾਲੀ ਦਲ ਨੂੰ 67,111; ਹੁਸ਼ਿਆਰਪੁਰ ਤੋਂ ਭਾਜਪਾ ਨੂੰ 1,99,994 ਦੇ ਮੁਕਾਬਲੇ ਅਕਾਲੀ ਦਲ ਨੂੰ 91,789; ਆਨੰਦਪੁਰ ਸਾਹਿਬ ਤੋਂ ਭਾਜਪਾ ਨੂੰ 1,86,578, ਅਕਾਲੀ ਦਲ ਨੂੰ 1,17,736 ਵੋਟਾਂ; ਫਰੀਦਕੋਟ ਤੋਂ ਭਾਜਪਾ ਨੂੰ 1,23,553 ਅਤੇ ਅਕਾਲੀ ਦਲ ਨੂੰ 1,38,251 ਵੋਟਾਂ ਪਈਆਂ। ਫ਼ਤਹਿਗੜ੍ਹ ਸਾਹਿਬ ਤੋਂ ਭਾਜਪਾ ਨੂੰ 1,27,511 ਅਤੇ ਅਕਾਲੀ ਦਲ ਨੂੰ 1,26,730 ਵੋਟਾਂ ਮਿਲੀਆਂ। ਬਠਿੰਡਾ ਤੋਂ ਇਲਾਵਾ ਭਾਜਪਾ ਨੂੰ ਖਡੂਰ ਸਾਹਿਬ ਅਤੇ ਫਰੀਦਕੋਟ ਤੋਂ ਅਕਾਲੀ ਦਲ ਦੇ ਮੁਕਾਬਲੇ ਘੱਟ ਵੋਟਾਂ ਪ੍ਰਾਪਤ ਹੋਈਆਂ ਹਨ, ਜਦੋਂਕਿ ਬਾਕੀ ਸਭ ਥਾਂ 'ਤੇ ਭਾਜਪਾ ਅੱਗੇ ਰਹੀ।

# 25000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਹੌਲਦਾਰ ਵਿਜ਼ੀਲੈਂਸ ਵੱਲੋਂ ਗ੍ਰਿਫਤਾਰ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਥਾਣਾ ਘੜੂੰਆਂ , ਐਸ.ਏ.ਐਸ. ਨਗਰ ਵਿਖੇ ਤਾਇਨਾਤ ਹੌਲਦਾਰ ਮਨਪ੍ਰੀਤ ਸਿੰਘ (386/ ਐਸ.ਏ.ਐਸ. ਨਗਰ) ਵਿਰੁੱਧ 25000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਲਈ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ ਤੇ ਉਸ ਨੂੰ ਗ੍ਰਿਫਤਾਰ ਕਰ ਲਿਆ ਹੈ। ਅੱਜ ਇੱਥੇ ਇਹ ਪ੍ਰਗਟਾਵਾ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਲਜਿੰਦਰ ਕੌਰ ਵੱਲੋਂ ਮੁੱਖ ਮੰਤਰੀ ਦੇ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ 'ਤੇ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ ਦੇ ਆਧਾਰ 'ਤੇ ਉਕਤ ਪੁਲਿਸ ਮੁਲਾਜ਼ਮ, ਜੋ ਹੁਣ ਥਾਣਾ ਬਲੌਂਗੀ ਵਿਖੇ ਤਾਇਨਾਤ ਹੈ, ਵਿਰੁੱਧ ਇਹ ਮੁਕੱਦਮਾ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਹੈ ਕਿ ਉਸਨੇ ਥਾਣਾ ਘੜੂੰਆਂ ਵਿਖੇ ਇੱਕ ਪੁਲਿਸ ਕੇਸ ਦਰਜ ਕਰਵਾਇਆ ਗਿਆ ਸੀ ਅਤੇ ਉਕਤ ਪੁਲਿਸ ਮੁਲਾਜ਼ਮ ਨੇ ਇਸ ਮਾਮਲੇ ਦੀ ਜਾਂਚ ਜਲਦ ਮੁਕੰਮਲ ਕਰਨ ਬਦਲੇ ਸ਼ਿਕਾਇਤਕਰਤਾ ਤੋਂ 50,000 ਰੁਪਏ ਦੀ ਮੰਗ ਕੀਤੀ ਸੀ ਅਤੇ ਜਿਸ ਵਿੱਚੋਂ 25,000 ਰੁਪਏ ਉਹ ਪਹਿਲਾਂ ਹੀ ਲੈ ਚੁੱਕਾ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਸਿੱਧ ਹੋਇਆ ਕਿ ਉਕਤ ਪੁਲਿਸ ਹੌਲਦਾਰ ਨੇ ਸ਼ਿਕਾਇਤਕਰਤਾ ਪਾਸੋਂ ਉਕਤ ਮੰਤਵ ਲਈ 25000 ਰੁਪਏ ਰਿਸ਼ਵਤ ਲਈ ਸੀ। ਇਸ ਤੋਂ ਬਾਅਦ ਦੋਸ਼ੀ ਖ਼ਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਫਲਾਇੰਗ ਸਕੁਐਡ-1 ਪੰਜਾਬ, ਐਸ.ਏ.ਐਸ. ਨਗਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਮੁਲਜ਼ਮ ਹੌਲਦਾਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਉਸ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

# ਬੰਗਾ ਰੋਡ ਹਜਰਤ ਦਰਬਾਰ ਪੰਜ ਪੀਰ ਵਿਖੇ ਸਲਾਨਾ ਜੋੜ ਮੇਲਾ ਧੂਮ ਧਾਮ ਨਾਲ ਮਨਾਇਆ

**ਨਵਾਂ ਸ਼ਹਿਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਬੰਗਾ ਰੋਡ ਹਜਰਤ ਦਰਬਾਰ ਪੰਜ ਪੀਰ ਵਿਖੇ ਸਲਾਨਾ ਜੋੜ ਮੇਲਾ ਧੂਮ ਧਾਮ ਨਾਲ ਮਨਾਇਆ ਗਿਆ । ਇਸ ਮੌਕੇ ਤੇ ਜਾਣਕਾਰੀ ਦਿੰਦੇ ਹੋਏ ਦਰਬਾਰ ਦੇ ਗੱਦੀ ਨਸ਼ੀਨ ਬਾਬਾ ਮਹਿਤਾਬ ਅਹਿਮਦ ਕਾਦਰੀ ਨੇ ਦੱਸਿਆ ਹੈ ਕਿ 4 ਜੂਨ ਨੂੰ ਮਹਿੰਦੀ ਦੀ ਰਸਮ ਕੀਤੀ ਗਈ ਚਿਰਾਗ ਰੋਸ਼ਨ ਕੀਤੇ ਗਏ। ਅਤੇ ਰਾਤ ਨੂੰ ਬੰਟੀ ਕਵਾਲ,ਇਸ਼ਰਤ ਅਲੀ,ਸਨਾ ਫਤਿਹ ਅਲੀ ਖਾਨ,ਆਬਿਦ ਅਲੀ,ਕਵਾਲੀਆ ਪ੍ਰੋਗਰਾਮ ਪੇਸ਼ ਕੀਤਾ ਗਿਆ ।

ਮੇਲੇ ਦੇ ਦੂਜੇ ਦਿਨ ਸਵੇਰੇ ਝੰਡੇ ਦੀ ਰਸਮ ਕੀਤੀ ਗਈ। ਅਤੇ ਚਾਦਰ ਦੀ ਰਸਮ ਏਡੀਜੀਪੀ ਸੰਜੀਵ ਕਾਲੜਾ ਤੈ ਦਰਬਾਰ ਦੇ ਗੱਦਨਸ਼ੀਨ ਬਾਬਾ ਮਹਿਤਾਬ ਅਹਿਮਦ ਕਾਦਰੀ ਤੇ ਵੱਖ ਵੱਖ ਡੇਰਿਆ ਤੋ ਆਏ ਸੰਤ ਫਕੀਰਾ ਵਲੋ ਕੀਤੀ ਗਈ। ਉਸ ਉਪੰਰਤ ਪੰਜਾਬ ਦੇ ਮਸ਼ਹੂਰ ਕਲਾਕਾਰ ਗਾਇਕ ਅਮਿਤ ਅਨਵਰ, ਵਲੋ ਮੇਲਾ ਪੀਰਾ ਦਾ ਸ਼ਰਧਾ ਨਾਲ ਮਨਾਈਏ,ਗੋਸਪਾਕ ਦੇ ਮਨਦੇ ,ਮਹੇਸ਼ ਸਾਜਨ ਪੀਰ ਦੀ ਕ੍ਰਿਪਾ ਹੋਗੀ, ਗਾਕੇ ਸੰਗਤਾ ਨੂੰ ਮੰਸਤੀ ਚ ਝੂਮਣ ਲਾ ਦਿੱਤਾ। ਇਸ ਉਪਰੰਤ ਮਨੀ ਗਿਲ, ਵਲੋ ਅੱਲਾ ਅੱਲਾ ਕਰਦਾ ਨੀ ਫਕੀਰ ਤੁਰਿਆ ਆਵੇ ਗਾਕੇ ਹਾਜਰੀ ਭਰੀ,ਅਤੇ ਸੁਲਤਾਨਾ ਨੂਰਾ ਵਲੋ ਅੱਲਾ ਹੂੰ ਦਾ ਅਵਾਜਾ ਆਵੇ,ਫੱਕਰਾ ਦੀ ਕੁਲੀ ਚ ਰੱਬ ਵਸਦਾ, ਗਾਕੇ ਫਕੀਰਾ ਨੂੰ ਮੰਸਤੀ ਚ ਝੂਮਣ ਲਗਾ ਦਿੱਤਾ ਤੇ ਸਟੇਜ ਸੰਚਾਲਕ ਦੀ ਭੂਮਿਕਾ ਦੀਪਾ ਮਿਓਵਾਲ ਤੇ ਕੁਲਰਾਜ ਮੁੰਹਮਦ ਰਾਜੀ ਵਲੋ ਨਿਭਾਈ ਗਈ।

ਸੰਗਤਾ ਨੂੰ ਆਸ਼ੀਰਵਾਦ ਦੇਣ ਲੀ ਵੱਖ ਵੱਖ ਡੇਰੇਆ ਤੋ ਸੰਤ ਫਕੀਰਾ ਨੇ ਸ਼ਿਰਕਤ ਕੀਤੀ।ਜਿਸ ਵਿੱਚ ਵਰੁਣ ਸੋਬਤੀ, ਬੀਬੀ ਬਲਜੀਤ ਕੋਰ ਕਾਦਰੀ, ਕੁੱਕੂ ਭਗਤ, ਮਹਿੰਦਰ ਸਾਈ, ਸੰਤ ਸਤਨਾਮ ਦਾਸ, ਮੋਨਿਕਾ ਦੇਵਾ,ਨਰਿੰਦਰ ਰਾਠੋਰ, ਜਸਵਿੰਦਰ ਕੁਮਾਰ,ਮਹਿੰਦਰ ਪਾਲ, ਗੁਰਮੇਲ ਸਿੰਘ, ਗੁਲਾਮ ਪੰਮੇ ਸ਼ਾਹ, ਬਾਬਾ ਪਿਆਰਾ, ਬਾਬਾ ਜਸਵਿੰਦਰ ਸ਼ਾਹ, ਬਾਬਾ ਜੀਤ ਸ਼ਾਹ, ਆਦਿ ਸ਼ਾਮਿਲ ਰਹੇ। ਬਾਬਾ ਮਹਿਤਾਬ ਵਲੋ ਆਇਆ ਸੰਗਤਾ ਅਤੇ ਮਹਿਮਾਨਾ ਨੂੰ ਸਿਰੋਪੇ ਪਾਕੇ ਸਨਮਾਨਿਤ ਕੀਤਾ ਗਿਆ। ਮੇਲੇ ਚ ਦੋਨੋ ਦਿਨ ਲੰਗਰ ਅਤੁਟ ਵਰਤੇਗਾ।

# ਬੱਸਾਂ ਦੇ ਗੁਦਾਮ 'ਚ ਲੱਗੀ ਅੱਗ, ਦੋ ਬੱਸਾਂ ਅਤੇ ਸਕੂਲ ਵੈਨਾਂ ਸੜ੍ਹੀਆ

**ਪਾਤੜਾਂ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੀ ਰਾਤ ਸਥਾਨਕ ਸ਼ਹਿਰ ਦੇ ਸੰਗਰੂਰ ਰੋਡ ਤੇ ਬੱਸਾਂ ਦੇ ਵੱਡੇ ਗੁਦਾਮ 'ਚ ਅਚਾਨਕ ਲੱਗੀ ਭਿਆਨਕ ਅੱਗ ਨਾਲ ਦੋ ਬੱਸਾਂ ਅਤੇ ਇੱਕ ਸਕੂਲ ਵੈਨ ਸੜ ਗਈਆਂ।ਸੂਚਨਾ ਮਿਲਦਿਆਂ ਹੀ ਸਥਾਨਕ ਸ਼ਹਿਰ ਦੇ ਸੈਕੜੇ ਲੋਕਾਂ ਨੇ ਮੌਕੇ ਤੇ ਪੁੱਜ ਕੇ ਪ੍ਰਸ਼ਾਸ਼ਨ ਅਤੇ ਆਸ ਪਾਸ ਦੇ ਲੋਕਾਂ ਨਾਲ ਮਿਲ ਕੇ ਬਹੁਤ ਜਲਦੀ ਅੱਗ ਤੇ ਕਾਬੂ ਪਾਇਆ ਜਿਸ ਨਾਲ ਕੋਈ ਵੱਡਾ ਨੁਕਸਾਨ ਹੋਣੋਂ ਬਚ ਗਿਆ।ਇਸ ਬਾਰੇ ਜਾਣਕਾਰੀ ਦਿੰਦਿਆਂ ਬੱਸਾਂ ਦੇ ਮਾਲਿਕ ਹੰਸ ਰਾਜ ਫਰੈਂਕੋ ਨੇ ਦੱਸਿਆ ਕਿ ਗੁਦਾਮ ਅੰਦਰ ਲਗਭਗ 30 ਸਕੂਲੀ ਬੱਸਾਂ,ਟਰਾਲੇ ਅਤੇ ਸਕੂਲ ਨਾਂ ਖੜੀਆਂ ਸਨ ਜਿਨ੍ਹਾਂ ਵਿੱਚੋਂ ਇੱਕ ਬੱਸ ਨੂੰ ਆਏ ਝੱਖੜ ਕਾਰਨ ਅਚਾਨਕ ਅੱਗ ਲੱਗ ਗਈ ਅਤੇ ਉਸਨੇ ਦੋ ਹੋਰ ਬੱਸਾਂ ਨੂੰ ਆਪਣੀ ਚਪੇਟ ਵਿੱਚ ਲੈ ਲਿਆ ਜਿਸਨੂੰ ਸ਼ਾਹ ਸਤਿਨਾਮ ਜੀ ਗ੍ਰੀਨ ਐਸ ਵੈਲਫੇਅਰ ਫੋਰਸ ਵਿੰਗ ਦੇ ਸੇਵਾਦਾਰਾਂ ਨੇ ਫਾਇਰ ਬ੍ਰਿਗੇਡ ਅਤੇ ਪ੍ਰਸ਼ਾਸ਼ਨ ਦੇ ਸਹਿਯੋਗ ਨਾਲ ਬੁਝਾਇਆ ਜਿਸ ਨਾਲ ਉਥੇ ਖੜੀਆਂ ਹੋਰ ਬੱਸਾਂ ਨੂੰ ਅੱਗ ਤੋਂ ਬਚਾ ਲਿਆ ਗਿਆ।ਹੰਸ ਰਾਜ ਨੇ ਡੇਰਾ ਪ੍ਰੇਮੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਡੇਰਾ ਪ੍ਰੇਮੀ ਬਿਨਾਂ ਕਿਸੇ ਸਵਾਰਥ ਦੇ ਹਰ ਸਮੇਂ ਲੋਕਾਂ ਦੀ ਕਿਸੇ ਵੀ ਮੁਸੀਬਤ ਸਮੇਂ ਮਦਦ ਕਰਦੇ ਹਨ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਦੀਪ ਥਿੰਦ ਨੇ ਕਿਹਾ ਕਿ ਮੈਂ ਸ਼ਾਹ ਸਤਿਨਾਮ ਜੀ ਗ੍ਰੀਨ ਐਸ ਵੈਲਫੇਅਰ ਫੋਰਸ ਵਿੰਗ ਦੇ ਸੇਵਾਦਾਰਾਂ ਦਾ ਫੈਨ ਹੋ ਗਿਆ ਹਾਂ ਕਿਉਂ ਕਿ ਇਹ ਪ੍ਰੇਮੀ ਇਲਾਕੇ ਅੰਦਰ ਇਸ ਹਫਤੇ ਚ ਹੋਈਆਂ ਅੱਗ ਦੀਆਂ ਘਟਨਾਵਾਂ ਚ ਸਭ ਤੋਂ ਪਹਿਲਾਂ ਪੁੱਜਦੇ ਹਨ ਅਤੇ ਆਪਣੀ ਜਾਨ ਦੀ ਪ੍ਰਵਾਹ ਨਾ ਕਰਦੇ ਹੋਏ ਮਨੁੱਖਤਾ ਦੀ ਸੇਵਾ ਕਰਦੇ ਹਨ ਜਿਨ੍ਹਾਂ ਦਾ ਉਹ ਦਿਲੋਂ ਸ਼ਲਾਘਾ ਕਰਦੇ ਹਨ ਅਤੇ ਇਸ ਕਾਰਜ ਲਈ ਡੇਰਾ ਪ੍ਰੇਮੀਆਂ ਦਾ ਧੰਨਵਾਦ ਵੀ ਕਰਦੇ ਹਨ।ਇਸ ਮੌਕੇ ਪ੍ਰਸ਼ਾਸ਼ਨ ਅਤੇ ਪੁਲਿਸ ਵਲੋਂ ਵੀ ਮੌਕੇ ਤੇ ਪੁੱਜ ਕੇ ਪੂਰਾ ਸਹਿਯੋਗ ਕੀਤਾ ਗਿਆ।

# ਦਰਬਾਰ ਕਿਲੇ ਵਾਲੀ ਸਰਕਾਰ ਦੀ ਤੇ ਲੱਗੇ 26ਵੇਂ ਸਲਾਨਾ ਮੇਲੇ ਦੌਰਾਨ ਬਹੁਤ ਵੱਡੀ ਗਿਣਤੀ 'ਚ ਸੰਗਤਾਂ ਨੇ ਆਪਣੀ ਹਾਜ਼ਰੀ ਲਵਾਈ

**ਨਵਾਂ ਸ਼ਹਿਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਨਵਾਂ ਸ਼ਹਿਰ ਸਥਾਨਕ ਇੰਡੀਸਟਰੀਅਲ ਏਰੀਆ ਫੋਕਲ ਪੁਆਇੰਟ ਮਿੱਲ ਕਲੋਨੀ ਕਿਲਾ ਮੁਹੱਲਾ ਨਵਾਂਸ਼ਹਿਰ ਦਰਬਾਰ 'ਕਿਲੇ ਵਾਲੀ ਸਰਕਾਰ ਦੀ ਤੇ ਲੱਗੇ 26ਵੇਂ ਸਲਾਨਾ ਮੇਲੇ ਦੌਰਾਨ ਬਹੁਤ ਵੱਡੀ ਗਿਣਤੀ 'ਚ ਸੰਗਤਾਂ ਨੇ ਆਪਣੀ ਹਾਜ਼ਰੀ ਲਵਾਈ। ਪ੍ਰਬੰਧਕ ਕਮੇਟੀ ਵਲੋਂ ਸੰਗਤਾਂ ਲਈ ਲੋੜੀਂਦੇ ਪ੍ਰਬੰਧ ਕੀਤੇ ਹੋਏ ਸਨ। ਦਰਬਾਰ ਦੇ ਗੱਦੀ ਨਸ਼ੀਨ ਬਾਬਾ ਪ੍ਰਸ਼ੋਤਮ ਲਾਲ ਨੇ ਦੱਸਿਆ ਕਿ ਮਹਿੰਦੀ ਦੀ ਰਸਮ, ਚਿਰਾਗ ਰੋਸ਼ਨ, ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ। 9 ਜੂਨ ਨੂੰ ਝੰਡੇ ਦੀ ਰਸਮ ਚਾਦਰ ਦੀ ਅਦਾ ਕੀਤੀ ਗਈ।

ਸ਼ਾਮ ਨੂੰ ਚਿਰਾਗ਼ ਰੋਸ਼ਨ ਕੀਤੇ ਗਏ ਜੀ ਨੇ ਸਮੁੱਚੇ ਨਗਰ ਦੀ ਖੁਸ਼ਹਾਲੀ ਅਤੇ ਸ਼ਾਂਤੀ ਲਈ ਅਰਦਾਸ ਕੀਤੀ। ਕੱਵਾਲੀਆਂ ਦੇ ਪ੍ਰੋਗਰਾਮ ਦੀ ਸ਼ੁਰੂਆਤ ਬਲਜਿੰਦਰ ਬੈਂਸ, ਜੱਸਾ ਫਤੇਪੁਰੀਆ, ਜੱਸੀ ਨਿਤ ਖੈਰ ਮੰਗਾ ਮੇਰੇ ਪੰਜ ਪੀਰ ਸਰਕਾਰ ਦੇ, ਮੈਂ ਸੂਫੀ ਕਲਾਮ ਜਿਵੇਂ ਕਮਲੀ ਕਲਾਕਾਰਾਂ ਨੇ ਆਪਣੇ ਪ੍ਰੋਗਰਾਮ ਪੇਸ਼ ਕਰਕੇ ਆਪਣੀ ਹਾਜ਼ਰੀ ਲਗਵਾਈ। ਲੰਗਰ ਵੀ ਅਤੁੱਟ ਵਰਤਾਇਆ ਗਿਆ ਸੰਗਤ ਲਈ ਹਰ ਤਰ੍ਹਾਂ ਹਰ ਸਾਲ ਮੇਲੇ ਦਰਬਾਰ 'ਕਿਲੇ ਵਾਲੀ ਸਰਕਾਰ ਵਿਚ ਹਜ਼ਾਰਾਂ ਸ਼ਰਧਾਲੂ ਬਾਬਾ ਜੀ ਨੂੰ ਸਿਜਦਾ ਕਰਕੇ ਆਪਣੀਆਂ ਮਨੋਕਾਮਨਾਵਾਂ ਪੂਰੀਆ ਕਰਦੀਆਂ ਹਨ ਦਰਬਾਰ ਦੇ ਗੱਦੀ ਨਸ਼ੀਨ ਬਾਬਾ ਪ੍ਰਸੋ ?ਤਮ ਲਾਲ ਨੇ ਕਿਹਾ ਕਿ ਸਾਨੂੰ ਦੁਨੀਆਦਾਰੀ ਦੇ ਚੱਕਰ ਨੂੰ ਛੱਡ ਕੇ ਉਸ ਖੁਦਾ ਦੀ ਬੰਦਗੀ ਕਰਨੀ ਚਾਹੀਦੀ ਹੈ। ਕਿਉਂਕਿ ਬੰਦਗੀ ਤੋਂ ਬਗੈਰ ਬੰਦਾ ਮਿੱਟੀ ਦੇ ਸਮਾਨ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਰੀਰਕ ਕਸ਼ਟ ਉਦੋਂ ਝੱਲਣੇ ਪੈਂਦੇ ਹਨ ਜਦੋਂ ਅਸੀਂ ਮਾਇਆ ਦੇ ਮੋਹ ਵਿਚ ਫਸ ਕੇ ਧੀਆਂ ਪੁੱਤਰਾਂ ਦੇ ਜੰਜਾਰ ਵਿਚ ਫਸ ਜਾਂਦੇ ਹਾਂ ਅਤੇ ਉਸ ਖੁਦਾ ਨੰ ਦਿਲੋਂ ਭੁਲਾ ਦਿੰਦੇ ਹਾਂ। ਉਨ੍ਹਾਂ ਕਿਹਾ ਕਿ ਉਸ ਅੱਲ੍ਹਾ ਦੀ ਬੰਦਗੀ ਕਰਨ ਵਾਲਾ ਮਨੁੱਖ ਲੱਖ ਮੁਸੀਬਤਾਂ ਵਿਚ ਘਿਰਿਆ ਹੋਇਆ ਵੀ ਕਦੇ ਨਹੀਂ ਡੋਲਦਾ। ਉਨ੍ਹਾਂ ਸਭ ਨੂੰ ਨਾਮ ਜਪਣ ਨੂੰ ਕਿਹਾ ।ਇਸ ਮੋਕੇ ਦਰਬਾਰ ਬਾਬਾ ਰਾਜੇਸ਼ ਦਾਸ, ਬਾਬਾ ਪਰਮਜੀਤ ਪੰਮਾ ਬਾਬਾ ਵਰੁਨ ਸੋਬਤੀ, ਹੋਰ ਫੱਕਰ ਮੌਜੂਦ ਸਨ।

# ਪਾਕਿਸਤਾਨ: ਸੂਬਾ ਪੰਜਾਬ ਦੀ ਵਿਧਾਨ ਸਭਾ 'ਚ ਮੈਂਬਰ ਹੁਣ ਪੰਜਾਬੀ ਬੋਲ ਸਕਣਗੇ

**ਇਸਲਾਮਾਬਾਦ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਕਿਸਤਾਨ ਦੀ ਪੰਜਾਬ ਅਸੈਂਬਲੀ ਦੇ ਮੈਂਬਰ ਹੁਣ ਸਦਨ ਵਿੱਚ ਅੰਗਰੇਜ਼ੀ ਅਤੇ ਉਰਦੂ ਤੋਂ ਇਲਾਵਾ ਪੰਜਾਬੀ ਸਮੇਤ ਘੱਟੋ-ਘੱਟ ਚਾਰ ਸਥਾਨਕ ਭਾਸ਼ਾਵਾਂ ਵਿੱਚ ਬੋਲ ਸਕਣਗੇ। ਇਸ ਸਬੰਧੀ ਸੋਧ ਕੀਤੀ ਗਈ ਹੈ।

ਪੰਜਾਬ ਅਸੈਂਬਲੀ ਦੇ ਸਪੀਕਰ ਮਲਿਕ ਮੁਹੰਮਦ ਅਹਿਮਦ ਖ਼ਾਨ ਦੀ ਅਗਵਾਈ ਵਾਲੀ ਸਦਨ ਦੀ ਵਿਸ਼ੇਸ਼ ਕਮੇਟੀ ਨੇ ਉਨ੍ਹਾਂ ਸੋਧਾਂ ਨੂੰ ਮਨਜ਼ੂਰੀ ਦਿੱਤੀ, ਜਿਸ ਨਾਲ ਮੈਂਬਰ ਸਦਨ ਨੂੰ ਅੰਗਰੇਜ਼ੀ ਅਤੇ ਉਰਦੂ ਦੇ ਨਾਲ-ਨਾਲ ਪੰਜਾਬੀ, ਸਰਾਇਕੀ, ਪੋਠੋਹਾਰੀ ਅਤੇ ਮੇਵਾਤੀ ਵਿੱਚ ਸੰਬੋਧਨ ਕਰ ਸਕਣਗੇ।ਇਸ ਤੋਂ ਪਹਿਲਾਂ ਅੰਗਰੇਜ਼ੀ ਤੇ ਉਰਦੂ ਤੋਂ ਇਲਾਵਾ ਕਿਸੇ ਹੋਰ ਭਾਸ਼ਾ 'ਚ ਬੋਲਣ ਲਈ ਸਪੀਕਰ ਦੀ ਆਗਿਆ ਲੈਣੀ ਪੈਂਦੀ ਸੀ।

# ਰਾਜਾ ਵੜਿੰਗ ਨੇ ਚੇਅਰਮੈਨ ਨੂੰ ਲੋਕਾਂ ਨੂੰ ਬਿਜਲੀ ਦੀ ਦਰਪੇਸ਼ ਸਮੱਸਿਆ ਦਾ ਤੁਰੰਤ ਹੱਲ ਕਰਨ ਲਈ ਕਿਹਾ

**ਲੁਧਿਆਣਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਲੁਧਿਆਣਾ ਲੋਕ ਸਭਾ ਸੀਟ ਤੋਂ ਨਵੇਂ ਚੁਣੇ ਗਏ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸੋਸ਼ਲ ਮੀਡੀਆ 'ਤੇ ਵੀਡੀਓ ਸਾਂਝੀ ਕਰਦਿਆਂ ਲੁਧਿਆਣਾ ਵਾਸੀਆਂ ਨੂੰ ਆ ਰਹੀ ਬਿਜਲੀ ਦੀ ਸਮੱਸਿਆ ਦਾ ਜ਼ਿਕਰ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਵੱਲੋਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਦੇ ਚੇਅਰਮੈਨ ਨਾਲ ਗੱਲਬਾਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਚੇਅਰਮੈਨ ਨੂੰ ਲੁਧਿਆਣਾ ਵਿਚ ਬਿਜਲੀ ਦੇ ਲੱਗ ਰਹੇ ਅਣਐਲਾਨੇ ਕੱਟਾਂ ਬਾਰੇ ਜਾਣੂੰ ਕਰਵਾਇਆ ਗਿਆ ਹੈ ਤੇ ਲੋਕਾਂ ਨੂੰ ਦਰਪੇਸ਼ ਸਮੱਸਿਆ ਦਾ ਤੁਰੰਤ ਹੱਲ ਕਰਨ ਲਈ ਕਿਹਾ ਗਿਆ ਹੈ। ਰਾਜਾ ਵੜਿੰਗ ਨੇ ਕਿਹਾ ਕਿ ਲੁਧਿਆਣਾ ਜਿਹੇ ਉਦਯੋਗਿਕ ਸ਼ਹਿਰ ਵਿਚ ਲੱਗ ਰਹੇ ਬਿਜਲੀ ਦੇ ਕੱਟਾਂ ਨੂੰ ਕਿਸੇ ਹਾਲਤ ਵਿਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬਿਜਲੀ ਦੀ ਸਮੱਸਿਆ ਤੋਂ ਵੱਡੇ ਉਦਯੋਗਪਤੀਆਂ ਦੇ ਨਾਲ-ਨਾਲ ਘਰੇਲੂ ਬਿਜਲੀ ਉਪਭੋਗਤਾ ਵੀ ਪਰੇਸ਼ਾਨ ਹਨ। ਅੱਗ ਵਰ੍ਹਾਊ ਗਰਮੀ ਵਿਚ ਲੋਕਾਂ ਨੂੰ ਬਿਜਲੀ ਅਤੇ ਪੀਣ ਵਾਲੇ ਪਾਣੀ ਲਈ ਤਰਸਨਾ ਪੈ ਰਿਹਾ ਹੈ।

ਦੱਸ ਦਈਏ ਕਿ ਬੀਤੀ ਦੇਰ ਸ਼ਾਮ ਆਈ ਹਨੇਰੀ-ਝੱਖੜ ਕਾਰਨ ਲੁਧਿਆਣਾ ਦੇ ਕਈ ਇਲਾਕਿਆਂ ਵਿਚ ਬਿਜਲੀ ਦੇ ਖੰਭੇ ਤੇ ਹਾਈ ਵੋਲਟੇਜ ਤਾਰਾਂ ਉੱਖੜ ਕੇ ਸੜਕ 'ਤੇ ਆ ਡਿੱਗੀਆਂ। ਇਸ ਕਾਰਨ ਬਹੁਤ ਸਾਰੇ ਇਲਾਕਿਆਂ ਵਿਚ ਬਿਜਲੀ ਬੰਦ ਹੋ ਗਈ, ਜੋ ਤਕਰੀਬਨ 20 ਘੰਟੇ ਬੀਤ ਜਾਣ ਦੇ ਬਾਵਜੂਦ ਬਹਾਲ ਨਹੀਂ ਹੋ ਸਕੀ। ਇਸ ਕਾਰਨ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਵਿਚ ਵੀ ਦਿੱਕਤ ਆ ਰਹੀ ਹੈ।

## ਸੰਪਾਦਕੀ

# ਬੇਰੁਜ਼ਗਾਰੀ, ਵਧਦੀ ਮਹਿੰਗਾਈ ਅਤੇ ਲੋਕਾਂ ਦੀ ਘਟ ਰਹੀ ਆਮਦਨ

ਲੋਕਨੀਤੀ ਅਤੇ ਸੈਂਟਰ ਫਾਰ ਸਟੱਡੀ ਆਫ ਡਿਵੈਲਪਿੰਗ ਸੁਸਾਇਟੀਜ਼ (ਸੀਐੱਸਡੀਐੱਸ) ਵੱਲੋਂ ਚੋਣਾਂ ਤੋਂ ਬਾਅਦ ਕਰਵਾਏ ਗਏ ਸਰਵੇਖਣ ਵਿੱਚ ਕਿਹਾ ਗਿਆ ਹੈ ਕਿ ਬੇਰੁਜ਼ਗਾਰੀ, ਵਧਦੀ ਮਹਿੰਗਾਈ ਅਤੇ ਲੋਕਾਂ ਦੀ ਘਟ ਰਹੀ ਆਮਦਨ ਜਿਹੇ ਬਹੁਤ ਸਾਰੇ ਆਰਥਿਕ ਮੁੱਦਿਆਂ ਨੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਲੋਕਾਂ ਦੀ ਪਸੰਦ-ਨਾਪਸੰਦ ਨਿਰਧਾਰਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਐਤਕੀਂ ਸੱਤਾਧਾਰੀ ਭਾਰਤੀ ਜਨਤਾ ਪਾਰਟੀ ਆਪਣੇ ਬਲਬੂਤੇ ਬਹੁਮਤ ਹਾਸਿਲ ਕਰਨ ਵਿੱਚ ਨਾਕਾਮ ਰਹੀ ਹੈ ਅਤੇ ਇਸ ਮੁਤੱਲਕ ਚਰਚਾ ਚੱਲ ਰਹੀ ਹੈ ਕਿ ਅਜਿਹੇ ਕਿਹੜੇ ਕਾਰਕ ਸਨ ਜਿਨ੍ਹਾਂ ਨੇ ਚੋਣ ਨਤੀਜਿਆਂ ਨੂੰ ਨਿਰਧਾਰਤ ਕੀਤਾ ਹੈ। ਚੋਣਾਂ ਤੋਂ ਬਾਅਦ ਕੀਤੇ ਗਏ ਇਸ ਸਰਵੇਖਣ ਤਹਿਤ ਜਿਨ੍ਹਾਂ ਲੋਕਾਂ ਨਾਲ ਰਾਬਤਾ ਕੀਤਾ ਗਿਆ, ਉਨ੍ਹਾਂ ’ਚੋਂ ਘੱਟੋ-ਘੱਟ 30 ਫ਼ੀਸਦੀ ਨੇ ਇਹ ਆਖਿਆ ਹੈ ਕਿ ਉਹ ਮਹਿੰਗਾਈ ਨੂੰ ਲੈ ਕੇ ਫਿ ?ਕਰਮੰਦ ਹਨ ਜਦੋਂਕਿ ਚੋਣਾਂ ਤੋਂ ਪਹਿਲਾਂ ਲੋਕਨੀਤੀ ਅਤੇ ਸੀਐੱਸਡੀਐੱਸ ਦੇ ਸਰਵੇਖਣ ਵਿੱਚ ਅਜਿਹੀ ਚਿੰਤਾ ਪ੍ਰਗਟ ਕਰਨ ਵਾਲੇ ਲੋਕਾਂ ਦੀ ਗਿਣਤੀ 20 ਫ਼ੀਸਦੀ ਰਹੀ ਸੀ।

ਚੋਣਾਂ ਤੋਂ ਪਹਿਲਾਂ ਕੀਤੇ ਗਏ ਸਰਵੇਖਣ ਵਿੱਚ 32 ਫ਼ੀਸਦੀ ਲੋਕਾਂ ਲਈ ਬੇਰੁਜ਼ਗਾਰੀ ਮੁੱਖ ਸਰੋਕਾਰ ਸੀ ਜਦੋਂਕਿ ਤਾਜ਼ਾਤਰੀਨ ਸਰਵੇਖਣ ਵਿੱਚ ਬੇਰੁਜ਼ਗਾਰੀ ਨੂੰ ਮੁੱਖ ਮੁੱਦਾ ਮੰਨਣ ਵਾਲਿਆਂ ਦੀ ਗਿਣਤੀ 27 ਫ਼ੀਸਦੀ ਹੈ ਜਿਸ ਬਾਰੇ ਇਹ ਸੰਭਵ ਹੈ ਕਿ ਇਹ ਕਮੀ ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਰੁਜ਼ਗਾਰ ਬਾਰੇ ਕੀਤੇ ਗਏ ਵਾਅਦਿਆਂ ਕਰ ਕੇ ਆਈ ਹੋਵੇ। ਇਨ੍ਹਾਂ ਤੋਂ ਇਲਾਵਾ ਵੋਟਰਾਂ ਦੇ ਕਾਫ਼ੀ ਵੱਡੇ ਹਿੱਸੇ ਉੱਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਲੀਡਰਸ਼ਿਪ ਅਤੇ ਦੇਸ਼ ਨੂੰ ਵਿਕਾਸ ਦੇ ਰਾਹ ’ਤੇ ਪਾਉਣ ਲਈ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਦੀਆਂ ਕੋਸ਼ਿਸ਼ਾਂ ਨੇ ਭਰਵਾਂ ਅਸਰ ਦਿਖਾਇਆ ਹੈ। ਸਿਤਮਜ਼ਰੀਫ਼ੀ ਇਹ ਹੈ ਕਿ ਸਰਵੇਖਣ ਮੁਤਾਬਿਕ ਰਾਮ ਮੰਦਰ ਦਾ ਨਿਰਮਾਣ ਸਰਕਾਰ ਦਾ ‘ਸਭ ਤੋਂ ਵੱਧ ਪਸੰਦ ਕੀਤਾ ਗਿਆ’ ਕਾਰਜ ਸੀ ਪਰ ਇਸ ਦੇ ਬਾਵਜੂਦ ਭਾਜਪਾ ਅਯੁੱਧਿਆ ਜਿ ?ਲ੍ਹੇ ਵਿੱਚ ਪੈਂਦੀ ਫ਼ੈਜ਼ਾਬਾਦ ਸੀਟ ਹਾਰ ਗਈ ਅਤੇ ਉੱਤਰ ਪ੍ਰਦੇਸ਼ ਸੂਬੇ ਵਿਚਲੀਆਂ ਲੋਕ ਸਭਾ ਦੀਆਂ ਸੀਟਾਂ ’ਤੇ ਇਸ ਦੀ ਕਾਰਗੁਜ਼ਾਰੀ ਆਸ ਨਾਲੋਂ ਕਾਫ਼ੀ ਮਾੜੀ ਰਹੀ।

ਗੱਠਜੋੜ ਦੀ ਖਿੱਚੋਤਾਣ ਅਤੇ ਦਬਾਅ ਤੀਜੇ ਕਾਰਜਕਾਲ ਦੌਰਾਨ ਭਾਵੇਂ ਮੋਦੀ ਦੇ ਮਿਜ਼ਾਜ ਨੂੰ ਪਰਖਣਗੇ ਪਰ ਭਾਰਤੀ ਜਨਤਾ ਪਾਰਟੀ ਨੂੰ ਇਹ ਸਵੀਕਾਰ ਕਰਨ ਦੀ ਲੋੜ ਹੈ ਕਿ ਪ੍ਰਧਾਨ ਮੰਤਰੀ ਦਾ ਜਲੌਅ ਹੁਣ ਉਹ ਨਹੀਂ ਰਿਹਾ ਜੋ ਦਹਾਕਾ ਜਾਂ ਘੱਟੋ-ਘੱਟ ਪੰਜ ਸਾਲ ਪਹਿਲਾਂ ਸੀ। ਪਾਰਟੀ ਹਮੇਸ਼ਾ ਚੁਣਾਵੀ ਲਾਭ ਲਈ ਲੋਕਾਂ ’ਚ ਉਨ੍ਹਾਂ ਦੀ ਖਿੱਚ ਉੱਤੇ ਜਿ ?ਆਦਾ ਨਿਰਭਰ ਨਹੀਂ ਕਰ ਸਕਦੀ। ਇਸ ਨੂੰ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਮਹਿੰਗਾਈ ਨੂੰ ਨੱਥ ਪਾਉਣ ਲਈ ਅਸਲ ’ਚ ਸਰਗਰਮੀ ਨਾਲ ਕੰਮ ਕਰਨਾ ਪਏਗਾ। 2047 ਤੱਕ ਭਾਰਤ ਨੂੰ ਵਿਕਸਤ ਦੇਸ਼ (ਵਿਕਸਤ ਭਾਰਤ) ਬਣਾਉਣਾ ਅਜੇ ਕਾਫ਼ੀ ਦੂਰ ਦੀ ਗੱਲ ਜਾਪਦੀ ਹੈ। ਦੇਸ਼ ਦੇ ਨੌਜਵਾਨ ਨਾਗਰਿਕ, ਵਿਸ਼ੇਸ਼ ਤੌਰ ’ਤੇ ਉੱਚ ਪੱਧਰੀ ਸਿੱਖਿਆ, ਵਿਸ਼ਵ ਪੱਧਰੀ ਖੇਡ ਸਹੂਲਤਾਂ ਅਤੇ ਲਾਹੇਵੰਦ ਰੁਜ਼ਗਾਰ ਤੇ ਉੱਦਮੀ ਮੌਕਿਆਂ ਦੀਆਂ ਗਾਰੰਟੀਆਂ ਦੀ ਪੂਰਤੀ ਦੀ ਜਿ ?ਆਦਾ ਦੇਰ ਤੱਕ ਉਡੀਕ ਨਹੀਂ ਕਰ ਸਕਦੇ। ਉਂਝ ਵੀ, ਮੁਲਕ ਵਿਚ ਲੋੜੀਂਦੇ ਸੋਮਿਆਂ-ਸਰੋਤਾਂ ਦੀ ਥੁੜ੍ਹ ਨਹੀਂ ਹੈ, ਇਸ ਲਈ ਅਵਾਮ ਦੀ ਔਕੜਾਂ ਤਰਜੀਹੀ ਆਧਾਰ ’ਤੇ ਨਜਿੱਠਣੀਆਂ ਚਾਹੀਦੀਆਂ ਹਨ।

# ਭਾਰਤ ਦੀ ਰਾਜਧਾਨੀ ਵਿਚ ਵੱਧ ਰਿਹਾ ਪਾਣੀ ਦਾ ਸੰਕਟ

ਹਿਮਾਚਲ ਪ੍ਰਦੇਸ਼ ਵੱਲੋਂ ਦਿੱਲੀ ਲਈ ਪਾਣੀ ਦੀ ਵਾਧੂ ਮਾਤਰਾ ਦੇਣ ਦੀ ਹਾਮੀ ਭਰੀ ਗਈ ਸੀ ਜਿਸ ਬਾਬਤ ਹੁਣ ਹਰਿਆਣਾ ਨੂੰ ਇਸ ਦੀ ਸਪਲਾਈ ਯਕੀਨੀ ਬਣਾਉਣ ਲਈ ਸੁਪਰੀਮ ਕੋਰਟ ਵੱਲੋਂ ਦਿੱਤੇ ਗਏ ਨਿਰਦੇਸ਼ ਦੇਸ਼ ਦੀ ਜਲ ਰਾਜਨੀਤੀ ਦੇ ਮੁੱਦਿਆਂ ਦੀ ਨਿਸ਼ਾਨਦੇਹੀ ਕਰਦੇ ਹਨ। ਹਿਮਾਚਲ ਪ੍ਰਦੇਸ਼ ਦੀ ਦਿੱਲੀ ਨਾਲ ਹੱਦ ਨਾ ਲੱਗਣ ਕਰ ਕੇ ਇਹ ਵਾਧੂ ਪਾਣੀ ਹਰਿਆਣਾ ਦੇ ਵਜ਼ੀਰਾਬਾਦ ਬੈਰਾਜ ਰਾਹੀਂ ਸਪਲਾਈ ਕੀਤਾ ਜਾਂਦਾ ਹੈ। ਇਸ ਵਾਰ ਜਿਵੇਂ ਕਹਿਰਾਂ ਦੀ ਗਰਮੀ ਪੈ ਰਹੀ ਹੈ ਤਾਂ ਦਿੱਲੀ ਪਾਣੀ ਦੇ ਸੰਕਟ ਦਾ ਸਾਹਮਣਾ ਕਰ ਰਹੀ ਹੈ। ਅਦਾਲਤ ਨੇ ਪਾਣੀ ਦੀ ਵੰਡ ਪ੍ਰਤੀ ਗ਼ੈਰ-ਰਾਜਨੀਤਕ ਪਹੁੰਚ ਅਪਣਾਉਣ ਦੀ ਅਪੀਲ ਕੀਤੀ ਹੈ ਜੋ ਇਸ ਗੱਲ ਨੂੰ ਉਜਾਗਰ ਕਰਦਾ ਹੈ ਕਿ ਵੱਖ-ਵੱਖ ਸੂਬਿਆਂ ਦਰਮਿਆਨ ਸਹਿਯੋਗ ਅਤੇ ਤਰਕਸੰਗਤ ਸਰੋਤ ਪ੍ਰਬੰਧਨ ਦੀ ਬੁਨਿਆਦੀ ਲੋੜ ਹੈ। ਦਿੱਲੀ ਆਪਣੀਆਂ ਜਲ ਲੋੜਾਂ ਦੀ ਪੂਰਤੀ ਲਈ ਗੁਆਂਢੀ ਸੂਬਿਆਂ ’ਤੇ ਨਿਰਭਰ ਕਰਦੀ ਹੈ ਜਿਸ ਕਰ ਕੇ ਇਹ ਅੰਤਰ-ਰਾਜੀ ਵਿਵਾਦਾਂ ਅਤੇ ਪਾਣੀ ਦੇ ਪ੍ਰਬੰਧ ਵਿੱਚ ਕਮੀਆਂ ਦਾ ਸ਼ਿਕਾਰ ਹੁੰਦੀ ਰਹਿੰਦੀ ਹੈ।

ਪਿਛਲੇ ਕਈ ਸਾਲਾਂ ਤੋਂ ਇਹ ਮਾਮਲਾ ਵਿਵਾਦ ਦਾ ਸਵਾਲ ਬਣਿਆ ਹੋਇਆ ਸੀ ਜਿਸ ਤੋਂ ਪਤਾ ਲਗਦਾ ਹੈ ਕਿ ਪਾਣੀ ਦੀ ਵਿਵਸਥਾ ਨਾਲ ਗਹਿਰੇ ਮੁੱਦੇ ਜੁੜੇ ਹੋਏ ਹਨ। ਹਰਿਆਣਾ ’ਤੇ ਵਾਰ-ਵਾਰ ਦੋਸ਼ ਲੱਗਦੇ ਰਹੇ ਹਨ ਕਿ ਉਸ ਨੇ ਆਪਣੀਆਂ ਜਲ ਲੋੜਾਂ ਅਤੇ ਹਿਮਾਚਲ ਤੋਂ ਮਿਲਦੇ ਵਾਧੂ ਪਾਣੀ ਦੀ ਪੈਮਾਇਸ਼ ਦੇ ਸਪੱਸ਼ਟ ਪ੍ਰਬੰਧ ਨਾ ਹੋਣ ਦੇ ਹਵਾਲੇ ਦੇ ਕੇ ਦਿੱਲੀ ਦੇ ਹਿੱਸੇ ਦਾ ਪਾਣੀ ਰੋਕਿਆ ਹੋਇਆ ਹੈ। ਇਹ ਵਿਵਾਦ ਅਕਸਰ ਗਰਮੀਆਂ ਦੇ ਮੌਸਮ ਵਿੱਚ ਉੱਠਦੇ ਹਨ ਜਿਸ ਕਰ ਕੇ ਕਾਨੂੰਨੀ ਲੜਾਈਆਂ ਚੱਲਦੀਆਂ ਰਹਿੰਦੀਆਂ ਹਨ। ਅਜਿਹੇ ਮਾਮਲਿਆਂ ਵਿੱਚ ਸਾਲਸੀ ਕਰਨ ਦੀ ਜਿ ?ਮੇਵਾਰੀ ਅਪਰ ਯਮਨਾ ਬੋਰਡ ਦੀ ਹੈ ਜਿਸ ਉੱਪਰ ਨਾਅਹਿਲੀਅਤ ਦੇ ਦੋਸ਼ ਲਾਏ ਜਾਂਦੇ ਰਹੇ ਹਨ। ਇਸ ਲਈ ਪਾਣੀ ਦੇ ਪ੍ਰਬੰਧ ਦੇ ਸਬੰਧ ਵਿੱਚ ਸਹਿਯੋਗੀ ਅਤੇ ਪਾਰਦਰਸ਼ੀ ਪਹੁੰਚ ਅਪਣਾਈ ਜਾਣੀ ਚਾਹੀਦੀ ਹੈ। ਪਾਣੀ ਦਾ ਚੱਲ ਰਿਹਾ ਸੰਕਟ ਨਾ ਕੇਵਲ ਜਨਤਕ ਸਿਹਤ ਲਈ ਖ਼ਤਰਾ ਬਣ ਸਕਦਾ ਹੈ ਸਗੋਂ ਪਾਣੀ ਦੇ ਹੰਢਣਸਾਰ ਅਤੇ ਸਮਤਾਪੂਰਨ ਪ੍ਰਬੰਧਨ ਦੀ ਲੋੜ ਨੂੰ ਵੀ ਰੇਖਾਂਕਿਤ ਕਰਦਾ ਹੈ।

ਦਿੱਲੀ ਸਰਕਾਰ ਨੂੰ ਵੀ ਆਪਣੀਆਂ ਅੰਦਰੂਨੀ ਕਮੀਆਂ ਨੂੰ ਠੀਕ ਕਰਨ ਦੀ ਲੋੜ ਹੈ ਜਿਸ ਵਿੱਚ ਪਾਣੀ ਦੀ ਬਰਬਾਦੀ ਵੀ ਸ਼ਾਮਿਲ ਹੈ ਜੋ ਕਥਿਤ ਤੌਰ ’ਤੇ ਲੀਕੇਜ, ਚੋਰੀ ਤੇ ਟੈਂਕਰ ਮਾਫੀਆ ਕਾਰਨ 50 ਪ੍ਰਤੀਸ਼ਤ ਤੋਂ ਵੱਧ ਹੈ। ਸਰਕਾਰ ਨੂੰ ਗ਼ੈਰ-ਕਾਨੂੰਨੀ ਕੁਨੈਕਸ਼ਨਾਂ ’ਤੇ ਵੀ ਜੁਰਮਾਨੇ ਲਾਉਣੇ ਚਾਹੀਦੇ ਹਨ। ਇਸ ਦੇ ਨਾਲ ਹੀ ਵਿਆਪਕ ਹੱਲ ਲੱਭਣ ਦੀਆਂ ਕੋਸ਼ਿਸ਼ਾਂ ਮਜ਼ਬੂਤ ਕਰਨੀਆਂ ਚਾਹੀਦੀਆਂ ਹਨ। ਇਸ ਮਸਲੇ ਦਾ ਹੱਲ ਮਜ਼ਬੂਤ ਅੰਤਰ-ਰਾਜੀ ਤਾਲਮੇਲ ਅਤੇ ‘ਅੱਪਰ ਯਮਨਾ ਰਿਵਰ ਬੋਰਡ’ ਵਰਗੀਆਂ ਇਕਾਈਆਂ ਵੱਲੋਂ ਕਰਵਾਏ ਗਏ ਸਮਝੌਤਿਆਂ ਨੂੰ ਅਸਰਦਾਰ ਢੰਗ ਨਾਲ ਲਾਗੂ ਕਰਨ ਵਿੱਚ ਲੁਕਿਆ ਹੋਇਆ ਹੈ। ਇਨ੍ਹਾਂ ਨੂੰ ਜਲ ਪ੍ਰਬੰਧਨ ਪ੍ਰਤੀ ਇੱਕ ਗ਼ੈਰ-ਰਾਜਨੀਤਕ, ਸਹਿਯੋਗੀ ਪਹੁੰਚ ਅਪਣਾਉਣ ਦੀ ਲੋੜ ਹੈ ਜਿਸ ਤਹਿਤ ਨਾਗਰਿਕਾਂ ਦੀਆਂ ਲੋੜਾਂ ਨੂੰ ਪਹਿਲ ਦਿੱਤੀ ਜਾਵੇ। ਪਾਣੀ ਦੀ ਵਰਤੋਂ ਸਬੰਧੀ ਸਥਾਈ ਤੇ ਚੰਗੀਆਂ ਆਦਤਾਂ ਪਕਾਉਣ ਦੀ ਲੋੜ ਹੈ ਜਿਨ੍ਹਾਂ ਨੂੰ ਭਵਿੱਖੀ ਸੰਕਟ ਤੋਂ ਬਚਣ ਲਈ ਨੇਮ ਬਣਾਇਆ ਜਾਣਾ ਚਾਹੀਦਾ ਹੈ ਅਤੇ ਨਾਲ ਹੀ ਇਸ ਬਹੁਮੁੱਲੇ ਸਰੋਤ ਦੀ ਸਾਰਿਆਂ ਨੂੰ ਬਰਾਬਰ ਵੰਡ ਯਕੀਨੀ ਬਣਾਉਣ ਦੀ ਵੀ ਜ਼ਰੂਰਤ ਹੈ।

-ਅਨੀਤਾ ਜਾਂਗੜਾ

# ਮੋਦੀ ਦੀ ਸਿਆਸਤ ਅਤੇ ਕਾਂਗਰਸ ਦੀ ਪੁਨਰ-ਸੁਰਜੀਤੀ

**ਸੰਜੇ ਬਾਰੂ**

ਮਾਰਟਿਨ ਲੂਥਰ ਕਿੰਗ ਜੂਨੀਅਰ ਦਾ ਇੱਕ ਸੁਫ਼ਨਾ ਸੀ, ਸ਼ੀ ਜਿਨਪਿੰਗ ਦਾ ਇੱਕ ਸੁਫ਼ਨਾ ਸੀ, ਲੋਕ ਸਭਾ ਚੋਣਾਂ ਦੀ ਮੁਹਿੰਮ ’ਤੇ ਨਿਕਲਣ ਲੱਗਿਆਂ ਨਰਿੰਦਰ ਮੋਦੀ ਦਾ ਵੀ ਇੱਕ ਸੁਫ਼ਨਾ ਸੀ। ਉਨ੍ਹਾਂ ਦਾ ਕਿਆਸ ਸੀ ਕਿ ਕੌਮੀ ਜਮਹੂਰੀ ਗੱਠਜੋੜ (ਐੱਨਡੀਏ) ਨੂੰ 400 ਤੋਂ ਵੱਧ ਸੀਟਾਂ ਮਿਲਣਗੀਆਂ। ਇਸ ਹਫ਼ਤੇ ਇਹ ਸੁਫ਼ਨਾ ਕੌੜਾ ਸਾਬਿਤ ਹੋ ਗਿਆ। 2014 ਵਿੱਚ ਮੋਦੀ ਦਾ ਵੱਡਾ ਯੋਗਦਾਨ ਇਹ ਸੀ ਕਿ ਉਨ੍ਹਾਂ ਭਾਰਤੀ ਜਨਤਾ ਪਾਰਟੀ ਨੂੰ ਸੁਰਜੀਤ ਕਰ ਦਿੱਤਾ ਸੀ। 2024 ਵਿੱਚ ਉਨ੍ਹਾਂ ਦਾ ਸਭ ਤੋਂ ਵੱਡਾ ਸਿਆਸੀ ਯੋਗਦਾਨ ਇਹ ਰਿਹਾ ਹੈ ਕਿ ਉਨ੍ਹਾਂ ਇੰਡੀਅਨ ਨੈਸ਼ਨਲ ਕਾਂਗਰਸ ਨੂੰ ਸੁਰਜੀਤ ਕਰ ਦਿੱਤਾ ਹੈ।

ਬਿਨਾਂ ਸ਼ੱਕ, ਰਾਹੁਲ ਗਾਂਧੀ ਨੇ ਭਾਰਤ ਜੋੜੋ ਯਾਤਰਾ ਕੱਢ ਕੇ ਅਤੇ ਮਲਿਕਾਰਜੁਨ ਖੜਗੇ ਨਾਲ ਰਲ਼ ਕੇ ਪ੍ਰੌਢ ਤੇ ਸੁਲਝੀ ਹੋਈ ਲੀਡਰਸ਼ਿਪ ਮੁਹੱਈਆ ਕਰਵਾਈ ਹੈ ਪਰ ਮੋਦੀ ਦੇ ਦੂਜੇ ਕਾਰਜਕਾਲ ਦੀਆਂ ਨੀਤੀਆਂ ਤੇ ਉਨ੍ਹਾਂ ਦੀ ਵੰਡਪਾਊ ਸਿਆਸਤ ਅਤੇ ਨੀਵੇਂ ਪੱਧਰ ਦੀ ਚੋਣ ਪ੍ਰਚਾਰ ਮੁਹਿੰਮ ਨੇ ਕਾਂਗਰਸ ਨੂੰ ਸੁਰਜੀਤ ਕਰਨ ਵਿੱਚ ਯੋਗਦਾਨ ਪਾਇਆ ਹੈ। ਮੋਦੀ ਨੇ 2014 ਵਿਚ ਚੋਣ ਪ੍ਰਚਾਰ ਸ਼ੁਰੂ ਕਰਦਿਆਂ ਭਾਰਤ ਨੂੰ ਕਾਂਗਰਸ ਮੁਕਤ ਕਰਨ ਦਾ ਐਲਾਨ ਕੀਤਾ ਸੀ। 2024 ਦੀਆਂ ਚੋਣਾਂ ਤੋਂ ਬਾਅਦ ਜਿਵੇਂ ਕਾਂਗਰਸ ਪਾਰਟੀ ਵਿੱਚ ਨਵੀਂ ਜਾਨ ਪੈ ਗਈ ਹੈ ਤਾਂ ਇਹ ਉਨ੍ਹਾਂ ਦੀ ਸ਼ੁਕਰਗੁਜ਼ਾਰ ਹੀ ਹੋਵੇਗੀ। ਦਹਾਕਾ ਪਹਿਲਾਂ ਕਾਂਗਰਸ ਡਰੀ ਸਹਿਮੀ ਖਲੋਤੀ ਸੀ, ਇਸ ਸਮੇਂ ਇਹ ਪਹਿਲਾਂ ਨਾਲੋਂ ਵਧੇਰੇ ਯੁਵਾ ਅਤੇ ਊਰਜਾਵਾਨ ਬਣ ਕੇ ਉੱਭਰੀ ਹੈ।

ਮੋਦੀ ਤੀਜੀ ਵਾਰ ਪ੍ਰਧਾਨ ਮੰਤਰੀ ਬਣ ਕੇ ਇਤਿਹਾਸ ਬਣਾਉਣ ਦੇ ਰਾਹ ’ਤੇ ਹਨ। ਹੁਣ ਸਵਾਲ ਇਹ ਹਨ: ਮੋਦੀ ਦੀ ਅਗਵਾਈ ਵਾਲੀ ਐੱਨਡੀਏ ਸਰਕਾਰ ਲਈ ਕਮਜ਼ੋਰ ਪ੍ਰਧਾਨ ਮੰਤਰੀ ਦਾ ਕੀ ਅਰਥ ਹੋਵੇਗਾ? ਇਸ ਤੋਂ ਵੀ ਵਧ ਕੇ, ਤੇਲਗੂ ਦੇਸਮ ਪਾਰਟੀ ਦੇ ਨੇਤਾ ਐੱਨ ਚੰਦਰਬਾਬੂ ਨਾਇਡੂ ਅਤੇ ਜਨਤਾ ਦਲ (ਯੂ) ਦੇ ਆਗੂ ਨਿਤੀਸ਼ ਕੁਮਾਰ ਜਿਹੇ ਸਹਿਯੋਗੀਆਂ ’ਤੇ ਨਿਰਭਰ ਐੱਨਡੀਏ ਸਰਕਾਰ ਦੀ ਨੀਤੀ ਕੀ ਹੋਵੇਗੀ? ਕੀ ਮੋਦੀ ਦੀਆਂ ਗਾਰੰਟੀਆਂ ਮੋਦੀ ਸਰਕਾਰ ਦੀ ਤਰਫ਼ੋਂ ਸਨ? ਨਾਇਡੂ ਅਤੇ ਨਿਤੀਸ਼ ’ਚੋਂ ਕੋਈ ਵੀ ਵਿਚਾਰਧਾਰਕ ਤੌਰ ’ਤੇ ਉਸ ਏਜੰਡੇ ਦੇ ਹੱਕ ਵਿੱਚ ਨਹੀਂ ਹਨ, ਭਾਵੇਂ ਸੱਤਾ ਦੇ ਮੋਹ ਕਰ ਕੇ ਉਹ ਮੋਦੀ ਦੇ ਪਾਲੇ ਵਿਚ ਚਲੇ ਵੀ ਜਾਣ ਪਰ ਕੀ ਅਜਿਹਾ ਹੋ ਸਕੇਗਾ?

ਜੂਨ 2024 ਬਹੁਤ ਹੱਦ ਤੱਕ ਮਈ 2004 ਨਾਲ ਮਿਲਦਾ ਜੁਲਦਾ ਹੈ। ਹਰ ਸਿਆਸੀ ਸਮੀਖਿਅਕ ਅਤੇ ਚੋਣ ਸਰਵੇਖਣਕਾਰ ਨੇ ਉਸ ਵੇਲੇ ਦੇ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੀ ਅਗਵਾਈ ਵਾਲੇ ਐੱਨਡੀਏ ਦੀ ਜਿੱਤ ਦੀ ਭਵਿੱਖਬਾਣੀ ਕਰ ਦਿੱਤੀ ਸੀ। ਜਦੋਂ ਨਤੀਜੇ ਆਏ ਤਾਂ ਸ਼ੇਅਰ ਬਾਜ਼ਾਰ ਮੂਧੇ ਮੂੰਹ ਡਿੱਗ ਪਿਆ ਸੀ। ਕੁਝ ਘੰਟਿਆਂ ਦੇ ਅੰਦਰ ਹੀ ਨਵਾਂ ਮੁਹਾਜ਼ ਸਾਂਝਾ ਪ੍ਰਗਤੀਸ਼ੀਲ ਗੱਠਜੋੜ (ਯੂਪੀਏ) ਬਣ ਗਿਆ ਅਤੇ ਖੱਬੇ ਮੋਰਚੇ ਦੀ ਬਾਹਰੋਂ ਹਮਾਇਤ ਨਾਲ ਮਨਮੋਹਨ ਸਿੰਘ ਦੀ ਅਗਵਾਈ ਹੇਠ ਨਵੀਂ ਸਰਕਾਰ ਹੋਂਦ ਵਿਚ ਆ ਗਈ। ਮੋਦੀ ਕੋਈ ਵਾਜਪਾਈ ਨਹੀਂ, ਵਾਜਪਾਈ ਤਾਂ ਪਿਛਾਂਹ ਹਟ ਗਏ ਸਨ। ਉਂਝ, ਚੋਣ ਮੁਹਿੰਮ ਵਿੱਚ ਮੋਦੀ ਦੀ ਗਾਰੰਟੀ ਦੀ ਹੀ ਡੌਂਡੀ ਪਿੱਟੀ ਗਈ ਸੀ। ਕੀ ਐੱਨਡੀਏ ਸਰਕਾਰ ਮੋਦੀ ਦੀਆਂ ਗਾਰੰਟੀਆਂ ਨੂੰ ਪੂਰਾ ਕਰਨਾ ਚਾਹੇਗੀ?

ਮੁਲਕ ਨੇ ਨਾਇਡੂ ਅਤੇ ਨਿਤੀਸ਼ ਦੇ ਮੋਢਿਆਂ ’ਤੇ ਅਹਿਮ ਜਿ ?ਮੇਵਾਰੀ ਪਾ ਦਿੱਤੀ ਹੈ। ਦੋਵਾਂ ’ਚੋਂ ਕੋਈ ਵੀ ਦਿਆਨਤਦਾਰ ਅਤੇ ਦੂਰਦ੍ਰਿਸ਼ਟੀਵਾਨ ਸ਼ਖ਼ਸ ਸਾਬਿਤ ਨਹੀਂ ਹੋਇਆ। ਦੋਵੇਂ ਸਵਾਰਥੀ ਅਤੇ ਸੱਤਾ ਦੇ ਭੁੱਖੇ ਹਨ। ਫਿਰ ਵੀ, ਕਦੇ ਕਦਾਈਂ ਇਤਿਹਾਸ ਅਜਬ ਢੰਗ ਨਾਲ ਸਾਧਾਰਨ ਬੰਦਿਆਂ ਤੋਂ ਨਾਇਕ ਵਾਲੇ ਕੰਮ ਦੀ ਤਵੱਕੋ ਕਰ ਬੈਠਦਾ ਹੈ। ਜ਼ਰਾ ਯਾਦ ਕਰੋ,



ਕਿਵੇਂ ਪੀਵੀ ਨਰਸਿਮਹਾ ਰਾਓ ਨੂੰ ਹੋਣੀ ਅਤੇ ਸਿਆਸਤ ਨੇ ਉਹ ਕਿਰਦਾਰ ਸੌਂਪਿਆ ਸੀ। ਆਪਣੀ ਸਿਆਸੀ ਪਾਰੀ ਨਿਭਾਉਣ ਤੋਂ ਬਾਅਦ ਉਹ ਕਿਸੇ ਮੰਦਰ ਵਿਚ ਪੁਜਾਰੀ ਬਣ ਕੇ ਜਾਣ ਦੀ ਤਿਆਰੀ ਕਰੀ ਬੈਠੇ ਸਨ। ਰਾਓ ਨੂੰ ਨਾ ਕੇਵਲ ਪ੍ਰਧਾਨ ਮੰਤਰੀ ਬਣਾਇਆ ਗਿਆ ਸਗੋਂ ਅਜਿਹੇ ਫ਼ੈਸਲੇ ਕਰਨ ਦਾ ਜਿ ?ਮਾ ਵੀ ਸੌਂਪਿਆ ਗਿਆ ਜਿਨ੍ਹਾਂ ਨੇ ਦੇਸ਼ ਦੀ ਹੋਣੀ ਬਦਲ ਦਿੱਤੀ ਸੀ। ਕੀ ਨਿਤੀਸ਼ ਅਤੇ ਨਾਇਡੂ ਮੋਦੀ ਅਤੇ ਸ਼ਾਹ ਦੇ ਦਾਬੇ ਵਾਲੀ ਸਰਕਾਰ ਵਿੱਚ ਮਹਿਜ਼ ਜੂਨੀਅਰ ਭਿਆਲਾਂ ਦੀ ਭੂਮਿਕਾ ਨਿਭਾ ਸਕਦੇ ਹਨ? ਬਹੁਤ ਮੁਸ਼ਕਿਲ ਹੈ। ਪ੍ਰਧਾਨ ਮੰਤਰੀ ਦੇ ਇਸ਼ਾਰੇ ’ਤੇ ਚੱਲਦੀਆਂ ਸਾਰੀਆਂ ਸੰਸਥਾਵਾਂ ਹਰ ਰੋਜ਼ ਉਨ੍ਹਾਂ ਨੂੰ ਕਾਬੂ ਹੇਠ ਰੱਖਣ ਵਿਚ ਜੁਟੀਆਂ ਰਹਿਣਗੀਆਂ।

ਉਨ੍ਹਾਂ ਦੇ ਨਿੱਜੀ ਅਤੇ ਸਿਆਸੀ ਕਰੀਅਰ ਲਈ ਇਹੋ ਜਿਹੇ ਖ਼ਤਰੇ ਤੋਂ ਬਚਣ ਅਤੇ ਇਸ ਤੋਂ ਵੀ ਵੱਧ, ਮੁਲਕ ਅਤੇ ਇਸ ਦੇ ਫੈਡਰਲ ਢਾਂਚੇ ਦੇ ਵਡੇਰੇ ਹਿੱਤਾਂ ਖ਼ਾਤਿਰ ਘੱਟੋ-ਘੱਟ ਨਾਇਡੂ ਅਤੇ ਨਿਤੀਸ਼ ਨੂੰ ਇਹ ਮੰਗ ਕਰਨੀ ਚਾਹੀਦੀ ਹੈ ਕਿ ਉਨ੍ਹਾਂ ਵਿੱਚੋਂ ਕਿਸੇ ਇਕ ਨੂੰ ਗ੍ਰਹਿ ਅਤੇ ਦੂਜੇ ਨੂੰ ਵਿੱਤ ਮੰਤਰਾਲਾ ਦਿੱਤਾ ਜਾਵੇ। ਯਕੀਨਨ ‘ਇੰਡੀਆ’ ਗੱਠਜੋੜ ਦੀਆਂ ਪਾਰਟੀਆਂ ਖੜਗੇ ਨੂੰ ਪ੍ਰਧਾਨ ਮੰਤਰੀ ਵਜੋਂ ਪੇਸ਼ ਕਰ ਕੇ ਉਨ੍ਹਾਂ ਦੋਵੇਂ ਭੱਦਰਪੁਰਸ਼ਾਂ ਨੂੰ ਇਹ ਮਹਿਕਮੇ ਦੇਣ ਲਈ ਰਾਜ਼ੀ ਹੋ ਸਕਦੀਆਂ ਹਨ। ਮੋਦੀ ਤਾਉਮਰ ਬਹੁਤ ਸਖ਼ਤ ਸਿਆਸੀ ਸੌਦੇਬਾਜ਼ ਰਹੇ ਹਨ। ਚੇਤੇ ਕਰੋ, ਕਿਵੇਂ ਉਨ੍ਹਾਂ ਲਾਲ ਕ੍ਰਿਸ਼ਨ ਅਡਵਾਨੀ ਨੂੰ ਪਟਕਣੀ ਦੇ ਕੇ ਭਾਜਪਾ ਦੀ ਅਗਵਾਈ ਸੰਭਾਲੀ ਸੀ ਅਤੇ ਫਿਰ ਕਿਵੇਂ ਸੁਸ਼ਮਾ ਸਵਰਾਜ ਨੂੰ ਖੁੱਡੇ ਲਾਇਆ ਤੇ ਕਿਵੇਂ ਅਰੁਣ ਜੇਤਲੀ ਨੂੰ ਗੰਢਿਆ ਸੀ। ਵੱਡਾ ਸਵਾਲ ਇਹ ਹੈ ਕਿ ਕੀ ਨਾਇਡੂ ਅਤੇ ਨਿਤੀਸ਼ ਓਨੀ ਕਰੜਾਈ ਨਾਲ ਸੌਦੇਬਾਜ਼ੀ ਕਰ ਸਕਦੇ ਹਨ?

ਸਮੀਖਿਆ ਜਗਤ ਅੰਦਰ ਇਹ ਆਮ ਸਹਿਮਤੀ ਬਣੀ ਹੋਈ ਹੈ ਕਿ ਇਕ ਪਾਰਟੀ ਦੀ ਬਹੁਮਤ ਵਾਲੀ ਸਰਕਾਰ ਮਿਲੀ ਜੁਲੀ ਸਰਕਾਰ ਨਾਲੋਂ ਬਿਹਤਰ ਹੁੰਦੀ ਹੈ ਜਦੋਂਕਿ ਤੱਥ ਇਸ ਦੇ ਉਲਟ ਹਨ। ਆਜ਼ਾਦੀ ਦੇ ਪਹਿਲੇ ਦਹਾਕੇ ਤੋਂ ਬਾਅਦ ਆਰਥਿਕ ਤਰੱਕੀ, ਗ਼ਰੀਬੀ ਨਿਵਾਰਨ, ਰੁਜ਼ਗਾਰ ਵਾਧੇ, ਆਲਮੀ ਪ੍ਰਭਾਵ ਅਤੇ ਘਰੋਗੀ ਸਮਾਜਿਕ ਸਥਿਰਤਾ ਦੇ ਲਿਹਾਜ਼ ਤੋਂ ਦੇਸ਼ ਲਈ ਸਭ ਤੋਂ ਵਧੀਆ ਕਾਲ 1991 ਤੋਂ ਲੈ ਕੇ 2014 ਤੱਕ ਦਾ ਰਿਹਾ ਹੈ। ਇਸ ਅਰਸੇ ਦੌਰਾਨ ਤਿੰਨ ਜ਼ਹੀਨ, ਦੂਜਿਆਂ ਨੂੰ ਨਾਲ ਲੈ ਕੇ ਚੱਲਣ ਵਾਲੇ ਅਤੇ ਸੂਝਵਾਨ ਸੱਜਣ - ਰਾਓ, ਵਾਜਪਾਈ ਤੇ ਮਨਮੋਹਨ ਸਿੰਘ ਭਾਰਤ ਦੇ ਪ੍ਰਧਾਨ ਮੰਤਰੀ ਬਣੇ ਅਤੇ ਉਨ੍ਹਾਂ ਨੇ ਕੁਲੀਸ਼ਨ ਸਰਕਾਰਾਂ ਦੀ ਅਗਵਾਈ ਕੀਤੀ। ਰਾਓ ਵੇਲੇ ਤਾਂ ਕਾਂਗਰਸ ਖ਼ੁਦ ਕੁਲੀਸ਼ਨ ਵਾਂਗ ਵਿਹਾਰ ਕਰ ਰਹੀ ਸੀ। ਵਾਜਪਾਈ ਅਤੇ ਮਨਮੋਹਨ ਸਿੰਘ ਨੇ ਜ਼ਾਹਿਰਾ ਤੌਰ ’ਤੇ ਨਜ਼ਰ ਆਉਂਦੀਆਂ ਕੁਲੀਸ਼ਨ ਸਰਕਾਰਾਂ ਦੀ ਅਗਵਾਈ ਕੀਤੀ ਸੀ। ਉਨ੍ਹਾਂ ਦੇ ਕਾਰਜਕਾਲਾਂ ਦੌਰਾਨ ਭਾਰਤ ਅਤੇ ਭਾਰਤੀਆਂ ਨੇ ਵਾਹਵਾ ਚੰਗੀ ਕਾਰਕਰਦਗੀ ਦਿਖਾਈ ਸੀ। ਇਹ ਯਕੀਨ ਕਰਨ ਦੀ ਕੋਈ ਤੁਕ ਨਹੀਂ ਬਣਦੀ ਕਿ ਖੜਗੇ ਵਰਗੇ ਇੱਕ ਹੋਰ ਸਿਆਣੇ ਸੱਜਣ ਦੀ ਅਗਵਾਈ ਹੇਠ ਮੁਲਕ ਵਿੱਚ ਸਥਿਰਤਾ ਨਹੀਂ ਹੋਵੇਗੀ ਤੇ ਨਾਲ ਹੀ ਸੁਘੜ ਤੇ ਸੁਚੱਜੀਆਂ ਨੀਤੀਆਂ ਨਹੀਂ ਅਪਣਾਈਆਂ ਜਾ ਸਕਣਗੀਆਂ।

ਜਿਹੋ ਜਿਹੀ ਮੋਦੀ ਦੀ ਸ਼ਖ਼ਸੀਅਤ, ਵਿਚਾਰਧਾਰਾ ਅਤੇ ਹਿਰਸ ਹੈ, ਉਨ੍ਹਾਂ ਦੇ ਮੱਦੇਨਜ਼ਰ ਉਹ ਤੀਜੀ ਵਾਰ ਪ੍ਰਧਾਨ ਮੰਤਰੀ ਬਣਨ ਲਈ ਕੋਈ ਕਸਰ ਨਹੀਂ ਛੱਡਣਗੇ। ਉਂਝ, ਕੁਲੀਸ਼ਨ ਸਰਕਾਰ ਦੀ ਅਗਵਾਈ ਕਰਦਿਆਂ ਉਹ ਕਿਹੋ ਜਿਹੇ ਪ੍ਰਧਾਨ ਮੰਤਰੀ ਸਾਬਿਤ ਹੋਣਗੇ, ਇਹ ਦੇਖਣਾ ਅਜੇ ਬਾਕੀ ਹੈ। ਉਹ ਕਿਹੋ ਜਿਹਾ ਵਿਹਾਰ ਕਰਨਗੇ ਅਤੇ ਉਨ੍ਹਾਂ ਦੀ ਕਾਰਗੁਜ਼ਾਰੀ ਕਿਹੋ ਜਿਹੀ ਰਹਿੰਦੀ ਹੈ, ਇਸ ਦਾ ਬਹੁਤਾ ਦਾਰੋਮਦਾਰ ਉਨ੍ਹਾਂ ਦੇ ਸਹਿਯੋਗੀਆਂ, ਸੀਨੀਅਰ ਸਾਥੀਆਂ ਅਤੇ ਨੌਕਰਸ਼ਾਹੀ ਦੀ ਲਿਆਕਤ ਅਤੇ ਹੌਸਲੇ ’ਤੇ ਨਿਰਭਰ ਕਰੇਗਾ ਪਰ ਇਹ ਉਹੀ ਨੌਕਰਸ਼ਾਹੀ ਹੈ ਜਿਸ ਨੂੰ ਜਦੋਂ ਝੁਕਣ ਲਈ ਆਖਿਆ ਜਾਂਦਾ ਹੈ ਤਾਂ ਇਹ ਲਿਟ ਜਾਂਦੀ ਹੈ। ਮੋਦੀ-ਸ਼ਾਹ ਸ਼ਾਸਨ ਨੇ ਭਾਰਤੀ ਲੋਕਤੰਤਰ ਦੀ ਹਰ ਸੰਸਥਾ ਨੂੰ ਖੋਰਾ ਲਾ ਕੇ ਕਮਜ਼ੋਰ ਕਰ ਦਿੱਤਾ ਹੈ। ਕੀ ਨਾਇਡੂ ਅਤੇ ਨਿਤੀਸ਼ ਉਨ੍ਹਾਂ ਨੂੰ ਨੱਥ ਪਾ ਸਕਦੇ ਹਨ?

ਕੰਨਿਆਕੁਮਾਰੀ ਤੋਂ ਉਡਾਣ ਰਾਹੀਂ ਨਵੀਂ ਦਿੱਲੀ ਪਰਤਦਿਆਂ ਮੋਦੀ ਨੇ ਲੇਖ ਲਿਖ ਕੇ ਤਿੰਨ ਪ੍ਰਮੁੱਖ ਨੁਕਤੇ ਪੇਸ਼ ਕੀਤੇ। ਪਹਿਲਾ ਇਹ ਸੀ ਕਿ ਅੱਜ ਤੋਂ ਬਾਅਦ ‘ਇੰਡੀਆ’ ਸਿਰਫ਼ ਭਾਰਤ ਹੋਵੇਗਾ। ਜੇ ਸਰਕਾਰੀ ਤੌਰ ’ਤੇ ਅਜਿਹਾ ਕਰਨਾ ਹੋਵੇ ਤਾਂ ਇਸ ਲਈ ਸੰਵਿਧਾਨਕ ਸੋਧ ਕਰਨ ਦੀ ਲੋੜ ਪਵੇਗੀ ਜੋ ਹੁਣ ਉਨ੍ਹਾਂ ਦੇ ਵੱਸ ਦੀ ਗੱਲ ਨਹੀਂ ਰਹੀ। ਦੂਜਾ, ਮੋਦੀ ਨੇ ‘ਸੁਧਾਰ’ ਸ਼ਬਦ ਦੀ ਨਵੀਂ ਪਰਿਭਾਸ਼ਾ ਘੜਦਿਆਂ ਆਖਿਆ ਕਿ ਦੇਸ਼ ਨੂੰ ‘ਜੀਵਨ ਦੇ ਹਰ ਖੇਤਰ’ ਵਿੱਚ ਸੁਧਾਰਾਂ ਦੀ ਲੋੜ ਹੈ। ਕੀ ਹੁਣ ਛਿੱਥਾ ਪਿਆ ਮੋਦੀ ਇਸ ਕਿਸਮ ਦੇ ਸੁਧਾਰ ਦੀ ਅਗਵਾਈ ਦੇਣ ਲਈ ਦੇਸ਼ ਨੂੰ ਫ਼ਰਮਾਨ ਦੇ ਸਕੇਗਾ? ਤੀਜਾ, ਮੋਦੀ ਨੇ ਸ਼ੀ ਜਿਨਪਿੰਗ ਦੀ ਨਕਲ ਕਰਦਿਆਂ ਦੇਸ਼ ਨੂੰ ਨਵਾਂ ਸੁਫ਼ਨਾ ਲੈਣ ਦੀ ਲੋੜ ਦਾ ਹਵਾਲਾ ਦਿੱਤਾ ਹੈ। ਦਹਾਕਾ ਪਹਿਲਾਂ ਜਿਨਪਿੰਗ ਨੇ ‘ਅਮਰੀਕਨ ਸੁਫ਼ਨੇ’ ਦੀ ਤਰਜ਼ ’ਤੇ ਆਪਣੇ ‘ਚੀਨੀ ਸੁਫ਼ਨੇ’ ਦਾ ਸੰਕਲਪ ਲਿਆ ਸੀ। ‘ਅਮਰੀਕਨ ਸੁਫ਼ਨੇ’ ਅਤੇ ‘ਚੀਨੀ ਸੁਫ਼ਨੇ’ ਦਾ ਤਾਅਲੁਕ ਲੋਕਾਂ ਦੀ ਬਿਹਤਰ ਜਿ ?ਦਗੀ ਨਾਲ ਜੁੜਿ ?ਆ ਹੋਇਆ ਹੈ। ਮੋਦੀ ਦਾ ਕਹਿਣਾ ਹੈ ਕਿ ਭਾਰਤ ਨੂੰ ਵਿਕਸਤ ਭਾਰਤ ਦਾ ਸੁਫ਼ਨਾ ਲੈਣਾ ਚਾਹੀਦਾ ਹੈ।

ਨਵੀਂ ਸਰਕਾਰ ਦੀ ਅਗਵਾਈ ਭਾਵੇਂ ਕੋਈ ਵੀ ਕਰੇ ਪਰ ਭਾਰਤ ਵਿਕਸਤ ਹੁੰਦਾ ਹੀ ਰਹੇਗਾ। ਇਸ ਕਰ ਕੇ ਭਾਵੇਂ ਲੋਕ ਸਭਾ ਵਿਚ 400 ਤੋਂ ਵੱਧ ਸੀਟਾਂ ਹਾਸਲ ਕਰਨ ਦਾ ਮੋਦੀ ਦਾ ਸੁਫ਼ਨਾ ਪੂਰਾ ਨਹੀਂ ਹੋ ਸਕਿਆ ਪਰ ਸਮਾਂ ਪਾ ਕੇ ਵਿਕਸਤ ਮੁਲਕ ਬਣਨ ਦਾ ਮੁਲਕ ਦਾ ਸੁਫ਼ਨਾ ਪੂਰਾ ਹੋ ਜਾਵੇਗਾ। ਜਿੱਥੋਂ ਤਕ ਮੋਦੀ ਅਤੇ ਭਾਜਪਾ ਦੇ ਸੁਫਨਿਆਂ ਦਾ ਤਾਅਲੁਕ ਹੈ, ਇਹ ਚੋਣਾਂ ਦੇ ਫ਼ਤਵੇ ਜ਼ਰੀਏ ਕੌੜੇ ਸਾਬਿਤ ਹੋ ਗਏ ਹਨ।

# ਅੰਮ੍ਰਿਤਪਾਲ ਦੀ ਰਿਹਾਈ ਦਾ ਫ਼ੈਸਲਾ ਲੈਣਾ ਪੰਜਾਬ ਤੇ ਕੇਂਦਰ ਸਰਕਾਰਾਂ ਲਈ ਔਖਾ ਕੰਮ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਨਵੇਂ ਚੁਣੇ ਗਏ ਲੋਕ ਸਭਾ ਮੈਂਬਰ ਅਤੇ ਕੌਮੀ ਸੁਰੱਖਿਆ ਐਕਟ (ਐੱਨਐੱਸਏ) ਤਹਿਤ ਜੇਲ੍ਹ ਵਿੱਚ ਬੰਦ ਅੰਮ੍ਰਿਤਪਾਲ ਸਿੰਘ ਨੂੰ ਜੇਲ੍ਹ ਵਿੱਚੋਂ ਸਿਰਫ਼ ਉਦੋਂ ਹੀ ਰਿਹਾਅ ਕੀਤਾ ਜਾ ਸਕਦਾ ਹੈ ਜਦੋਂ ਪੰਜਾਬ ਵਿਚਲੀ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਦੀ ਐੱਨਡੀਏ ਸਰਕਾਰ ਹਮਮਸ਼ਵਰਾ ਹੋ ਕੇ ਉਸ ਦੀ ਰਿਹਾਈ ਦੀ ਸਿਫਾਰਸ਼ ਕਰਨ।

ਇਸ ਤੋਂ ਪਹਿਲਾਂ ਇਸ ਸਾਲ ਦੇ ਸ਼ੁਰੂ ਵਿੱਚ ਜਦੋਂ ਅੰਮ੍ਰਿਤਪਾਲ ਤੇ ਹੋਰਨਾਂ ਦੀ ਇਕ ਸਾਲ ਦੀ ਹਿਰਾਸਤ ਖ਼ਤਮ ਹੋ ਰਹੀ ਸੀ ਤਾਂ ਪੰਜਾਬ ਤੇ ਕੇਂਦਰ ਸਰਕਾਰ ਨੇ ਉਨ੍ਹਾਂ ਖ਼ਿਲਾਫ਼ ਮਿਲੇ ਤਾਜ਼ਾ ਸਬੂਤਾਂ ਦੇ ਆਧਾਰ ’ਤੇ ਉਨ੍ਹਾਂ ਦੀ ਹਿਰਾਸਤ ’ਚ ਇਕ ਸਾਲ ਦੇ ਵਾਧੇ ਦੀ ਸਿਫਾਰਸ਼ ਕੀਤੀ ਸੀ। ਇਨ੍ਹਾਂ ਸਬੂਤਾਂ ਵਿੱਚ ਉਨ੍ਹਾਂ ਦੇ ਸਮਰਥਕਾਂ, ਸਕੇ-ਸਬੰਧੀਆਂ ਅਤੇ ਇੱਥੋਂ ਤੱਕ ਕਿ ਵਕੀਲਾਂ ਵੱਲੋਂ ਪਾਈਆਂ ਗਈਆਂ ਸੋਸ਼ਲ ਮੀਡੀਆ ਪੋਸਟਾਂ ਵੀ ਸ਼ਾਮਲ ਹਨ। ਅੰਮ੍ਰਿਤਪਾਲ ਤੇ ਹੋਰਾਂ ਦੇ ਵਕੀਲ ਇਮਾਨ ਖੇੜਾ ਨੇ ਕਿਹਾ, “ਹੁਣ ਤੱਕ ਸਾਨੂੰ ਸੂਚਿਤ ਨਹੀਂ ਕੀਤਾ ਗਿਆ ਹੈ ਕਿ ਤਿੰਨ ਮਹੀਨੇ ਖ਼ਤਮ ਹੋਣ ’ਤੇ ਹਿਰਾਸਤ ਖ਼ਤਮ ਹੋਵੇਗੀ ਜਾਂ ਇਸ ਵਿੱਚ ਵਾਧਾ ਹੋਵੇਗਾ।” ਪੰਜਾਬ ਸਰਕਾਰ ਵੱਲੋਂ ਇਸ ਮਾਮਲੇ ਵਿੱਚ ਕੋਈ ਭੇਤ ਨਹੀਂ ਦਿੱਤਾ ਜਾ ਰਿਹਾ। ਇਸ ਸਬੰਧੀ ਸੂਬੇ ਦੇ ਗ੍ਰਹਿ ਵਿਭਾਗ ਦੇ ਇਕ ਅਧਿਕਾਰੀ ਨੇ ਕਿਹਾ, “ਇਹ ਮੁੱਦੇ ਕੌਮੀ ਸੁਰੱਖਿਆ ਐਕਟ ਨਾਲ ਸਬੰਧਤ ਹਨ, ਇਸ ਵਾਸਤੇ ਇਨ੍ਹਾਂ ਦੇ ਵੇਰਵੇ ਸਾਂਝੇ ਨਹੀਂ ਕੀਤੇ ਜਾ ਸਕਦੇ।” ਉੱਧਰ, ਐੱਸਐੱਸਪੀ ਅੰਮ੍ਰਿਤਸਰ (ਦਿਹਾਤੀ) ਨੇ ਵੀ ਇਸ ਬਾਰੇ ਕੋਈ ਵੀ ਜਾਣਕਾਰੀ ਦੇਣ ਤੋਂ ਇਨਕਾਰ ਕਰ ਦਿੱਤਾ। ਐੱਨਐੱਸਏ ਅਧੀਨ ਹਿਰਾਸਤ ਦੀ ਪ੍ਰਕਿਰਿਆ ਮੁਤਾਬਕ ਉਹ ਪੁਲੀਸ



ਥਾਣਾ ਜਿੱਥੇ ਕੇਸ ਦਰਜ ਹੋਇਆ ਸੀ, ਜ਼ਿਲ੍ਹੇ ਦੇ ਐੱਸਐੱਸਪੀ ਨੂੰ ਹਿਰਾਸਤ ਦੀ ਸਿਫਾਰਸ਼ ਕਰੇਗਾ। ਐੱਸਐੱਸਪੀ ਆਪਣੀਆਂ ਟਿੱਪਣੀਆਂ ਸਣੇ ਇਹ ਸਿਫਾਰਸ਼ ਜ਼ਿਲ੍ਹਾ ਮੈਜਿਸਟਰੇਟ ਨੂੰ ਭੇਜਣਗੇ। ਜ਼ਿਲ੍ਹਾ ਮੈਜਿਸਟਰੇਟ ਦੀ ਮਨਜ਼ੂਰੀ ਤੋਂ ਬਾਅਦ ਅੱਗੇ ਸੂਬੇ ਦੇ ਗ੍ਰਹਿ ਸਕੱਤਰ ਇਸ ਸਿਫਾਰਸ਼ ਨੂੰ ਲੋੜੀਂਦੀ ਕਾਰਵਾਈ ਲਈ ਕੇਂਦਰੀ ਗ੍ਰਹਿ ਮੰਤਰਾਲੇ ਕੋਲ ਭੇਜਣਗੇ। ਉਸ ਤੋਂ ਬਾਅਦ ਇਹ ਆਖ਼ਰੀ ਸਿਫਾਰਸ਼ ਵਾਸਤੇ ਹਾਈ ਕੋਰਟ ਦੇ ਸਾਬਕਾ ਜੱਜ ਦੀ ਅਗਵਾਈ ਵਾਲੇ ਸਲਾਹਕਾਰ ਬੋਰਡ ਕੋਲ ਜਾਵੇਗੀ। ਅੰਮ੍ਰਿਤਪਾਲ ਸਿੰਘ ਵੱਲੋਂ ਇਨ੍ਹਾਂ ਲੋਕ ਸਭਾ ਚੋਣਾਂ ਵਿੱਚ ਸਭ ਤੋਂ ਵੱਧ 1,97,210 ਵੋਟਾਂ ਨਾਲ ਜਿੱਤ ਹਾਸਲ ਕੀਤੇ ਜਾਣ ਮਗਰੋਂ ਉਸ ਦੀ ਰਿਹਾਈ ਸਬੰਧੀ ਬਹਿਸ ਨੇ ਜ਼ੋਰ ਫੜ ਲਿਆ ਹੈ। ਇਹ ਸਵਾਲ ਵੀ ਉੱਠ ਰਹੇ ਹਨ ਕਿ ਜੇ ਅੰਮ੍ਰਿਤਪਾਲ ਜੇਲ੍ਹ ਵਿੱਚ ਹੈ ਤਾਂ ਉਹ ਸੰਸਦ ਮੈਂਬਰ ਵਜੋਂ ਸਹੁੰ ਕਿਵੇਂ ਚੁੱਕੇਗਾ। ਇਸ ਸਭ ਤੋਂ ਇਲਾਵਾ, ਜੇ ਅੰਮ੍ਰਿਤਪਾਲ ਸਿੰਘ ਐੱਨਐੱਸਏ ਦੇ ਮਾਮਲੇ ’ਚ ਰਿਹਾਅ ਵੀ ਹੋ ਜਾਂਦਾ ਹੈ ਤਾਂ ਉਸ ਨੂੰ ਸੂਬੇ ਵਿੱਚ ਦਰਜ ਉਨ੍ਹਾਂ 12 ਕੇਸਾਂ ਵਿੱਚ ਮੁੜ ਗ੍ਰਿਫ਼ਤਾਰ ਕੀਤਾ ਜਾ ਸਕਦਾ ਹੈ ਜਿਨ੍ਹਾਂ ਵਿੱਚ ਉਸ ਨੂੰ ਹੁਣ ਤੱਕ ਰਸਮੀ ਤੌਰ ’ਤੇ ਕਦੇ ਗ੍ਰਿਫ਼ਤਾਰ ਨਹੀਂ ਕੀਤਾ ਗਿਆ। ਇਨ੍ਹਾਂ ਵਿੱਚ ਅਜਨਾਲਾ ਪੁਲੀਸ ਥਾਣੇ ’ਤੇ ਹਮਲਾ ਕਰਨ, ਬਿਨਾ ਲਾਇਸੈਂਸ ਤੋਂ ਹਥਿਆਰ ਲੈ ਕੇ ਚੱਲਣ ਅਤੇ ਹੋਰਨਾਂ ਵਿੱਚ ਹਿੰਸਾ ਤੇ ਦੇਸ਼ਧ੍ਰੋਹ ਭੜਕਾਉਣ ਦੇ ਦੋਸ਼ ਹੇਠ ਦਰਜ ਕੇਸ ਸ਼ਾਮਲ ਹਨ।

**ਸਰਕਾਰਾਂ ਨੂੰ ਦੋ ਹਫਤਿਆਂ ਤੋਂ ਘੱਟ ਸਮੇਂ ’ਚ ਲੈਣਾ ਹੋਵੇਗਾ ਫੈਸਲਾ**

ਖਾਲਿਸਤਾਨੀ ਆਗੂ ਅੰਮ੍ਰਿਤਪਾਲ ਸਿੰਘ ਦੀ ਨਿਆਂਇਕ ਹਿਰਾਸਤ ਦੀ ਮਿਆਦ ਆਗਾਮੀ 23 ਜੁਲਾਈ ਤੱਕ ਹੈ ਪਰ ਦੋਵੇਂ ਸਰਕਾਰਾਂ ਨੂੰ ਮਿਲ ਕੇ ਦੋ ਹਫ਼ਤਿਆਂ ਤੋਂ ਵੀ ਘੱਟ ਸਮੇਂ ਵਿੱਚ ਉਸ ਦੀ ਹਿਰਾਸਤ ਬਾਰੇ ਫੈਸਲਾ ਲੈਣਾ ਹੋਵੇਗਾ। ਅਜਿਹਾ ਇਸ ਲਈ ਹੈ ਕਿਉਂਕਿ ਅੰਮ੍ਰਿਤਪਾਲ ਦੇ 10 ਸਹਿਯੋਗੀ ਜਿਨ੍ਹਾਂ ਨੂੰ ਉਸ ਦੇ ਨਾਲ ਹੀ ਐੱਨਐੱਸਏ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ, ਦੀ ਨਿਆਂਇਕ ਹਿਰਾਸਤ ਦੀ ਮਿਆਦ 19 ਜੂਨ ਤੋਂ 26 ਜੂਨ ਤੱਕ ਹੈ। ਹਿਰਾਸਤ ਵਿੱਚ ਲਏ ਗਏ ਇਨ੍ਹਾਂ ਸਾਰਿਆਂ ਦੀ ਹਿਰਾਸਤ ਵਧਾਉਣ ਜਾਂ ਰਿਹਾਈ ਦਾ ਆਧਾਰ ਤਕਰੀਬਨ ਇੱਕੋ ਵਰਗਾ ਹੋਵੇਗਾ। ਹਿਰਾਸਤ ਦਾ ਸਮਾਂ ਐੱਨਐੱਸਏ ਤਹਿਤ ਹੋਈ ਗ੍ਰਿਫ਼ਤਾਰੀ ਵਾਲੇ ਦਿਨ ਤੋਂ ਸ਼ੁਰੂ ਹੁੰਦਾ ਹੈ। ਅੰਮ੍ਰਿਤਪਾਲ ਦੇ 10 ਸਾਥੀਆਂ ਨੂੰ 18 ਮਾਰਚ ਤੋਂ 26 ਮਾਰਚ 2023 ਵਿਚਾਲੇ ਗ੍ਰਿਫ਼ਤਾਰ ਕੀਤਾ ਗਿਆ ਸੀ ਜਦਕਿ ਅੰਮ੍ਰਿਤਪਾਲ ਸਿੰਘ ਨੂੰ 23 ਅਪਰੈਲ 2023 ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਐੱਨਐੱਸਏ ਤਹਿਤ ਇਕ ਵਿਅਕਤੀ ਨੂੰ 12 ਮਹੀਨਿਆਂ ਲਈ ਹਿਰਾਸਤ ਵਿੱਚ ਰੱਖਿਆ ਜਾ ਸਕਦਾ ਹੈ ਅਤੇ ਇਸ ਤਰ੍ਹਾਂ ਦੇ ਮਾਮਲੇ ਦੀ ਹਰੇਕ ਤਿੰਨ ਮਹੀਨੇ ਬਾਅਦ ਸਮੀਖਿਆ ਕਰਨੀ ਹੁੰਦੀ ਹੈ। ਅੰਮ੍ਰਿਤਪਾਲ ਦਾ ਇਹ ਤਿੰਨ ਮਹੀਨਿਆਂ ਦਾ ਸਮਾਂ ਆਗਾਮੀ 24 ਜੁਲਾਈ ਨੂੰ ਪੂਰਾ ਹੋ ਰਿਹਾ ਹੈ ਜਦਕਿ ਹੋਰਨਾਂ ਦਾ ਇਹ ਸਮਾਂ 19 ਜੂਨ ਤੋਂ 26 ਜੂਨ ਵਿਚਾਲੇ ਖ਼ਤਮ ਹੋ ਰਿਹਾ ਹੈ।

# ਪਿੰਡ ਨਮੋਲ ਦੀ ਰਿਜ਼ਰਵ ਕੋਟੇ ਦੀ ਪੰਚਾਇਤੀ ਜ਼ਮੀਨ ਦੀ ਬੋਲੀ ਹੋਈ ਰੱਦ



ਪੰਚਾਇਤੀ ਜ਼ਮੀਨ ਦੀ ਬੋਲੀ ਮੌਕੇ ਜੁੜੇ ਦਲਿਤ ਭਾਈਚਾਰੇ ਦੇ ਲੋਕ।

**ਸੰਗਰੂਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਨਮੋਲ ਵਿੱਚ ਪ੍ਰਸ਼ਾਸਨ ਵੱਲੋਂ ਐੱਸ ਸੀ ਭਾਈਚਾਰੇ ਦੀ ਜ਼ਮੀਨ ਦੀ ਬੋਲੀ ਰੱਖੀ ਗਈ ਸੀ। ਇਸ ਮੌਕੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਪੇਂਡੂ ਦਲਿਤ ਮਜ਼ਦੂਰ ਭਾਈਚਾਰੇ ਦੀ ਲਾਮਬੰਦੀ ਕਰ ਕੇ ਬੋਲੀ ਵਾਲੀ ਥਾਂ ਗੁੱਜਰਮੱਲ ਚੌਕ ਜਾ ਕੇ ਮਜ਼ਦੂਰ ਭਾਈਚਾਰੇ ਵੱਲੋਂ ਸਹਿਮਤੀ ਦੇ ਨਾਲ ਦੋ ਵਿਅਕਤੀਆਂ ਨੂੰ ਸਾਂਝੇ ਤੌਰ ਉੱਤੇ ਚੁਣ ਕੇ ਅਧਿਕਾਰੀਆਂ ਕੋਲ ਸਕਿਓਰਿਟੀ ਭਰੀ ਗਈ। ਸਕਿਉਰਿਟੀ ਭਰਨ ਉਪਰੰਤ ਮਜ਼ਦੂਰਾਂ ਵੱਲੋਂ ਮੌਕੇ ਉੱਤੇ ਆਏ ਬੀਡੀਪੀਓ ਜਸਵਿੰਦਰ ਸਿੰਘ ਕੋਲ ਇਹ ਗੱਲ ਰੱਖੀ ਗਈ ਕਿ ਸਮੂਹ ਪੇਂਡੂ ਦਲਿਤ ਮਜ਼ਦੂਰ ਭਾਈਚਾਰਾ ਜ਼ਮੀਨ ਘੱਟ ਰੇਟ ਉੱਤੇ ਲੈਣਾ ਚਾਹੁੰਦੇ ਹਨ, ਪਰ ਬੀਡੀਪੀਓ ਵੱਲੋਂ ਇਸ ਮੰਗ ਨੂੰ ਨਾ-ਮਨਜ਼ੂਰ ਕਰਦਿਆਂ ਹੋਇਆਂ ਰਿਜ਼ਰਵ ਕੋਟੇ ਦੀ ਪੰਚਾਇਤੀ ਜ਼ਮੀਨ ਦੀ ਬੋਲੀ ਰੱਦ ਕਰ ਦਿੱਤੀ ਗਈ।

ਇਸ ਸਮੇਂ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ, ਜਿਲ੍ਹਾ ਆਗੂ ਜੱਗੀ ਸਿੰਘ ਨੇ ਮੌਕੇ ਉੱਪਰ ਹੋਏ ਮਜਦੂਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇੱਕ ਪਾਸੇ ਤਾਂ ਸਰਕਾਰ ਤੀਜੇ ਹਿੱਸੇ ਨੂੰ ਰਿਜ਼ਰਵ ਮੰਨਦੀ ਹੈ ਤੇ ਦੂਜੇ ਪਾਸੇ ਇਸ ਦੇ ਵਿੱਚ 20%, 15% ਦੇ ਵਾਧੇ ਕਰਕੇ ਜ਼ਮੀਨ ਦੀ ਬੋਲੀ ਕਰਵਾਈ ਜਾਂਦੀ ਹੈ। ਇਸ ਤੋਂ ਇਹ ਸਾਫ ਹੈ ਸਰਕਾਰਾਂ ਪੰਚਾਇਤੀ ਜ਼ਮੀਨਾਂ ਵਿੱਚੋਂ ਆਪਣਾ ਮੁਨਾਫਾ ਕਮਾਉਣਾ ਚਾਹੁੰਦੀਆਂ ਹਨ। ਮਜ਼ਦੂਰ ਐੱਸਸੀ ਜ਼ਮੀਨ ਨੂੰ ਕੋਈ ਮੁਨਾਫੇ ਲਈ ਨਹੀਂ ਲੈ ਰਹੇ ਉਹ ਆਪਣੀ ਆਰਥਿਕ ਹਾਲਤ ਨੂੰ ਬਿਹਤਰ ਬਣਾਉਣ ਲਈ ਇੱਕ ਵਸੀਲਾ ਦੇਖਦੇ ਹਨ, ਪਰ ਪ੍ਰਸ਼ਾਸਨ ਇਸ ਨੂੰ ਜਨਰਲ ਜ਼ਮੀਨ ਵਾਂਗ ਹੀ ਦੇਖਦਾ ਹੈ ਅਤੇ ਬੋਲੀ ਦਾ ਰੇਟ ਨਹੀਂ ਘਟਾਇਆ ਜਾ ਰਿਹਾ। ਉਨ੍ਹਾਂ ਕਿਹਾ ਕਿ ਮਜ਼ਦੂਰ ਭਾਈਚਾਰੇ ਦੀ ਮੰਗ ਹੈ ਕਿ ਰਿਜ਼ਰਵ ਕੋਟੇ ਦੀ ਪੰਚਾਇਤੀ ਜ਼ਮੀਨ ਸਮੂਹ ਮਜ਼ਦੂਰ ਭਾਈਚਾਰੇ ਨੂੰ ਸਮਰੱਥਾ ਮੁਤਾਬਕ ਦਿੱਤੀ ਜਾਵੇ ਤਾਂ ਜੋ ਪਿੰਡਾਂ ਵਿੱਚ ਵਸਦੇ ਦਲਿਤ ਜ਼ਮੀਨ ਵਿੱਚੋਂ ਹਰਾ ਚਾਰਾ ਬੀਜ ਕੇ ਪਸ਼ੂਆਂ ਦਾ ਪਾਲਣ ਪੋਸ਼ਣ ਕਰ ਸਕਣ। ਇਸ ਮੌਕੇ ਪਿੰਡ ਆਗੂ ਗੁਰਸੇਵਕ ਸਿੰਘ,ਭੋਲਾ ਸਿੰਘ, ਮੇਵਾ ਸਿੰਘ, ਸ਼ਿੰਦਰ ਕੌਰ ਤੇ ਸਰਬਜੀਤ ਕੌਰ ਹਾਜ਼ਰ ਸਨ।

# ‘ਨੀਟ’: ਗੁਨਮਯ ਨੇ ਏਆਈ ਆਰ-1 ਰੈਂਕ ਹਾਸਲ ਕੀਤਾ



ਖੁਸ਼ੀ ਪ੍ਰਗਟਾਉਂਦੇ ਹੋਏ ਆਈ-ਕੁਐਸਟ ਦੇ ਵਿਦਿਆਰਥੀ ਤੇ ਸਟਾਫ਼ ਮੈਂਬਰ।

**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਨੀਟ 2024 ਦੇ ਨਤੀਜੇ ਦੌਰਾਨ ਵਿਦਿਆਰਥੀ ਗੁਨਮਯ ਗਰਗ ਨੇ ਏਆਈਆਰ-1 ਰੈਂਕ ਪ੍ਰਾਪਤ ਕੀਤਾ ਹੈ। ਗੁਨਮਯ ਡਾਕਟਰਾਂ ਦੇ ਪਰਿਵਾਰ ਨਾਲ ਸਬੰਧਤ ਹੈ। ਉਸ ਦੇ ਮਾਪੇ ਡਾ. ਜਤਿਨ ਗਰਗ ਅਤੇ ਡਾ. ਰੁਪਾਲੀ ਗਰਗ ਰੇਡੀਓਲੋਜਿਸਟ ਵਜੋਂ ਕੰਮ ਕਰ ਰਹੇ ਹਨ ਅਤੇ ਪਟਿਆਲਾ ਵਿੱਚ ਡੈਲਟਾ ਇਮੇਜਿੰਗ ਵਜੋਂ ਪ੍ਰਸਿੱਧ ਹਨ। ਗੁਨਮਯ ਨੇ ਡੀਏਵੀ ਸਕੂਲ ਪਟਿਆਲਾ ਤੋਂ ਆਪਣੀ ਸਕੂਲੀ ਪੜ੍ਹਾਈ ਦੇ ਨਾਲ-ਨਾਲ 10ਵੀਂ ਜਮਾਤ ਵਿੱਚ ਆਈਕੁਐਸਟ ਵਿੱਚ ਦਾਖ਼ਲਾ ਲਿਆ। ਗੁਨਮਯ ਨੇ ਆਪਣੇ ਸਲਾਹਕਾਰ (ਆਈਕੁਐਸਟ ਦੇ ਡਾਇਰੈਕਟਰ) ਡਾ. ਧੀਰਜ ਅਗਰਵਾਲ ਦਾ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ। ਇਸ ਮੌਕੇ ਆਈਕੁਐਸਟ ਦੇ ਸੰਸਥਾਪਕ ਨਿਰਦੇਸ਼ਕਾਂ ਰੋਹਿਤ ਬਿਸ਼ਨੋਈ ਅਤੇ ਨਿਤੀਸ਼ ਗਰਗ ਨੇ ਗਰਗ ਪਰਿਵਾਰ ਨੂੰ ਗੁਨਮਯ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।

ਇਸੇ ਦੌਰਾਨ ਆਈ ਕੁਐਸਟ ਦੇ ਬ੍ਰਾਂਚ ਮੁਖੀ ਵਿਪਨ ਮਦਾਨ ਨੇ ਕਿਹਾ ਕਿ 7 ਹੋਰ ਵਿਦਿਆਰਥੀਆਂ ਨੇ 700 ਤੋਂ ਉਪਰ ਅੰਕ ਪ੍ਰਾਪਤ ਕੀਤੇ ਹਨ ਜਿਨ੍ਹਾਂ ਵਿੱਚ ਖੁਸ਼ਹਾਲ ਸਿੰਗਲਾ ਨੇ 710 ਅੰਕ, ਹਿਰਦੀ ਗੁਪਤਾ ਨੇ 706 ਅੰਕ, ਸਿੱਧਮ ਗਰਗ ਨੇ 705 ਅੰਕ, ਅਰਨਵ ਗੁਪਤਾ ਨੇ 705 ਅੰਕ, ਕੀਰਤਨੂਰ ਕੌਰ ਨੇ 702 ਅੰਕ, ਰਾਧਿਕਾ ਸਿੰਗਲਾ ਨੇ 701 ਅੰਕ ਪ੍ਰਾਪਤ ਕਰਕੇ ਮਿਸ਼ੇਲ 07 ਅੰਕ ਪ੍ਰਾਪਤ ਕੀਤੇ ਹਨ। ਇਸ ਮੌਕੇ ਅਧਿਆਪਕਾਂ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉਜੱਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

**ਨੀਟ ਟੈਸਟ ’ਚੋਂ ਮੋਹਰੀ ਵਿਦਿਆਰਥੀ ਦਾ ਸਨਮਾਨ**

‘ਨੀਟ’ ਦੇ ਨਤੀਜਿਆਂ ਵਿੱਚ ਲਹਿਰਾਗਾਗਾ ਸ਼ਹਿਰ ਦੇ ਵਿਦਿਆਰਥੀ ਜਸ਼ਨ ਸਿੰਗਲਾ ਪੁੱਤਰ ਹੇਮੰਤ ਸਿੰਗਲਾ ਨੇ 720 ਵਿੱਚੋਂ 690 ਨੰਬਰ (99.8 ਪਰਸੈਂਟਾਈਲ) ਲੈ ਕੇ ਆਪਣੇ ਮਾਪਿਆਂ, ਸਕੂਲ ਤੇ ਇਲਾਕੇ ਲਹਿਰਾਗਾਗਾ ਦਾ ਨਾਂ ਰੋਸ਼ਨ ਕੀਤਾ ਹੈ। ਇਸ ਸਮੇਂ ਜਸ਼ਨ ਸਿੰਗਲਾ ਨੇ ਆਪਣੀ ਸਫ਼ਲਤਾ ਦਾ ਸਿਹਰਾ ਆਪਣੇ ਮਾਤਾ ਪਿਤਾ ਤੇ ਅਧਿਆਪਕਾਂ ਨੂੰ ਦਿੰਦਿਆਂ ਕਿਹਾ ਕਿ ਉਹ ਏਮਜ਼ ਵਿੱਚ ਦਾਖਲਾ ਲੈ ਕੇ ਐੱਮਬੀਬੀਐੱਸ ਤੋਂ ਬਾਅਦ ਨਿਊਰੋ ਸਰਜਨ ਬਣ ਕੇ ਆਪਣੇ ਲਹਿਰਾਗਾਗਾ ਖੇਤਰ ਦੀ ਸੇਵਾ ਕਰਨਾ ਚਾਹੁੰਦਾ ਹੈ। ਦੱਸਣਯੋਗ ਹੈ ਕਿ ਜਸ਼ਨ ਸਿੰਗਲਾ ਨੇ ਸ਼ੀਬਾ ਇੰਟਰਨੈਸ਼ਨਲ ਸਕੂਲ ਵਿੱਚ ਪੜ੍ਹਦਿਆਂ ਬਾਰ੍ਹਵੀਂ ਕਲਾਸ ਵਿੱਚੋਂ ਮੈਡੀਕਲ ਗਰੁੱਪ ਵਿੱਚ 95 ਫ਼ੀਸਦੀ ਨੰਬਰ ਲੈ ਕੇ ਪਹਿਲਾ ਸਥਾਨ ਪ੍ਰਾਪਤ ਕਰਦਿਆਂ ਕਿਹਾ ਸੀ ਕਿ ਉਹ ਆਪਣੇ ਦਾਦਾ ਡਾ. ਕ੍ਰਿਸ਼ਨ ਲਾਲ ਸਿੰਗਲਾ ਵਾਂਗ ਡਾਕਟਰ ਬਣ ਕੇ ਇਲਾਕੇ ਦੇ ਲੋਕਾਂ ਦੀ ਸੇਵਾ ਕਰਨਾ ਚਾਹੁੰਦਾ ਹੈ।

# ਸ਼ੁਤਰਾਣਾ ਵਿੱਚ ਨਸ਼ਿਆਂ ਖ਼ਿਲਾਫ਼ ਸ਼ੁਰੂ ਕਰਾਂਗੇ ਜਾਗਰੂਕਤਾ ਮੁਹਿੰਮ: ਮੱਟੂ

**ਘੱਗਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਸ਼ੁਤਰਾਣਾ ਦੇ ਕਸਬਾ ਘੱਗਾ ਦੇ 22 ਸਾਲਾ ਨੌਜਵਾਨ ਗੁਰਦਾਸ ਵਰਮਾ ਦੀ ਪਿਛਲੇ ਦਿਨੀਂ ਨਸ਼ਿਆਂ ਕਾਰਨ ਹੋਈ ਮੌਤ ਤੋਂ ਬਾਅਦ ਹਲਕਾ ਸ਼ੁਤਰਾਣਾ ਦੇ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਹਲਕਾ ਸ਼ੁਤਰਾਣਾ ਅੰਦਰ ਆਮ ਲੋਕਾਂ ਦੀ ਮਦਦ ਨਾਲ ਨੌਜਵਾਨ ਲੜਕੇ ਲੜਕੀਆਂ ਨੂੰ ਨਾਲ ਲੈ ਨਸ਼ਿਆਂ ਖਿਲਾਫ਼ ਜਾਗਰੂਕਤਾ ਮੁਹਿੰਮ ਚਲਾਉਣ ਦਾ ਅਹਿਦ ਕੀਤਾ ਹੈ। ਪਿੰਡ ਬਰਾਸ ਦੇ ਨੌਜਵਾਨਾਂ ਵੱਲੋਂ ਡਾ. ਜਤਿੰਦਰ ਸਿੰਘ ਮੱਟੂ ਨੂੰ ਪਿੰਡ ਬਰਾਸ ਦੀ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਵਿੱਚ ਖੋਲ੍ਹੀ ਗਈ



ਲਾਇਬਰੇਰੀ ਵਿੱਚ ਨਸ਼ਿਆਂ ਦੇ ਆਦੀ ਨੌਜਵਾਨਾਂ ਵੱਲੋਂ ਨਸ਼ਿਆਂ ਦਾ ਅੱਡਾ ਬਣਾਉਣ ਦੀ ਗੱਲ ਦੱਸੀ ਸੀ। ਇਸ ’ਤੇ ਫੌਰੀ ਐਕਸ਼ਨ ਕਰਦਿਆਂ ਡਾ. ਮੱਟੂ ਨੇ ਪਿੰਡ ਬਰਾਸ ਦੇ ਨੌਜਵਾਨਾਂ ਨੂੰ ਨਾਲ ਲੈ ਕੇ ਥਾਣਾ ਘੱਗਾ ਪੁਲੀਸ ਨੂੰ ਇਸ ਬਾਰੇ ਸੁਚੇਤ ਕਰਦਿਆਂ ਪਿੰਡ ਵਿੱਚ ਨਸ਼ਿਆਂ ਦੀ ਸਪਲਾਈ ਕਰਨ ਵਾਲੇ ਅਨਸਰਾਂ ਦੀ ਭਾਲ ਕਰ ਕੇ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ। ਡਾ. ਮੱਟੂ ਨੇ ਕਿਹਾ ਕਿ ਹਲਕਾ ਸ਼ੁਤਰਾਣਾ ਅੰਦਰ ਨਸ਼ਿਆਂ ਕਾਰਨ ਕਈ ਮੌਤਾਂ ਹੋ ਚੁੱਕੀਆਂ ਹਨ, ਅਨਪੜ੍ਹਤਾ ਅਤੇ ਬੇਰੁਜ਼ਗਾਰੀ ਕਾਰਨ ਨੌਜਵਾਨ ਇਸ ਦਲਦਲ ਵਿੱਚ ਧੱਕੇ ਚਲੇ ਜਾ ਰਹੇ ਹਨ। ਉਨ੍ਹਾਂ ਹਲਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਿਆ ਖ਼ਿਲਾਫ਼ ਆਵਾਜ਼ ਚੁੱਕਣ ਲਈ ਰਲ ਕੇ ਹੰਭਲਾ ਮਾਰਨ। ਇਸ ਮੌਕੇ ਪਿੰਡ ਬਰਾਸ ਤੋਂ ਸਤਨਾਮ ਸਿੰਘ, ਗੁਰਦਾਸ ਸਿੰਘ, ਨਿਰਭੈਅ ਸਿੰਘ ਤੇ ਮੰਗਤ ਸਿੰਘ ਹਾਜ਼ਰ ਸਨ।

# ਭਾਜਪਾ ਦਾ ਸਪੀਕਰ ਨਹੀਂ ਹੋਣਾ ਚਾਹੀਦਾ : ਸੰਜੇ ਸਿੰਘ


**ਨਵੀਂ ਦਿੱਲੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਆਮ ਆਦਮੀ ਪਾਰਟੀ (ਆਪ) ਦੇ ਰਾਜ ਸਭਾ ਸੰਸਦ ਮੈਂਬਰ ਸੰਜੇ ਸਿੰਘ ਨੇ ਕਿਹਾ ਕਿ ਰਾਸ਼ਟਰੀ ਜਨਤਾਂਤਰਿਕ ਗਠਜੋੜ (ਰਾਜਗ) ਦੀ ਨਵੀਂ ਸਰਕਾਰ 'ਚ ਭਾਰਤੀ ਜਨਤਾ ਪਾਰਟੀ (ਭਾਜਪਾ) ਦਾ ਸਪੀਕਰ ਨਹੀਂ ਹੋਣਾ ਚਾਹੀਦਾ। ਸੰਜੇ ਸਿੰਘ ਨੇ ਸ਼ਨੀਵਾਰ ਨੂੰ ਇੱਥੇ ਪਾਰਟੀ ਹੈੱਡ ਕੁਆਰਟਰ 'ਚ ਇਕ ਪੱਤਰਕਾਰ ਸੰਮੇਲਨ 'ਚ ਕਿਹਾ ਕਿ ਭਾਜਪਾ ਦਾ ਸਪੀਕਰ ਨਹੀਂ ਹੋਣਾ ਚਾਹੀਦਾ ਨਹੀਂ ਤਾਂ ਭਾਜਪਾ ਆਸਾਨੀ ਨਾਲ ਪਾਰਟੀਆਂ ਤੋੜੇਗੀ, ਸੰਸਦ ਮੈਂਬਰਾਂ ਨੂੰ ਮੁਅੱਤਲ ਕਰੇਗੀ, ਸੰਵਿਧਾਨ ਵਿਰੋਧੀ ਬਿੱਲ ਪਾਸ ਕਰੇਗੀ। ਉਨ੍ਹਾਂ ਕਿਹਾ ਕਿ 2014 ਦੀ ਤੁਲਨਾ 'ਚ ਭਾਜਪਾ ਦੀਆਂ 160 ਸੀਟਾਂ ਘੱਟ ਆਈਆਂ ਅਤੇ 2019 ਦੀ ਤੁਲਨਾ 'ਚ 63 ਸੀਟਾਂ ਘੱਟ ਆਈਆਂ। ਇਹ ਜਨਾਦੇਸ਼ ਦੇਸ਼ ਦੀ ਜਨਤਾ ਨੇ ਬੇਰੁਜ਼ਗਾਰੀ, ਮਹਿੰਗਾਈ, ਅਗਨੀਵੀਰ ਯੋਜਨਾ ਖ਼ਿਲਾਫ਼ ਦਿੱਤਾ ਹੈ। ਸੰਵਿਧਾਨ ਅਤੇ ਰਾਖਵਾਂਕਰਨ ਨੂੰ ਖ਼ਤਮ ਕਰਨ ਦੀ ਕੋਸ਼ਿਸ਼ ਦੇ ਖ਼ਿਲਾਫ਼ ਦਿੱਤਾ ਹੈ। ਭਾਜਪਾ ਨੂੰ ਇਸ ਤੋਂ ਸਬਕ ਲੈਣਾ ਚਾਹੀਦਾ। ਸੰਸਦ ਮੈਂਬਰ ਸੰਜੇ ਸਿੰਘ ਨੇ ਕਿਹਾ ਕਿ ਭਾਜਪਾ ਕਿਸੇ ਦੀ ਸਕੀ ਨਹੀਂ ਹੈ। ਅਯੁੱਧਿਆ 'ਚ ਹਾਰ ਜਾਣ ਤੋਂ ਬਾਅਦ ਹੁਣ ਅਯੁੱਧਿਆ ਵਾਸੀਆਂ ਨੂੰ ਭਾਜਪਾ ਵਾਲੇ ਗਾਲ੍ਹਾਂ ਕੱਢ ਰਹੇ ਹਨ। ਉੱਤਰ ਪ੍ਰਦੇਸ਼ ਦੀਆਂ ਤਿੰਨ ਸੀਟਾਂ 'ਤੇ ਧਾਂਦਲੀ ਦਾ ਖ਼ਦਸ਼ਾ ਜਤਾਉਂਦੇ ਹੋਏ ਸੰਜੇ ਸਿੰਘ ਨੇ ਕਿਹਾ ਕਿ ਫਰੂਖਾਬਾਦ, ਬਾਂਸਗਾਂਵ ਅਤੇ ਫੂਲਪੁਰ ਦੀਆਂ ਸੀਟਾਂ 'ਤੇ ਭਾਜਪਾ ਦੇ ਜਿੱਤ ਦਾ ਅੰਤਰ 2 ਤੋਂ 4 ਹਜ਼ਾਰ ਹੈ। ਗਿਣਤੀ ਦੇ ਅੰਤਿਮ ਸਮੇਂ ਬਿਜਲੀ ਕੱਟ ਦਿੱਤੀ ਗਈ ਸੀ। ਉਨ੍ਹਾਂ ਕਿਹਾ,"ਇਹ ਐੱਨ.ਡੀ.ਏ. ਦੀ ਸਰਕਾਰ 13 ਮਹੀਨੇ ਵੀ ਚੱਲ ਸਕਦੀ ਹੈ 6 ਮਹੀਨੇ ਵੀ ਅਤੇ 13 ਦਿਨ ਵੀ। ਬਹੁਤ ਜਲਦੀ ਇਨ੍ਹਾਂ ਦੀ ਵਿਦਾਈ ਹੋ ਜਾਵੇਗੀ।

# ਵਿਰੋਧੀ ਗੱਠਜੋੜ ਇੰਡੀਆ ਨੇ ਨਿਤੀਸ਼ ਕੁਮਾਰ ਨੂੰ ਪ੍ਰਧਾਨ ਮੰਤਰੀ ਅਹੁਦੇ ਦੀ ਪੇਸ਼ਕਸ਼ ਕੀਤੀ ਸੀ: ਤਿਆਗੀ

**ਨਵੀਂ ਦਿੱਲੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੇ ਕੌਮੀ ਜਮਹੂਰੀ ਗਠਜੋੜ ਸਰਕਾਰ ਦੇ ਐਤਵਾਰ ਨੂੰ ਸਹੁੰ ਚੁੱਕਣ ਤੋਂ ਪਹਿਲਾਂ ਗਠਜੋੜ ਦੇ ਪ੍ਰਮੁੱਖ ਸਹਿਯੋਗੀ ਜਨਤਾ ਦਲ (ਯੂਨਾਈਟਿਡ) ਨੇ ਦਾਅਵਾ ਕੀਤਾ ਹੈ ਕਿ ਵਿਰੋਧੀ ਇੰਡੀਆ ਗੱਠਜੋੜ ਦੇ ਨੇਤਾਵਾਂ ਨੇ ਉਨ੍ਹਾਂ ਦੇ ਸੁਪਰੀਮੋ ਅਤੇ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੂੰ ਪ੍ਰਧਾਨ ਮੰਤਰੀ ਅਹੁਦੇ ਦੀ ਪੇਸ਼ਕਸ਼ ਕੀਤੀ ਸੀ। ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਜਨਤਾ ਦਲ (ਯੂਨਾਈਟਿਡ) ਦੇ ਜਨਰਲ ਸਕੱਤਰ ਕੇਸੀ ਤਿਆਗੀ ਨੇ ਅੱਜ ਇਥੇ ਕਿਹਾ, 'ਜੇਡੀਯੂ ਨੂੰ ਪ੍ਰਧਾਨ ਮੰਤਰੀ ਅਹੁਦੇ ਦੀ ਪੇਸ਼ਕਸ਼ ਕੀਤੀ ਗਈ ਪਰ ਪਾਰਟੀ ਨੇ ਫੈਸਲਾ ਕੀਤਾ ਕਿ ਉਹ ਪਿੱਛੇ ਮੁੜ ਕੇ ਨਹੀਂ ਦੇਖਣਗੇ। ਜੇਡੀਯੂ ਭਾਜਪਾ ਦੀ ਅਗਵਾਈ ਵਾਲੇ ਐੱਨਡੀਏ ਨਾਲ ਗੱਠਜੋੜ ਵਿੱਚ ਰਹੇਗੀ। ਨਿਤੀਸ਼ ਕੁਮਾਰ ਵਿਰੋਧੀ ਇੰਡੀਆ ਗੱਠਜੋੜ ਬਣਾਉਣ ਵਾਲਿਆਂ ਵਿੱਚ ਪ੍ਰਮੁੱਖ ਸਨ ਪਰ ਉਨ੍ਹਾਂ ਦਾ ਅਪਮਾਨ ਕੀਤਾ ਗਿਆ।'

# ਕਾਂਗਰਸ ਵਰਕਿੰਗ ਕਮੇਟੀ ਨੇ ਸਰਬਸੰਮਤੀ ਨਾਲ ਰਾਹੁਲ ਨੂੰ ਵਿਰੋਧੀ ਧਿਰ ਦਾ ਨੇਤਾ ਬਣਨ ਦੀ ਅਪੀਲ ਕੀਤੀ

**ਨਵੀਂ ਦਿੱਲੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਕਾਂਗਰਸ ਵਰਕਿੰਗ ਕਮੇਟੀ ਨੇ ਅੱਜ ਪਾਰਟੀ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੂੰ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਦੀ ਜ਼ਿੰਮੇਵਾਰੀ ਸੰਭਾਲਣ ਦੀ ਅਪੀਲ ਕੀਤੀ ਹੈ। ਪਾਰਟੀ ਦੇ ਸੰਸਦੀ ਦਲ ਦਾ ਨੇਤਾ ਹੀ ਹੇਠਲੇ ਸਦਨ ਵਿੱਚ ਵਿਰੋਧੀ ਧਿਰ ਦਾ ਨੇਤਾ ਹੁੰਦਾ ਹੈ। ਲੋਕ ਸਭਾ ਚੋਣਾਂ ਵਿੱਚ ਕਾਂਗਰਸ ਨੇ 99 ਸੀਟਾਂ ਜਿੱਤੀਆਂ ਹਨ। ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਪ੍ਰਧਾਨਗੀ ਹੇਠ ਹੋਈ ਕਾਂਗਰਸ ਵਰਕਿੰਗ ਕਮੇਟੀ (ਸੀਡਬਲਿਊਸੀ) ਦੀ ਮੀਟਿੰਗ ਵਿੱਚ ਸਾਬਕਾ ਪ੍ਰਧਾਨ ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵੱਲੋਂ ਲੋਕ ਸਭਾ ਚੋਣਾਂ ਵਿੱਚ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ ਗਈ ਅਤੇ ਇਸ ਸਬੰਧੀ ਮਤਾ ਵੀ ਪਾਸ ਕੀਤਾ ਗਿਆ। ਮੀਟਿੰਗ ਵਿੱਚ ਪਾਰਟੀ ਦੀ ਸੰਸਦੀ ਦਲ ਦੀ ਮੁਖੀ ਸੋਨੀਆ ਗਾਂਧੀ, ਪਾਰਟੀ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ, ਜਨਰਲ ਸਕੱਤਰ ਪ੍ਰਿਯੰਕਾ ਗਾਂਧੀ, ਸੰਗਠਨ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਅਤੇ ਹੋਰ ਸੀਨੀਅਰ ਆਗੂ ਹਾਜ਼ਰ ਸਨ। ਵਰਕਿੰਗ ਕਮੇਟੀ ਨੇ ਮਤਾ ਵੀ ਪਾਸ ਕਰਕੇ ਰਾਹੁਲ ਗਾਂਧੀ ਨੂੰ ਵਿਰੋਧੀ ਧਿਰ ਦੇ ਨੇਤਾ ਦੀ ਜ਼ਿੰਮੇਵਾਰੀ ਸੰਭਾਲਣ ਦੀ ਅਪੀਲ ਕੀਤੀ ਹੈ। ਕਾਂਗਰਸ ਸੰਗਠਨ ਦੇ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਵਰਕਿੰਗ ਕਮੇਟੀ ਨੇ ਸਰਬਸੰਮਤੀ ਨਾਲ ਇਕ ਮਤਾ ਪਾਸ ਕਰਕੇ ਰਾਹੁਲ ਗਾਂਧੀ ਨੂੰ ਵਿਰੋਧੀ ਧਿਰ ਦੇ ਨੇਤਾ ਦੀ ਜ਼ਿੰਮੇਵਾਰੀ ਸੰਭਾਲਣ ਦੀ ਬੇਨਤੀ ਕੀਤੀ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੇ ਵਰਕਿੰਗ ਕਮੇਟੀ ਮੈਂਬਰਾਂ ਦੇ ਵਿਚਾਰ ਸੁਣੇ ਅਤੇ ਕਿਹਾ ਕਿ ਉਹ ਇਸ ਸਬੰਧੀ ਜਲਦੀ ਹੀ ਕੋਈ ਫੈਸਲਾ ਕਰਨਗੇ।

# ਜੰਮੂ ਕਸ਼ਮੀਰ ਪੁਲਿਸ ਨੇ 2 ਅੱਤਵਾਦੀਆਂ ਦੀ ਕਰੋੜਾਂ ਦੀ ਜਾਇਦਾਦ ਕੀਤੀ ਕੁਰਕ

**ਸ਼੍ਰੀਨਗਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜੰਮੂ ਕਸ਼ਮੀਰ ਪੁਲਸ ਨੇ ਪਾਕਿਸਤਾਨ ਤੋਂ ਆਪਣੀਆਂ ਗਤੀਵਿਧੀਆਂ ਸੰਚਾਲਿਤ ਕਰ ਰਹੇ 2 ਅੱਤਵਾਦੀਆਂ ਦੀ 2 ਕਰੋੜਾਂ ਰੁਪਏ ਦੀ ਜਾਇਦਾਦ ਕੁਰਕ ਕਰ ਲਈ ਹੈ। ਅਧਿਕਾਰੀਆਂ ਅਨੁਸਾਰ ਬਾਰਾਮੂਲਾ ਦੇ ਤਿਲਗਾਮ ਵਾਸੀ ਜਲੀਲ ਅਹਿਮਦ ਰਾਠੇਰ ਅਤੇ ਮੁਹੰਮਦ ਅਸ਼ਰਫ਼ ਮੀਰ ਅੱਤਵਾਦੀਆਂ ਦੇ ਆਕਾਵਾਂ ਵਜੋਂ ਪਿਛਲੇ ਕੁਝ ਸਮੇਂ ਤੋਂ ਪਾਕਿਸਤਾਨ ਤੋਂ ਗਤੀਵਿਧੀਆਂ ਸੰਚਾਲਿਤ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਬਾਰਾਮੂਲਾ 'ਚ ਐਡੀਸ਼ਨਲ ਸੈਸ਼ਨ ਅਦਾਲਤ ਤੋਂ ਕੁਰਕੀ ਆਦੇਸ਼ ਪ੍ਰਾਪਤ ਕਰਨ ਤੋਂ ਬਾਅਦ ਪੁਲਸ ਨੇ 8 ਕਨਾਲ ਅਤੇ ਚਾਰ ਮਰਲਾ ਜ਼ਮੀਨ ਕੁਰਕ ਕੀਤੀ।

ਅਧਿਕਾਰੀਆਂ ਨੇ ਦੱਸਿਆ ਕਿ ਇਹ



ਕਾਰਵਾਈ ਸੀ.ਆਰ.ਪੀ.ਸੀ. ਦੀ ਧਾਰਾ 83 ਦੇ ਅਧੀਨ ਕੀਤੀ ਗਈ ਹੈ। ਉਨ੍ਹਾਂ ਅਨੁਸਾਰ ਇਹ ਕਾਰਵਾਈ ਹਥਿਆਰਬੰਦ ਐਕਟ ਅਤੇ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ ਸਮੇਤ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਦੇ ਅਧੀਨ ਦਰਜ ਐੱਫ.ਆਈ.ਆਰ. ਨਾਲ ਜੁੜੀ ਹੈ। ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਪਤਾ ਲੱਗਾ ਕਿ ਇਹ ਜਾਇਦਾਦ ਅੱਤਵਾਦੀਆਂ ਦੇ ਆਕਾਵਾਂ ਦੀ ਹੈ।

# ਬਾਬਾ ਬੰਦਾ ਸਿੰਘ ਬਹਾਦਰ ਜੀ ਦੇ 308ਵੇਂ ਸ਼ਹੀਦੀ ਦਿਹਾੜੇ 'ਤੇ ਮਨੁੱਖਤਾ ਦੀ ਸੇਵਾ ਲਈ ਡਾ. ਐੱਸ.ਪੀ. ਸਿੰਘ ਉਬਰਾਏ ਬਾਬਾ ਬੰਦਾ ਸਿੰਘ ਬਹਾਦਰ ਯਾਦਗਾਰੀ ਐਵਾਰਡ ਨਾਲ ਸਨਮਾਨਿਤ

**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਪਿੰਡ ਚੱਪੜ (ਪਟਿਆਲਾ) ਦੇ ਗੁਰਦੁਆਰਾ ਸਾਹਿਬ ਵਿਖੇ ਬੈਰਾਗੀ ਮਹਾਮੰਡਲ ਪਟਿਆਲਾ ਦੇ ਪ੍ਰਧਾਨ ਸਤਪਾਲ ਬੈਰਾਗੀ ਵੱਲੋਂ ਹਰ ਸਾਲ ਦੀ ਤਰ੍ਹਾਂ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਅਤੇ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਸਬੰਧੀ ਸੂਬਾ ਪੱਧਰੀ ਸਮਾਗਮ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਵਿਸ਼ਵ ਵਿਚ ਮਨੁੱਖਤਾ ਦੀ ਸੇਵਾ ਦਾ ਝੰਡਾ ਚੁੱਕਣ ਵਾਲੇ ਮਹਾਨ ਦਾਨੀ, ਸਹਿਜ, ਸ਼ਾਂਤੀ, ਸਪਸ਼ਟਤਾ ਦੇ ਧਾਰਨੀ ਡਾ. ਐੱਸ.ਪੀ. ਸਿੰਘ ਉਬਰਾਏ ਨੂੰ ਵਿਸ਼ੇਸ਼ ਤੌਰ 'ਤੇ ਪਹੁੰਚੇ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਬੈਰਾਗੀ ਮਹਾਂਮੰਡਲ ਪੰਜਾਬ ਦੇ ਪ੍ਰਧਾਨ ਰਵਿੰਦਰ



ਨੰਦੀ, ਸਰਪ੍ਰਸਤ ਅੰਤਰਰਾਸ਼ਟਰੀ ਫਾਊਂਡੇਸ਼ਨ ਰਿਟਾ. ਆਈ.ਪੀ.ਐਸ ਇਕਬਾਲ ਸਿੰਘ ਗਿੱਲ ਅਤੇ ਸਮਾਗਮ ਦੇ ਮੁੱਖ ਪ੍ਰਬੰਧਕ ਸਤਪਾਲ ਬੈਰਾਗੀ ਅਤੇ ਜਗਦੀਸ਼ ਬਾਵਾ ਨੇ ਸਨਮਾਨ ਦੇਣ ਦੀ ਰਸਮ ਅਦਾ ਕੀਤੀ। ਇਸ ਸਮੇਂ ਜੱਸਾ ਸਿੰਘ ਸੰਧੂ, ਡਾ. ਦਲਜੀਤ ਸਿੰਘ ਗਿੱਲ, ਇਕਬਾਲ ਸਿੰਘ ਗਿੱਲ, ਜਸਵੰਤ ਸਿੰਘ ਛਾਪਾ, ਵਰਿੰਦਰ ਸਿੰਘ (ਮੁਲਤਾਨੀ ਢਾਬਾ), ਉੱਘੇ ਇਤਿਹਾਸਕਾਰ ਡਾ. ਸ਼ਿਵਰਾਜ ਸਿੰਘ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮੇਂ ਬੋਲਦੇ ਸ਼੍ਰੀ ਬਾਵਾ ਨੇ ਕਿਹਾ ਕਿ ਮਹਾਨ ਯੋਧੇ, ਜਰਨੈਲ, ਬਾਬਾ ਬੰਦਾ ਸਿੰਘ ਬਹਾਦਰ ਜੀ ਅਤੇ ਸ਼ਹੀਦਾਂ ਦੇ ਸਿਰਤਾਜ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਉਣਾ ਸਾਡਾ ਸਭ ਦਾ ਫਰਜ਼ ਹੈ। ਉਹਨਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਨਾਲ 740 ਸਿੰਘਾਂ ਅਤੇ ਉਹਨਾਂ ਦੇ ਸਪੁੱਤਰ ਬਾਬਾ ਅਜੈ ਸਿੰਘ (ਉਮਰ ਚਾਰ ਸਾਲ) ਦੀ ਸ਼ਹਾਦਤ ਲਾ- ਮਿਸਾਲ ਹੈ।

# ਨਾਬਾਲਿਗ ਲੜਕੀ ਨੂੰ ਵਰਗਲਾਉਣ ਦੇ ਦੋਸ਼ ਹੇਠ ਵਿਅਕਤੀ ਖਿਲਾਫ ਮਾਮਲਾ ਦਰਜ

**ਡੇਰਾ ਬਸੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇਥੋਂ ਦੇ ਨਜ਼ਦੀਕੀ ਪਿੰਡ ਮਾਹੀਵਾਲਾ ਵਿਖੇ ਰਹਿਣ ਵਾਲੀ ਨਾਬਾਲਿਗ ਲੜਕੀ ਨੂੰ ਵਰਗਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਿਸ ਨੇ ਇੱਕ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਰਾਜੇਸ਼ ਕੁਮਾਰ ਯਾਦਵ ਪੁੱਤਰ ਰਾਮ ਕ੍ਰਿਪਾਲ ਯਾਦਵ ਵਾਸੀ ਅਮਨ ਇਨਕਲੇਵ ਮਾਹੀਵਾਲਾ ਨੇ ਦੱਸਿਆ ਕਿ ਉਸ ਦੀ 15 ਸਾਲਾਂ ਲੜਕੀ ਹਰ ਰੋਜ਼ ਟਿਊਸ਼ਨ ਪੜਨ ਜਾਂਦੀ ਸੀ। ਉਹ 5 ਜੂਨ ਨੂੰ ਟਿਊਸ਼ਨ ਪੜਨ ਲਈ ਘਰ ਤੋਂ ਗਈ ਪਰ ਵਾਪਸ ਨਹੀਂ ਪਰਤੀ।

# ਦਫ਼ਤਰ ਜਾ ਰਹੀ ਲੜਕੀ ਨੂੰ ਰਸਤੇ 'ਚ ਘੇਰ ਤਲਵਾਰ ਨਾਲ ਵੱਢਿਆ, ਹਮਲਾਵਰ ਫ਼ਰਾਰ



**ਮੁਹਾਲੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇਥੋਂ ਦੇ ਫੇਜ਼-5 ਵਿੱਚ ਅੱਜ ਸਵੇਰੇ ਆਪਣੇ ਦਫ਼ਤਰ ਜਾ ਰਹੀ ਲੜਕੀ ਨੂੰ ਨਕਾਬਪੋਸ਼ ਨੌਜਵਾਨ ਨੇ ਰਸਤੇ ਵਿੱਚ ਘੇਰ ਕੇ ਉਸ ਦੀ ਤਲਵਾਰ ਨਾਲ ਹਮਲਾ ਕਰਕੇ ਬੇਰਹਿਮੀ ਨਾਲ ਹੱਤਿਆ ਕਰ ਦਿੱਤੀ। ਨੌਜਵਾਨ ਨੇ ਲੜਕੀ ਨੂੰ ਸੜਕ ਵਿਚਕਾਰ ਤਲਵਾਰਾਂ ਨਾਲ ਕਈ ਵਾਰ ਕਰ ਕੇ ਗੰਭੀਰ ਜ਼ਖ਼ਮੀ ਕਰ ਦਿੱਤਾ ਅਤੇ ਅੱਧਮਰੀ ਛੱਡ ਕੇ ਫ਼ਰਾਰ ਹੋ ਗਿਆ। ਸੜਕ ਤੋਂ ਲੰਘ ਰਹੇ ਲੋਕਾਂ ਨੇ ਬਾਰੇ ਪੁਲੀਸ ਨੂੰ ਸੂਚਨਾ ਦਿੱਤੀ ਗਈ। ਬਾਅਦ ਵਿੱਚ ਲੜਕੀ ਨੂੰ ਤੁਰੰਤ ਸਰਕਾਰੀ ਹਸਪਤਾਲ ਫੇਜ਼-6 ਵਿੱਚ ਲਿਜਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਮ੍ਰਿਤਕਾ ਦੀ ਪਛਾਣ ਬਲਜਿੰਦਰ ਕੌਰ (26) ਵਜੋਂ ਹੋਈ ਹੈ। ਇਹ ਸਾਰੀ ਘਟਨਾ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ। ਪੁਲੀਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਫਿਲਹਾਲ ਹਮਲਾਵਰ ਨੌਜਵਾਨ ਪੁਲੀਸ ਦੀ ਗ੍ਰਿਫ਼ਤ ਤੋਂ ਬਾਹਰ ਹੈ। ਪੁਲੀਸ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕਰ ਰਹੀ ਹੈ।
ਹਾਲੀ ਵਿਖੇ ਇੱਕ ਨੌਜਵਾਨ ਵੱਲੋਂ ਇੱਕ ਨੌਜਵਾਨ ਕੁੜੀ ਦਾ ਬੜੇ ਹੀ ਬੇਰਹਿਮੀ ਨਾਲ ਤਲਵਾਰ ਨਾਲ ਕਈ ਵਾਰ ਕਰਕੇ ਕਤਲ ਕਰ ਦਿੱਤਾ ਜਿਸ ਦੀ ਸੀ.ਸੀ.ਟੀ.ਵੀ. ਕੈਮਰਾ ਫੋਟੋ ਵੀ ਸਾਹਮਣੇ ਆਈ ਅਤੇ ਪੁਲਿਸ ਦੁਆਰਾ ਕਥਿਤ ਦੋਸ਼ੀ ਸੁਖਚੈਨ ਨੂੰ ਗ੍ਰਿਫਤਾਰ ਕਰ ਲਿਆ ਗਿਆ। ਸੁਖਚੈਨ ਜੋ ਕਿ ਸਮਰਾਲਾ ਦੇ ਨਜ਼ਦੀਕੀ ਪਿੰਡ ਖੀਰਨੀਆਂ ਦਾ ਰਹਿਣ ਵਾਲਾ ਹੈ, ਸੁਖਚੈਨ ਕਬੱਡੀ ਦਾ ਵਧੀਆ ਖਿਡਾਰੀ ਸੀ।ਸੁਖਚੈਨ ਪਿਛਲੇ ਤਿੰਨ ਮਹੀਨਿਆਂ ਤੋਂ ਪੈਟਰੋਲ ਪੰਪ ਤੇ ਕੰਮ ਕਰਦਾ ਸੀ ਅਤੇ ਹਫਤਾ ਪਹਿਲਾਂ ਹੀ ਉਸ ਨੇ ਪੈਟਰੋਲ ਪੰਪ ਤੋਂ ਕੰਮ ਛੱਡਿਆ ਸੀ ਇਹ ਵੀ ਸਾਹਮਣੇ ਆਇਆ ਕਿ ਕਥਿਤ ਦੋਸ਼ੀ ਸੁਖਚੈਨ ਅਤੇ ਮ੍ਰਿਤਕ ਲੜਕੀ ਦਾ ਆਪਸ ਵਿੱਚ ਪ੍ਰੇਮ ਸਬੰਧ ਸਨ।ਪਿੰਡ ਦੇ ਸਾਬਕਾ ਸਰਪੰਚ ਰਣਜੀਤ ਸਿੰਘ ਨੇ ਦੱਸਿਆ ਕਿ ਸੁਖਚੈਨ ਕਬੱਡੀ ਪਲੇਅਰ ਸੀ ਅਤੇ ਪਿੰਡ ਵਿੱਚ ਵੀ ਉਸ ਦਾ ਸੁਭਾਅ ਬੜਾ ਨਿੰਘਾ ਤੇ ਸਾਊ ਸੀ।ਘਰ ਵਿੱਚ ਚਾਰ ਭੈਣਾਂ ਤੇ ਤਿੰਨ ਭਾਈ ਹਨ ,ਸੁਖਚੈਨ ਕੁਵਾਰਾ ਹੈ ਅਤੇ ਕੁਝ ਸਮਾਂ ਪਹਿਲਾਂ ਹੀ ਪੈਟਰੋਲ ਪੰਪ ਤੇ ਕੰਮ ਕਰਨ ਲੱਗਿਆ ਸੀ। ਜੋ ਉਸ ਨੇ ਮੋਹਾਲੀ ਵਿਖੇ ਇਹ ਕਾਰਾ ਕੀਤਾ ਇਹ ਸਮਝ ਤੋਂ ਬਾਹਰ ਹੈ।

# ਨਰੇਲਾ 'ਚ ਫੂਡ ਪ੍ਰੋਸੈਸਿੰਗ ਯੂਨਿਟ ਨੂੰ ਅੱਗ ਲੱਗਣ ਕਾਰਨ 3 ਮਜ਼ਦੂਰਾਂ ਦੀ ਮੌਤ ਤੇ 6 ਜ਼ਖ਼ਮੀ

**ਨਵੀਂ ਦਿੱਲੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀ ਰਾਜਧਾਨੀ ਦੇ ਨਰੇਲਾ ਉਦਯੋਗਿਕ ਖੇਤਰ ਵਿਚ ਅੱਜ ਤੜਕੇ ਫੂਡ ਪ੍ਰੋਸੈਸਿੰਗ ਯੂਨਿਟ ਵਿਚ ਧਮਾਕੇ ਤੋਂ ਬਾਅਦ ਅੱਗ ਲੱਗਣ ਕਾਰਨ ਤਿੰਨ ਮਜ਼ਦੂਰਾਂ ਦੀ ਮੌਤ ਹੋ ਗਈ ਅਤੇ ਛੇ ਜ਼ਖ਼ਮੀ ਹੋ ਗਏ। ਤੜਕੇ 3.35 ਵਜੇ ਫਾਇਰ ਬ੍ਰਿਗੇਡ ਵਿਭਾਗ ਨੂੰ ਸੂਚਨਾ ਮਿਲੀ ਕਿ ਸੁੱਕੀ ਮੂੰਗੀ ਦੀ ਦਾਲ ਪ੍ਰੋਸੈਸਿੰਗ ਵਾਲੀ ਸ਼ਿਆਮ ਕ੍ਰਿਪਾ ਫੂਡਜ਼ ਪ੍ਰਾਈਵੇਟ ਲਿਮਟਿਡ ਫੈਕਟਰੀ ਵਿੱਚ ਅੱਗ ਲੱਗ ਗਈ ਹੈ।

ਅੱਗ ਨੇ ਫੈਕਟਰੀ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਅਤੇ ਕੁਝ ਮਜ਼ਦੂਰ ਇਸ ਵਿੱਚ ਫਸ ਗਏ।



ਫਾਇਰ ਬ੍ਰਿਗੇਡ ਦੀਆਂ 14 ਗੱਡੀਆਂ ਨੂੰ ਮੌਕੇ 'ਤੇ ਭੇਜਿਆ ਗਿਆ ਅਤੇ ਇਮਾਰਤ 'ਚੋਂ 9 ਲੋਕਾਂ ਨੂੰ ਬਚਾਇਆ ਗਿਆ।

# ਅਫ਼ਗਾਨਿਸਤਾਨ ਨੇ ਨਿਊਜ਼ੀਲੈਂਡ ਨੂੰ 84 ਦੌੜਾਂ ਨਾਲ ਹਰਾ ਕੇ ਵੱਡਾ ਉਲਟਫੇਰ ਕੀਤਾ

**ਜਾਰਜਟਾਊਨ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਕਪਤਾਨ ਰਾਸ਼ਿਦ ਖ਼ਾਨ ਅਤੇ ਫਜ਼ਲਹਕ ਫ਼ਾਰੂਕੀ ਦੀ ਸ਼ਾਨਦਾਰ ਗੇਂਦਬਾਜ਼ੀ ਅਤੇ ਰਹਿਮਾਨਉੱਲ੍ਹਾ ਗੁਰਬਾਜ਼ ਦੀ ਹਮਲਾਵਰ ਬੱਲੇਬਾਜ਼ੀ ਸਦਕਾ ਅਫ਼ਗਾਨਿਸਤਾਨ ਨੇ ਟੀ-20 ਵਿਸ਼ਵ ਕੱਪ ਦੇ ਗਰੁੱਪ ਸੀ ਦੇ ਮੈਚ ਵਿਚ ਨਿਊਜ਼ੀਲੈਂਡ ਨੂੰ 84 ਦੌੜਾਂ ਨਾਲ ਹਰਾ ਕੇ ਸੁਪਰ ਅੱਠ ਗੇੜ ਵਿਚ ਦਾਖਲ ਹੋਣ ਦਾ ਦਾਅਵਾ ਮਜ਼ਬੂਤ ਕਰ ਲਿਆ ਹੈ। ਜਿੱਤ ਲਈ 160 ਦੌੜਾਂ ਦੇ ਟੀਚੇ ਦਾ ਪਿੱਛਾ ਕਰਨ ਉਤਰੀ ਨਿਊਜ਼ੀਲੈਂਡ 15.2 ਓਵਰਾਂ ਵਿੱਚ 75 ਦੌੜਾਂ ਬਣਾ ਕੇ ਆਊਟ ਹੋ ਗਈ, ਜੋ ਟੀ-20 ਕ੍ਰਿਕਟ ਵਿੱਚ ਉਸ ਦਾ ਚੌਥਾ ਸਭ ਤੋਂ ਘੱਟ ਸਕੋਰ ਹੈ।




ਫਾਰੂਕੀ ਅਤੇ ਰਾਸ਼ਿਦ ਦੋਵਾਂ ਨੇ 17-17 ਦੌੜਾਂ ਦੇ ਕੇ 4-4 ਵਿਕਟਾਂ ਲਈਆਂ। ਪਹਿਲਾਂ ਬੱਲੇਬਾਜ਼ੀ ਕਰਨ ਲਈ ਭੇਜੇ ਅਫ਼ਗਾਨਿਸਤਾਨ ਨੇ ਗੁਰਬਾਜ਼ ਅਤੇ ਇਬਰਾਹਿਮ ਜ਼ਦਰਾਨ ਵਿਚਾਲੇ ਪਹਿਲੀ ਵਿਕਟ ਲਈ 103 ਦੌੜਾਂ ਦੀ ਭਾਈਵਾਲੀ ਦੇ ਦਮ 'ਤੇ ਛੇ ਵਿਕਟਾਂ 'ਤੇ 159 ਦੌੜਾਂ ਬਣਾਈਆਂ।

# ਕੁਲਵਿੰਦਰ ਵੱਲੋਂ ਕੰਗਨਾ ਨੂੰ ਥੱਪੜ ਮਾਰਨ ਦਾ ਮਾਮਲਾ ਭਖਿਆ, ਨੌਕਰੀ 'ਤੇ ਬਹਾਲ ਨਾ ਕਰਨ 'ਤੇ ਦਿੱਤੀ ਚਿਤਾਵਨੀ



**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬਾਲੀਵੁੱਡ ਅਦਾਕਾਰਾ ਕੰਗਨਾ ਰਣੌਤ ਨੂੰ ਚੰਡੀਗੜ੍ਹ ਏਅਰਪੋਰਟ 'ਤੇ ਸੀ. ਆਈ. ਐੱਸ. ਐੱਫ਼. ਦੀ ਕਾਂਸਟੇਬਲ ਕੁਲਵਿੰਦਰ ਕੌਰ ਵੱਲੋਂ ਥੱਪੜ ਮਾਰਨ ਦੇ ਹੱਕ 'ਚ ਸਮੂਹ ਕਿਸਾਨ ਜਥੇਬੰਦੀਆਂ ਵੀ ਉਸ ਦੀ ਹਮਾਇਤ 'ਚ ਖੁੱਲ੍ਹ ਕੇ ਨਿੱਤਰ ਆਈਆਂ ਹਨ। ਇਸ ਦੌਰਾਨ ਕਿਸਾਨ, ਮਜ਼ਦੂਰ ਕੇ ਧਾਰਮਿਕ ਜਥੇਬੰਦੀਆਂ ਨੇ ਸਰਕਾਰ ਨੂੰ ਕਿਸੇ ਵੀ ਕਾਰਵਾਈ ਕਰਨ ਤੋਂ ਵਰਜਿਆ ਹੈ।

ਇਸ ਸਬੰਧੀ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਬਾਊਪੁਰ ਵੱਲੋਂ ਕੁਲਵਿੰਦਰ ਕੌਰ ਦੀ ਖੁੱਲ੍ਹ ਕੇ ਹਮਾਇਤ ਕਰਨ ਦਾ ਐਲਾਨ ਕਰਦਿਆਂ ਕਿਹਾ ਕਿ ਪਹਿਲਾਂ ਤਾਂ ਸਮੂਹ ਕਿਸਾਨ ਜਥੇਬੰਦੀਆਂ ਨੂੰ ਮਾਣ ਹੈ ਇਸ ਅਣਖੀ ਧੀ ਕੁਲਵਿੰਦਰ ਕੌਰ 'ਤੇ, ਜਿਸ ਨੇ ਆਪਣੀ ਨੌਕਰੀ ਦੀ ਵੀ ਪ੍ਰਵਾਹ ਕੀਤੇ ਬਗੈਰ ਭਾਜਪਾ ਦੀ ਚੁਣੀ ਗਈ ਐੱਮ. ਪੀ. ਕੰਗਨਾ ਰਣੌਤ ਨੂੰ ਥੱਪੜ ਮਾਰ ਕੇ ਅਜਿਹਾ ਸਬਕ ਸਿਖਾਇਆ ਹੈ। ਉਨ੍ਹਾਂ ਕਿਹਾ ਕਿ ਭੈਣ ਕੁਲਵਿੰਦਰ ਕੌਰ ਸਾਡੇ ਹੀ ਪਾਵਨ ਇਲਾਕੇ ਸੁਲਤਾਨਪੁਰ ਲੋਧੀ ਦੀ ਧੀ ਹੈ, ਜਿਸ ਦੇ ਸਾਰੇ ਪਰਿਵਾਰ ਨੇ ਕਿਸਾਨ ਅੰਦੋਲਨ 'ਚ ਆਪਣੇ-ਆਪ ਨੂੰ ਸਮਰਪਿਤ ਕੀਤਾ ਹੋਇਆ ਹੈ।

ਕਿਸਾਨ ਆਗੂ ਨੇ ਕਿਹਾ ਕਿ ਕੰਗਨਾ ਰਣੌਤ ਵੱਲੋਂ ਜੋ ਕਿਸਾਨ ਜਥੇਬੰਦੀਆਂ ਵੱਲੋਂ ਆਪਣੇ ਹੱਕਾਂ ਲਈ ਸ਼ੁਰੂ ਕੀਤੇ ਅੰਦੋਲਨ ਦੇ ਪ੍ਰਤੀ ਬਹੁਤ ਮਾੜੀ ਸ਼ਬਦਾਵਲੀ ਦੀ ਵਰਤੋਂ ਕੀਤੀ ਸੀ, ਇਹ ਉਸ ਦਾ ਹੀ ਨਤੀਜਾ ਹੈ। ਉਨ੍ਹਾਂ ਗੁਰੂ ਨਾਨਕ ਦੀ ਧਰਤੀ ਸੁਲਤਾਨਪੁਰ ਲੋਧੀ ਦੀ ਵਸਨੀਕ ਭੈਣ ਕੁਲਵਿੰਦਰ ਕੌਰ ਨੂੰ ਸੀ. ਆਈ. ਐੱਸ. ਐੱਫ਼. ਦੀ ਨੌਕਰੀ ਤੋਂ ਮੁਅੱਤਲ ਕਰਨ ਦੀ ਨਿੰਦਾ ਕੀਤੀ ਅਤੇ ਕਿਹਾ ਕਿ ਜੇ ਭੈਣ ਕੁਲਵਿੰਦਰ ਕੌਰ ਨੂੰ ਜਲਦ ਬਹਾਲ ਨਹੀਂ ਕੀਤਾ ਗਿਆ ਤਾਂ ਸਮੂਹ ਕਿਸਾਨ ਜਥੇਬੰਦੀਆਂ ਵੱਲੋਂ ਇਸ ਖ਼ਿਲਾਫ਼ ਵੀ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਅੱਜ ਤੱਕ ਪੰਜਾਬੀਆਂ ਨੂੰ ਮਾੜਾ ਬੋਲਣ ਵਾਲਿਆਂ ਨੂੰ ਸਜ਼ਾ ਭੁਗਤਣੀ ਹੀ ਪਈ ਹੈ ਅਤੇ ਕੋਈ ਵੀ ਬਚਿਆ ਨਹੀਂ। ਹੁਣ ਕੰਗਨਾ ਰਣੌਤ ਨੂੰ ਕਿਸਾਨੀ ਸੰਘਰਸ਼ ਦਾ ਹਿੱਸਾ ਬਣ ਕੇ ਦਿੱਲੀ ਬਾਰਡਰ 'ਤੇ ਬੈਠੀਆਂ ਮਾਵਾਂ ਧੀਆਂ ਭੈਣਾਂ ਨੂੰ ਅਪਸ਼ਬਦ ਬੋਲਣ ਦੀ ਸਜ਼ਾ ਦੇਣ ਵਾਲੇ ਅਣਖੀ ਵਰਤਾਰੇ ਨੇ ਸਿਆਸੀ ਨੇਤਾਵਾਂ ਨੂੰ ਬਿਆਨ ਦੇਣ ਤੋਂ ਪਹਿਲਾਂ ਕੁਝ ਸੋਚ ਵਿਚਾਰ ਕਰਨ ਅਤੇ ਜ਼ੁਬਾਨ ਨੂੰ ਕਾਬੂ ਵਿਚ ਰੱਖਣ ਲਈ ਵਿਸ਼ੇਸ਼ ਤੌਰ 'ਤੇ ਪ੍ਰੇਰਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਸਾਨੂੰ ਹੁਣ ਇਕੱਠੇ ਹੋ ਕੇ ਅੱਗੇ ਆਉਣ ਦੀ ਤਾਂ ਕਿ ਆਉਣ ਵਾਲੀ ਨੌਜਵਾਨ ਪੀੜ੍ਹੀ ਨੂੰ ਕੁਰਬਾਨੀ ਲਈ ਪ੍ਰੇਰਿਤ ਕੀਤਾ ਜਾ ਸਕੇ।

## ਬੈਂਕ ਦੇ ਬਾਹਰ ਖੜੀ ਐਕਟੀਵਾ ਦੀ ਡਿੱਗੀ ਵਿਚੋਂ ਤਿੰਨ ਲੱਖ ਚੋਰੀ

**ਡੇਰਾਬੱਸੀ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡੇਰਾਬੱਸੀ ਵਿਖੇ ਬੈਂਕ ਦੇ ਬਾਹਰ ਖੜੀ ਐਕਟੀਵਾ ਦੀ ਡਿੱਗੀ ਵਿਚੋਂ ਅਣਪਛਾਤਾ ਵਿਅਕਤੀ ਤਿੰਨ ਲੱਖ ਰੁਪਏ ਚੋਰੀ ਕਰਕੇ ਲੈ ਗਿਆ। ਪੁਲਿਸ ਨੇ ਸੂਚਨਾਂ ਮਿਲਣ ਤੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸੁਖਵਿੰਦਰ ਸਿੰਘ ਪੁੱਤਰ ਉੱਤਮ ਸਿੰਘ ਵਾਸੀ ਪਿੰਡ ਜਵਾਹਰਪੁਰ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਕੀਤੀ ਕਿ ਉਸ ਦੇ 3 ਲੱਖ ਚੋਰੀ ਹੋ ਗਏ ਹਨ।

# ਲੋਕ ਸਭਾ ਚੋਣਾਂ 'ਚ ਜਨਤਾ ਨਾਲ ਜੁੜੇ ਮੁੱਦਿਆਂ ਦੀ ਜਿੱਤ ਹੋਈ : ਅਖਿਲੇਸ਼ ਯਾਦਵ

**ਲਖਨਊ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜਵਾਦੀ ਪਾਰਟੀ (ਸਪਾ) ਮੁਖੀ ਅਖਿਲੇਸ਼ ਯਾਦਵ ਨੇ ਸ਼ਨੀਵਾਰ ਨੂੰ ਕਿਹਾ ਕਿ ਹਾਲ ਹੀ ਵਿਚ ਸੰਪੰਨ ਹੋਈਆਂ ਲੋਕ ਸਭਾ ਚੋਣਾਂ ਵਿਚ ਨਕਾਰਾਤਮਕ ਸਿਆਸਤ ਖ਼ਤਮ ਹੋ ਗਈ ਹੈ ਅਤੇ ਸਕਾਰਾਤਮਕ ਸਿਆਸਤ ਦਾ ਦੌਰ ਸ਼ੁਰੂ ਹੋਣ ਨਾਲ ਜਨਤਾ ਨਾਲ ਜੁੜੇ ਮੁੱਦਿਆਂ ਦੀ ਜਿੱਤ ਹੋਈ ਹੈ। ਲਖਨਊ ਸਥਿਤ ਪਾਰਟੀ ਦਫ਼ਤਰ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਖਿਲੇਸ਼ ਯਾਦਵ ਨੇ ਕਿਹਾ ਕਿ ਇਕ ਪਾਸੇ ਜਿੱਥੇ ਇੰਡੀਆ ਗਠਜੋੜ ਦੀ ਜਿੱਤ ਹੋਈ ਹੈ ਅਤੇ ਪੀ. ਡੀ. ਏ. (ਪਿਛੜਾ, ਦਲਿਤ ਅਤੇ ਘੱਟ ਗਿਣਤੀ) ਦੀ ਰਣਨੀਤੀ ਦੀ ਜਿੱਤ ਹੋਈ ਹੈ। ਸਪਾ ਚੋਣਾਂ ਵਿਚ ਦੇਸ਼ ਦੀ ਤੀਜੇ ਨੰਬਰ ਦੀ ਪਾਰਟੀ ਬਣ ਕੇ ਉੱਭਰੀ ਹੈ। ਅਖਿਲੇਸ਼ ਨੇ ਕਿਹਾ ਕਿ ਵੱਡੇ ਪੱਧਰ 'ਤੇ ਉਨ੍ਹਾਂ ਦੀ ਪਾਰਟੀ ਨੂੰ ਜਨਤਾ ਦਾ ਸਮਰਥਨ ਮਿਲਿਆ ਹੈ। ਯਾਦਵ ਨੇ ਕਿਹਾ ਕਿ



ਸਮਾਜਵਾਦੀਆਂ ਦੀ ਜ਼ਿੰਮੇਵਾਰੀ ਵੀ ਵੱਧ ਗਈ ਹੈ, ਚਾਹੇ ਉਹ ਜਨਤਾ ਨਾਲ ਜੁੜੇ ਮੁੱਦੇ ਚੁੱਕਣੇ ਹੋਣ, ਜਨਤਾ ਦੇ ਹਿੱਤਾਂ ਨੂੰ ਧਿਆਨ 'ਚ ਰੱਖਣਾ ਹੋਵੇ ਜਾਂ ਆਪਣੀ ਗੱਲ ਰੱਖਣੀ ਹੋਵੇ।

ਦੱਸ ਦੇਈਏ ਕਿ ਲੋਕ ਸਭਾ ਚੋਣਾਂ ਵਿਚ ਸਪਾ ਨੇ ਉੱਤਰ ਪ੍ਰਦੇਸ਼ ਦੀਆਂ 80 'ਚੋਂ 37 ਸੀਟਾਂ ਜਿੱਤੀਆਂ, ਜਦਕਿ ਉਸ ਦੀ ਸਹਿਯੋਗੀ ਕਾਂਗਰਸ ਨੂੰ 6 ਸੀਟਾਂ ਮਿਲੀਆਂ। ਭਾਜਪਾ 33 ਸੀਟਾਂ 'ਤੇ ਹੀ ਜਿੱਤ ਹਾਸਲ ਕਰ ਸਕੀ, ਜਦਕਿ ਉਸ ਦੀ ਸਹਿਯੋਗੀ ਰਾਸ਼ਟਰੀ ਲੋਕ ਦਲ (ਰਾਲੋਦ) ਨੂੰ ਦੋ ਅਤੇ ਅਪਨਾ ਦਲ (ਸੋਨੇਲਾਲ) ਨੂੰ ਇਕ ਸੀਟ ਮਿਲੀ। ਆਜ਼ਾਦ ਸਮਾਜ ਪਾਰਟੀ (ਕਾਂਸ਼ੀਰਾਮ) ਨੇ ਇਕ ਸੀਟ ਜਿੱਤੀ, ਜਦਕਿ ਬਹੁਜਨ ਸਮਾਜ ਪਾਰਟੀ ਇਕ ਵੀ ਸੀਟ ਜਿੱਤਣ ਵਿਚ ਅਸਫਲ ਰਹੀ।

# ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਅਨੁਸੂਚਿਤ ਜਾਤੀਆਂ ਦੇ 117346 ਵਿਦਿਆਰਥੀਆਂ ਲਈ 91.46 ਕਰੋੜ ਰੁਪਏ ਦੀ ਰਾਸ਼ੀ ਜਾਰੀ: ਡਾ.ਬਲਜੀਤ ਕੌਰ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ ਸਟੂਡੈਂਟਸ ਸਕੀਮ ਸਾਲ 2023-24 ਦੇ ਬਕਾਇਆ ਰਹਿੰਦੇ 117346 ਵਿਦਿਆਰਥੀਆਂ ਲਈ 91.46 ਕਰੋੜ ਰੁਪਏ ਦੀ ਰਾਸ਼ੀ ਰਾਜ ਸਰਕਾਰ ਦੇ ਹਿੱਸੇ ਵਜੋਂ ਜਾਰੀ ਕੀਤੀ ਗਈ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ



ਮੰਤਰੀ ਡਾ.ਬਲਜੀਤ ਕੌਰ ਨੇ ਦੱਸਿਆ ਕਿ ਅਨੁਸੂਚਿਤ ਜਾਤੀ ਦੇ ਬੱਚਿਆਂ ਨੂੰ ਸਿੱਖਿਆ ਪ੍ਰਦਾਨ ਕਰਨਾ ਸੂਬਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਮੁੱਖ ਟੀਚਾ ਅਤਿ ਗਰੀਬ ਪਰਿਵਾਰਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਪੂਰੀ ਕਰਨ ਲਈ ਸਹਾਇਤਾ ਪ੍ਰਦਾਨ ਕਰਨਾ ਹੈ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿਥੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ, ਉਥੇ ਹੀ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦੀ ਭਲਾਈ ਲਈ ਵੀ ਲਗਾਤਾਰ ਕਾਰਜਸ਼ੀਲ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਇਸ ਰਾਸ਼ੀ ਦੇ ਰਲੀਜ਼ ਹੋਣ ਨਾਲ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦਾ ਜੀਵਨ ਪੱਧਰ ਉੱਚਾ ਚੁੱਕਿਆ ਜਾ ਸਕੇਗਾ।

ਮੰਤਰੀ ਨੇ ਅੱਗੇ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ।

# ਮੁੱਖ ਮੰਤਰੀ ਭਗਵੰਤ ਮਾਨ ਨੇ ਪਟਿਆਲਾ ਅਤੇ ਫ਼ਿਰੋਜ਼ਪੁਰ ਲੋਕ ਸਭਾ ਹਲਕਿਆਂ ਦੇ ਵਿਧਾਇਕਾਂ, ਚੇਅਰਮੈਨਾਂ, ਅਹੁਦੇਦਾਰਾਂ 'ਤੇ ਵਲੰਟੀਅਰਾਂ ਨਾਲ ਕੀਤੀ ਮੀਟਿੰਗ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਨੂੰ 'ਆਪ' ਦੇ ਲੋਕ ਸਭਾ ਉਮੀਦਵਾਰਾਂ ਅਤੇ ਪਟਿਆਲਾ ਅਤੇ ਫ਼ਿਰੋਜ਼ਪੁਰ ਲੋਕ ਸਭਾ ਹਲਕੇ ਦੇ ਵਿਧਾਇਕਾਂ, ਚੇਅਰਮੈਨਾਂ, ਅਹੁਦੇਦਾਰਾਂ 'ਤੇ ਵਲੰਟੀਅਰਾਂ ਨਾਲ ਮੀਟਿੰਗ ਕੀਤੀ ਅਤੇ ਭਵਿੱਖ 'ਚ ਹਲਕਿਆਂ ਦੇ ਵਿਕਾਸ ਨੂੰ ਲੈ ਕੇ ਵਿਚਾਰ ਚਰਚਾ ਵੀ ਕੀਤੀ। 'ਆਪ' ਦੇ ਪਟਿਆਲਾ ਤੋਂ ਉਮੀਦਵਾਰ ਡਾ. ਬਲਬੀਰ ਸਿੰਘ ਅਤੇ ਫ਼ਿਰੋਜ਼ਪੁਰ ਤੋਂ ਉਮੀਦਵਾਰ ਜਗਦੀਪ ਸਿੰਘ ਕਾਕਾ ਬਰਾੜ, ਦੋਵਾਂ ਨੇ ਆਪੋ-ਆਪਣੇ ਖੇਤਰਾਂ ਦੇ ਵਿਧਾਇਕਾਂ ਅਤੇ 'ਆਪ' ਟੀਮਾਂ ਦਾ ਸਹਿਯੋਗ ਅਤੇ ਮਿਹਨਤ ਲਈ ਧੰਨਵਾਦ ਕੀਤਾ।





ਪਿਛਲੀਆਂ ਆਮ ਚੋਣਾਂ ਦੇ ਮੁਕਾਬਲੇ, ਆਮ ਆਦਮੀ ਪਾਰਟੀ (ਆਪ) ਦਾ ਦੋਵਾਂ ਹਲਕਿਆਂ ਵਿੱਚ ਵੋਟ ਸ਼ੇਅਰ ਵਧਿਆ ਹੈ ਅਤੇ ਅੰਤ ਵਿੱਚ ਪਾਰਟੀ ਬਹੁਤ ਹੀ ਘੱਟ ਫ਼ਰਕ ਨਾਲ ਪਿੱਛੇ ਰਹੀ।

ਮੁੱਖ ਮੰਤਰੀ ਭਗਵੰਤ ਮਾਨ ਨੇ ਦੋਵੇਂ ਲੋਕ ਸਭਾ ਹਲਕਿਆਂ ਦੇ ਵਿਧਾਇਕਾਂ ਨੂੰ ਚੰਗੇ ਕੰਮ ਜਾਰੀ ਰੱਖਣ ਲਈ ਕਿਹਾ ਅਤੇ ਕਿਹਾ ਕਿ ਸਾਨੂੰ ਜ਼ਮੀਨੀ ਪੱਧਰ 'ਤੇ ਹੋਰ ਮਿਹਨਤ ਕਰਨ ਦੀ ਲੋੜ ਹੈ। ਭਗਵੰਤ ਮਾਨ ਨੇ 'ਆਪ' ਆਗੂਆਂ ਨਾਲ ਲੋਕ ਸਭਾ ਚੋਣਾਂ ਦੇ ਨਤੀਜਿਆਂ ਬਾਰੇ ਚਰਚਾ ਕਰਦਿਆਂ ਕਿਹਾ ਕਿ ਇਹ ਲੋਕ ਸਭਾ ਚੋਣ ਸਾਡੇ ਲਈ ਕਾਫ਼ੀ ਉਤਸ਼ਾਹਜਨਕ ਰਹੀ।

# ਸੀਟੂ ਵਲੋਂ ਪੰਜਾਬ ਸਰਕਾਰ ਵਿਰੁੱਧ ਧਰਨੇ ਲਗਾਉਣ ਦਾ ਫੈਸਲਾ : ਚੰਦਰ ਸ਼ੇਖਰ

**\ਮਾਛੀਵਾੜਾ ਸਾਹਿਬ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਟੂ ਦੀ ਸੂਬਾਈ ਵਰਕਿੰਗ ਕਮੇਟੀ ਇਸਦੇ ਸੂਬਾਈ ਪ੍ਰਧਾਨ ਸਾਥੀ ਮਹਾਂ ਸਿੰਘ ਰੌੜੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੇ ਐਲਾਨ ਕੀਤਾ ਹੈ ਕਿ ਉਹ ਜਿਲਾ ਮੁਹਾਲੀ ਦੀਆਂ ਯੂਨੀਅਨਾਂ ਨਾਲ ਫੌਰੀ ਰਾਏ ਕਰਕੇ ਪੰਜਾਬ ਸਰਕਾਰ ਵਿਰੁੱਧ ਇਕ ਅਪ੍ਰੈਲ ਤੋਂ ਬਣਦੇ ਮਹਿੰਗਾਈ ਭੱਤੇ ਨੂੰ ਫੌਰੀ ਜਾਰੀ ਕਰਵਾਉਣ ਲਈ, 12 ਸਾਲਾਂ ਤੋਂ ਲਮਕਦੀਆਂ ਘੱਟੋ-ਘੱਟ ਉਜਰਤਾਂ ਜਾਰੀ ਕਰਵਾਉਣ ਲਈ,ਸ਼ੰਘਰਸ਼ ਸ਼ੀਲ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਕਰਮਚਾਰੀਆ ਲਈ ਘੱਟੋ-ਘੱਟ ਉਜਰਤਾ ਲਾਗੂ ਕਰਵਾਉਣ ਅਤੇ ਸਫਾਈ ਸੇਵਕ ਆਗੂਆਂ ਨੂੰ ਬਹਾਲ ਕਰਵਾਉਣ ਲਈ, ਆਂਗਣਵਾੜੀ ਅਤੇ ਹੋਰਨਾ ਸਕੀਮ ਵਰਕਰਾ ਲਈ ਸੁਪਰੀਮ ਕੋਰਟ ਵਲੋਂ ਪਾਸ ਕੀਤੀ ਗਈ ਗ੍ਰੇਚਿਉਟੀ ਲਾਗੂ ਕਰਵਾਉਣ ਲਈ, ਮਨਰੇਗਾ ਮਜਦੂਰਾ ਲਈ ਖੇਤੀ ਮਜਦੂਰਾ ਦੇ ਬਰਾਬਰ ਉਜਰਤਾ ਲਾਗੂ ਕਰਵਾਉਣ ਆਦਿ



ਮੰਗਾ ਨੂੰ ਸੂਬਾ ਪੱਧਰੀ ਰੋਸ਼ ਧਰਨੇ ਦਾ ਆਯੋਜਨ ਕਰੇਗੀ। ਸੀਟੂ ਦੇ ਸੂਬਾਈ ਜਨਰਲ ਸਕੱਤਰ ਸਾਥੀ ਚੰਦਰ ਸ਼ੇਖਰ ਨੇ ਪ੍ਰੈਸ ਦੇ ਨਾਂ ਜਾਰੀ ਬਿਆਨ ਵਿੱਚ ਇਹ ਵੀ ਸਪਸ਼ਟ ਕੀਤਾ ਹੈ ਕਿ ਜੇਕਰ ਪੰਜਾਬ ਸਰਕਾਰ ਦੇ ਕਿਰਤ ਵਿਭਾਗ ਨੇ ਫੌਰੀ ਅਤੇ ਲੋੜੀਂਦੇ ਕਦਮ ਨਾਂ ਚੁੱਕੇ ਤਾਂ ਇਸੇ ਪ੍ਰਸਤਾਵਿਤ ਧਰਨੇ ਵਿੱਚ ਹੀ ਲਗਾਤਾਰ ਇੱਥੇ ਹੀ 'ਘੇਰਾ ਪਾਓ-ਡੇਰਾ ਲਾਓ' ਦੇ ਤਿੱਖੇ ਸੰਘਰਸ਼ ਦਾ ਵੀ ਐਲਾਨ ਕੀਤਾ ਜਾਵੇਗਾ।

# ਛੇਤੀ ਹੀ ਵੱਖ-ਵੱਖ ਸ਼੍ਰੇਣੀਆਂ ਵਿਚ 50,000 ਅਹੁੱਦਿਆਂ ਲਈ ਭਰਤੀ ਪ੍ਰਕ੍ਰਿਆ ਕੀਤੀ ਜਾਵੇਗੀ ਸ਼ੁਰੂ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਨੇ ਅੱਜ ਰਾਜ ਦੇ ਨੌਜੁਆਨਾਂ ਲਈ ਇਕ ਮਹੱਤਵਪੂਰਨ ਐਲਾਨ ਕਰਦੇ ਹੋਏ ਕਿਹਾ ਕਿ ਛੇਤੀ ਹੀ ਵੱਖ-ਵੱਖ ਸ਼੍ਰੇਣੀਆਂ ਵਿਚ 50,000 ਅਹੁੱਦਿਆਂ ਲਈ ਭਰਤੀ ਪ੍ਰਕ੍ਰਿਆ ਸ਼ੁਰੂ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਨੌਜੁਆਨਾਂ ਨੂੰ ਗਰੁੱਪ ਡੀ ਦੀ ਨੌਕਰੀਆਂ ਵੀ ਦਿੱਤੀ ਜਾਵੇਗੀ। ਮੁੱਖ ਮੰਤਰੀ ਦਾ ਇਹ ਐਲਾਨ ਹਰਿਆਣਾ ਵਿਚ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਨੌਜੁਆਨ ਪੀੜ੍ਹੀ ਦੀ ਉਮੀਦਾਂ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਦਾ ਹਿੱਸਾ ਹੈ।

ਸ੍ਰੀ ਨਾਇਬ ਸਿੰਘ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ (ਐਚਐਸਐਸਸੀ) ਦੇ ਨਵੇਂ ਚੇਅਰਮੈਨ ਹਿੰਮਤ ਸਿੰਘ ਤੋਂ ਅੱਜ ਇੱਥੇ ਹਰਿਆਣਾ ਨਿਵਾਸ ਵਿਚ ਸੁੰਹ ਦਿਵਾਉਣ ਤੋਂ ਬਾਅਦ ਪੱਤਰਕਾਰਾਂ ਨਾਲ ਗਲਬਾਤ ਕਰ ਰਹੇ ਸਨ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰੀ ਨੌਕਰੀਆਂ ਲਈ ਪਾਰਦਰਸ਼ੀ ਭਰਤੀ ਪ੍ਰਕ੍ਰਿਆ ਦੀ ਪ੍ਰਣਾਲੀ ਨੂੰ ਜਾਰੀ ਰੱਖਿਆ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਰਾਜ ਸਰਕਾਰ ਨੌਜੁਆਨਾਂ ਨੂੰ ਪੂਰਾ ਮਾਨ-ਸਨਮਾਨ ਦੇ ਰਹੀ ਹੈ ਅਤੇ ਜਲਦ ਹੀ ਸਰਕਾਰ 50,000 ਨਵੇਂ ਰੁਜ਼ਗਾਰ ਦੇ ਮੌਕੇ ਮਹੁੱਇਆ ਕਰਵਾਉਣ ਜਾ ਰਹੀ ਹੈ।ਉਨ੍ਹਾਂ ਨੇ ਇਸ ਗੱਲ @ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਸਰਕਾਰ ਨੇ ਆਪਣੇ ਸਮੇਂ ਦੌਰਾਨ ਬਿਨਾਂ ਕਿਸੇ ਭੇਦ-ਭਾਅ ਦੇ ਪੂਰੀ ਤਰ੍ਹਾਂ ਨਾਲ ਯੋਗਤਾ ਦੇ ਆਧਾਰ @ਤੇ ਨੌਕਰੀਆਂ ਦਿੱਤੀਆਂ ਹਨ ਅਤੇ ਇਹ ਪਾਰਦਰਸ਼ੀ ਭਰਤੀ ਪ੍ਰਕ੍ਰਿਆ ਭਵਿੱਖ ਵਿਚ ਵੀ ਜਾਰੀ ਰਹੇਗੀ।ਉਨ੍ਹਾਂ ਕਿਹਾ ਕਿ ਇਹ ਮਾਣ ਦੀ ਗੱਲ ਹੈ ਕਿ ਨੌਜੁਆਨਾਂ ਦਾ ਸਰਕਾਰ ਦੀ ਕਾਰਜਪ੍ਰਣਾਲੀ ਵਿਚ ਭਰੋਸਾ ਵਧਿਆ ਹੈ ਕਿਉਂਕਿ ਉਹ ਬਿਨਾਂ ਕਿਸੇ ਖਰਚੀ-ਪਰਚੀ (ਰਿਸ਼ਵਤ ਅਤੇ ਪੱਖਪਾਤ) ਦੇ ਸਰਕਾਰੀ ਨੌਕਰੀਆਂ ਹਾਸਲ ਕਰ ਰਹੇ ਹਨ, ਜੋ ਪਿਛਲੀ ਸਰਕਾਰਾਂ ਵਿਚ ਚਲਦੀ ਸੀ। ਗਰੁੱਪ ਸੀ ਅਤੇ ਗਰੁੱਪ ਡੀ ਸ਼੍ਰੇਣੀ ਦੇ ਅਹੁੱਦਿਆਂ ਲਈ ਸਮਾਜਿਕ-ਆਰਥਿਕ ਮਾਪਦੰਡ ਦੇ ਤਹਿਤ ਵਾਧੂ 5 ਨੰਬਰ ਦੇਣ @ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹਾਲ ਹੀ ਵਿਚ ਦਿੱਤੇ ਗਏ ਫੈਸਲੇ ਬਾਰੇ ਪੁੱਛੇ ਜਾਣ @ਤੇ ਮੁੱਖ ਮੰਤਰੀ ਨੇ ਕਿਹਾ ਕਿ ਮਾਨਯੋਗ ਕੋਰਟ ਦੀ ਸਿੰਗਲ ਬੈਂਚ ਨੇ ਗਰੀਬ ਪਰਿਵਾਰਾਂ ਦੇ ਲੋਕਾਂ ਨੂੰ ਲਾਭ ਪਹੁੰਚਾਉਣ ਦੇ ਮੰਤਵ ਨਾਲ ਇਸ ਮਾਪਦੰਡ ਨੂੰ ਸਹੀ ਠਹਿਰਾਇਆ ਸੀ।

ਕੌਮੀ ਪੱਤ੍ਰਿਕਾ

# ਸਿਵਲ ਸਰਜਨ ਦਫਤਰ ਪਟਿਆਲਾ ਦੇ ਬਲਾਕ ਨੰਬਰ 3 ਦੇ ਏਰੀਏ ਵਿੱਚ ਬੂਟੇ ਲਗਾ ਕੇ ਮਨਾਇਆ ਵਿਸ਼ਵ ਵਾਤਾਵਰਣ ਦਿਵਸ

## ਵਾਤਾਵਰਣ ਦੀ ਰਾਖੀ, ਸਾਡੀ ਸਿਹਤ ਦੀ ਰੱਖਿਆ ਕਰਨ ਲਈ ਜ਼ਰੂਰੀ : ਸਿਵਲ ਸਰਜਨ ਡਾ : ਸੰਜੇ ਗੋਇਲ

**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਦਫਤਰ ਪਟਿਆਲਾ ਵੱਲੋਂ ਵਿਸ਼ਵ ਵਾਤਾਵਰਣ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਵਾਤਾਵਰਣ ਦਿਵਸ ਦੇ ਜਸ਼ਨ ਲਈ ਇਸ ਸਾਲ ਦਾ ਵਿਸ਼ਾ ਜਮੀਨ ਦੀ ਬਹਾਲੀ, ਮਾਰੂਥਲੀਕਰਨ ਨੂੰ ਰੋਕਣਾ ਅਤੇ ਸੋਕੇ ਦੀ ਲਚਕਤਾ ਦਾ ਨਿਰਮਾਣ ਕਰਨਾ ਹੈ।ਸਿਵਲ ਸਰਜਨ ਡਾ. ਸੰਜੇ ਗੋਇਲ ਨੇ ਸਿਵਲ ਸਰਜਨ ਦਫਤਰ ਪਟਿਆਲਾ ਦੇ ਬਲਾਕ ਨੰਬਰ 3 ਦੇ ਏਰੀਏ ਵਿੱਚ ਅਪਣੇ ਹੱਥੀਂ ਫਲ ਵਾਲੇ ਅਤੇ ਛਾਂਦਾਰ ਬੂਟੇ ਲਗਾਏ , ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਮੋਜੂਦਾ ਸਮੇਂ ਵੱਧਦਾ ਤਾਪਮਾਨ ਪੂਰੇ ਸੰਸਾਰ ਲਈ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਜੇਕਰ ਤਾਪਮਾਨ ਇਵੇਂ ਵੱਧਦਾ ਰਿਹਾ ਤਾਂ ਗਲੇਸ਼ੀਅਰ ਪਿੱਘਲ ਜਾਣਗੇ ,ਸਮੁੰਦਰਾਂ ਵਿੱਚ ਪਾਣੀ ਵੱਧ ਜਾਵੇਗਾ ਅਤੇ ਸਮੁੰਦਰ ਕੰਢੇ ਵੱਸਣ ਵਾਲੇ ਕਰੋੜਾਂ ਲੋਕਾਂ ਲਈ ਖਤਰੇ ਦੀ ਘੰਟੀ ਸਾਬਿਤ ਹੋਵੇਗਾ ।ਇਸ ਲਈ ਵੱਧ ਤੋਂ ਵੱਧ ਰੁੱਖ ਲਗਾ ਕੇ ਹੀ ਅਸੀਂ ਅਪਣੀਆਂ ਆਉਣ ਵਾਲੀਆਂ ਨਸਲਾਂ ਬਚਾ ਸਕਦੇ ਹਾਂ ।ਪਾਣੀ ਦੇ ਸੰਕਟ ਦਾ ਖਮਿਆਜਾ ਮਨੁੱਖਾਂ ਦੇ ਨਾਲ-ਨਾਲ ਜੀਵ ਜੰਤੂ ਵੀ ਭੁਗਤ ਰਹੇ ਹਨ ।ਧਰਤੀ ਹੇਠ ਪਾਣੀ ਦਾ ਪੱਧਰ ਘੱਟਦਾ ਜਾ ਰਿਹਾ ਹੈ, ਮੌਜੂਦ ਕਾਫੀ ਪਾਣੀ ਪ੍ਰਦੂਸ਼ਤ ਹੋਣ ਕਾਰਣ ਪੀਣ ਯੋਗ ਨਹੀਂ ਹੈ। ਓਹਨਾਂ ਕਿਹਾ ਕਿ ਸਾਡੇ ਆਲੇ-ਦੁਆਲੇ ਵੱਧ ਤੋਂ ਵੱਧ ਰੁੱਖ ਲਗਾਉਣ ਨਾਲ, ਇਲਾਕਿਆਂ ਵਿਚ ਸਫਾਈ ਦੀਆਂ ਗਤੀਵਿਧੀਆਂ, ਪਾਣੀ ਦੀ ਬਰਬਾਦੀ ਤੋਂ ਬਚਣ, ਘੱਟ ਊਰਜਾ ਖਰਚ ਕਰਨ ਵਾਲੇ ਉਪਕਰਣਾਂ ਅਤੇ ਨਵਿਆਉਣਯੋਗ ਊਰਜਾ ਦੇ ਸਰੋਤਾਂ ਦੀ ਵਰਤੋਂ ਕਰਕੇ ਸਾਡੇ ਆਲੇ ਦੁਆਲੇ ਦੇ ਵਾਤਾਵਰਣ ਨੂੰ ਫਿਰ ਤੋਂ ਨਵਾਂ ਬਣਾਇਆ ਜਾ ਸਕਦਾ ਹੈ।ਏ.ਸੀ ਦੀ ਘੱਟ ਵਰਤੋ, ਦਰਖਤਾਂ ਦੀ ਅੰਧਾ ਧੁੰਦ ਕਟਾਈ ਨੂੰ ਰੋਕਣਾ ,ਪਬਲਿਕ ਟਰਾਂਸਪੋਰਟ ਦੀ ਵਰਤੋਂ,ਪ੍ਰਦੂਸ਼ਨ ਰਹਿਤ ਰਿਕਸ਼ਿਆਂ ਦੀ ਵਰਤੋ,ਜਹਿਰੀਲੇ ਕੀਟ ਨਾਸ਼ਕਾਂ ਦੀ ਘੱਟ ਵਰਤੋ,ਪਲਾਸਟਿਕ ਦੀ ਵਰਤੋ ਨਾਂ ਕਰਨ ਨਾਲ ਹੀ ਵਾਤਾਵਰਣ ਨੂੰ ਸੁਰੱਖਿਅਤ ਰਖਿਆ ਜਾ ਸਕਦਾ ਹੈ।।ਕੋਵਿਡ ਮਹਾਂਮਾਰੀ ਵਿਚ, ਦੁਨੀਆਂ ਭਰ ਦੇ ਲੋਕਾਂ ਨੇ ਆਕਸੀਜਨ ਦੀ ਘਾਟ ਵੇਖੀ ਹੈ ਅਤੇ ਰੁੱਖ ਆਕਸੀਜਨ ਦਾ ਰੱਬੀ ਸੋਮਾ ਹਨ ।ਡਾ: ਸੁਮੀਤ ਸਿੰਘ, ਜਿਲ੍ਹਾ ਐਪੀਡੈਮੋਲੋਜਿਸਟ ਨੇ ਕਿਹਾ ਕਿ ਗਲੋਬਲ ਵਾਰਮਿੰਗ ਕਾਰਨ ਮੌਸਮ ਵਿੱਚ ਤਬਦੀਲੀਆਂ ਹੁਣ ਵਧੇਰੇ ਦਿਖਾਈ ਦੇ ਰਹੀਆਂ ਹਨ। ਜੋ ਫਸਲਾਂ ਅਤੇ ਖਾਣ ਪੀਣ ਦੇ ਉਤਪਾਦਨ ਵਿੱਚ ਰੁਕਾਵਟ ਪਾ ਸਕਦੀਆਂ ਹਨ, ਜੋ ਅਸਿੱਧੇ ਤੌਰ 'ਤੇ ਲੋਕਾਂ ਦੀ ਸਿਹਤ ਸਥਿਤੀ ਨੂੰ ਪ੍ਰਭਾਵਤ ਕਰਦੀਆਂ ਹਨ। ਪ੍ਰਗਤੀਸ਼ੀਲ ਵਿਕਾਸ ਦੀ ਪ੍ਰਾਪਤੀ ਅਤੇ ਦੇਸ਼ ਵਿਚ ਹੋਏ ਨੁਕਸਾਨ ਨੂੰ ਉਲਟਾਉਣ ਦਾ ਟੀਚਾ ਮੁੱਖ ਤੌਰ 'ਤੇ ਦਰਿਆਵਾਂ, ਪਹਾੜਾਂ, ਸਾਗਰਾਂ ਦੇ ਵਿਗਾੜ ਨੂੰ ਰੋਕਣ ਅਤੇ ਸਰੋਤਾਂ ਦੇ ਸੋਸ਼ਣ ਨੂੰ ਰੋਕਣ ਦੀ ਸਾਡੀ ਦ੍ਰਿੜਤਾ ਅਤੇ ਵਚਨਬੱਧਤਾ' ਤੇ ਨਿਰਭਰ ਕਰਦਾ ਹੈ।ਉਨਾ ਕਿਹਾ ਕਿ ਉਜੋਨ ਪਰਤ ਪਤਲੀ ਹੋਣ ਕਾਰਣ ਮਨੁੱਖੀ ਜੀਵਨ ਦੀ ਅਰੋਗਤਾ ਨੂੰ ਬਹੁਤ ਵੱਡਾ ਝਟਕਾ ਲੱਗ ਰਿਹਾ ਹੈ।ਅਨੇਕ ਲਾਇਲਾਜ ਬਿਮਾਰੀਆਂ ਲੱਗ ਰਹੀਆਂ ਹਨ।ਖਤਰੇ ਦੀ ਘੰਟੀ ਵੱਜ ਚੁੱਕੀ ਹੇ।ਸੋ ਜਿਆਦਾ ਤੋਂ ਜਿਆਦਾ ਪੋਦੇ ਲਗਾਏ ਜਾਣ , ਮੋਟਰ ਗੱਡੀਆਂ ਤੇ ਵਿਸ਼ੇਸ਼ ਕਿਸਮ ਦੇ ਸਾਈਲੈਂਸਰ ਲਗਾਏ ਜਾਣ, ਲੈਡ ਰਹਿਤ ਪੈਟਰੋਲ ਦੀ ਵਰਤੋ ਕੀਤੀ ਜਾਵੇ,ਕਾਰਖਾਨਿਆਂ ਉੱਪਰ ਵਿਸ਼ੇਸ਼ ਕਿਸਮ ਦੀਆ ਚਿਮਨੀਆਂ ਲਗਾਈਆ ਜਾਣ।ਵਾਤਾਵਰਨ ਸੰਭਾਲ ਸਬੰਧੀ ਕਾਨੂੰਨਾਂ ਨੂੰ ਇਮਾਨਦਾਰੀ ਨਾਲ ਲਾਗੂ ਕੀਤਾ ਜਾਵੇ।

ਇਸ ਮੌਕੇ ਸਿਹਤ ਵਿਭਾਗ ਦੇ ਡੀ.ਪੀ, ਐਮ ਰਿਤਿਕਾ ਗਰੋਵਰ, ਜਿਲਾ ਮਾਸ ਮੀਡੀਆ ਅਫਸਰ ਕੁਲਵੀਰ ਕੌਰ , ਡਿਪਟੀ ਮਾਸ ਮੀਡੀਆ ਅਫਸਰ ਭਾਗ ਸਿੰਘ ਅਤੇ ਜਸਜੀਤ ਕੌਰ ,ਬੀ.ਸੀ.ਸੀ ਕੁਆਰਡੀਨੇਟਰ ਜਸਵੀਰ ਕੌਰ, ਐਂਟਾਮੋਲੋਜਿਸਟ ਅੰਮ੍ਰਿਤ ਕੌਰ, ਏ.ਐਮ,ਓ ਮਲਕੀਤ ਸਿੰਘ, ਗੁਰਜੰਟ ਸਿੰਘ, ਬਿੱਟੂ, ਧਰਮਿੰਦਰ, ਹਰਦੇਵ ਆਦਿ ਵੀ ਮੌਜੂਦ ਸਨ।



ਸਵਲ ਸਰਜਨ ਡਾ. ਸੰਜੇ ਗੋਇਲ ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ ਤੇ ਬੂਟੇ ਲਗਾਉਂਦੇ ਹੋਏ।

# ਗਰਭਵਤੀ ਔਰਤਾਂ ਤੇ ਨਵ ਜੰਮਿਆਂ ਬੱਚਿਆਂ ਦਾ ਮਾਰੂ ਬਿਮਾਰੀਆਂ ਤੋਂ ਬਚਾਉਣ ਲਈ ਕੀਤਾ ਜਾਂਦਾ ਹੈ ਟੀਕਾਕਰਣ: ਸਿਵਲ ਸਰਜਨ ਡਾ. ਸੰਜੇ ਗੋਇਲ

**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀ ਸਿਹਤ ਮਿਸ਼ਨ ਦੇ ਮੁੱਖ ਉਦੇਸ਼ ਤਹਿਤ ਜੱਚਾ ਬੱਚਾ ਮੌਤ ਦਰ ਨੂੰ ਘਟਾਉਣ ਲਈ ਸਿਹਤ ਵਿਭਾਗ ਵੱਲੋਂ ਹਰੇਕ ਹਫਤੇ ਸਿਹਤ ਕੇਂਦਰ/ਪਿੰਡ ਪੱਧਰ ਤੇ ਮਨਾਏ ਜਾਂਦੇ ਮਮਤਾ ਦਿਵਸ ਵਿੱਚ ਗਰਭਵਤੀ ਔਰਤਾਂ ਤੇ ਨਵ ਜੰਮਿਆਂ ਬੱਚਿਆਂ ਦਾ ਮਾਰੂ ਬਿਮਾਰੀਆਂ ਤੋਂ ਬਚਾਉਣ ਲਈ ਟੀਕਾਕਰਨ ਕੀਤਾ ਜਾਂਦਾ ਹੈ। ਸਿਵਲ ਸਰਜਨ ਡਾ. ਸੰਜੇ ਗੋਇਲ ਵੱਲੋਂ ਅਰਬਨ ਪ੍ਰਾਇਮਰੀ ਸਿਹਤ ਕੇਂਦਰ ਨਿਊ ਯਾਦਵਿੰਦਰਾ ਕਲੋਨੀ ਪਟਿਆਲਾ , ਅਨੰਦ ਨਗਰ ਬੀ, ਕਮਿਊਨਿਟੀ ਹੈਲਥ ਸੈਂਟਰ ਮਾਡਲ ਟਾਊਨ ਵਿਖੇ ਮਨਾਏ ਜਾ ਰਹੇ ਮਮਤਾ ਦਿਵਸ ਦੀ ਸੁਪਰੀਵਜਨ ਕੀਤੀ ਗਈ।ਇਸ ਮੌਕੇ ਉਹਨਾਂ ਵੱਲੋਂ ਕਮਿਊਨਿਟੀ ਹੈਲਥ ਸੈਂਟਰ ਮਾਡਲ ਟਾਊਨ ਵਿਖੇ ਜਿਲ੍ਹਾ ਟੀ.ਬੀ. ਯੂਨਿਟ, ਓ.ਪੀ.ਡੀ., ਲਬਾਰਟਰੀ, ਡਿਸਪੈਂਸਰੀ ਅਤੇ ਡੈਂਟਲ ਵਿੰਗ ਵਿੱਚ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਨਿਰੀਖਣ ਵੀ ਕੀਤਾ ਗਿਆ। ਡਾ. ਸੰਜੇ ਗੋਇਲ ਨੇ ਦੱਸਿਆ ਕਿ ਸੁਪਰਵੀਜਨ ਦੌਰਾਨ ਉਹਨਾਂ ਵੱਲੋਂ ਟੀਕਾਕਰਣ ਸੈਸ਼ਨਾਂ ਤੇ ਵਰਤੀ ਜਾ ਰਹੀ ਵੈਕਸੀਨ, ਟੀਕਾਕਰਨ ਰਜਿਸ਼ਟਰਾਂ ਅਤੇ ਬਾਇਓ ਮੈਡੀਕਲ ਵੇਸਟ ਦੇ ਡਿਸਪੋਜ਼ ਆਫ ਦੀ ਜਾਂਚ ਕੀਤੀ ਗਈ।ਉਹਨਾਂ ਟੀਕਾਕਰਨ ਸੈਸ਼ਨਾਂ ਤੇ ਹਾਜ਼ਰ ਏ.ਐਨ.ਐਮਜ਼ ਨੂੰ ਸਬੰਧਿਤ ਸੈਸ਼ਨ ਵਿੱਚ ਮਾਵਾਂ ਤੇ ਬੱਚਿਆਂ ਦੇ ਕੀਤੇ ਜਾਣ ਵਾਲੇ ਟੀਕਾਕਰਨ ਦੀ ਡਿਊ ਲਿਸਟ ਰੱਖਣ ਦੀ ਹਦਾਇਤ ਕੀਤੀ ਅਤੇ ਡਿਊ ਲਿਸਟ ਮੁਤਾਬਿਕ ਹਰ ਲਾਭਪਾਤਰੀ ਦੀ ਬਣਦੀ ਵੈਕਸੀਨੇਸ਼ਨ ਕੀਤੇ ਜਾਣ ਦੇ ਨਿਰਦੇਸ਼ ਵੀ ਦਿੱਤੇ। ਇਹਨਾਂ ਸੈਸ਼ਨਾਂ ਚ ਸਿਹਤ ਸਟਾਫ ਵੱਲੋਂ ਟੀਕੇ ਲਗਵਾਉਣ ਆਈਆਂ ਗਰਭਵਤੀ ਔਰਤਾਂ ਨੂੰ ਆਪਣਾ ਜਣੇਪਾ ਸਰਕਾਰੀ ਸਿਹਤ ਸੰਸਥਾਂ ਵਿਚ ਕਰਵਾਉਣਾ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਗਰਭਵੱਤੀ ਮਾਵਾਂ ਨੂੰ ਕਿਹਾ ਕਿ ਉਹ ਮਾਰੂ ਬਿਮਾਰੀਆਂ ਤੋਂ ਬਚਾਅ ਲਈ ਟੀਕਾਕਰਨ ਸਾਰਨੀ ਅਨੁਸਾਰ ਆਪਣਾ ਅਤੇ ਨਵ ਜਨਮੇਂ ਬੱਚਿਆਂ ਦਾ ਟੀਕਾਕਰਨ ਕਰਵਾਉਣਾ ਯਕੀਨੀ ਬਣਾਉਣ। ਸਿਵਲ ਸਰਜਨ ਡਾ. ਸੰਜੇ ਗੋਇਲ ਨੇ ਦੱਸਿਆ ਕਿ ਮਮਤਾ ਦਿਵਸ ਤੇ ਗਰਭਵੱਤੀ ਔਰਤਾਂ ਨੂੰ ਟੈਟਨਸ ਦੇ ਟੀਕੇ, ਖੂਨ ਵਧਾਉਣ ਲਈ ਆਇਰਨ ਫੌਲਿਕ ਐਸਿਡ ਦੀਆਂ ਗੋਲੀਆਂ ਅਤੇ ਕੈਲਸ਼ੀਅਮ ਦੀਆਂ ਗੋਲੀਆਂ ਮੁਫਤ ਦਿੱਤੀਆਂ ਜਾਂਦੀਆਂ ਹਨ।ਇਸੇ ਤਰ੍ਹਾਂ ਬੱਚਿਆਂ ਨੂੰ ਮਾਰੂ ਬਿਮਾਰੀਆਂ ਜਿਵੇਂ ਗਲਘੋਟੂ, ਕਾਲੀ ਖੰਘ, ਤਪਦਿਕ, ਪੋਲੀਓ, ਦਿਮਾਗੀ ਬੁਖਾਰ, ਖਸਰਾ, ਪੀਲੀਆ, ਨਿਮੋਨੀਆ, ਦਸਤ ਅਤੇ ਟੈਟਨਸ ਤੋਂ ਬਚਾਅ ਸਬੰਧੀ ਟੀਕੇ ਲਗਾਏ ਜਾਂਦੇ ਹਨ ਤੇ ਬੱਚਿਆਂ ਵਿੱਚ ਅੰਧਰਾਤੇ ਦੀ ਬਿਮਾਰੀ ਤੋਂ ਬਚਾਅ ਲਈ ਵਿਟਾਮਿਨ ਏ ਦਾ ਘੋਲ ਵੀ ਮੁਫ਼ਤ ਦਿੱਤਾ ਜਾਦਾ ਹੈ ਤਾਂ ਜੋ ਜੱਚਾ ਅਤੇ ਬੱਚਾ ਮੌਤ ਦਰ ਨੂੰ ਘੱਟ ਕਰਕੇ ਦਿੱਤੇ ਰਾਸ਼ਟਰੀ ਟੀਚੇ ਸਮੇਂ ਸਿਰ ਪੂਰੇ ਕੀਤੇ ਜਾ ਸਕਣ।


ਡਾ. ਸੰਜੇ ਗੋਇਲ ਆਨੰਦ ਨਗਰ ਬੀ ਅਤੇ ਕਮਿਊਨਿਟੀ ਹੈਲਥ ਸੈਂਟਰ ਮਾਡਲ ਟਾਊਨ ਵਿਖੇ ਮਮਤਾ ਦਿਵਸ ਦੀ ਸੁਪਰਵੀਜਨ ਕਰਦੇ ਹੋਏ।

# ਸਮਾਜ ਸੇਵੀ ਸੰਸਥਾ ਵੱਲੋਂ 'ਵਾਤਾਵਰਨ ਦਿਵਸ' ਤੇ ਵਾਤਾਵਰਨ ਬਚਾਓ ਮਾਰਚ ਕੱਢਿਆ




**ਮਾਛੀਵਾੜਾ ਸਾਹਿਬ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਸਾਹਿਬ ਵਿਖੇ ਸਮਾਜ ਸੇਵੀ ਸੰਸਥਾ ਗੰਗਾ ਨੰਦ ਜੀ ਭੂਰੀ ਵਾਲੇ ਚੈਰੀਟੇਬਲ ਅਤੇ ਸਮਾਜ ਸੇਵੀਆਂ ਵੱਲੋਂ ਵਾਤਾਵਰਨ ਦਿਵਸ ਤੇ* ਵਾਤਾਵਰਨ ਬਚਾਓ ਰੁੱਖ ਲਗਾਓ *ਪੈਦਲ ਮਾਰਚ ਕੱਢਿਆ ਗਿਆ । ਜਿਸ ਵਿੱਚ ਵਾਤਾਵਰਨ ਨੂੰ ਪਿਆਰ ਕਰਨ ਵਾਲੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ। ਮਾਛੀਵਾੜਾ ਸਾਹਿਬ ਦੇ ਖਾਲਸਾ ਚੌਂਕ ਤੋਂ ਸ਼ੁਰੂ ਹੋਏ ਪੈਦਲ ਮਾਰਚ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਦੁਰਗਾ ਸ਼ਕਤੀ ਮੰਦਰ ਵਿਖੇ ਆ ਕੇ ਸਮਾਪਤ ਹੋਇਆ। ਮੁੱਖ ਪ੍ਰਬੰਧਕ ਚਰਨਜੀਤ ਸਿੰਘ ਥੋਪੀਆਂ ਪਰਮ ਸਤਿਕਾਰਯੋਗ ਸੰਪੂਰਨ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਰੁੱਖ ,ਧਰਤੀ ਤੇ ਪਾਣੀ ਨੂੰ ਬਚਾਉਣਾ ਸਾਡੀ ਮੁੱਖ ਲੋੜ ਹੋ ਗਈ ਹੈ ।ਜੇਕਰ ਅੱਜ ਅਸੀਂ ਇਹਨਾਂ ਨੂੰ ਬਚਾਉਣ ਲਈ ਯਤਨ ਨਹੀਂ ਕਰਾਂਗੇ ਤਾਂ ਸਾਡੀਆਂ ਆਉਣ ਵਾਲੀਆਂ ਪੀੜੀਆਂ ਸੰਤਾਪ ਭੋਗਣਗੀਆਂ। ਆਉਣ ਵਾਲੀਆਂ ਪੀੜ੍ਹੀਆਂ ਨੂੰ ਨਾ ਸ਼ੁੱਧ ਹਵਾ ਮਿਲੇਗੀ, ਨਾ ਸ਼ੁੱਧ ਪਾਣੀ ਮਿਲੇਗਾ ਅਤੇ ਧਰਤੀ ਵੀ ਇਹਨਾਂ ਤੋਂ ਬਿਨਾਂ ਬੰਜਰ ਹੋ ਜਾਵੇਗੀ।

ਉਹਨਾਂ ਕਿਹਾ ਕਿ ਅੱਤ ਦੀ ਪੈ ਰਹੀ ਗਰਮੀ ਦਾ ਵੱਡਾ ਕਾਰਨ ਰੁੱਖਾਂ ਦਾ ਨਾਂ ਲੱਗਣਾ ਤੇ ਰੁੱਖਾਂ ਦੀ ਅੰਨੇਵਾਹ ਕਟਾਈ ਹੋਣਾ ਹੈ। ਇਸ ਮੌਕੇ ਵਾਤਾਵਰਨ ਪ੍ਰੇਮੀ ਅੰਮ੍ਰਿਤਪਾਲ ਸਮਰਾਲਾ, ਗੁਰਪ੍ਰੀਤ ਸਿੰਘ ਬੇਦੀ ਸਮਰਾਲਾ , ਰਵਿੰਦਰ ਸਿੰਘ ਹੰਬੋਵਾਲ ਆਰ.ਐੱਸ. ਹੀਰਾ, ਮਨਮੋਹਨ ਸਿੰਘ, ਅਸ਼ੋਕ ਖੁਰਾਣਾ, ਪ੍ਰਧਾਨ ਨੰਦ ਕਿਸ਼ੋਰ , ਕੁਲਦੀਪ ਸਿੰਘ, ਰਵਿੰਦਰ ਸਿੰਘ ਹੰਬੋਵਾਲ, ਡਾਕਟਰ ਸੁਰਿੰਦਰ ਕੁਮਾਰ, ਬਿੱਟੂ ਮਾਛੀਵਾੜਾ ਸਾਹਿਬ ਅਤੇ ਹੋਰ ਵਾਤਾਵਰਨ ਨੂੰ ਪਿਆਰ ਕਰਨ ਵਾਲੇ ਸਮਾਜ ਸੇਵੀ ਮੌਜੂਦ ਸਨ॥

# ਗੁਰਦੁਆਰਾ ਬਲਾਕ ਵਿਖੇ ਜੂਨ 84 ਦੇ ਸਾਕੇ ਸੰਬੰਧੀ ਸਮਾਗਮ ਕਰਵਾਇਆ



**ਨਿਊ ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰਦੁਆਰਾ ਗੜ੍ਹੀ ਭੋਰਖਾ ਸਾਹਿਬ ਮਾਜਰੀ ਬਲਾਕ ਵਿਖੇ ਜੂਨ 84 ਦਾ ਸ਼ਹੀਦੀ ਸਾਕਾ ਸੀਟਾਂ ਤੇ 13 ਸੀਟਾਂ ਵਿਤੇ ਕਰਵਾਇਆ ਗਿਆ। ਇਸ ਸਬੰਧੀ ਗੁਰਬਾਣੀ ਦੇ ਪਾਠ ਕੀਤੇ ਗਏ ਅਤੇ ਭਾਈ ਹਰਜੀਤ ਸਿੰਘ ਹਰਮਨ ਦੇ ਜਿੱਥੇ ਇਹ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ । ਇਸ ਉਪਰੰਤ ਕੌਮੀ ਇਨਸਾਫ ਮੋਰਚੇ ਦੇ ਆਗੂ ਬਲਬੀਰ ਸਿੰਘ ਬੈਰੋਪੁਰੀ, ਬਲਜੀਤ ਸਿੰਘ ਭਾਊ, ਲੋਕ ਹਿੱਤ ਮਿਸ਼ਨ ਦੇ ਆਗੂ ਗੁਰਮੀਤ ਸਿੰਘ ਸ਼ਾਂਟੂ, ਰਵਿੰਦਰ ਸਿੰਘ ਵਜੀਦਪੁਰ, ਹਰਿੰਦਰ ਸਿੰਘ ਕੁਬਾਹੇੜੀ ਅਤੇ ਪਰਮਜੀਤ ਸਿੰਘ ਪੰਮੀ ਮਾਵੀ ਨੇ ਕਿਹਾ ਕਿ ਮੁਗਲ ਰਾਜ ਦੀ ਤਰ੍ਹਾਂ ਕੇਂਦਰ ਦੀ ਕਾਂਗਰਸ ਸਰਕਾਰ ਨੇ 1984 ਦੇ ਸਮੇਂ ਰੱਬ ਦੇ ਉਹ ਘਰ ਜਿੱਥੇ ਹਰ ਸਮੇਂ ਗੁਰਬਾਣੀ ਦਾ ਕੀਰਤਨ ਹੁੰਦਾ ਹੈ ਆਪਣੇ ਹੀ ਦੇਸ਼ ਦੇ ਲੋਕਾਂ ਤੇ ਆਪਣੀ ਹੀ ਫੌਜ ਰਾਹੀਂ ਗੋਲਾਵਾਰੀ ਕਰਵਾਈ ਅਤੇ ਟੈਂਕ ਚੜ੍ਹਾਏ ਜਿਸ ਕਾਰਨ ਉਸ ਸਰਕਾਰ ਦਾ ਕਲੰਕ ਕਦੇ ਵੀ ਨਹੀਂ ਮਿਟੇਗਾ, ਜਦ ਕਿ ਸਿਦਕ ਨਿਭਾਉਣ ਵਾਲੇ ਸਿੰਘਾਂ ਦੀਆਂ ਅੱਜ ਵੀ ਯਾਦਾਂ ਮਨਾਈਆਂ ਜਾਂਦੀਆਂ ਨੇ। ਇਸ ਮੌਕੇ ਗੁਰਬਚਨ ਸਿੰਘ ਮੁੰਧੋ, ਗੁਰਦੇਵ ਸਿੰਘ ਕੁੱਬਾਹੇੜੀ, ਰਵਿੰਦਰ ਸਿੰਘ ਹੁਸ਼ਿਆਰਪੁਰ, ਰਾਮ ਸਿੰਘ ਅਭੀਪੁਰਾ, ਜਸਵਿੰਦਰ ਸਿੰਘ ਜੱਸਾ ਰਸੂਲਪੁਰ, ਗੁਰਮੇਲ ਸਿੰਘ ਮੰਡ, ਸੋਹਣ ਸਿੰਘ ਸੰਗਤਪੁਰਾ, ਬਲਵਿੰਦਰ ਸਿੰਘ ਰੰਗੂਆਣਾ, ਨੰਬਰਦਾਰ ਜਗਤਾਰ ਸਿੰਘ, ਦਵਿੰਦਰ ਸਿੰਘ ਜਪਾਨੀ ਪੜੌਲ ਅਤੇ ਬਹਾਦਰ ਸਿੰਘ ਮੁੰਧੋ ਨੇ ਵੀ ਹਾਜਰੀ ਭਰੀ।

# ਬਸੰਤ ਰਿਤੂ ਕਲੱਬ ਨੇ ਵਾਤਾਵਰਣ ਦਿਵਸ ਮਨਾਇਆ

**ਪਟਿਆਲਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬਸੰਤ ਰਿਤੂ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਨਹਿਰੂ ਯੂਵਾ ਕੇਂਦਰ ਪਟਿਆਲਾ ਦੇ ਸਹਿਯੋਗ ਨਾਲ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਾਤਾਵਰਣ ਦਿਵਸ ਮਨਾਇਆ ਗਿਆ। ਕਲੱਬ ਪ੍ਰਧਾਨ ਇੰਜੀਨੀਅਰ ਆਕਰਸ਼ ਸ਼ਰਮਾ ਅਤੇ ਸੰਸਥਾਪਕ ਰਾਜੇਸ਼ ਸ਼ਰਮਾ ਨੇ ਆਖਿਆ ਕਿ ਕਲੱਬ ਵੱਲੋਂ ਸਕੂਲ ਵਿਖੇ ਨਿੰਮ ਦੇ ਪੌਦੇ ਲਗਾ ਕੇ ਵਾਤਾਵਰਣ ਦਿਵਸ ਦਾ ਉਦਘਾਟਨ ਕੀਤਾ ਗਿਆ ਅਤੇ ਇਸ ਮੌਕੇ ਜਸਮਿੰਦਰ ਸਿੰਘ ਜੱਸੀ ਢੱਲ ਦੀ ਯਾਦ ਵਿੱਚ ਵੀ ਪੌਦੇ ਲਗਾਏ ਗਏ। ਰਾਜੇਸ਼ ਸ਼ਰਮਾ ਰਾਮਟਟਵਾਲੀ ਨੇ ਆਖਿਆ ਕਿ ਗਲੋਬਲ ਵਾਰਮਿੰਗ ਦਾ ਖਤਰਾ ਦੁਨੀਆ ਵਿੱਚ ਵੱਧ ਰਿਹਾ ਹੈ, ਜਿਸ ਕਰਕੇ ਵਾਤਾਵਰਣ ਵਿੱਚ ਬੜੀ ਤੇਜੀ ਤਬਦੀਲੀਆਂ ਹੋ ਰਹੀਆਂ ਹਨ ਜੋ ਕਿ ਮਨੁੱਖਤਾ ਲਈ ਬਹੁਤ ਘਾਤਕ ਹਨ ਅਤੇ ਗਰਮੀ ਦਾ ਪਰਪੋਕ ਵੱਧ ਰਿਹਾ ਹੈ। ਇਸ ਲਈ ਸਾਨੂੰ ਸਾਰੀਆਂ ਮਿਲ ਕੇ ਵਧੇਰੇ ਪੌਦੇ ਲਗਾਉਣੇ ਚਾਹੀਦੇ ਹਨ ਤਾਂ ਜੋ ਪਾਣੀ ਦੇ ਸਰੋਤਾਂ ਅਤੇ ਬਰਫ ਦੇ ਗਲੇਸ਼ੀਅਰਾਂ ਨੂੰ ਬਚਾਇਆ ਜਾ ਸਕੇ ਅਤੇ ਪੌਦੇ ਸਾਡੇ ਜੀਵਨ ਦਾ ਆਧਾਰ ਹੁੰਦੇ ਹਨ। ਕੋਚ ਯਸ਼ਦੀਪ ਸਿੰਘ ਵਾਲੀਆ ਨੇ ਆਪਣੇ ਵਿਚਾਰੇ ਰੱਖਦੇ ਹੋਏ ਕਿਹਾ ਕਿ ਵਾਤਾਵਰਣ ਦਿਵਸ ਬਸੰਤ ਰਿਤੂ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਸਕੂਲ ਵਿੱਚ ਜੋ ਪੌਦੇ ਲਗਾਏ ਗਏ ਹਨ ਅਤੇ ਕਲੱਬ ਬੜੇ ਲੰਮੇ ਸਮੇਂ ਤੋਂ ਵਾਤਾਵਰਣ ਨੂੰ ਬਚਾਉਣ ਲਈ ਪੌਦੇ ਲਗਾਉਣ ਦੇ ਨਾਲ-ਨਾਲ ਲੋਕਾਂ ਨੂੰ ਵਾਤਾਵਰਣ ਨੂੰ ਬਚਾਉਣ ਲਈ ਜਾਗਰੂਕ ਕਰ ਰਿਹਾ ਹੈ। ਗੁਰਵਿੰਦਰ ਸਿੰਘ ਕੋਚ ਬਾਕਸਿੰਗ ਨੇ ਵੀ ਆਪਣੇ ਵਿਚਾਰਾਂ ਵਿੱਚ ਪੌਦੇ ਲਗਾਉਣ ਅਤੇ ਜਲ ਬਚਾਉਣ ਸੰਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਸਾਫਟ ਬਾਲ, ਬਾਕਸਿੰਗ ਅਤੇ ਬੇਸਬਾਲ ਦੇ ਖਿਡਾਰੀਆਂ ਨੇ ਮਿਲ ਕੇ ਪੌਦੇ ਲਗਾਏ। ਇਸ ਪ੍ਰੋਗਰਾਮ ਵਿੱਚ ਹਰੀਸ਼ ਸਿੰਘ ਰਾਵਤ, ਵਿਕਰਮ ਸਿੰਘ ਠਾਕੁਰ, ਅਸ਼ਵਨੀ, ਮਨੀਸ਼, ਗੁਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਅਮਰਿੰਦਰ ਸਿੰਘ ਬਾਬਾ, ਰਵਿੰਦਰ ਸਿੰਘ, ਯਸ਼ਪਾਲ ਬੇਦੀ ਅਤੇ ਫੌਜੀ ਮੁਕੇਸ਼ ਸ਼ਰਮਾ ਹਾਜਰ ਸਨ।


ਤਸਵੀਰ ਵਿੱਚ ਬਸੰਤ ਰਿਤੂ ਕਲੱਬ ਤ੍ਰਿਪੜੀ ਪਟਿਆਲ਼ਾ ਵੱਲੋਂ ਮਲਟੀਪਰਪਜ ਸਕੂਲ ਵਿਖੇ ਪੌਦੇ ਲਗਾਉਂਦੇ ਹੋਏ ਯਸ਼ਦੀਪ ਸਿੰਘ ਵਾਲੀਆ, ਰਾਜੇਸ਼ ਸ਼ਰਮਾ, ਆਕਰਸ਼ ਸ਼ਰਮਾ, ਵਿਕਰਮ ਸਿੰਘ ਠਾਕੁਰ, ਅਸ਼ਵਨੀ, ਫੌਜੀ ਮੁਕੇਸ਼ ਸ਼ਰਮਾ

# ਆਪ ਨੂੰ ਜਿਤਾਉਣ ਵਾਲਿਆਂ ਦੇ ਰੋਮ ਰੋਮ ਰਿਣੀ ਹਾਂ: ਜੀਤਾ

**ਸ੍ਰੀ ਅਨੰਦਪੁਰ ਸਾਹਿਬ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ ਦੇ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਮਾਲਵਿੰਦਰ ਸਿੰਘ ਕੰਗ ਨੂੰ ਜਿਤਾਉਣ ਵਿੱਚ ਸਾਥ ਦੇਣ ਵਾਲਿਆਂ ਦੇ ਰੋਮ ਰੋਮ ਰਿਣੀ ਹਾਂ। ਇਹ ਗੱਲ ਨਗਰ ਕੌਂਸਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਨੇ ਕਹੀ। ਉਹਨਾਂ ਕਿਹਾ ਕਿ ਸ਼ਹਿਰ ਸ੍ਰੀ ਅਨੰਦਪੁਰ ਸਾਹਿਬ ਤੋਂ ਆਮ ਆਦਮੀ ਪਾਰਟੀ ਨੂੰ ਵੱਡੀ ਲੀਡ ਦੀਵਾਉਣ ਵਿੱਚ ਇੱਥੋਂ ਦੇ ਵਾਸੀਆਂ ਦਾ ਬਹੁਤ ਵੱਡਾ ਯੋਗਦਾਨ ਹੈ ਜਿਸ ਨੂੰ ਅਸੀਂ ਹਮੇਸ਼ਾ ਯਾਦ ਰੱਖਾਂਗੇ। ਉਹਨਾਂ ਕਿਹਾ ਕੈਬਨਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਚਲਾਈ ਗਈ ਮੁਹਿੰਮ ਨੂੰ ਸ਼ਹਿਰ ਵਾਸੀਆਂ ਵੱਲੋਂ ਅਤੇ ਪੂਰੇ ਹਲਕੇ ਵਿੱਚੋਂ ਭਰਵਾਂ ਹੁੰਗਾਰਾ ਮਿਲਿਆ ਜਿਸ ਸਦਕਾ ਸ਼ਾਨਦਾਰ ਜਿੱਤ ਦੇ ਨਾਲ ਇਹ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਵਿੱਚ ਪਾਈ ਹੈ। ਕੌਂਸਲ ਪ੍ਰਧਾਨ ਹਰਜੀਤ ਸਿੰਘ ਜੀਤਾ ਨੇ ਵਿਸ਼ਵਾਸ ਦਵਾਇਆ ਕਿ ਕੈਬਨਟ ਮੰਤਰੀ ਹਰਜੋਤ ਸਿੰਘ ਬੈਂਸ ਸਮੁੱਚੇ ਸ਼ਹਿਰ ਦੀ ਤਰੱਕੀ ਲਈ ਤਤਪਰ ਹਨ ਤੇ ਸਮੁੱਚੇ ਸ਼ਹਿਰ ਦਾ ਵਿਕਾਸ ਪਹਿਲ ਦੇ ਆਧਾਰ ਤੇ ਕਰਵਾ ਕੇ ਇਸ ਗੁਰੂ ਨਗਰੀ ਦੀ ਸ਼ੋਭਾ ਨੂੰ ਚਾਰ ਚੰਨ ਲਾਏ ਜਾਣਗੇ।

# ਹੈਲਿਕਸ ਸਕੂਲ ਵਿਖੇ ਆਧੁਨਿਕ ਸਹੂਲਤਾਂ ਨਾਲ ਲੈਸ ਇੰਡੋਰ ਸਵੀਮਿੰਗ ਪੂਲ ਦਾ ਕੀਤਾ ਗਿਆ ਉਦਘਾਟਨ



**ਪਾਤੜਾਂ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿ ਹੈਲਿਕਸ ਆਕਸਫੋਰਡ ਸਮਾਰਟ ਸਕੂਲ ਪਾਤੜਾਂ ਵਿਖੇ ਸਕੂਲ ਚੇਅਰਮੈਨ ਸਵ : ਸ ਦਿਆਲ ਸਿੰਘ ਹਰੀਕਾ ਦੀ ਯਾਦ ਵਿੱਚ ਦਿਆਲ ਸਿੰਘ ਹਰੀਕਾ ਸਵੀਮਿੰਗ ਕੰਪਲੈਕਸ ਦਾ ਉਦਘਾਟਨ ਮਾਣਯੋਗ ਡਾਇਰੈਕਟਰ ਮੈਡਮ ਦਵਿੰਦਰ ਕੌਰ ਦੁਆਰਾ ਰੀਬਨ ਕਟ ਕੇ ਕੀਤਾ ਗਿਆ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਿੰਸੀਪਲ ਮੈਡਮ ਅਮਰਜੋਤ ਕੌਰ ਨੇ ਦੱਸਿਆ ਕਿ ਜ਼ਿਆਦਾਤਰ ਸਿਖਲਾਈ ਸ਼ਹਿਰ ਵਿੱਚ ਪ੍ਰਾਇਵੇਟ ਪੂਲ ਬਣਾ ਕੇ ਦਿੱਤੀ ਜਾਂਦੀ ਹੈ ਪਰ ਪਾਤੜਾਂ ਹਲਕੇ ਦੀ ਸਹੂਲਤ ਲਈ ਗਰਮੀ ਦੇ ਪ੍ਰਭਾਵ ਤੋਂ ਬਚਣ ਲਈ ਇੰਡੋਰ ਅੰਤਰਰਾਸ਼ਟਰੀ ਪੱਧਰ ਦੇ ਇਸ ਪੂਲ ਵਿੱਚ ਬੱਚਿਆਂ ਨੂੰ ਤੈਰਾਕੀ ਸਿਖਲਾਈ ਤਜ਼ਰਬੇਕਾਰ ਕੋਚ ਦੀ ਯੋਗ ਅਗਵਾਈ ਹੇਠ ਹੈਲਿਕਸ ਸਕੂਲ ਵਿੱਚ ਹੀ ਦਿੱਤੀ ਜਾਵੇਗੀ ।ਮੈਡਮ ਨੇ ਦੱਸਿਆ ਕਿ ਇਹ ਪੂਲ ਹੈਲਿਕਸ ਸਕੂਲ ਵਿਦਿਆਰਥੀਆਂ ਦੇ ਨਾਲ ਨਾਲ ਦੇ ਦੂਜੇ ਸਕੂਲ ਵਿਦਿਆਥੀਆਂ ਲਈ ਵੀ ਖੁੱਲਾ ਹੋਵੇਗਾ ਤਾਂ ਕਿ ਪੂਰੇ ਪਾਤੜਾਂ ਹਲਕੇ ਦੇ ਬੱਚਿਆਂ ਦਾ ਸਰਵਪੱਖੀ ਵਿਕਾਸ ਹੋ ਸਕੇ ।ਐਮ.ਡੀ ਮੈਡਮ ਮੰਨਤ ਕੌਰ ਨੇ ਕਿਹਾ ਕਿ ਇਹ ਪੂਲ ਫਿਲਟ੍ਰੇਸ਼ਨ ,ਕੈਮਰੇ ਆਦਿ ਸਾਰੀਆਂ ਆਧੁਨਿਕ ਸਹੂਲਤਾਂ ਨਾਲ ਲੈਸ ਹੈ ਅਤੇ ਬੱਚਿਆਂ ਨੂੰ ਤੈਰਾਕੀ ਦੇ ਫਾਇਦੇ ਸਮਝਾਉਂਦੇ ਹੋਏ ਜਿਵੇਂ ਕੁਦਰਤੀ ਆਫ਼ਤਾਂ ਸਮੇਂ ਖੁਦ ਅਤੇ ਹੋਰਾਂ ਨੂੰ ਬਚਾਉਣਾ , ਬੱਚਿਆਂ ਦਾ ਮਾਨਸਿਕ ਅਤੇ ਸਰੀਰਕ ਵਿਕਾਸ ਆਦਿ ਬਾਰੇ ਦੱਸਕੇ ਤੈਰਾਕੀ ਸਿਖਲਾਈ ਲਈ ਪ੍ਰੇਰਤ ਕੀਤਾ । ਹੈਲਿਕਸ ਸਕੂਲ ਸ਼ੁਰੂ ਤੋਂ ਹੀ ਬੱਚਿਆਂ ਨੂੰ ਉਚੇਰੀ ਸਿੱਖਿਆ ਪ੍ਰਦਾਨ ਕਰਨ ਦੇ ਨਾਲ ਨਾਲ ਸਰਵਪੱਖੀ ਵਿਕਾਸ ਲਈ ਕਮ ਕਰਦਾ ਆ ਰਿਹਾ ਹੈ ਅਤੇ ਅੱਗੇ ਤੋਂ ਹੋਰ ਵੀ ਸਹੂਲਤਾਂ ਦੇਣ ਲਈ ਵਚਨਵੱਧ ਹੈ।

# ਸਿਵਲ ਲਾਈਨ ਪਟਿਆਲਾ ਪੁਲਸ ਨੇ ਕੀਤਾ ਡਾਕਟਰ ਰੋਹਿਤ ਗਰਗ, ਸਟਾਫ ਅਤੇ ਮੈਨੇਜਮੈਂਟ ਪ੍ਰਾਈਮ ਹਸਪਤਾਲ ਪਟਿਆਲਾ ਵਿਰੁੱਧ ਕੇਸ ਦਰਜ

**ਪਟਿਆਲਾ, 9 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਣਾ ਸਿਵਲ ਲਾਈਨ ਪਟਿਆਲਾ ਦੀ ਪੁਲਿਸ ਨੇ ਡਾਕਟਰ ਰੋਹਿਤ ਗਰਗ, ਸਟਾਫ ਅਤੇ ਮੈਨੇਜਮੈਂਟ ਪ੍ਰਾਈਮ ਹਸਪਤਾਲ ਪਟਿਆਲਾ ਵਿਰੁੱਧ ਸ਼ਿਕਾਇਤਕਰਤਾ ਕੁਲਵੰਤ ਸਿੰਘ ਪੁੱਤਰ ਟਹਿਲ ਸਿੰਘ ਵਾਸੀ ਪਿੰਡ ਡਸਕਾ ਥਾਣਾ ਲਹਿਰਾ ਜਿਲਾ ਸੰਗਰੂਰ ਦੀ ਸ਼ਿਕਾਇਤ ਦੇ ਆਧਾਰ 'ਤੇ ਧਾਰਾ 304-ਏ ਆਈ. ਪੀ. ਸੀ. ਤਹਿਤ ਕੇਸ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿਚ ਸ਼ਿਕਾਇਤਕਰਤਾ ਕੁਲਵੰਤ ਸਿੰਘ ਨੇ ਦੱਸਿਆ ਕਿ ਉਹ ਆਪਣੀ ਪਤਨੀ ਜਸਵੀਰ ਕੌਰ ਦੀ ਸਰੀਰ ਫੁੱਲਣ ਦੀ ਸਮੱਸਿਆ ਨੂੰ ਲੈ ਕੇ 21 ਮਈ 2024 ਨੂੰ ਪਟਿਆਲਾ ਦੇ ਬਡੂੰਗਰ ਵਿਖੇ ਬਣੇ ਪ੍ਰਾਈਮ ਹਸਪਤਾਲ ਸੀ ਜਿੱਥੇ ਡਾਕਟਰ ਰੋਹਿਤ ਗਰਗ ਨੇ 22 ਮਈ 2024 ਨੂੰ ਉਸਦੀ ਪਤਨੀ ਜਸਵੀਰ ਕੌਰ ਦਾ ਆਪਰੇਸ਼ਨ ਤਕਰੀਬਨ 1 ਵਜੇ ਤੋਂ ਲੈ ਕੇ 6 ਵਜੇ ਤੱਕ ਕੀਤਾ ਅਤੇ ਉਸਦੀ ਪਤਨੀ ਦਾ ਦਰਦ ਫਿਰ ਵੀ ਬੰਦ ਨਹੀਂ ਹੋਇਆ ਤਾਂ ਡਾਕਟਰ 23 ਮਈ 2024 ਨੂੰ ਸ਼ਾਮ 7 ਵਜੇ ਉਸਦੀ ਪਤਨੀ ਦੀ ਇੰਡੋਸਕੋਪੀ ਕਰਨ ਲਈ ਆਪਰੇਸ਼ਨ ਥੀਏਟਰ ਵਿੱਚ ਲੈ ਗਏ ਅਤੇ 11 ਵਜੇ ਡਾਕਟਰ ਰੋਹਿਤ ਗਰਗ ਬਾਹਰ ਆਏ ਅਤੇ ਕਹਿਣ ਲੱਗੇ ਕਿ ਕੱਲ ਆਪਰੇਸ਼ਨ ਸਹੀ ਨਹੀਂ ਹੋਇਆ ਜੋ ਅੱਜ ਦੁਬਾਰਾ ਆਪਰੇਸ਼ਨ ਕਰਨਾ ਪਿਆ ਹੈ, ਜਿਸ 'ਤੇ ਸ਼ਿਕਾਇਤਕਰਤਾ ਕੁਲਵੰਤ ਸਿੰਘ ਨੇ ਜਦੋਂ ਅੰਦਰ ਜਾ ਕੇ ਦੇਖਿਆ ਤਾਂ ਉਸ ਦੀ ਪਤਨੀ ਵੈਂਟੀਲੇਟਰ 'ਤੇ ਨਹੀਂ ਸੀ। ਸ਼ਿਕਾਇਤ ਕਰਤਾ ਕੁਲਵੰਤ ਸਿੰਘ ਨੇ ਦੱਸਿਆ ਕਿ 3 ਜੂਨ 2024 ਨੂੰ ਡਾਕਟਰ ਰੋਹਿਤ ਗਰਗ ਵਲੋਂ ਉਸ ਨੂੰ ਆਖਿਆ ਗਿਆ ਕਿ ਉਸਦੀ ਪਤਨੀ ਸੀਰੀਅਸ ਹੈ ਅਤੇ ਉਸਨੂੰ ਮਨੀਪਾਲ ਹਸਪਤਾਲ ਵਿਖੇ ਰੈਫਰ ਕਰ ਦਿੱਤਾ। ਸ਼ਿਕਾਇਤ ਕਰਤਾ ਕੁਲਵੰਤ ਸਿੰਘ ਨੇ ਦੱਸਿਆ ਕਿ ਉਸਦੀ ਪਤਨੀ ਦੀ ਮਨੀ ਹਪਤਾਲ ਪੁੱਜ ਕੇ ਮੌਤ ਹੋ ਗਈ।

ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਉਪਰੋਕਤ ਵਿਅਕਤੀਆਂ ਵੱਲੋਂ ਉਸ ਦੀ ਪਤਨੀ ਦਾ ਸਹੀ ਢੰਗ ਨਾਲ ਇਲਾਜ ਨਾ ਕਰਨ ਕਰਕੇ ਮੌਤ ਹੋਈ ਹੈ। ਪੁਲਿਸ ਨੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਡਾ. ਧਰਮਵੀਰ ਗਾਂਧੀ ਦੇ ਮੈਂਬਰ ਪਾਰਲੀਮੈਂਟ ਬਣਨ 'ਤੇ ਧਰਮਸੋਤ ਨੇਸਮੂਹ ਵੋਟਰਾਂ ਦਾ ਧੰਨਵਾਦ



**ਨਾਭਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਪਾਰਟੀ ਨੂੰ ਪੰਜਾਬ ਵਿਚ ਅਤੇ ਲੋਕ ਸਭਾ ਹਲਕਾ ਪਟਿਆਲਾ ਤੇ ਸ਼ਹਿਰ ਨਾਭਾ ਤੋਂ ਸ਼ਾਨਦਾਰ ਜਿੱਤ ਦਿਵਾਉਣ ਤੇ ਚੁਣੇ ਗਏ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ ਅਤੇ ਸਾਬਕਾ ਮੰਤਰੀ ਸਰਦਾਰ ਸਾਧੂ ਸਿੰਘ ਧਰਮਸੋਤ ਅਤੇ ਬਲਕਾਰ ਸਿੰਘ ਰੈਸਲ ਨੇ ਅਮਨ ਅਮਾਨ ਨਾਲ ਸਾਥ ਦੇਣ ਤੇ ਸਮੂਹ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਹੁਣ ਨਫ਼ਰਤ ਦੀ ਜਗਾ ਮੁਹੱਬਤ ਦੀ ਨਵੀਂ ਸ਼ੁਰੂਆਤ ਹੋਵੇਗੀ। ਡਾਕਟਰ ਧਰਮਵੀਰ ਗਾਧੀ ਨੇ ਕਿਹਾ ਕਿ ਉਹ ਲੋਕਾਂ ਵਲੋਂ ਪ੍ਰਗਟਾਏ ਵਿਸ਼ਵਾਸ ਨੂੰ ਪਹਿਲਾਂ ਵਾਂਗੂ ਹਮੇਸ਼ਾ ਦੀ ਤਰ੍ਹਾਂ ਖਰਾ ਉੱਤਰਾਂ ਗਾ ਤੇ ਮੈਂਬਰ ਪਾਰਲੀਮੈਂਟ ਹੋਣ ਦੇ ਨਾਤੇ ਅਪਣੇ ਫ਼ਰਜ਼ਾਂ ਨੂੰ ਪੂਰਾ ਕਰਦਿਆਂ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਸਕੀਮਾਂ ਨੂੰ ਘਰ-ਘਰ ਤੱਕ ਪਹੁੰਚਾਵਾਂਗਾ ਮੇਰੇ ਕੋਲ ਭ੍ਰਿਸਟਾਚਾਰ, ਨਫ਼ਰਤ ਅਤੇ ਬੇਵਿਸ਼ਵਾਸੀ ਲਈ ਕੋਈ ਥਾਂ ਨਹੀਂ ਮੈਂ ਹਮੇਸ਼ਾਂ ਦੀ ਤਰ੍ਹਾਂ ਇਨਸਾਨੀਅਤ ਤੇ ਇਮਾਨਦਾਰੀ ਦਾ ਹਾਮੀ ਰਹਾਂਗਾ।

# ਪੀਜੀਆਈ ਹਸਪਤਾਲ ਚੰਡੀਗੜ੍ਹ ਕੈਂਸਰ ਹਸਪਤਾਲ ਸੰਗਰੂਰ ਚੰਡੀਗੜ੍ਹ ਸਮੇਤ 8 ਹਸਪਤਾਲਾਂ ਵਿੱਚ ਸੰਸਥਾ ਵੱਲੋਂ ਮਰੀਜ਼ਾਂ ਅਤੇ ਉਹਨਾਂ ਦੇ ਵਾਰਸਾਂ ਲਈ ਲਗਾਇਆ ਲੰਗਰ



**ਨਾਭਾ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਸ਼ਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਦੇ ਲਾਡਲੇ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਅਨੋਖੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਨਾਂਮ ਤੇ ਇਤਿਹਾਸਿਕ ਸ਼ਹਿਰ ਨਾਭਾ ਵਿੱਚ ਗਰੀਬ ਦਾ ਮੁੱਖ ਗੁਰੂ ਦੀ ਗੋਲਕ ਨੂੰ ਮੁੱਖ ਰੱਖਦਿਆਂ ਮਨੁੱਖਤਾ ਦੀ ਸੇਵਾ ਕਰਦੀ ਆ ਰਹੀ ਸ਼ਹੀਦ ਬਾਬਾ ਦੀਪ ਸਿੰਘ ਵੈਲਫੇਅਰ ਸੇਵਾ ਸੋਸਾਇਟੀ ਰਜਿਸਟਰ ਨਾਭਾ ਵੱਲੋਂ ਕੜਾਕੇ ਦੀ ਗਰਮੀ ਵਿੱਚ ਸ਼ਹੀਦਾਂ ਦੇ ਸਰਤਾਜ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਅਤੇ ਇਕ ਜੂਨ ਤੋਂ ਲੈ ਕੇ 9 ਜੂਨ ਤੱਕ ਦਰਬਾਰ ਸਾਹਿਬ ਵਿਖੇ ਸ਼ਹੀਦ ਹੋਏ ਸਿੰਘ ਸਿੰਘਣੀਆਂ ਦੀ ਯਾਦ ਨੂੰ ਸਮਰਪਿਤ ਪੀਜੀਆਈ ਹਸਪਤਾਲ ਚੰਡੀਗੜ੍ਹ ਗੇਟ ਨੰਬਰ ਇੱਕ ,ਗੇਟ ਨੰਬਰ ਦੋ ,ਛੋਟੀ ਪੀਜੀਆਈ ਸੈਕਟਰ 32, ਕੈਂਸਰ ਹਸਪਤਾਲ ਨਿਊ ਚੰਡੀਗੜ੍ਹ, ਪਟਿਆਲਾ ਰਜਿੰਦਰਾ, ਸਰਕਾਰੀ ਹਸਪਤਾਲ ਨਾਭਾ ,ਕੈਂਸਰ ਹਸਪਤਾਲ ਸੰਗਰੂਰ ,ਸਰਦਾਰੀ ਹਸਪਤਾਲ ਸੰਗਰੂਰ ਵਿਖੇ ਮਰੀਜ਼ਾਂ ਤੇ ਉਹਨਾਂ ਦੇ ਵਾਰਸਾਂ ਲਈ ਲੰਗਰ ਦੀਆਂ ਸੇਵਾਵਾਂ ਅਰਦਾਸ ਬੇਨਤੀ ਕਰਨ ਉਪਰੰਤ ਨਿਭਾਈਆਂ ਗਈਆਂ।

ਇਹ ਜਾਣਕਾਰੀ ਸੰਸਥਾ ਦੇ ਮੁੱਖ ਸੇਵਾਦਾਰ ਭਾਈ ਅਮਨਦੀਪ ਸਿੰਘ ਲਵਲੀ, ਪ੍ਰਿਤਪਾਲ ਸਿੰਘ ,ਅੰਟਾਲ ਸਿੰਘ, ਜਥੇਦਾਰ ਹਾਕਮ ਸਿੰਘ, ਜਥੇਦਾਰ ਹਰਪ੍ਰੀਤ ਸਿੰਘ ,ਕੁਲਵਿੰਦਰ ਸਿੰਘ, ਜਸਵਿੰਦਰ ਪਾਲ ਸਿੰਘ ਸਿੰਪੀ, ਅਮਰਜੋਤ ਸਿੰਘ, ਅਸ਼ੋਕ ਅਰੋੜਾ, ਦਵਿੰਦਰ ਪਾਲ ਸਿੰਘ ਸੰਜੂ, ਜਥੇਦਾਰ ਕਰਮਜੀਤ ਸਿੰਘ ਜੀ ਅਲਹੋਰਾਂ ਪ੍ਰਧਾਨ ਆੜਤੀ ਐਸੋਸੀਏਸ਼ਨ, ਸੁਖਵੰਤ ਸਿੰਘ ਕੌਲ, ਸੰਜੀਵ ਕੁਮਾਰ ਵੱਲੋਂ ਸਾਂਝੇ ਤੌਰ 'ਤੇ ਦਿੱਤੀ ਗਈ। ਉਹਨਾਂ ਕਿਹਾ ਕਿ ਇਸ ਕਾਰਜ ਵਿੱਚ ਇਲਾਕੇ ਦੀਆਂ ਵੱਖ-ਵੱਖ ਸੋਸਾਇਟੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਵੱਲੋਂ ਵੱਡਾ ਅਥਾਹ ਸਹਿਯੋਗ ਮਿਲ ਰਿਹਾ ਸੰਸਥਾ ਵੱਲੋਂ ਆਕਸੀਜਨ ਦੇ ਲੰਗਰ ਮਹੀਨਾਵਾਰੀ ਹੋਮਿਓਪੈਥਿਕ ਦੇ ਹਰ ਬਿਮਾਰੀਆਂ ਦੇ ਕੈਂਪ ਲਗਾ ਦਵਾਈਆਂ ਮੁਫਤ ਦਿੱਤੀਆਂ ਜਾ ਰਹੀਆਂ ਹਨ।

ਮਹੀਨਾ ਵਾਰੀ ਰਾਸ਼ਨ ਵੀ ਲੋੜਵੰਦ ਪਰਿਵਾਰਾਂ ਨੂੰ ਸੰਸਥਾ ਵੱਲੋਂ ਦਿੱਤੇ ਜਾਣ ਦੇ ਨਾਲ ਨਾਲ ਹਸਪਤਾਲ ਵਿੱਚ ਦਾਖਲ ਮਰੀਜ਼ਾਂ ਦੀ ਮਦਦ ਵੀ ਕੀਤੀ ਜਾ ਰਹੀ ਹੈ ਇਸ ਮੌਕੇ ਸੰਸਥਾ ਦੇ ਆਗੂਆਂ ਮੈਂਬਰਾਂ ਤੋਂ ਇਲਾਵਾ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਦੇ ਮੁੱਖ ਸੇਵਾਦਾਰ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਹਲਕਾ ਸਮਰਾਲਾ ਵਿੱਚ ਕਾਂਗਰਸ ਦੀ ਰਹੀ ਝੰਡੀ; ਅਕਾਲੀ ਦਲ ਦਾ ਵੋਟ ਗ੍ਰਾਫ ਡਿੱਗਿਆ ਅਤੇ ਭਾਜਪਾ ਦਾ ਵੋਟ ਗ੍ਰਾਫ ਵਧਿਆ

**ਮਾਛੀਵਾੜਾ ਸਾਹਿਬ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ ਦੇ ਸਾਹਮਣੇ ਆਏ ਨਤੀਜਿਆਂ 'ਚ ਹਲਕਾ ਫ਼ਤਹਿਗੜ੍ਹ ਸਾਹਿਬ ਤੋਂ ਕਾਂਗਰਸ ਉਮੀਦਵਾਰ ਡਾ. ਅਮਰ ਸਿੰਘ 34,202 ਵੋਟਾਂ ਨਾਲ ਜੇਤੂ ਰਹੇ ਹਨ ਅਤੇ ਇਸ ਜਿੱਤ 'ਚ ਵਿਧਾਨ ਸਭਾ ਹਲਕਾ ਸਮਰਾਲਾ ਦੀ ਕਾਂਗਰਸ ਨੇ ਵੀ ਭੂਮਿਕਾ ਨਿਭਾਈ।

**ਲੋਕ ਸਭਾ ਚੋਣਾਂ ਦੇ ਆਏ ਨਤੀਜੇ**

ਦੌਰਾਨ ਵਿਧਾਨ ਸਭਾ ਹਲਕਾ ਸਮਰਾਲਾ 'ਚ ਕਾਂਗਰਸ ਨੂੰ 37,641 ਵੋਟਾਂ ਪ੍ਰਾਪਤ ਹੋਈਆਂ। ਦੂਜੇ ਨੰਬਰ 'ਤੇ ਰਹੀ ਆਮ ਆਦਮੀ ਪਾਰਟੀ ਨੂੰ 35,316 ਵੋਟਾਂ ਮਿਲੀਆਂ । ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਨੂੰ 17,619 ਵੋਟਾਂ ਤੇ ਭਾਜਪਾ ਨੂੰ 7,970 ਵੋਟਾਂ ਮਿਲੀਆਂ। ਹਲਕਾ ਸਮਰਾਲਾ ਤੋਂ ਕਾਂਗਰਸ ਉਮੀਦਵਾਰ 2,325 ਵੋਟਾਂ ਨਾਲ ਜੇਤੂ ਰਹੇ। ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਅਤੇ ਪਾਰਟੀ ਵਰਕਰਾਂ ਦੀ ਮਿਹਨਤ ਰੰਗ ਲਿਆਈ ਅਤੇ ਇਹ ਪਾਰਟੀ ਜੋ 2022 ਦੀਆਂ ਵਿਧਾਨ ਸਭਾ ਚੋਣਾਂ 'ਚ ਤੀਜੇ ਨੰਬਰ 'ਤੇ ਸੀ, ਹੁਣ ਉਸ ਨੇ ਹਲਕਾ ਸਮਰਾਲਾ 'ਚ ਇਨ੍ਹਾਂ ਚੋਣਾਂ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ।

ਦੂਜੇ ਨੰਬਰ 'ਤੇ ਆਮ ਆਦਮੀ ਪਾਰਟੀ ਰਹੀ, ਜਿਸ ਨੂੰ 35,316 ਵੋਟਾਂ ਮਿਲੀਆਂ। ਜੇਕਰ ਸ਼੍ਰੋਮਣੀ ਅਕਾਲੀ ਦਲ ਦੀ ਗੱਲ ਕਰੀਏ ਤਾਂ ਉਸ ਦੇ ਵੋਟ ਬੈਂਕ ਨੂੰ ਵੀ ਹਲਕਾ ਸਮਰਾਲਾ 'ਚ ਇਨ੍ਹਾਂ ਲੋਕ ਸਭਾ ਚੋਣਾਂ ਦੌਰਾਨ ਵੱਡਾ ਖੋਰਾ ਲੱਗਿਆ । ਪਿਛਲੀਆਂ 2022 ਦੀਆਂ ਵਿਧਾਨ ਸਭਾ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਨੂੰ ਹਲਕਾ ਸਮਰਾਲਾ ਤੋਂ 26,537 ਵੋਟਾਂ ਮਿਲੀਆਂ ਸਨ ਤੇ ਇਨ੍ਹਾਂ ਲੋਕ ਸਭਾ ਚੋਣਾਂ ਦੌਰਾਨ ਪਾਰਟੀ ਉਮੀਦਵਾਰ ਨੂੰ 17,619 ਵੋਟਾਂ ਮਿਲੀਆਂ। ਸਵਾ 2 ਸਾਲ 'ਚ ਹੀ ਸ਼੍ਰੋਮਣੀ ਅਕਾਲੀ ਦਲ ਦੇ ਵੋਟ ਬੈਂਕ ਨੂੰ 8918 ਵੋਟਾਂ ਦਾ ਖੋਰਾ ਲੱਗਿਆ ਜੋ ਕਿ ਪਾਰਟੀ ਲਈ ਚਿੰਤਾ ਦਾ ਵਿਸ਼ਾ ਹੈ। ਭਾਜਪਾ ਦੀ ਗੱਲ ਕਰੀਏ ਤਾਂ ਹਲਕਾ ਸਮਰਾਲਾ 'ਚ ਹਾਰ ਦੇ ਬਾਵਜੂਦ ਇਸ ਦਾ ਵੋਟ ਬੈਂਕ ਵਧਿਆ ਹੈ। ਪਿਛਲੀਆਂ ਵਿਧਾਨ ਸਭਾ ਚੋਣਾਂ 'ਚ ਭਾਜਪਾ ਉਮੀਦਵਾਰ ਨੂੰ 2312 ਵੋਟਾਂ ਮਿਲੀਆਂ ਸਨ ਅਤੇ ਇਸ ਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਹੱਕ 'ਚ ਲਹਿਰ ਹੋਣ ਕਰ ਕੇ ਪਾਰਟੀ ਦਾ ਵੋਟ ਬੈਂਕ ਵਧਿਆ ਅਤੇ ਲੋਕ ਸਭਾ ਚੋਣਾਂ 'ਚ ਹਲਕਾ ਸਮਰਾਲਾ ਤੋਂ ਪਾਰਟੀ ਉਮੀਦਵਾਰ ਨੂੰ 7970 ਵੋਟਾਂ ਮਿਲੀਆਂ । ਸਮਰਾਲਾ ਦੇ ਕਾਂਗਰਸੀ ਵਰਕਰ ਇੱਥੋਂ ਜਿੱਤ ਕਾਰਨ ਬਾਗੋ ਬਾਗ ਦਿਖਾਈ ਦੇ ਰਹੇ ਹਨ।

**ਕਾਂਗਰਸੀ ਹਲਕਾ ਇੰਚਾਰਜ ਰਾਜਾ ਗਿੱਲ ਦੀ ਸਮਰਾਲਾ ਹਲਕੇ 'ਚ ਰਹੀ ਝੰਡੀ**

ਪਿਛਲੀਆਂ ਵਿਧਾਨ ਸਭਾ ਚੋਣਾਂ 'ਚ ਹਲਕਾ ਸਮਰਾਲਾ 'ਚ ਐਂਟਰੀ ਮਾਰਨ ਵਾਲੇ ਰੁਪਿੰਦਰ ਸਿੰਘ ਰਾਜਾ ਗਿੱਲ ਉਸ ਸਮੇਂ ਨਵਾਂ ਚਿਹਰਾ ਸਨ ਤੇ ਹਲਕੇ ਤੋਂ ਕਾਫ਼ੀ ਅਣਜਾਣ ਸਨ ।ਉਸ ਸਮੇਂ ਉਹ ਤੀਜੇ ਨੰਬਰ 'ਤੇ ਰਹੇ। ਪਿਛਲੇ ਸਵਾ 2 ਸਾਲ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਹਲਕਾ ਸਮਰਾਲਾ 'ਚ ਪਾਰਟੀ ਵਰਕਰਾਂ ਤੇ ਆਗੂਆਂ ਨੂੰ ਨਾਲ ਲੈ ਕੇ ਸਖ਼ਤ ਮਿਹਨਤ ਕੀਤੀ। ਲੋਕਾਂ ਨਾਲ ਤਾਲਮੇਲ ਵਧਾਉਂਦਿਆਂ ਉਨ੍ਹਾਂ ਦੇ ਦੁੱਖ- ਸੁੱਖ ਵਿਚ ਸ਼ਮੂਲੀਅਤ ਕੀਤੀ । ਇਹ ਲੋਕ ਸਭਾ ਚੋਣਾਂ ਕਾਂਗਰਸ ਇੰਚਾਰਜ ਗਿੱਲ ਲਈ ਕਿਸੇ ਵੱਡੀ ਪ੍ਰੀਖਿਆ ਤੋਂ ਘੱਟ ਨਹੀਂ ਸੀ ਕਿਉਂਕਿ ਇਨ੍ਹਾਂ ਚੋਣਾਂ 'ਚ ਹਾਰ-ਜਿੱਤ ਉਨ੍ਹਾਂ ਦਾ ਅਗਲਾ ਸਿਆਸੀ ਭਵਿੱਖ ਤੈਅ ਕਰਦਾ ਸੀ। ਲੋਕ ਸਭਾ ਚੋਣਾਂ 'ਚ ਰਾਜਾ ਗਿੱਲ ਦੀ ਮਿਹਨਤ ਰੰਗ ਲਿਆਈ ਤੇ ਵਿਧਾਨ ਸਭਾ ਚੋਣਾਂ ਵਿਚ ਜੋ ਕਾਂਗਰਸ ਪਾਰਟੀ ਤੀਜੇ ਨੰਬਰ 'ਤੇ ਸੀ, ਉਹ ਲੋਕ ਸਭਾ ਚੋਣਾਂ 'ਚ ਪਹਿਲੇ ਨੰਬਰ 'ਤੇ ਆ ਗਈ। ਇਸ ਕਾਰਨ ਉਨ੍ਹਾਂ ਦਾ ਪਾਰਟੀ 'ਚ ਸਿਆਸੀ ਕੱਦ ਹੋਰ ਵਧਿਆ ਹੈ ਅਤੇ ਹਲਕੇ 'ਚ ਝੰਡੀ ਰਹੀ ।

# ਮਹਿਲਾ ਦੀ ਮੌਤ ਦਾ ਮਾਮਲਾ: ਡਾਕਟਰ ਤੇ ਸਟਾਫ਼ ਖਿਲਾਫ਼ ਕੇਸ ਦਰਜ

**ਪਟਿਆਲਾ, 9 ਜੂਨ -ਕੌਮੀ ਪੱਤ੍ਰਿਕਾ ਬਿਊਰੋ-** ਇਥੋਂ ਦੇ ਇੱਕ ਨਿੱਜੀ ਹਸਪਤਾਲ ਵਿਖੇ ਇਲਾਜ ਦੌਰਾਨ ਇੱਕ ਮਹਿਲਾ ਦੀ ਹੋਈ ਮੌਤ ਦੇ ਮਾਮਲੇ ਸਬੰਧੀ ਥਾਣਾ ਸਿਵਲ ਲਾਈਨ ਪਟਿਆਲਾ ਦੀ ਪੁਲੀਸ ਨੇ ਹਸਪਤਾਲ ਦੇ ਇੱਕ ਡਾਕਟਰ ਅਤੇ ਹੋਰ ਸਟਾਫ਼ ਖਿਲਾਫ਼ ਧਾਰਾ 304ਏ ਤਹਿਤ ਕੇਸ ਦਰਜ ਕੀਤਾ ਹੈ। ਇਹ ਕੇਸ ਮ੍ਰਿਤਕ ਮਹਿਲਾ ਜਸਵੀਰ ਕੌਰ ਦੇ ਪਤੀ ਕੁਲਵੰਤ ਸਿੰਘ ਵਾਸੀ ਪਿੰਡ ਡਸਕਾ ਥਾਣਾ ਲਹਿਰਾ ਜ਼ਿਲ੍ਹਾ ਸੰਗਰੂਰ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਹੈ। ਸ਼ਿਕਾਇਤ ਕਰਤਾ ਦਾ ਕਹਿਣਾ ਸੀ ਕਿ ਉਹ ਆਪਣੀ ਪਤਨੀ ਜਸਬੀਰ ਕੌਰ ਨੂੰ ਬਿਮਾਰ ਹੋਣ ਕਾਰਨ 21 ਮਈ ਨੂੰ ਇਸ ਨਿੱਜੀ ਹਸਪਤਾਲ ਲਿਆਇਆ ਸੀ। ਇੱਥੇ ਡਾ. ਰੋਹਿਤ ਗਰਗ ਨੇ 22 ਮਈ ਨੂੰ ਜਸਵੀਰ ਕੌਰ ਦਾ ਅਪਰੇਸ਼ਨ ਕੀਤਾ ਪਰ ਦਰਦ ਦੀ ਤਕਲੀਫ ਨਹੀਂ ਰੁਕੀ। 23 ਮਈ ਸ਼ਾਮ ਲਗਪਗ ਸੱਤ ਵਜੇ ਇੰਡੋਸਕੋਪੀ ਲਈ ਉਸ ਨੂੰ ਮੁੜ ਅਪਰੇਸ਼ਨ ਥੀਏਟਰ ਵਿੱਚ ਲਿਜਾਇਆ ਗਿਆ। ਰਾਤੀਂ 11 ਵਜੇ ਡਾ. ਰੋਹਿਤ ਗਰਗ ਨੇ ਦੱਸਿਆ ਕਿ ਕੱਲ੍ਹ ਅਪਰੇਸ਼ਨ ਸਹੀ ਨਹੀਂ ਸੀ ਹੋਇਆ, ਜੋ ਦੁਬਾਰਾ ਕਰਨਾ ਪਿਆ ਹੈ। ਬਾਅਦ 'ਚ ਉਸ ਨੂੰ ਦੱਸਿਆ ਗਿਆ ਕਿ ਜਸਬੀਰ ਕੌਰ ਦੀ ਹਾਲਤ ਗੰਭੀਰ ਹੋਣ ਕਾਰਨ ਉਸ ਨੂੰ ਇੱਕ ਹੋਰ ਹਸਪਤਾਲ ਵਿੱਚ ਰੈਫਰ ਕੀਤਾ ਗਿਆ ਹੈ।




# ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੇ ਕਾਰਨ

ਡਾ. ਸਰਬਜਿੰਦਰ ਸਿੰਘ

ਗੁਰੂ ਨਾਨਕ ਪਾਤਸ਼ਾਹ ਨੇ ਹਿੰਦੁਸਤਾਨ ਦੀ ਧਰਤੀ 'ਤੇ ੧ਓਂ ਦਾ ਦੈਵੀ ਨਾਦ ਗੁੰਜਾ ਕੇ ਇੱਥੋਂ ਦੀ ਦੱਬੀ-ਕੁਚਲੀ ਲੋਕਾਈ ਨੂੰ ਇਹ ਅਹਿਸਾਸ ਕਰਾਇਆ ਕਿ ਕੁੱਲ ਕਾਇਨਾਤ ਉਸ ਅਕਾਲ ਪੁਰਖ ਦੀ ਸੰਤਾਨ ਹੈ। ਭਾਰਤੀ ਭੂ-ਮੰਡਲ ਤੇ ਅਕਾਲ ਪੁਰਖ ਇਕ ਅਤੇ ਉਸ ਦੀ ਸਿਰਜੀ ਕਿਰਤ ਵੀ ਇਕ ਦਾ, ਅਜਿਹਾ ਨਵਾਂ ਤੇ ਨਿਵੇਕਲਾ ਪਾਠ ਪੜ੍ਹਾਇਆ ਕਿ ਹਿੰਦੁਸਤਾਨ ਦੀ ਲੋਕਾਈ ਦੀਆਂ ਨਾੜਾਂ ਵਿਚ ਸਦੀਆਂ ਤੋਂ ਯਖ਼ ਹੋਏ ਖੂਨ ਨੇ ਰੁਮਕਣਾ ਸ਼ੁਰੂ ਕਰ ਦਿੱਤਾ। ਹੁਣ ਗੁਰੂ ਨਾਨਕ ਉਨ੍ਹਾਂ ਦੀ ਮੁਕਤੀ ਦਾ ਰਹਿਬਰ ਸੀ ਅਤੇ ਉਹ ਉਸ ਦੇ 'ਬੰਦੇ'। ਦੂਰ-ਦਰਾਜ ਤੋਂ ਸੈਂਕੜਿਆਂ ਦੀ ਗਿਣਤੀ ਵਿਚ ਲੋਕ ਗੁਰੂ ਸਾਹਿਬ ਦੇ ਦੈਵੀ ਝੰਡੇ ਥੱਲੇ ਇਕੱਤਰ ਹੋਣ ਲੱਗੇ। ਗੁਰੂ ਨਾਨਕ ਪਾਤਸ਼ਾਹ ਨੇ ਸ਼ੋਸ਼ਨਕਾਰੀਆਂ ਦੀ ਧੱਕੇਸ਼ਾਹੀ ਵਿਰੁੱਧ ਪਾਠ ਪੜ੍ਹਾਉਣ ਲਈ ਪੂਰੀ ਦੁਨੀਆਂ ਦਾ ਭਰਮਣ ਕੀਤਾ। ਬਰਾਬਰੀ, ਮਨੁੱਖੀ ਸਨਮਾਨ, ਸੁਤੰਤਰਤਾ ਅਤੇ ਭਾਈਚਾਰੇ ਦੇ ਅਜਿਹੇ ਪੂਰਨੇ ਪਾਏ ਕਿ ਉਹ ਦਮਨਕਾਰੀਆਂ ਵਿਰੁੱਧ ਗੁਰਮਤਿ ਦੇ ਝੰਡੇ ਹੇਠ ਲਾਮਬੰਦ ਹੋਣ ਲੱਗੇ। ਭੂਤ, ਭਵਿੱਖ ਦੇ ਚੱਕਰ ਵਿਚੋਂ ਨਿਕਲ ਕੇ ਵਰਤਮਾਨ ਦੀ ਸਥਾਪਨਾ ਉਨ੍ਹਾਂ ਦੀ ਮਾਨਸਿਕਤਾ ਦਾ ਹਿੱਸਾ ਬਣ ਗਈ। ਗੁਰੂ ਨਾਨਕ ਪਾਤਸ਼ਾਹ ਦੇ ਸਿਧਾਂਤ ਮਨੁੱਖਾਂ ਦੇ ਮਾੜੇ ਭਾਗਾਂ ਤੇ ਬਾਰਸ਼ੇ ਰਹਿਮਤ ਸਿੱਧ ਹੋਏ। ਗੁਲਾਮ ਜ਼ਹਿਨੀਅਤ ਦੇ ਕਾਲੇ ਬੱਦਲ ਛੰਡਣ ਲੱਗੇ ਅਤੇ ਇਨ੍ਹਾਂ ਵਿਚੋਂ ਨਵੇਂ-ਨਵੇਲੇ ਸੂਰਜ ਦੇ ਲਿਸ਼ਕਾਰੇ ਦੱਬੀ-ਕੁਚਲੀ ਲੋਕਾਈ ਲਈ ਨਵਾਂ ਸੁਨੇਹਾ ਲੈ ਕੇ ਆਉਣ ਲੱਗੇ। ਇਨ੍ਹਾਂ ਪੂਰਨਿਆਂ ਨੂੰ ਬਾਕੀ ਗੁਰੂ ਸਾਹਿਬਾਨ ਨੇ ਅਮਲ ਵਿਚ ਤਬਦੀਲ ਕਰਦਿਆਂ ਸਿਰਲੱਥ ਸੂਰਮਿਆਂ ਦੀ ਇਕ ਅਜਿਹੀ ਕੌਮੀਅਤ ਤਿਆਰ ਕਰ ਦਿੱਤੀ ਜੋ 'ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ' ਦੇ ਸੰਕਲਪ ਨਾਲ ਸਰਸ਼ਾਰ ਹੋਈ ਪਈ ਸੀ। ਗੁਰੂ ਨਾਨਕ ਪਾਤਸ਼ਾਹ ਦੇ ਘਰ ਨਾ ਹਿੰਦੂ- ਮੁਸਲਮਾਨ ਦਾ ਫਰਕ ਸੀ, ਨਾ ਹੀ ਊਚ ਨੀਚ ਅਤੇ ਔਰਤ-ਮਰਦ ਦਾ। ਗੁਰੂ ਨਾਨਕ ਸਾਹਿਬ ਦਾ ਸੰਗੀ-ਸਾਥੀ ਭਾਈ ਮਰਦਾਨਾ, ਜੋ ਗੁਰੂ ਸਾਹਿਬ ਨਾਲ ਅੰਤਮ ਸੁਆਸ ਤਕ ਨਿਭਿਆ, ਮੁਸਲਮਾਨ ਸੀ ਅਤੇ ਭਾਈ ਲਾਲੋ ਤਰਖਾਣ ਜਾਤ ਦਾ ਸੀ।

ਗੁਰੂ ਨਾਨਕ ਪਾਤਸ਼ਾਹ ਨੇ ਜੋਤੀ ਜੋਤ ਸਮਾਉਣ ਤੋਂ ਪਹਿਲਾਂ ਆਪਣੇ ਅਨਿੰਨ ਸਿੱਖ ਭਾਈ ਲਹਿਣੇ ਨੂੰ ਗੁਰੂ ਅੰਗਦ ਵਜੋਂ ਗੁਰ ਗੱਦੀ ਤੇ ਸੁਸ਼ੋਭਿਤ ਕਰ ਇਕ ਨਿਵੇਕਲਾ ਪ੍ਰਸੰਗ ਸਥਾਪਿਤ ਕਰ ਇਹ ਵੀ ਅਹਿਸਾਸ ਕਰਵਾ ਦਿੱਤਾ ਸੀ ਕਿ ਨਾਨਕ ਘਰ ਵਿਚ ਯੋਗਤਾ ਆਧਾਰ ਹੈ ਜਨਮ ਨਹੀਂ। ਗੁਰੂ ਅੰਗਦ ਪਾਤਸ਼ਾਹ ਨੇ ਗੁਰਗੱਦੀ 'ਤੇ ਬੈਠਦੇ ਹੀ, ਗੁਰੂ ਨਾਨਕ ਪਾਤਸ਼ਾਹ ਵੱਲੋਂ ਦਿੱਤੇ ਸਿਧਾਂਤਾਂ ਨੂੰ ਅਮਲ ਵਿਚ ਢਾਲਣ ਦਾ ਕਾਰਜ ਜਾਰੀ ਰੱਖਿਆ ਅਤੇ ਸਭ ਤੋਂ ਪਹਿਲਾਂ ਆਪਣੀ ਪਤਨੀ ਮਾਤਾ ਖੀਵੀ ਜੀ ਨੂੰ ਲੰਗਰ ਦੀ ਮੁਖੀਆ ਸਥਾਪਿਤ ਕਰ ਔਰਤ ਦੇ ਸਨਮਾਨ ਨੂੰ ਸਿਖਰ ਉਤੇ ਪਹੁੰਚਾ ਦਿੱਤਾ ਸੀ। ਔਰਤ ਦੇ ਇਸ ਸਥਾਨ ਦੀ ਉਸ ਵੇਲੇ ਦੇ ਸਮਿਆਂ ਵਿਚ ਕਿਆਸ ਕਰਨਾ ਵੀ ਮੁਸ਼ਕਲ ਸੀ। ਗੁਰਮੁਖੀ ਲਿੱਪੀ ਵਿਚ ਸੁਧਾਰ ਕਰ ਸਿੱਖਾਂ ਦੀ ਆਪਣੀ ਲਿੱਪੀ ਸਥਾਪਿਤ ਕਰ ਦਿੱਤੀ ਅਤੇ ਹੁਮਾਯੂ ਦੇ ਹਉਮੈਂ ਨੂੰ ਤੋੜ ਕੇ ਇਹ ਸਥਾਪਿਤ ਕਰ ਦਿੱਤਾ ਕਿ ਗੁਰੂ ਘਰ ਵਿਚ ਅਕਾਲ ਪੁਰਖ ਦੇ ਭੈਅ ਨੂੰ ਨਮੋਂ ਹੈ ਪਰ ਤਖ਼ਤ ਦੇ ਭੈਅ ਨੂੰ ਕਬੂਲ ਕਰਨ ਦਾ ਕੋਈ ਸਥਾਨ ਹੀ ਨਹੀਂ ਹੈ। ਅਮਰਦਾਸ ਨਾਨਕ ਘਰ ਦੀ ਨਿਰਖਾਂ-ਪਰਖਾਂ ਵਿਚ ਪਾਸ ਹੋਏ ਅਤੇ ਤੀਸਰੇ ਗੁਰੂ ਪਾਤਸ਼ਾਹ ਵਜੋਂ ਗੁਰਗੱਦੀ 'ਤੇ ਸੁਸ਼ੋਭਿਤ ਹੋਏ। ਗੁਰਗੱਦੀ 'ਤੇ ਬੈਠਦੇ ਹੀ ਉਨ੍ਹਾਂ ਨੇ ਮਹਿਸੂਸ ਕਰ ਲਿਆ ਸੀ ਕਿ ਆਉਣ ਵਾਲਾ ਸਮਾਂ ਵੰਗਾਰਾਂ ਭਰਿਆ ਹੋਇਆ ਹੈ। ਇਨ੍ਹਾਂ ਵੰਗਾਰਾਂ ਦਾ ਟਾਕਰਾ ਕਰਨ ਲਈ ਭਾਰਤੀ ਮਾਨਸਿਕਤਾ ਦੇ ਅੰਦਰ ਪਏ ਡਰ ਨੂੰ ਦੂਰ ਕਰ ਸੂਰਬੀਰ ਮਾਨਸਿਕਤਾ ਨੂੰ ਉਜਾਗਰ ਕਰਨਾ ਹੈ। ਇਸ ਵਾਸਤੇ ਸਭ ਤੋਂ ਪਹਿਲਾਂ ਉਨ੍ਹਾਂ ਨੇ ਸਿੱਖ ਧਰਮ ਦੇ ਪ੍ਰਚਾਰ ਹਿਤ ਬਾਈ ਮੰਜੀਆਂ ਦੀ ਸਥਾਪਤੀ ਕਰ ਦਿੱਤੀ ਤਾਂ ਕਿ 'ਪਤ ਸੇਤੀ' ਜ਼ਿੰਦਗੀ ਜਿਉਣ ਵਾਲਿਆਂ ਨੂੰ ਤਿਆਰ ਕੀਤਾ ਜਾਵੇ। ਦੂਸਰਾ ਮੰਜੀਆਂ ਦੀ ਗਿਣਤੀ ਮੁਗਲੀਆ ਹਕੂਮਤ ਦੇ ਬਾਈ ਸੂਬਿਆਂ ਦੀ ਗਿਣਤੀ ਦੇ ਬਰਾਬਰ ਰੱਖ ਕੇ ਡਰੀ ਹੋਈ ਲੋਕਾਈ ਨੂੰ ਅਹਿਸਾਸ ਕਰਾਇਆ ਕਿ ਇਨ੍ਹਾਂ ਸੂਬਿਆਂ ਦਾ ਭੈਅ ਮਨ ਵਿਚੋਂ ਕੱਢ ਦਿੱਤਾ ਜਾਵੇ। ਇਨ੍ਹਾਂ ਮੰਜੀਆਂ ਨੂੰ ਉਨ੍ਹਾਂ ਨੇ ਸੂਬਿਆਂ ਦਾ ਨਾਂ ਵੀ ਦਿੱਤਾ। ਇਨ੍ਹਾਂ ਮੰਜੀਆਂ ਉਪਰੰਤ ਬਵੰਜਾ ਪੀੜ੍ਹਿਆਂ ਦੀ ਸਥਾਪਤੀ ਕੀਤੀ ਇਹ ਗਿਣਤੀ ਵੀ ਅਚੰਭੇ ਵਾਲੀ ਸੀ ਕਿਉਂਕਿ ਅਕਬਰ ਦੇ ਸੁਰੱਖਿਆ ਅਮਲੇ ਦੀ ਗਿਣਤੀ ਵੀ ਬਵੰਜਾ ਹੀ ਸੀ। ਇਸ ਤੋਂ ਉਪਰੰਤ ਗੁਰੂ ਪਾਤਸ਼ਾਹ ਦੇ ਦੀਦਾਰ ਕਰਨ ਤੋਂ ਪਹਿਲਾਂ ਲੰਗਰ ਛਕਣਾ ਲਾਜ਼ਮੀ ਕਰਾਰ ਦੇ ਕੇ ਮਨੁੱਖੀ ਹਕੂਕ ਦੀ ਬਰਾਬਰੀ ਦਾ ਨਵਾਂ ਥੰਮ੍ਹ ਖੜ੍ਹਾ ਕਰ ਦਿੱਤਾ ਸੀ। ਇਤਿਹਾਸ ਗਵਾਹ ਹੈ ਕਿ ਅਕਬਰ ਵੀ ਗੁਰ ਪਾਤਸ਼ਾਹ ਦੇ ਦਰਸ਼ਨ ਸੰਗਤ ਵਿਚ ਲੰਗਰ ਛਕਣ ਉਪਰੰਤ ਹੀ ਕਰ ਸਕਿਆ ਸੀ, ਤੀਜੇ ਪਾਤਸ਼ਾਹ ਤੋਂ ਬਾਅਦ ਚੌਥੇ ਨਾਨਕ ਵਜੋਂ ਗੁਰੂ ਰਾਮਦਾਸ ਜੀ ਗੁਰਗੱਦੀ 'ਤੇ ਸੁਸ਼ੋਭਿਤ ਹੋਏ। ਉਨ੍ਹਾਂ ਦੁਆਰਾ ਅੰਮ੍ਰਿਤਸਰ ਅਤੇ ਸੰਤੋਖਸਰ ਸਰੋਵਰਾਂ ਦੀ ਉਸਾਰੀ ਕਰ ਕਿਸੇ ਵੱਡੇ ਕੇਂਦਰੀ ਅਸਥਾਨ ਵਲ ਇਸ਼ਾਰਾ ਕਰ ਦਿੱਤਾ ਸੀ ਜਿਸ ਨੇ ਆਉਣ ਵਾਲੇ ਸਮੇਂ ਵਿਚ ਸਿੱਖਾਂ ਦੇ ਮੱਕੇ ਵਜੋਂ ਸਥਾਨ ਗ੍ਰਹਿਣ ਕਰਨਾ ਸੀ। ਸਿੱਖ ਧਰਮ ਦਾ ਇਹ ਪ੍ਰਚਾਰ ਅਤੇ ਪਸਾਰ ਹਕੂਮਤ ਅਤੇ ਹੋਰ ਵਿਰੋਧੀਆਂ ਦੇ ਅੰਦਰ ਡਰ ਦੀ ਭਾਵਨਾ ਪੈਦਾ ਕਰ ਰਿਹਾ ਸੀ। ਇਹ ਡਰ ਉਨ੍ਹਾਂ ਨੂੰ ਸਿੱਖ ਧਰਮ ਵਿਰੁੱਧ ਲਾਮਬੰਦ ਕਰ ਰਿਹਾ ਸੀ ਅਤੇ ਇਸੇ ਲਾਮਬੰਦੀ ਵਿਚੋਂ ਹੀ ਪੰਜਵੇਂ ਪਾਤਸ਼ਾਹ ਦੀ ਸ਼ਹਾਦਤ ਸਾਹਮਣੇ ਆਈ। ਸ੍ਰੀ ਗੁਰੂ ਰਾਮਦਾਸ ਜੀ ਦੀਆਂ ਨਿਰਖਾਂ-ਪਰਖਾਂ ਵਿਚ ਅਰਜਨ ਦੇਵ ਪੂਰੇ ਉਤਰੇ। ਇਸ ਲਈ ਚੌਥੇ ਪਾਤਸ਼ਾਹ ਨੇ ਪਰੰਪਰਕ ਢੰਗ ਨਾਲ ਉਨ੍ਹਾਂ ਨੂੰ ਪੰਜਵੇਂ ਨਾਨਕ ਵਜੋਂ ਸਥਾਪਿਤ ਕਰ ਦਿੱਤਾ। ਗੁਰੂ ਅਰਜਨ ਦੇਵ ਜੀ ਨੇ ਗੁਰ ਗੱਦੀ 'ਤੇ ਬੈਠਦੇ ਹੀ ਸਿੱਖ ਧਰਮ ਦੇ ਪ੍ਰਚਾਰ ਪਸਾਰ ਨੂੰ ਨਾਨਕ ਸਿਧਾਂਤ ਅਨੁਸਾਰ ਅੱਗੇ ਚਲਾਇਆ। ਉਨ੍ਹਾਂ ਨੇ ਸਭ ਤੋਂ ਪਹਿਲਾਂ 1589 ਈ. ਨੂੰ ਗੁਰੂ ਪਿਤਾ ਰਾਮਦਾਸ ਜੀ ਵੱਲੋਂ ਤਿਆਰ ਕੀਤੇ ਅੰਮ੍ਰਿਤ-ਸਰੋਵਰ ਦੇ ਐਨ ਵਿਚਕਾਰ ਹਰਿਮੰਦਰ ਦੀ ਸਥਾਪਨਾ ਕੀਤੀ ਅਤੇ ਪਵਿੱਤਰ ਹਰਿਮੰਦਰ ਦੀ ਨੀਂਹ ਸਾਈਂ ਮੀਆਂ ਮੀਰ ਕੋਲੋਂ ਰਖਵਾਈ। ਸਾਈਂ ਮੀਆਂ ਮੀਰ ਗੁਰੂ ਅਰਜਨ ਪਾਤਸ਼ਾਹ ਦੇ ਬਹੁਤ ਪ੍ਰਸ਼ੰਸਕ ਸਨ ਅਤੇ ਪ੍ਰਸਿੱਧ ਸੂਫ਼ੀ ਸਿਲਸਿਲੇ ਕਾਦਰੀ ਦੇ ਮੁਖੀ ਵੀ ਸਨ। ਗੁਰੂ

> ਅੱਜ ਦਾ ਯੁਗ ਜਿੱਥੇ ਵਿਗਿਆਨ ਅਤੇ ਤਕਨੀਕ ਦਾ ਯੁਗ ਕਿਹਾ ਜਾਂਦਾ ਹੈ ਉੱਥੇ ਹੀ ਇਹ ਖ਼ੁਦਗ਼ਰਜ਼ੀ ਤੇ ਬੇਈਮਾਨੀ ਦਾ ਵੀ ਯੁਗ ਹੈ। ਇਸ ਯੁਗ ਵਿੱਚ ਬਹੁਤ ਸਾਰੇ ਧੀਆਂ-ਪੁੱਤ ਅਜਿਹੇ ਹਨ ਜੋ ਅਹਿਸਾਨਫ਼ਰਾਮੋਸ਼ ਹੋ ਕੇ ਮਾਂ ਨੂੰ ਆਪਣੇ ਤੋਂ ਵੱਖ ਕਰ ਦਿੰਦੇ ਹਨ ਜਾਂ ਬਿਰਧ ਆਸ਼ਰਮ ਦੇ ਬੂਹੇ ਛੱਡ ਆਉਂਦੇ ਹਨ। ਸੱਚੀ ਗੱਲ ਤਾਂ ਇਹ ਹੈ ਕਿ ਅਜਿਹਾ ਕਰਨ ਵਾਲਿਆਂ ਤੋਂ ਵੱਧ ਬਦਨਸੀਬ ਦੁਨੀਆਂ 'ਤੇ ਕੋਈ ਹੋਰ ਨਹੀਂ ਹੋ ਸਕਦਾ ਹੈ।



# ਗੁਰੂ ਅਰਜਨ ਦੇਵ ਜੀ ਜੀਵਨ ਤੇ ਸ਼ਹਾਦਤ

ਹਰਚਰਨ ਸਿੰਘ

ਸ੍ਰੀ ਗੁਰੂ ਅਰਜਨ ਦੇਵ ਜੀ, ਚੌਥੇ ਪਾਤਸ਼ਾਹ ਗੁਰੂ ਰਾਮਦਾਸ ਦੇ ਸਪੁੱਤਰ ਦਾ ਜਨਮ 15 ਅਪ੍ਰੈਲ 1563 ਨੂੰ ਮਾਤਾ ਭਾਨੀ ਜੀ ਦੀ ਕੁੱਖੋਂ, ਗੋਇੰਦਵਾਲ ਵਿਖੇ ਹੋਇਆ।

ਸ਼ਾਂਤੀ ਦੇ ਪੁੰਜ, ਸੁਖਮਨੀ ਦੇ ਰਚੇਤਾ, ਬਾਣੀ ਦੇ ਬੋਹਿਥ, ਗੁਰੂ ਗ੍ਰੰਥ ਸਾਹਿਬ ਦੇ ਸੰਪਾਦਕ ਰਚੇਤਾ, ਨਾਮ ਬਾਣੀ ਵਿਚ ਵਿਲੀਨ, ਹਰਿਮੰਦਰ ਸਾਹਿਬ ਤੇ ਤਰਨਤਾਰਨ ਸਾਹਿਬ ਦੇ ਸਿਰਜਣਹਾਰੇ-ਸ੍ਰੀ ਗੁਰੂ ਅਰਜਨ ਦੇਵ ਜੀ, ਚੌਥੇ ਪਾਤਸ਼ਾਹ ਗੁਰੂ ਰਾਮਦਾਸ ਦੇ ਸਪੁੱਤਰ ਦਾ ਜਨਮ 15 ਅਪ੍ਰੈਲ 1563 ਨੂੰ ਮਾਤਾ ਭਾਨੀ ਜੀ ਦੀ ਕੁੱਖੋਂ, ਗੋਇੰਦਵਾਲ ਵਿਖੇ ਹੋਇਆ। ਇਨ੍ਹਾਂ ਦੀ ਮਾਤਾ ਬੀਬੀ ਭਾਨੀ ਗੁਰੂ ਅਮਰਦਾਸ ਦੀ ਬੇਟੀ ਸਨ। ਗੁਰੂ ਅਰਜਨ ਸਾਹਿਬ ਦੇ ਭਰਾ ਬਾਬਾ ਪ੍ਰਿਥੀ ਚੰਦ ਤੇ ਬਾਬਾ ਮਹਾਂਦੇਵ ਸਨ।

ਗੁਰੂ ਅਰਜਨ ਦੇਵ ਨੇ ਦੇਵਨਗਰੀ ਪਾਂਧੇ ਪਾਸੋਂ ਸਿੱਖੀ, ਫ਼ਾਰਸੀ ਅੱਖਰ ਪਿੰਡ ਦੇ ਮਕਤਬ ਵਿਚੋਂ ਸਿਖੇ ਤੇ ਸੰਸਕ੍ਰਿਤ ਵਿਦਿਆ, ਪੰਡਤ ਬੈਣੀ ਕੋਲੋਂ ਬੈਠ ਕੇ ਲਈ। ਕਈ ਲਿਖਾਰੀਆਂ ਨੇ ਲਿਖਿਆ ਹੈ ਕਿ ਗੁਰੂ ਅਰਜਨ ਦੇਵ ਉਨ੍ਹਾਂ ਭਾਸ਼ਾਵਾਂ ਦੇ ਅੰਤਰੀਵ ਭਾਵ ਨੂੰ ਪੂਰੀ ਤਰ੍ਹਾਂ ਸਮਝਦੇ ਸਨ। ਗੁਰੂ ਅਰਜਨ ਦੇਵ ਜੀ ਦਾ ਵੱਡਾ ਭਰਾ ਪ੍ਰਿਥੀ ਚੰਦ, ਦੁਨਿਆਵੀਂ ਤੌਰ ਉਤੇ ਸਿਆਣਾ ਤੇ ਚਤੁਰ ਬੁਧੀ ਵਾਲਾ ਸੀ। ਸਾਰਾ ਕੰਮ ਕਾਰ ਇਹੀ ਸੰਭਾਲਦੇ ਸਨ ਤੇ ਇਨ੍ਹਾਂ ਦੀ ਅੱਖ ਗੁਰੂਗੱਦੀ ਉਤੇ ਸੀ।

ਦੂਜੇ ਭਰਾ ਬਾਬਾ ਮਹਾਂਦੇਵ ਤਿਆਗੀ ਨਿਰਲੇਪ ਤੇ ਉਦਾਸੀ ਅਵਸਥਾ ਵਾਲੇ ਸਨ। ਗੁਰੂ ਅਰਜਨ ਦੇਵ, ਬ੍ਰਹਮ ਗਿਆਨੀ ਅਵਸਥਾ ਵਾਲੇ, ਧੀਰਜਵਾਨ, ਨਿਮਰ, ਆਤਮ ਰਸੀਏ, ਦਿਆਲੂ, ਸਮਦਰਸੀ ਤੇ ''ਬ੍ਰਹਮ ਗਿਆਨੀ ਆਪਿ ਪ੍ਰਮੇਸੁਰ'' ਸਰੂਪ ਸਨ। ਗੁਰੂ ਅਰਜਨ ਸਾਹਿਬ ਦੀ ਰੱਬੀ ਸ਼ਖ਼ਸੀਅਤ ਦੇ ਦਰਸ਼ਨਾਂ ਦੀ ਝਲਕ, ਭੱਟਾਂ ਦੇ ਸਵਯਾਂ ਵਿਚੋਂ ਵੇਖਣ ਨੂੰ ਮਿਲਦੀ ਹੈ। ਭੱਟ ਬਾਣੀ ਵਿਚ ਗੁਰੂ ਸਾਹਿਬ ਨੂੰ ''ਪਰਤਖੁ ਹਰਿ'' ਕਿਹਾ ਗਿਆ ਹੈ। ਗੁਰੂ ਸਾਹਿਬ ਦੀ ਇਹੋ ਜਹੀ ਸ਼ਖ਼ਸੀਅਤ ਸੀ ਜਿਨ੍ਹਾਂ ਦੀ ਤਕਣੀ ਨਾਲ ਪਾਪਾਂ ਦਾ ਨਾਸ ਤੇ ਅਗਿਆਨਤਾ ਦਾ ਹਨੇਰਾ ਦੂਰ ਹੋ ਜਾਂਦਾ ਸੀ। ਭੱਟ ਮਥਰਾ ਨੇ ਦਸਿਆ ਹੈ ਕਿ ਵਾਹਿਗੁਰੂ ਦੀ ਜੋਤ ਜਦੋਂ ਸੰਸਾਰ ਤੇ ਪ੍ਰਕਾਸ਼ਮਾਨ ਹੋਈ ਤਾਂ ਉਸ ਨੂੰ ਬਾਬਾ ਨਾਨਕ ਜੀ ਦੇ ਨਾਂ ਨਾਲ ਜਾਣਿਆ ਗਿਆ ਤੇ ਸੰਸਾਰ ਵਿਚ ਇਹੀ ਜੋਤ ਫਿਰ ਪੰਜਵੇਂ ਗੁਰੂ ਸਾਹਿਬਾਨ, ਰਾਹੀਂ ਕਿਰਿਆਸ਼ੀਲ ਹੋਈ:

ਜੋਤਿ ਰੂਪਿ ਹਰਿ ਆਪਿ ਗੁਰੂ ਨਾਨਕ ਕਹਾਯਉ।
ਤਾਂ ਤੇ ਅੰਗਦੁ ਭਯਉ, ਤਤ ਸਿਉ ਤਤੁ ਮਿਲਾਯਉ।
ਮੂਰਤ ਪੰਚ ਪ੍ਰਮਾਣ, ਪੁਰਖ ਗੁਰੂ ਅਰਜਨ ਪਿਖੇਹੁ ਨਯਣ। (ਪੰਨਾ 1408)

ਜੋਤਿ ਤੋਂ ਜੋਤਿ ਹੀ ਪ੍ਰਕਾਸ਼ਮਾਨ ਹੁੰਦੀ ਚਲਦੀ ਆਈ:

ਰਾਮਦਾਸਿ ਗੁਰੂ ਜਗ ਤਾਰਨ ਕਉ। ਗੁਰ ਜੋਤਿ ਅਰਜਨ ਮਾਹਿ ਧਰੀ। (ਪੰਨਾ 1409)

ਅਪਣੇ ਬੱਚਿਆਂ ਨੂੰ ਪਰਖਣ ਲਈ ਗੁਰੂ ਰਾਮਦਾਸ ਜੀ ਨੇ ਕਿਹਾ ਕਿ ਉਨ੍ਹਾਂ ਦੇ ਭਰਾ ਦੇ ਲੜਕੇ ਦੀ ਸ਼ਾਦੀ ਹੈ ਤੇ ਪ੍ਰਿਥੀ ਚੰਦ ਉਥੇ ਚਲੇ ਜਾਣ। ਉਹ ਕਹਿਣ ਲੱਗੇ ਕਿ ਮੈਂ ਕਿਵੇਂ ਜਾ ਸਕਦਾ ਹਾਂ ਕਿਉਂਕਿ ਇਥੇ ਬਹੁਤ ਜ਼ਿੰਮੇਵਾਰੀਆਂ ਹਨ। ਅਸਲ ਡਰ ਉਸ ਨੂੰ ਇਹ ਸੀ ਕਿ ਅਰਜਨ ਦੇਵ ਜੀ ਨੂੰ ਕਿਤੇ ਉਸ ਦੀ ਗ਼ੈਰ ਹਾਜ਼ਰੀ ਵਿਚ ਗੁਰਗੱਦੀ ਨਾ ਮਿਲ ਜਾਵੇ। ਗੁਰੂ

> ਗੁਰੂ ਅਰਜਨ ਦੇਵ ਨੇ ਦੇਵਨਗਰੀ ਪਾਂਧੇ ਪਾਸੋਂ ਸਿੱਖੀ, ਫ਼ਾਰਸੀ ਅੱਖਰ ਪਿੰਡ ਦੇ ਮਕਤਬ ਵਿਚੋਂ ਸਿਖੇ ਤੇ ਸੰਸਕ੍ਰਿਤ ਵਿਦਿਆ, ਪੰਡਤ ਬੈਣੀ ਕੋਲੋਂ ਬੈਠ ਕੇ ਲਈ। ਕਈ ਲਿਖਾਰੀਆਂ ਨੇ ਲਿਖਿਆ ਹੈ ਕਿ ਗੁਰੂ ਅਰਜਨ ਦੇਵ ਉਨ੍ਹਾਂ ਭਾਸ਼ਾਵਾਂ ਦੇ ਅੰਤਰੀਵ ਭਾਵ ਨੂੰ ਪੂਰੀ ਤਰ੍ਹਾਂ ਸਮਝਦੇ ਸਨ। ਗੁਰੂ ਅਰਜਨ ਦੇਵ ਜੀ ਦਾ ਵੱਡਾ ਭਰਾ ਪ੍ਰਿਥੀ ਚੰਦ, ਦੁਨਿਆਵੀਂ ਤੌਰ ਉਤੇ ਸਿਆਣਾ ਤੇ ਚਤੁਰ ਬੁਧੀ ਵਾਲਾ ਸੀ। ਸਾਰਾ ਕੰਮ ਕਾਰ ਇਹੀ ਸੰਭਾਲਦੇ ਸਨ ਤੇ ਇਨ੍ਹਾਂ ਦੀ ਅੱਖ ਗੁਰੂਗੱਦੀ ਉਤੇ ਸੀ।



# ਬਾਣੀ ਦੇ ਬੋਹਿਥੁ ਗੁਰੂ ਅਰਜਨ ਦੇਵ ਜੀ

-ਡਾ. ਜਸਬੀਰ ਸਿੰਘ ਸਰਨਾ
99065-66604

ਬਾਣੀ ਦੇ ਬੋਹਿਥੁ ਗੁਰੂ ਅਰਜਨ ਦੇਵ ਜੀ

ਗੁਰੂ ਅਰਜਨ ਦੇਵ ਜੀ ਸਿੱਖਾਂ ਦੇ ਪੰਜਵੇਂ ਅਤੇ ਪਹਿਲੇ ਸ਼੍ਰੋਮਣੀ ਸ਼ਹੀਦ ਗੁਰੂ ਸਨ। ਗੁਰੂ ਸਾਹਿਬ ਨੇ ਆਪਣੇ ਗੁਰਗੱਦੀ ਕਾਲ ਦੌਰਾਨ ਸਭ ਤੋਂ ਮਹਾਨ ਕਾਰਜ ਇਲਾਹੀ ਬਾਣੀ ਰਚਨ ਅਤੇ ਪਹਿਲੇ ਗੁਰੂ ਸਾਹਿਬ ਨੇ ਸੂਫੀ ਸੰਤਾਂ, ਭਗਤਾਂ ਦੀ ਬਾਣੀ ਨੂੰ ਇਕੱਤਰ ਕਰ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਪਾਦਨਾ ਕੀਤੀ। ਚੌਵੀ ਅਕਤੂਬਰ 1605 ਨੂੰ ਜਹਾਂਗੀਰ ਤਖਤ 'ਤੇ ਬੈਠਾ ਤੇ ਖੁਸਰੋ ਤਖਤ ਨਾ ਮਿਲਣ ਕਾਰਨ ਮਾਯੂਸੀ ਦੇ ਆਲਮ ਵਿਚ ਘਿਰ ਗਿਆ। ਡੀ.ਕੇ. ਪੁਰਤਗਾਲੀ ਲਿਖਦਾ ਹੈ, "ਜਹਾਂਗੀਰ ਆਪਣੇ ਪੁੱਤਰ ਦੀ ਇੰਨੀ ਵਡਿਆਈ ਵੇਖ ਕੇ ਸੜਦਾ ਸੀ। ਜਹਾਂਗੀਰ ਖੁਸਰੋ ਨੂੰ ਜਾਨ ਤੋਂ ਵੀ ਮਾਰਨਾ ਚਾਹੁੰਦਾ ਸੀ। ਜਹਾਂਗੀਰ ਦੇ ਬਾਦਸ਼ਾਹ ਬਣਨ ਦੀ ਦੇਰ ਸੀ ਕਿ ਖੁਸਰੋ ਬਾਗੀ ਬਣ ਕੇ ਪੰਜਾਬ ਵੱਲ ਰਵਾਨਾ ਹੋ ਗਿਆ।

ਉਸ ਦਾ ਖਿਆਲ ਸੀ ਕਿ ਪੰਜਾਬ ਅਤੇ ਅਫ਼ਗਾਨਿਸਤਾਨ ਤੋਂ ਮਦਦ ਹਾਸਲ ਕਰ ਕੇ ਉਹ ਰਾਜ ਕਾਇਮ ਕਰਨ ਵਿਚ ਕਾਮਯਾਬ ਹੋਵੇਗਾ। ਖੁਸਰੋ ਦੇ ਬਾਗੀ ਹੋਣ ਦੀ ਖ਼ਬਰ ਸੁਣ ਕੇ ਜਹਾਂਗੀਰ ਨੇ ਆਪਣੇ ਕੋਤਵਾਲ ਕਾਜ਼ੀ-ਉਲ-ਮਲਕ ਨੂੰ ਖੁਸਰੋ ਨੂੰ ਰੋਕਣ ਲਈ ਪਿੱਛੇ ਭੇਜਿਆ ਪਰ ਖੁਸਰੋ ਬਹੁਤ ਦੂਰ ਜਾ ਚੁੱਕਾ ਸੀ। ਖੁਸਰੋ ਜਰਨੈਲੀ ਸੜਕ ਰਾਹੀਂ ਲਾਹੌਰ ਵੱਲ ਰਵਾਨਾ ਹੋ ਚੁੱਕਾ ਸੀ। ਜਦੋਂ ਖੁਸਰੋ ਨੂੰ ਇਹ ਪਤਾ ਲੱਗਾ ਕਿ ਜਹਾਂਗੀਰ ਵੀ 15 ਅਪ੍ਰੈਲ ਨੂੰ ਆਗਰੇ ਤੋਂ ਤੁਰ ਪਿਆ ਹੈ ਤਾਂ ਉਹ ਘਬਰਾਇਆ ਹੋਇਆ ਤਰਨਤਾਰਨ ਆ ਚੁੱਕਾ ਸੀ। ਗੁਰੂ ਅਰਜਨ ਸਾਹਿਬ ਦਾ ਤਰਨਤਾਰਨ ਵਿਖੇ ਹੋਣ ਦੀ ਗੱਲ ਸੁਣ ਕੇ ਉਹ ਅਸ਼ੀਰਵਾਦ ਤੇ ਦਰਸ਼ਨਾਂ ਲਈ ਆਇਆ। ਇੱਥੇ ਇਹ ਦੱਸਣਾ ਵੀ ਉੱਚਿਤ ਹੈ ਕਿ ਖੁਸਰੋ ਕਈ ਵਾਰ ਪਹਿਲਾਂ ਵੀ ਤਰਨਤਾਰਨ ਆ ਚੁੱਕਾ ਸੀ, ਨੇ ਸ਼ਰਨ ਆਇਆਂ ਨੂੰ ਲੰਗਰ ਛਕਾਇਆ, ਮਦਦ ਕੀਤੀ ਅਤੇ ਅਸ਼ੀਰਵਾਦ ਵੀ ਦਿੱਤਾ। ਗੁਰੂ ਅਰਜਨ ਸਾਹਿਬ ਨੂੰ ਜਦੋਂ ਭਾਈ ਸੰਗਾਰੂ ਅਤੇ ਭਾਈ ਜੈਤਾ ਜੀ ਨੇ ਤਲਵਾਰ ਧਾਰਨ ਕਰਨ ਲਈ ਬੇਨਤੀ ਕੀਤੀ ਤਾਂ ਗੁਰੂ ਸਾਹਿਬ ਨੇ ਬਚਨ ਕੀਤਾ, "ਅਸਾਂ ਜੋ ਸਸਤਰ ਪਕੜਨੇ ਹੈਨਿ ਸੋ (ਗੁਰੂ) ਹਰਿ ਗੋਬਿੰਦ ਦਾ ਰੂਪ ਧਾਰ ਕਰ ਪਕੜਨੇ ਹਨ, ਸਮਾਂ ਗਲਜੁਗ ਦਾ ਵਰਤਨਾ ਹੈ। ਸਸਤਰਾਂ ਦੀ ਵਿੱਦਿਆ ਕਰ ਮੀਰ ਦੀ ਮੀਰੀ ਖਿੱਚ ਲੈਣੀ ਹੈ ਤੇ ਸਬਦ ਦੀ ਪ੍ਰੀਤ ਕਰ ਪੀਰ ਦੀ ਪੀਰੀ ਲੈ ਲੈਣੀ ਹੈ। ਤੁਸੀਂ ਛੇਵੇਂ ਪਾਤਸਾਹ ਦੇ ਹਜੂਰ ਰਹਿਣਾ।" (ਸਿੱਖਾਂ ਦੀ ਭਗਤ ਮਾਲਾ, ਸਫਾ 158)।

"ਸੂਰਮੇ ਨੂੰ ਚਾਹੀਦਾ ਹੈ ਧਰਮ ਦਾ ਯੁੱਧ ਕਰੇ। ਜੋ ਕੁਝ ਪਾਸ ਹੈ, ਸੋ ਦਾਨ ਕਰੇ। ਲੁੱਟੇ ਨਾ, ਦਾਨ ਕਰ ਸਸਤਰਾਂ ਵਿਚ ਬਰਕਤ ਹੁੰਦੀ ਹੈ, ਜਸ ਹੁੰਦਾ ਹੈ।" (ਉਹੀ, ਸਫਾ 149)।

ਲਾਹੌਰ ਰਵਾਨਾ ਹੋਣ ਤੋਂ ਪਹਿਲਾਂ ਗੁਰੂ ਅਰਜਨ ਸਾਹਿਬ ਨੇ ਆਪਣੇ ਸਾਹਿਬਜ਼ਾਦੇ (ਗੁਰੂ) ਹਰਿ ਗੋਬਿੰਦ ਨੂੰ ਆਖ਼ਰੀ ਹੁਕਮ ਦਿੱਤਾ, "ਆਪਣੇ ਤਖਤ 'ਤੇ ਖ਼ੁਦਮੁਖਤਾਰ ਹੋ ਕੇ ਬੈਠੋ ਅਤੇ ਆਪਣੀ ਯੋਗਤਾ ਅਨੁਸਾਰ ਫ਼ੌਜ ਰੱਖੋ। ਗੁਰੂ ਅਰਜਨ ਸਾਹਿਬ ਦੇ ਹੁਕਮ ਦੀ ਤਾਮੀਲ ਕਰਦੇ ਹੋਏ ਗੁਰੂ ਹਰਿ ਗੋਬਿੰਦ ਸਾਹਿਬ ਨੇ ਸਿੱਖ ਫ਼ੌਜ ਦੇ ਐਲਾਨਨਾਮੇ ਦੀ ਸ਼ੁਰੂਆਤ ਕੀਤੀ। ਹੁਕਮ ਦੀ ਤਾਮੀਲ ਕਰਦੇ ਹੋਏ ਗੁਰੂ ਅਰਜਨ ਸਾਹਿਬ ਨੇ ਮੁਖੀ ਸਿੱਖਾਂ ਨੂੰ ਵੀ ਬੜੇ ਚੜ੍ਹਦੀ ਕਲਾ ਵਾਲੇ ਉਪਦੇਸ਼ਾਂ ਨਾਲ ਸਰਸ਼ਾਰ ਕੀਤਾ।

"ਹਰਿ ਗੋਬਿੰਦ ਦੀ ਬਾਹਿ ਪਕੜਾਈ/
ਭਾਈ ਗੁਰਦਾਸ ਨੂੰ ਬੈਠ ਸਮਝਾਇਆ।
ਸਾਡਾ ਲਗੇਗਾ ਸੀਸ' ਇਹ ਨਿਸਚਾ ਆਇਆ। ਅਸਾਂ ਹੋਇਆ ਤੁਰਕਾਂ ਵਿਚ ਜਾਣਾ।
ਉਨ੍ਹਾਂ ਕਰਨੀ ਹੈ ਹੁਜਤ। ਤੁਸਾਂ ਦੁਆਬੇ ਵਿਚ ਕਰਨਾ ਟਿਕਾਣਾ। ਰਜਾਇ ਖਾਵੰਦ ਦੀ ਹੈ ਇਸ ਤਰ੍ਹਾਂ ਹੋਈ। ਸਰੀਰ ਹੈ ਛੁਟਣਾ। ਸੰਸਾ ਨਹੀਂ ਕੋਈ। ਸਾਹਿਬ ਮਥਾ ਟੇਕ ਵਿਦਿਆ ਹੋਇ ਗਏ। ਦੁਸਟ-ਚੋਕੜੀ ਵਿਚ ਆਵਤ ਭਏ (ਬੰਸਾਵਲੀ ਨਾਮਾ ਦਸਾਂ ਪਾਤਸਾਹੀਆਂ ਕਾ, ਕੇਸਰ ਸਿੰਘ ਛਿੱਬਰ, ਪਰਖ ਪਟਿਆਲਾ, 1972, ਸਫਾ 54-55)। 'ਦਸਿਸਤਾਨ-ਇ-ਮੁਜਾਹਿਬ' ਦਾ ਕਰਤਾ ਮੁਬਿੰਦ ਜੁਲਫਕਾਰ ਅਰਦਸਤਾਨੀ ਸਾਸਨੀ ਲਿਖਦਾ ਹੈ, "ਜਦ ਜੰਨਤ ਵਾਸੀ ਨੂਰੁੱਦੀਨ ਮੁਹੰਮਦ ਜਹਾਂਗੀਰ ਬਾਦਸਾਹ ਨੇ ਸਾਹਜ਼ਾਦਾ ਖੁਸਰੋ ਨੂੰ ਗ੍ਰਿਫ਼ਤਾਰ ਕਰ ਲਿਆ ਤਾਂ ਗੁਰੂ ਅਰਜਨ ਦੇਵ ਜੀ ਦੀ ਗ੍ਰਿਫ਼ਤਾਰੀ ਦਾ ਹੁਕਮ ਦਿੱਤਾ ਕਿਉਂਕਿ ਉਨ੍ਹਾਂ ਨੇ ਖੁਸਰੋ ਦੇ ਹੱਕ 'ਚ, ਜਿਸ ਨੇ ਕਿ ਆਪਣੇ ਬਾਪ ਵਿਰੁੱਧ ਬਗਾਵਤ ਕੀਤੀ ਹੋਈ ਸੀ, ਦੁਆ ਕੀਤੀ ਸੀ ਤੇ ਬਹੁਤ ਵੱਡੀ ਰਕਮ ਜੁਰਮਾਨਾ ਮੰਗਿਆ। ਫਿਰ ਉਨ੍ਹਾਂ ਨੂੰ ਲਾਹੌਰ ਦੇ ਰੇਗਿਸਤਾਨ 'ਚ ਰੱਖਿਆ ਜਿੱਥੇ ਉਨ੍ਹਾਂ ਨੇ ਸੂਰਜ ਦੀ ਤਪਸ਼, ਗਰਮੀ ਦੀ ਜ਼ਿਆਦਤੀ ਤੇ ਵਸੂਲ ਕਰਨ ਵਾਲਿਆਂ ਵੱਲੋਂ ਦਿੱਤੀਆਂ ਤਕਲੀਫ਼ਾਂ ਕਾਰਨ ਜਾਨ ਦੇ ਦਿੱਤੀ। ਇਹ ਗੱਲ ਹਿਜਰੀਂ, ਸੰਨ ਇਕ ਹਜ਼ਾਰ ਪੰਦਰਾਂ (1015 ਹਿਜਰੀ) 'ਚ ਹੋਈ ਹੈ। (ਕੁਝ ਕੁ ਪੁਰਾਤਨ ਸਿੱਖ ਇਤਿਹਾਸਕ ਪਤਰੇ, ਗੰਡਾ ਸਿੰਘ, 'ਫੁਲਵਾੜੀ' ਲਾਹੌਰ, ਮਾਰਚ-ਅਕਤੂਬਰ 1931, ਸਫਾ 9)

ਅਸਲ ਵਿਚ ਜੁਰਮਾਨਾ ਭਰਨ ਦੀ ਗੱਲ ਨਿਰਮੂਲ ਜਾਪਦੀ ਹੈ। ਦਬਿਸਤਾਨ ਦੇ ਕਰਤਾ ਨੇ ਇਹ ਗੱਲ ਕਿਸੇ ਤੋਂ ਸੁਣ ਕੇ ਲਿਖ ਲਈ ਜਾਪਦੀ ਹੈ। ਖੁਸਰੋ ਨੂੰ ਮੱਥੇ ਟਿੱਕਾ ਲਾਉਣ ਦੀ ਗੱਲ ਵੀ ਕਿਸੇ ਗੁਰੂ ਸਾਹਿਬ ਦੇ ਦੋਖੀ ਵੱਲੋਂ ਫੈਲਾਈ ਲੱਗਦੀ ਹੈ। ਉਹ ਜਦੋਂ ਵੀ ਢੁੱਕਵਾਂ ਸਮਾਂ ਜਾਣਦੇ, ਬਾਦਸ਼ਾਹ ਜਹਾਂਗੀਰ ਦੇ ਗੁਰੂ ਸਾਹਿਬ ਖ਼ਿਲਾਫ਼ ਕੰਨ ਭਰਦੇ ਰਹਿੰਦੇ ਸਨ। ਇਨ੍ਹਾਂ ਚੁਗਲਖੋਰਾਂ 'ਚੋਂ ਇਕ ਬੀਰਬਲ ਵੀ ਸੀ। ਜੇਕਰ ਜੁਰਮਾਨਾ ਜਾਂ ਟਿੱਕਾ ਲਾਉਣ ਵਿਚ ਕੋਈ ਸੱਚਾਈ ਹੁੰਦੀ ਤਾਂ ਇਸ ਦਾ ਜ਼ਿਕਰ ਬਾਦਸ਼ਾਹ ਦੀ ਆਪਣੀ ਲਿਖਤ 'ਤੁਜਕਿ - ਜਹਾਂਗੀਰੀ' ਵਿਚ ਜ਼ਰੂਰ ਹੁੰਦਾ। ਭਾਈ ਅੰਬਾ ਕੋਲੋਂ ਇਕ ਲੱਖ ਪੰਦਰਾਂ ਹਜ਼ਾਰ ਰੁਪਈਆ ਵਸੂਲ ਕੀਤਾ ਗਿਆ ਸੀ। ਬਾਦਸ਼ਾਹ ਜਹਾਂਗੀਰ 'ਤੋਜਕ- ਜਹਾਂਗੀਰੀ' ਵਿਚ ਗੁਰੂ ਅਰਜਨ ਸਾਹਿਬ ਬਾਰੇ ਸਪਸ਼ਟ ਲਿਖਦਾ ਹੈ, "ਗੋਇੰਦਵਾਲ ਵਿਚ ਜਿਹੜਾ ਕਿ ਦਰਿਆ ਬਿਆਸ ਦੇ ਕਿਨਾਰੇ ਉੱਤੇ ਹੈ, ਪੀਰਾਂ-ਬਜ਼ੁਰਗਾਂ ਦੇ ਲਿਬਾਸ ਵਿਚ ਅਰਜਨ ਨਾਮ ਦਾ ਇਕ ਹਿੰਦੂ ਸੀ ਜਿਸ ਨੇ ਬਹੁਤ ਸਾਰੇ ਭੋਲੇ-ਭਾਲੇ ਹਿੰਦੂਆਂ ਸਗੋਂ ਮੂਰਖ ਤੇ ਬੇਸਮਝ ਮੁਸਲਮਾਨਾਂ ਨੂੰ ਵੀ ਆਪਦੀ ਰਹਿਤ-ਬਹਿਤ ਦਾ ਮੁਰੀਦ ਬਣਾ ਕੇ ਆਪਣੇ ਵਲੀ ਤੇ ਪੀਰ ਹੋਣ ਦਾ ਨਗਾਰਾ ਵਜਾਇਆ ਹੋਇਆ ਸੀ। ਉਹ ਉਸ ਨੂੰ 'ਗੁਰੂ' ਆਖਦੇ ਸਨ। ਸਾਰੇ ਪਾਸਿਆਂ ਤੋਂ ਲੋਕ ਉਸ ਦੇ ਕੋਲ ਆ ਕੇ ਉਸ ਉੱਤੇ ਆਪਣੀ ਪੂਰੀ ਸ਼ਰਧਾ ਪ੍ਰਗਟ ਕਰਦੇ ਸਨ।

...ਮੈਂ ਉਸ ਦਾ ਮਾਲ-ਅਸਬਾਬ ਜ਼ਬਤ ਕਰ ਕੇ ਹੁਕਮ ਦਿੱਤਾ ਕਿ ਉਸ ਨੂੰ 'ਸਿਆਸਤ ਅਤੇ ਯਾਸਾ' ਦੇ ਤਹਿਤ ਸਜ਼ਾ ਦਿੱਤੀ ਜਾਵੇ।" ਇਹ ਇੰਕਸ਼ਾਫ ਜਹਾਂਗੀਰ ਬਾਦਸ਼ਾਹ ਨੇ ਗੁਰੂ ਅਰਜਨ ਸਾਹਿਬ ਦੀ ਸ਼ਹੀਦੀ ਤੋਂ ਛੇ ਦਿਨ ਬਾਅਦ (ਭਾਵ 6 ਜੂਨ 1606) ਨੂੰ ਆਪਣੀ ਸਵੈ-ਜੀਵਨੀ 'ਤੋਜਕਿ-ਜਹਾਂਗੀਰੀ' ਵਿਚ ਕੀਤਾ। ਗੁਰੂ ਸਾਹਿਬ ਨੂੰ ਅਨੇਕਾਂ ਤਸੀਹੇ ਅਤੇ ਕਸ਼ਟ ਦਿੱਤੇ ਗਏ। ਸਿੱਖ ਇਤਿਹਾਸ ਵਿਚ ਜੇਕਰ ਆਉਂਦਾ ਹੈ ਕਿ ਗੁਰੂ ਸਾਹਿਬ ਨੂੰ ਤੱਤੀ ਤਵੀ 'ਤੇ ਬਿਠਾ ਕੇ, ਸਰੀਰ ਉੱਤੇ ਗਰਮਾ-ਗਰਮ ਰੇਤ ਪਾਈ ਗਈ ਅਤੇ ਫਿਰ ਉਨ੍ਹਾਂ ਨੂੰ ਦੇਗ ਵਿਚ ਉਬਾਲਿਆ ਗਿਆ। "ਦਬਿਸਤਾਨ" ਅਨੁਸਾਰ ਗੁਰੂ ਜੀ ਨੂੰ ਕੁਝ ਖਾਣ-ਪੀਣ ਨੂੰ ਨਾ ਦਿੱਤਾ, ਗਰਮ-ਸੜਦੀ ਰੇਤ 'ਚ ਸੁੱਟਿਆ ਗਿਆ ਅਤੇ ਪੱਥਰ ਮਾਰੇ ਜਿਸ ਨਾਲ ਉਨ੍ਹਾਂ ਦੇ ਸੀਸ 'ਚੋਂ ਲਹੂ ਨਿਕਲਦਾ ਗਿਆ। ਉਨ੍ਹਾਂ ਨੂੰ ਤਿੰਨ ਤੋਂ ਪੰਜ ਦਿਨਾਂ ਤਕ ਤਸੀਹੇ ਦਿੱਤੇ ਗਏ। ਛਾਲਿਆਂ ਭਰੇ ਸਰੀਰ ਨਾਲ, ਗੁਰੂ ਜੀ ਦੇ ਹੱਥ-ਪੈਰ ਬੰਨ੍ਹ ਕੇ 30 ਮਈ 1606 ਨੂੰ ਰਾਵੀ ਦਰਿਆ ਵਿਚ ਸੁੱਟ ਦਿੱਤਾ ਜਿੱਥੇ ਉਹ ਲੋਪ ਹੋ ਗਏ। ਭਾਈ ਗੁਰਦਾਸ ਜੀ ਵੀ ਲਿਖਦੇ ਹਨ ਕਿ 29-30 ਮਈ ਦੀ ਰਾਤ ਨੂੰ ਗੁਰੂ ਸਾਹਿਬ ਅਤਿ ਪੀੜਤ ਸਨ ਪਰ ਪੂਰਨ ਤੌਰ 'ਤੇ ਸ਼ਾਂਤ ਤੇ ਅਡੋਲ ਰਹੇ ਅਤੇ ਸ਼ਹੀਦੀ ਪਾਉਣ ਸਮੇਂ ਉਨ੍ਹਾਂ ਦੇ ਬੁੱਲਾਂ 'ਤੇ ਇਹ ਸ਼ਬਦ ਸਨ : ਸੁਣੀ ਅਰਦਾਸਿ ਸੁਆਮੀ ਮੇਰੈ, ਸਰਬ ਕਲਾ ਬਣਿ ਆਈ॥ ਪ੍ਰਗਟ ਭਈ ਸਗਲੇ ਜੁਗ ਅੰਤਰਿ, ਗੁਰ ਨਾਨਕ ਕੀ ਵਡਿਆਈ।। (ਸੋਰਠਿ ਮਹਲਾ 5)। ਇੰਜ ਗੁਰੂ ਨਾਨਕ ਸਾਹਿਬ ਦੇ ਅਸੂਲਾਂ ਅਤੇ ਆਦਰਸ਼ਾਂ ਦੀ ਵਡਿਆਈ ਸਾਰੇ ਸੰਸਾਰ 'ਤੇ ਉਜਾਗਰ ਹੋ ਗਈ ਹੈ। ਇਹੋ ਤੁਕ ਬਾਅਦ ਵਿਚ ਡੇਹਰਾ ਸਾਹਿਬ ਦੀ ਉਸਾਰੀ ਵੇਲੇ ਪ੍ਰਮੁੱਖ ਸਿੱਖਾਂ ਨੇ ਉਕਰ ਵੀ ਦਿੱਤੀ ਸੀ। ਇੰਜ ਗੁਰੂ ਅਰਜਨ ਸਾਹਿਬ ਜਹਾਂਗੀਰ ਬਾਦਸ਼ਾਹ ਦੇ ਤਅੱਸਬ, ਜ਼ਾਲਮਾਨਾ ਸੁਭਾਅ ਅਤੇ ਤੰਗਦਿਲੀ, ਚੰਦੂ ਦੀਆਂ ਸਾਜ਼ਿਸਾਂ, ਧਾਰਮਿਕ ਕੱਟੜਪੁਣੇ ਦਾ ਸ਼ਿਕਾਰ ਹੋਏ। ਗੁਰੂ ਸਾਹਿਬ ਦੇ ਤਸੀਹੇ ਦੇਖ ਕੇ ਹੀ 'ਉਮਦਤ ਤੁਲ-ਤਵਾਰੀਖ' ਦਾ ਲੇਖਕ ਲਿਖਦਾ ਹੈ ਕਿ ਕਲਮ ਲਹੂ ਦੇ ਹੰਝੂ ਕੇਰਦੀ ਹੈ, ਅੱਖਾਂ ਰੋਂਦੀਆਂ ਹਨ, ਦਿਲ ਪਾਟਦਾ ਹੈ ਅਤੇ ਜਾਨ ਹੈਰਾਨ ਹੁੰਦੀ ਹੈ :

"ਕਲਮ ਤਹਰੀਰੇ ਆਂ ਖੂੰ ਫਿਸਾ
ਵ ਦੀਦਾ ਗਿਰਿਆ
ਵ ਦਿਲ ਬਿਰਿਯਾ
ਵਾ ਜਾਨ ਹੈਰਾਂ ਸੈ ਬਾਸ਼ਦ"

ਅਕਬਰ ਨੇ ਜਦੋਂ ਗੁਰੂ ਸਾਹਿਬਾਨ ਦੇ ਜੀਵਨ 'ਤੇ ਨੇੜਿਓਂ ਝਾਤ ਮਾਰੀ ਤਾਂ ਉਹ ਗੁਰੂ ਘਰ ਦਾ ਸੇਵਕ ਹੀ ਬਣ ਗਿਆ। ਖੁਸਰੋ ਦੀ ਬਗਾਵਤ ਸਮੇਂ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਗਈਆਂ ਤੇ ਇਨ੍ਹਾਂ ਸਮਿਆਂ 'ਚ ਹੀ ਸ਼ੇਖ ਸਰਹਿੰਦੀ ਨੇ ਸ਼ੇਖ ਫਰੀਦ ਬੁਖਾਰੀ ਨਾਲ ਮਿਲ ਕੇ ਗੁਰੂ ਸਾਹਿਬ ਵਿਰੁੱਧ ਸਾਜ਼ਿਸ਼ ਘੜੀ। ਜਹਾਂਗੀਰ ਤਾਂ ਕੇਵਲ ਬਹਾਨਾ ਹੀ ਲੱਭਦਾ ਸੀ। ਗੁਰੂ ਅਰਜਨ ਸਾਹਿਬ ਦੀ ਸ਼ਹਾਦਤ ਦੀ ਖ਼ੁਸ਼ੀ ਸ਼ੇਖ ਅਹਿਮਦ ਸਰਹੰਦੀ ਨੂੰ ਹੋਈ ਜੋ ਚਿੱਠੀ ਰਾਹੀਂ ਆਪਣੇ ਮੁਖੀ ਚੇਲੇ ਸ਼ੇਖ ਫਰੀਦ ਬੁਖਾਰੀ (ਮੁਰਤਜਾ ਖਾਂ) ਨੂੰ ਪ੍ਰਗਟ ਕੀਤੀ। ਗੁਰੂ ਸਾਹਿਬ ਦੀ ਸ਼ਹਾਦਤ ਨੇ ਆਉਣ ਵਾਲੇ ਸਮਿਆਂ ਲਈ ਸਿੱਖ ਧਰਮ ਦੇ ਨਵੇਂ ਅਧਿਆਏ ਦੀ ਸ਼ੁਰੂਆਤ ਕੀਤੀ। ਸ਼ਹੀਦ ਕੀ ਜੋ ਮੌਤ ਹੈ ਵੁਹ ਕੌਮ ਕੀ ਹਯਾਤ ਹੈ, ਹਯਾਤ ਭੀ ਹਯਾਤ ਹੈ, ਔਰ ਮੌਤ ਭੀ ਹਯਾਤ ਹੈ।

ਕੌਮੀ ਪੱਤ੍ਰਿਕਾ

# ਨੌਜਵਾਨ ਆੜ੍ਹਤੀ ਪਰਮਿੰਦਰ ਸਿੰਘ ਮਾਨ (ਨੋਨਾ ਐੱਮ.ਸੀ.) ਦਾ ਦੇਹਾਂਤ

**ਮਾਛੀਵਾੜਾ ਸਾਹਿਬ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਮਾਛੀਵਾੜਾ ਅਨਾਜ ਮੰਡੀ ਦੇ ਆੜ੍ਹਤੀ ਅਤੇ ਆਮ ਆਦਮੀ ਪਾਰਟੀ ਦੇ ਨੌਜਵਾਨ ਆਗੂ ਪਰਮਿੰਦਰ ਸਿੰਘ ਨੋਨਾ ਜੋ ਕੱਲ ਰਾਤ ਅਚਾਨਕ ਸਦੀਵੀ ਵਿਛੋੜਾ ਦੇ ਗਏ ਸਨ ਜਿਨ੍ਹਾਂ ਦਾ ਅੰਤਿਮ ਸੰਸਕਾਰ ਅੱਜ ਮਾਛੀਵਾੜਾ ਸਾਹਿਬ ਦੇ ਸ਼ਮਸ਼ਾਨ ਘਾਟ ਵਿੱਚ ਕਰ ਦਿੱਤਾ ਗਿਆ। ਪਰਮਿੰਦਰ ਸਿੰਘ ਮਾਨ ਜਿਸਨੂੰ ਸਾਰੇ ਪਿਆਰ ਨਾਲ (ਨੋਨਾ ਐੱਮ.ਸੀ.) ਵੀ ਕਹਿੰਦੇ ਸਨ, ਦੇ ਅਚਾਨਕ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿਣ ਨਾਲ ਜਿੱਥੇ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ਉੱਥੇ ਹੀ ਪੂਰੇ ਸ਼ਹਿਰ ਅਤੇ ਉਸ ਨੂੰ ਚਾਹੁਣ ਵਾਲਿਆਂ ਵਿੱਚ ਸੋਗ ਦੀ ਲਹਿਰ ਛਾਈ ਹੋਈ ਹੈ।

ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਦੁੱਖ ਦਾ ਇਜ਼ਹਾਰ ਕਰਨ ਵਾਲਿਆਂ ਵਿੱਚ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਆੜ੍ਹਤੀ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਸਾਬਕਾ ਪ੍ਰਧਾਨ ਸੁਰਿੰਦਰ ਕੁੰਦਰਾ, ਦਵਿੰਦਰ ਸਿੰਘ ਬਵੇਜਾ, ਕਸਤੂਰੀ ਲਾਲ ਮਿੰਟੂ, ਅਰਵਿੰਦਰ ਪਾਲ ਸਿੰਘ ਵਿੱਕੀ, ਐਡਵੋਕੇਟ ਕਪਿਲ ਅਨੰਦ, ਸ਼ਿਵ ਕੁਮਾਰ ਸ਼ਿਵਲੀ, ਵਨੀਤ ਕੁਮਾਰ ਝੜੌਦੀ, ਬਿੱਲਾ ਸਾਬਕਾ ਸਰਪੰਚ ਬਾਲੀਓ,ਪਰਮਜੀਤ ਸਿੰਘ ਨੀਲੋਂ, ਸੁਰਿੰਦਰ ਕੁਮਾਰ ਛਿੰਦੀ, ਪਰਮਜੀਤ ਸਿੰਘ ਪੰਮੀ, ਸੁਖਵਿੰਦਰ ਸਿੰਘ ਗਿੱਲ, ਨੰਬਰਦਾਰ ਹਰਮਿੰਦਰ ਸਿੰਘ ਗਿੱਲ, ਕੁਲਵਿੰਦਰ ਸਿੰਘ ਮਾਣੇਵਾਲ, ਡਾਕਟਰ ਦੀਪ ਆਨੰਦ, ਸੁਖਦੀਪ ਸਿੰਘ ਸੋਨੀ, ਸੁਖਦੇਵ ਸਿੰਘ ਬਿੱਟੂ, ਸ਼ੰਮੀ ਕੁਮਾਰ ਪਹਿਲਵਾਨ, ਟਹਿਲ ਸਿੰਘ ਔਜਲਾ, ਜਗਤਾਰ ਸਿੰਘ ਜੱਸੋਵਾਲ, ਜਸਵਿੰਦਰ ਸਿੰਘ ਬੈਨੀਪਾਲ ਤੋਂ ਇਲਾਵਾ ਸਮੂਹ ਆੜ੍ਹਤੀ ਭਾਈਚਾਰਾ, ਪੱਤਰਕਾਰ ਭਾਈਚਾਰਾ, ਅਕਾਊਂਟੈਂਟ ਯੂਨੀਅਨ, ਵੱਖ ਵੱਖ ਰਾਜਸੀ, ਸਮਾਜ ਸੇਵੀ ਅਤੇ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਸ਼ਹਿਰ ਨਿਵਾਸੀ, ਰਿਸ਼ਤੇਦਾਰ, ਦੋਸਤ ਮਿੱਤਰ ਸ਼ਾਮਿਲ ਸਨ।

# ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ



**ਮਾਛੀਵਾੜਾ ਸਾਹਿਬ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇਤਿਹਾਸਿਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਮੱਸਿਆ ਦੇ ਪਵਿੱਤਰ ਦਿਹਾੜੇ ਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ।

ਗੁਰੂ ਘਰ ਦੇ ਸੇਵਕ ਜਸਬੀਰ ਸਿੰਘ ਢਿੱਲੋ ਤੇ ਹੋਰ ਸੇਵਾਦਾਰਾਂ ਨੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਆਈਆਂ ਸੰਗਤਾਂ ਨੂੰ ਤਪਦੀ ਗਰਮੀ ਵਿੱਚ ਬੜੇ ਪਿਆਰ ਅਤੇ ਸਤਿਕਾਰ ਨਾਲ ਛਬੀਲ ਵਰਤਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਮਾਜ ਸੇਵੀ ਸ਼ਿਵ ਕੁਮਾਰ ਸ਼ਿਵਲੀ, ਗੁਲਜ਼ਾਰ ਸਿੰਘ, ਜਗਤਾਰ ਸਿੰਘ ਜੱਸੋਵਾਲ, ਜਗਦੀਸ਼ ਚਾਨਣਾ, ਭੁਪਿੰਦਰ ਸਿੰਘ ਤੋਂ ਇਲਾਵਾ ਹੋਰ ਸੰਗਤਾਂ ਨੇ ਸੇਵਾ ਨਿਭਾਈ।

# ਅੱਤ ਦੀ ਗਰਮੀ 'ਚ ਪਾਣੀ ਦੀ ਸਮੱਸਿਆ ਨਾਲ ਜੂਝ ਰਹੇ ਬਲਟਾਣਾ ਵਾਸੀ

**ਜ਼ੀਰਕਪੁਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਅੱਤ ਦੀ ਗਰਮੀ ਦੌਰਾਨ ਬਲਟਾਣਾ ਖ਼ੇਤਰ ਦੀ ਸੈਣੀ ਵਿਹਾਰ ਫੇਜ਼ 3 ਕਲੋਨੀ 'ਚ ਕਈ ਘਰਾਂ ਦੇ ਲੋਕ ਪਾਣੀ ਦੀ ਸਮੱਸਿਆ ਨਾਲ ਜੂਝ ਰਹੇ ਹਨ। ਹਾਲਾਂਕਿ ਬੀਤੇ ਦਿਨੀ ਮੀਂਹ ਨੇ ਕੁਝ ਰਾਹਤ ਜ਼ਰੂਰ ਦਿੱਤੀ ਸੀ ਪਰ ਲਗਾਤਾਰ ਪੈ ਰਹੀ ਗਰਮੀ ਅਤੇ ਹੁਮਸ ਕਾਰਨ ਲੋਕ ਕੁਦਰਤ ਦੀ ਮਾਰ ਝੱਲ ਰਹੇ ਹਨ, ਉੱਥੇ ਹੀ ਨਗਰ ਕੌਂਸਲ ਦਾ ਵਾਟਰ ਸਪਲਾਈ ਵਿਭਾਗ ਵੀ ਉਨ੍ਹਾਂ ਨੂੰ ਪਰੇਸ਼ਾਨ ਕਰਨ ਵਿਚ ਪਿੱਛੇ ਨਹੀਂ ਹੈ। ਲੋਕਾਂ ਦਾ ਕਹਿਣਾ ਹੈ ਇਲਾਕੇ ਵਿਚ ਲੋਕ ਪਿਛਲੇ 3-4 ਦਿਨਾਂ ਤੋਂ ਪਾਣੀ ਤੋਂ ਬਿਨਾਂ ਦਾ ਜਿਊਣਾ ਮੁਸ਼ਕਲ ਹੋ ਰਿਹਾ ਹੈ। ਨਗਰ ਦੇ ਅਧਿਕਾਰੀਆਂ ਤੋਂ ਭਰੋਸਾ ਉੱਠਣ ਉਪਰੰਤ ਮਜਬੂਰਨ ਲੋਕਾਂ ਵੱਲੋਂ ਸਮੱਸਿਆ ਨੂੰ ਹੱਲ ਕਰਨ ਲਈ ਆਪਣੇ ਨਿੱਜੀ ਖਰਚੇ 'ਤੇ ਟੈਂਕਰ ਮੰਗਵਾ ਕੇ ਡੰਗ ਟਪਾਉਣ ਲਈ ਮਜਬੂਰ ਹਨ। ਇਲਾਕੇ ਦੇ ਲੋਕਾਂ ਦਾ ਕਹਿਣਾ ਹੈ ਕਿ ਉਹ ਇਲਾਕੇ ਵਿਚ ਪਾਣੀ ਦੀ ਕਿੱਲਤ ਨੂੰ ਦੂਰ ਕਰਨ ਲਈ ਕਈ ਵਾਰ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਜਾਣੂ ਕਰਵਾ ਚੁੱਕੇ ਹਨ ਪਰ ਉਨ੍ਹਾਂ ਦੀ ਸਮੱਸਿਆ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ। ਲੋਕਾਂ ਦਾ ਕਹਿਣਾ ਹੈ ਕਿ ਪਾਣੀ ਦੀ ਸਮੱਸਿਆ ਕਰ ਕੇ ਜਿੱਥੇ ਉਨ੍ਹਾਂ ਨੂੰ ਪੀਣ ਵਾਲੇ ਪਾਣੀ ਦੀ ਵੀ ਤੰਗੀ ਹੋ ਰਹੀ ਹੈ ਉਥੇ ਅੱਤ ਦੀ ਗਰਮੀ ਅਤੇ ਹੁਮਸ ਕਾਰਨ ਬਜ਼ੁਰਗਾਂ ਅਤੇ ਬੱਚਿਆਂ ਦਾ ਵੀ ਬੁਰਾ ਹਾਲ ਹੈ। ਇਲਾਕੇ ਦੀਆਂ ਔਰਤਾਂ ਨਿਧੀ ਬਲੂਨੀ, ਦਲਜੀਤ ਕੌਰ, ਇੰਦੂ, ਮੀਨੂ, ਪੂਜਾ ਆਦਿ ਦਾ ਕਹਿਣਾ ਹੈ ਕਿ ਜੇਕਰ ਨਗਰ ਕੌਂਸਲ ਦੇ ਅਧਿਕਾਰੀਆਂ ਨੇ ਉਨ੍ਹਾਂ ਦੀ ਸਮੱਸਿਆ ਵੱਲ ਜਲਦ ਧਿਆਨ ਨਾ ਦਿੱਤਾ ਤਾਂ ਉਹ ਧਰਨਾ ਪ੍ਰਦਰਸ਼ਨ ਕਰ ਕੇ ਨਗਰ ਕੌਂਸਲ ਅਧਿਕਾਰੀਆਂ ਦੀਆਂ ਅੱਖਾਂ ਖੋਲ੍ਹਣਗੇ। ਜੇਕਰ ਫਿਰ ਵੀ ਨਗਰ ਕੌਂਸਲ ਦੇ ਅਧਿਕਾਰੀ ਨਾ ਜਾਗੇ ਤਾਂ ਉਹ ਹਲਕਾ ਵਿਧਾਇਕ ਨੂੰ ਸ਼ਿਕਾਇਤ ਦੇਣਗੇ।

# ਚਰਚ ਰੋਡ ਦੇ ਦੁਕਾਨਦਾਰਾਂ ਅਤੇ ਸਮਾਜ ਸੇਵੀਆਂ ਨੇ ਇਕਾਦਸ਼ੀ ਤੋਂ ਪਹਿਲਾਂ ਪ੍ਰਸ਼ਾਦ ਦਾ ਆਯੋਜਨ ਕੀਤਾ



**ਨਿਊ ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇਕਾਦਸ਼ੀ ਤੋਂ ਪਹਿਲਾਂ ਮੇਨ ਬਜ਼ਾਰ ਚਰਚ ਰੋਡ ਨਵਾਂਗਾਓਂ ਵਿਖੇ ਪਿੰਡ ਪੜਛ - ਚਰਚ ਰੋਡ ਦੇ ਦੁਕਾਨਦਾਰਾਂ ਅਤੇ ਸਮਾਜ ਸੇਵੀਆਂ ਵੱਲੋਂ ਠੰਡੇ ਮਿੱਠੇ ਜਲ, ਜਲਜੀਰਾ, ਮਸਾਲੇਦਾਰ ਛੋਲਿਆਂ ਅਤੇ ਹਲਵੇ ਦੀ ਛਬੀਲ ਲਗਾਈ ਗਈ, ਜਿਸ ਦਾ 2 ਹਜ਼ਾਰ ਤੋਂ ਵੱਧ ਰਾਹਗੀਰਾਂ ਅਤੇ ਸ਼ਹਿਰ ਵਾਸੀਆਂ ਨੇ ਆਨੰਦ ਮਾਣਿਆ। ਕਸ਼ਮੀਰ ਸਿੰਘ, ਗੁਰਨਾਇਬ ਸਿੰਘ, ਅਵਤਾਰ ਸਿੰਘ ਸਿੱਧੂ, ਪੰਮੀ ਪੜਛ, ਕਸ਼ਮੀਰ ਸਿੰਘ ਸਰਪੰਚ ਪੜਛ, ਰਮੇਸ਼ ਚੰਦਰ, ਅਮਨ ਕੈਮਿਸਟ, ਪਾਲ ਇਲੈਕਟ੍ਰੀਕਲ, ਸਤਨਾਮ ਐਲੂਮੀਨੀਅਮ, ਰੋਸ਼ਨ ਸਟੂਡੀਓ, ਮੋਰਇਆ ਹਾਰਡਵੇਅਰ ,ਗਣੇਸ਼ ਬਰਥਵਾਲ, ਹਰਮੇਸ਼ ਨਾਡਾ, ਸੋਮਾ ਨਾਡਾ ਅਤੇ ਮਨਜੀਤ ਸਿੰਘ ਸਿੱਧੂ ਦੀ ਅਗਵਾਈ ਹੇਠ । ਇਸ ਦਾ ਸੇਵਨ ਕਰਕੇ ਹਜ਼ਾਰਾਂ ਯਾਤਰੀ ਗਰਮੀ ਦੇ ਮੌਸਮ ਵਿੱਚ ਆਪਣੀ ਪਿਆਸ ਬੁਝਾਉਂ ਹਨ।

ਇਹ ਛਬੀਲ ਸਵੇਰੇ 11 ਵਜੇ ਤੋਂ ਸ਼ੁਰੂ ਹੋ ਕੇ ਸ਼ਾਮ 6 ਵਜੇ ਤੱਕ ਚੱਲੀ। ਇਸ ਛਬੀਲ, ਜਲਜੀਰਾ, ਮਸਾਲੇਦਾਰ ਛੋਲਿਆਂ ਅਤੇ ਹਲਵੇ ਦੇ ਠੰਡੇ ਮਿੱਠੇ ਜਲ ਦਾ ਆਨੰਦ ਲੈਣ ਲਈ ਚੰਡੀਗੜ੍ਹ ਅਤੇ ਆਸ-ਪਾਸ ਦੇ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਪੁੱਜੇ ਸਨ। ਜਿਸ ਵਿੱਚ ਸਮੂਹ ਮੈਂਬਰਾਂ ਨੇ ਛਬੀਲ ਦੀ ਸੇਵਾ ਵੀ ਕੀਤੀ।

# ਅਕਾਦਮਿਕ ਸਹਿਯੋਗ ਲਈ HBCH ਅਤੇ RC, ਪੰਜਾਬ ਅਤੇ RIMT ਯੂਨੀਵਰਸਿਟੀ, ਪੰਜਾਬ ਵਿਚਕਾਰ ਸਹਿਮਤੀ

**ਨਿਊ ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**




ਅੱਜ ਇੱਕ ਇਤਿਹਾਸਕ ਸਮਾਗਮ ਵਿੱਚ, ਹੋਮੀ ਭਾਬਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ (HBCH ਅਤੇ RC), ਪੰਜਾਬ, ਅਤੇ RIMT ਯੂਨੀਵਰਸਿਟੀ, ਪੰਜਾਬ, ਨੇ ਅਕਾਦਮਿਕ ਸਹਿਯੋਗ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਮਝੌਤਾ ਪੱਤਰ (ਐਮਓਯੂ) ਕੀਤਾ। ਖੋਜ ਪਹਿਲਕਦਮੀਆਂ ਹਸਤਾਖਰ ਕਰਨ ਦੀ ਰਸਮ ਦੋਵਾਂ ਸੰਸਥਾਵਾਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਵਿੱਚ ਹੋਈ।ਐਮਓਯੂ ਉੱਤੇ ਦਸਤਖਤ ਡਾ.(ਪ੍ਰੋ) ਵਿਜੇ ਕੇ. ਅਗਰਵਾਲ, ਪ੍ਰੋ ਵਾਈਸ ਚਾਂਸਲਰ, ♣9$" ਯੂਨੀਵਰਸਿਟੀ ਅਤੇ ਡਾ.ਅਸ਼ੀਸ਼ ਗੁਲੀਆ, ਡਾਇਰੈਕਟਰ, HBCH Áå¶ RC ਪੰਜਾਬ, ਦੁਆਰਾ ਕੀਤੇ ਗਏ। ਦਸਤਖਤ ਦੌਰਾਨ ਡਾ. ਜੀਵਨਾਨੰਦ ਮਿਸ਼ਰਾ, ਡੀਨ (ਅਕਾਦਮਿਕ ਮਾਮਲੇ), RIMT ਯੂਨੀਵਰਸਿਟੀ, ਮਾਧੋ ਸਿੰਘ, ਡਾਇਰੈਕਟਰ ਪ੍ਰਸ਼ਾਸਨ, ਐਚ.ਬੀ.ਸੀ.ਐਚ.ਅਤੇ ਆਰ.ਸੀ.ਪੰਜਾਬ, ਡਾ.(ਪ੍ਰੋ) ਆਰ.ਐਸ. ਬਰਾੜ ਉਪਲਬਧ ਸਨ ।

**ਇਸ ਸਹਿਮਤੀ ਪੱਤਰ ਦੇ ਮੁੱਖ ਉਦੇਸ਼ ਹਨ:**
1) ਅਕਾਦਮਿਕ ਸਹਿਯੋਗ: ਵਿਦਿਅਕ ਪ੍ਰੋਗਰਾਮਾਂ, ਪਾਠਕ੍ਰਮ ਵਿਕਾਸ, ਅਤੇ ਅਧਿਆਪਨ ਵਿਧੀਆਂ ਨੂੰ ਵਿਕਸਤ ਅਤੇ ਵਧਾਉਣਾ।
2) ਸਹਿਯੋਗੀ ਖੋਜ: ਸੰਯੁਕਤ ਖੋਜ ਪ੍ਰੋਜੈਕਟਾਂ ਵਿੱਚ ਸ਼ਾਮਲ ਹੋਣਾ, ਖਾਸ ਤੌਰ &#CI;ਤੇ ਓਨਕੋਲੋਜੀ ਅਤੇ ਸੰਬੰਧਿਤ ਮੈਡੀਕਲ ਵਿਗਿਆਨ ਦੇ ਖੇਤਰ ਵਿੱਚ।
3) ਸੰਯੁਕਤ ਬੌਧਿਕ ਸੰਪੱਤੀ ਅਧਿਕਾਰ (IPR): ਨਵੀਨਤਾਵਾਂ &#CI;ਤੇ ਸਹਿਯੋਗ ਕਰੋ ਅਤੇ ਸਾਂਝੇ ਤੌਰ ×#39;ਤੇ ਬੌਧਿਕ ਸੰਪਤੀ

**ਅਧਿਕਾਰਾਂ ਨੂੰ ਸੁਰੱਖਿਅਤ ਕਰੋ।**
1) ਸਹਿ-ਪ੍ਰਕਾਸ਼ਨ: ਖੋਜ ਪ੍ਰਕਾਸ਼ਨਾਂ &#CI;ਤੇ ਇਕੱਠੇ ਕੰਮ ਕਰੋ, ਗਿਆਨ ਅਤੇ ਤਰੱਕੀ ਦੇ ਵਿਆਪਕ ਪ੍ਰਸਾਰ ਨੂੰ ਯਕੀਨੀ ਬਣਾਉਂਦੇ ਹੋਏ।
2) ਸਮਾਜਿਕ ਜਾਗਰੂਕਤਾ ਅਤੇ ਹੁਨਰ ਵਿਕਾਸ: ਸਮਾਜਿਕ ਜਾਗਰੂਕਤਾ ਵਧਾਉਣ ਅਤੇ ਸਹਿਯੋਗ ਵਿੱਚ ਹੁਨਰ ਵਿਕਸਿਤ ਕਰਨ ਲਈ ਵਰਕਸ਼ਾਪਾਂ, ਸੈਮੀਨਾਰ ਅਤੇ ਕਾਨਫਰੰਸਾਂ ਦਾ ਆਯੋਜਨ ਕਰੋ।
3) ਆਪਸੀ ਸਹਿਮਤੀ ਵਾਲੇ ਉਦੇਸ਼: ਕਿਸੇ ਵੀ ਹੋਰ ਸਹਿਯੋਗੀ ਗਤੀਵਿਧੀਆਂ ਨੂੰ ਅੱਗੇ ਵਧਾਉਣਾ ਜਿਵੇਂ ਕਿ ਸਮੇਂ-ਸਮੇਂ &#CI;ਤੇ ਆਪਸੀ ਸਹਿਮਤੀ ਹੋਵੇ।

ਡਾ. (ਪ੍ਰੋ.) ਵਿਜੇ ਕੇ. ਅਗਰਵਾਲ, RIMT ਯੂਨੀਵਰਸਿਟੀ ਦੇ ਪ੍ਰੋ ਵਾਈਸ ਚਾਂਸਲਰ, ਨੇ ਇਸ ਮੌਕ &#CI;ਤੇ ਟਿੱਪਣੀ ਕੀਤੀ, "ਇਹ ਸਹਿਯੋਗ ਸਾਡੀਆਂ ਅਕਾਦਮਿਕ ਸ਼ਕਤੀਆਂ ਨੂੰ HBCH ਅਤੇ RC ਦੀ ਕਲੀਨਿਕਲ ਮੁਹਾਰਤ ਦੇ ਨਾਲ ਜੋੜਨ ਲਈ ਇੱਕ ਰਣਨੀਤਕ ਕਦਮ ਹੈ। ਅਸੀਂ ਇਕੱਠੇ ਮਿਲ ਕੇ, ਮੈਡੀਕਲ ਸਿੱਖਿਆ ਅਤੇ ਖੋਜ ਵਿੱਚ ਸਾਡਾ ਉਦੇਸ਼ ਨਵਾਂ ਰਿਕਾਰਡ ਸੈੱਟ ਕਰਨਾ ਹੈ। ਡਾ. ਅਸ਼ੀਸ਼ ਗੁਲੀਆ, HBCH ਅਤੇ RC ਜਾਬ ਦੇ ਡਾਇਰੈਕਟਰ ਨੇ ਟਿੱਪਣੀ ਕੀਤੀ, "RIMT ਯੂਨੀਵਰਸਿਟੀ ਨਾਲ ਭਾਈਵਾਲੀ ਸਾਡੀ ਖੋਜ ਸਮਰੱਥਾਵਾਂ ਅਤੇ ਵਿਦਿਅਕ ਪਹੁੰਚ ਨੂੰ ਵਧਾਏਗੀ। ਅਸੀਂ ਇੱਕ ਲਾਭਕਾਰੀ ਸਹਿਯੋਗ ਦੀ ਉਮੀਦ ਕਰਦੇ ਹਾਂ ਜੋ ਵਿਦਿਆਰਥੀਆਂ, ਖੋਜਕਰਤਾਵਾਂ ਅਤੇ ਵੱਡੇ ਪੱਧਰ &#CI;ਤੇ ਭਾਈਚਾਰੇ ਨੂੰ ਲਾਭ ਪਹੁੰਚਾਏਗਾ " ਇਹ ਸਮਝੌਤਾ ਸਿੱਖਿਆ ਅਤੇ ਖੋਜ ਵਿੱਚ ਉੱਤਮਤਾ ਲਈ ਸਾਂਝੀ ਵਚਨਬੱਧਤਾ ਨੂੰ ਦਰਸਾਉਂਦਾ ਹੈ, ਜਿਸਦਾ ਉਦੇਸ਼ ਮੈਡੀਕਲ ਵਿਗਿਆਨ ਅਤੇ ਸਿਹਤ ਸੰਭਾਲ ਵਿੱਚ ਮਹੱਤਵਪੂਰਨ ਯੋਗਦਾਨ ਪਾਉਣਾ ਹੈ। ਸਹਿਯੋਗ ਤੋਂ ਅਕਾਦਮਿਕ ਅਤੇ ਕਲੀਨਿਕਲ ਅਭਿਆਸਾਂ ਵਿੱਚ ਮਹੱਤਵਪੂਰਨ ਤਰੱਕੀ ਲਿਆਉਣ ਦੀ ਉਮੀਦ ਹੈ, ਜਿਸ ਨਾਲ ਸੰਸਥਾਵਾਂ ਅਤੇ ਸਮਾਜ ਦੋਵਾਂ ਨੂੰ ਲਾਭ ਹੋਵੇਗਾ। HBCH ਅਤੇ RC ਅਤੇ RIM" ਯੂਨੀਵਰਸਿਟੀ ਵਿਚਕਾਰ ਸਾਂਝੇਦਾਰੀ ਅਕਾਦਮਿਕ ਅਤੇ ਖੋਜ ਉੱਤਮਤਾ ਦੀ ਪ੍ਰਾਪਤੀਵਿੱਚ ਇੱਕ ਮਹੱਤਵਪੂਰਨ ਕਦਮ ਅੱਗੇ ਵਧਾਉਂਦੀ ਹੈ, ਜੋ ਆਉਣ ਵਾਲੇ ਸਾਲਾਂ ਵਿੱਚ ਇੱਕ ਫਲਦਾਇਕ ਸਹਿਯੋਗ ਦਾ ਵਾਅਦਾ ਕਰਦੀ ਹੈ।

# ਜੇ ਆਨੰਦਪੁਰ ਸਾਹਿਬ ਤੋਂ ਟਿਕਟ ਮਿਲਦੀ ਤਾਂ ਡੇਢ ਲੱਖ ਵੋਟਾਂ ਨਾਲ ਜਿੱਤਦਾ: ਰਾਣਾ ਗੁਰਜੀਤ

**ਜਲੰਧਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਸੀਨੀਅਰ ਕਾਂਗਰਸੀ ਆਗੂ ਰਾਣਾ ਗੁਰਜੀਤ ਸਿੰਘ ਨੇ ਕਿਹਾ ਕਿ ਜੇ ਉਹ ਸ੍ਰੀ ਆਨੰਦਪੁਰ ਸਾਹਿਬ ਸੀਟ ਤੋਂ ਚੋਣ ਲੜਦੇ ਤਾਂ ਸਵਾ ਲੱਖ ਜਾਂ ਡੇਢ ਲੱਖ ਦੇ ਫਰਕ ਨਾਲ ਚੋਣ ਜਿੱਤਦੇ। ਰਾਣਾ ਗੁਰਜੀਤ ਸਿੰਘ ਦੀ ਇੰਟਰਵਿਊ ਵਾਲੀ ਇਹ ਵੀਡੀਓ ਬੜੀ ਵਾਇਰਲ ਹੋ ਰਹੀ ਹੈ। ਇਸ ਵਿੱਚ ਉਹ ਦਾਅਵਾ ਕਰ ਰਹੇ ਹਨ ਕਿ ਜੇ ਸ੍ਰੀ ਆਨੰਦਪੁਰ ਸਾਹਿਬ ਵਾਲੀ ਸੀਟ ਤੋਂ ਉਹ ਚੋਣ ਲੜਦੇ ਤਾਂ ਵੱਡੇ ਫਰਕ ਨਾਲ ਜਿੱਤ ਹਾਸਲ ਕਰਦੇ। ਜ਼ਿਕਰਯੋਗ ਹੈ ਕਿ ਵਾਇਰਲ ਹੋ ਰਹੀ ਇਹ ਵੀਡੀਓ ਚੋਣ ਨਤੀਜਾ ਆਉਣ ਤੋਂ ਇੱਕ ਦਿਨ ਪਹਿਲਾਂ ਦੀ ਦੱਸੀ ਜਾ ਰਹੀ ਹੈ। ਰਾਣਾ ਗੁਰਜੀਤ ਸਿੰਘ ਨੇ ਆਪਣੇ ਪੁੱਤਰ ਰਾਣਾ ਇੰਦਰਪ੍ਰਤਾਪ ਸਿੰਘ ਲਈ ਸ੍ਰੀ ਆਨੰਦਪੁਰ ਸਾਹਿਬ ਤੋਂ ਟਿਕਟ ਦੀ ਮੰਗ ਕੀਤੀ ਸੀ। ਉਹ ਵੀਡੀਓ ਵਿੱਚ ਆਖ ਰਹੇ ਹਨ ਕਿ ਉਨ੍ਹਾਂ ਨੇ ਚਾਰ ਵਾਰ ਸ੍ਰੀ ਆਨੰਦਪੁਰ ਸਾਹਿਬ ਤੋਂ ਟਿਕਟ ਮੰਗੀ ਸੀ ਪਰ ਪਾਰਟੀ ਹਾਈਕਮਾਂਡ ਨੇ ਟਿਕਟ ਨਹੀਂ ਦਿੱਤੀ।

ਲੁਧਿਆਣਾ ਤੋਂ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਜਿੱਤ ਮਗਰੋਂ ਵਿਧਾਇਕ ਪਰਗਟ ਸਿੰਘ ਦੇ ਸਮਰਥਕਾਂ ਨੇ ਇਹ ਮੰਗ ਉਠਾਉਣੀ ਸ਼ੁਰੂ ਕਰ ਦਿੱਤੀ ਹੈ ਕਿ ਵੜਿੰਗ ਹੁਣ ਕੇਂਦਰ ਦੀ ਰਾਜਨੀਤੀ ਵਿੱਚ ਜ਼ਿਆਦਾ ਰੁੱਝੇ ਰਹਿਣਗੇ। ਇਸ ਲਈ ਪ੍ਰਧਾਨਗੀ ਦਾ ਅਹੁਦਾ ਕਿਸੇ ਵੱਡੇ ਕੱਦ ਵਾਲੇ ਆਗੂ ਕੋਲ ਜਾਣਾ ਚਾਹੀਦਾ ਹੈ। ਉਧਰ, ਵੜਿੰਗ ਦੇ ਸਹਿਯੋਗੀ ਇਹ ਕਹਿੰਦੇ ਆ ਰਹੇ ਹਨ ਕਿ ਇਸ ਪੜਾਅ 'ਤੇ ਵੜਿੰਗ ਨੂੰ ਹਟਾਉਣਾ ਉਸ ਦਾ ਅਪਮਾਨ ਹੋਵੇਗਾ, ਖਾਸ ਤੌਰ 'ਤੇ ਉਦੋਂ ਜਦੋਂ ਵੜਿੰਗ ਨੇ ਕਾਂਗਰਸ ਦੇ 'ਗੱਦਾਰ' ਰਵਨੀਤ ਬਿੱਟੂ ਨੂੰ ਹਰਾਉਣ ਵਿੱਚ ਕਾਮਯਾਬੀ ਹਾਸਲ ਕੀਤੀ ਹੈ।

# ਵੱਧਦੀ ਗਰਮੀ ਨੂੰ ਵੇਖਦਿਆਂ ਪੰਛੀਆਂ ਦੇ ਪਾਣੀ ਪੀਣ ਲਈ ਮਿੱਟੀ ਦੇ ਕਟੋਰੇ ਰੱਖਣੇ ਬਹੁਤ ਹੀ ਪੁੰਨ ਦਾ ਕੰਮ, ਡੀ ਆਈ ਜੀ ਹਰਚਰਨ ਸਿੰਘ ਭੁੱਲਰ



ਡੀ ਆਈ ਜੀ ਪਟਿਆਲਾ ਰੇਂਜ ਹਰਚਰਨ ਸਿੰਘ ਭੁੱਲਰ, ਡੀ ਐਸ ਪੀ ਗੁਰਬੰਸ ਸਿੰਘ ਬੈਂਸ, ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਪੰਛੀਆਂ ਦੇ ਪਾਣੀ ਪੀਣ ਲਈ ਮਿੱਟੀ ਦੇ ਕਟੋਰੇ ਰੱਖਦੇ ਹੋਏ।

**ਪਟਿਆਲਾ, 9 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ,ਜਨ ਹਿੱਤ ਸੰਮਤੀ ਅਤੇ ਗਿਆਨ ਜੋਤੀ ਐਜੂਕੇਸ਼ਨ ਸੁਸਾਇਟੀ ਵੱਲੋਂ ਵੱਧਦੀ ਗਰਮੀ ਨੂੰ ਵੇਖਦਿਆਂ ਪੰਛੀਆਂ ਦੇ ਪਾਣੀ ਪੀਣ ਲਈ ਮਿੱਟੀ ਦੇ ਕਟੋਰੇ ਵੱਖ ਵੱਖ ਥਾਵਾਂ ਉਪਰ ਰੱਖਣ ਲਈ ਮਾਨਯੋਗ ਡੀ ਆਈ ਜੀ ਪਟਿਆਲਾ ਰੇਂਜ ਹਰਚਰਨ ਸਿੰਘ ਭੁੱਲਰ ਆਈ ਪੀ ਐਸ ਜੀ ਨੇ ਸ਼ੁਰੂਆਤ ਕੀਤੀ, ਇਸ ਮੌਕੇ ਡੀ ਐਸ ਪੀ ਗੁਰਬੰਸ ਸਿੰਘ ਬੈਂਸ, ਐਸ ਕੇ ਗੌਤਮ ਪ੍ਰਧਾਨ ਜਨ ਹਿੱਤ ਸੰਮਤੀ, ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੀਤ ਪ੍ਰਧਾਨ ਜਨ ਹਿੱਤ ਸੰਮਤੀ , ਉਪਕਾਰ ਸਿੰਘ, ਸਟੇਟ ਐਵਾਰਡੀ ਰੁਪਿੰਦਰ ਕੌਰ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਐਸ ਆਈ ਨਵਦੀਪ ਕੌਰ ਚੈਹਿਲ, ਲੱਕੀ ਹਰਦਾਸਪੁਰ ਨੇ ਸ਼ਿਰਕਤ ਕੀਤੀ, ਇਸ ਮੌਕੇ ਸੰਬੋਧਨ ਕਰਦਿਆ ਡੀ ਆਈ ਜੀ ਪਟਿਆਲਾ ਰੇਂਜ ਹਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਵੱਧਦੀ ਗਰਮੀ ਕਾਰਨ ਪੰਛੀ ਪਾਣੀ ਦੀ ਪਿਆਸ ਕਾਰਨ ਕਾਰਨ ਮਰ ਰਹੇ ਹਨ ਤਾਪਮਾਨ 46 ਡਿਗਰੀ ਤੋਂ ਉਪਰ ਚੱਲਿਆ ਗਿਆ ਹੈ,

ਉਹਨਾਂ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਪਰਮਿੰਦਰ ਭਲਵਾਨ, ਜਤਵਿੰਦਰ ਗਰੇਵਾਲ ਵਲੋਂ ਪੰਛੀਆਂ ਲਈ ਪਾਣੀ ਪੀਣ ਲਈ ਮਿੱਟੀ ਦੇ ਕਟੋਰੇ ਵੱਖ ਵੱਖ ਥਾਵਾਂ ਉਪਰ ਰੱਖਣ ਲਈ ਉਪਰਾਲਾ ਕਰਨਾ ਬਹੁਤ ਹੀ ਪ੍ਰਸੰਸਾਯੋਗ ਹੈ ਉਹਨਾਂ ਕਿਹਾ ਕਿ ਇਹਨਾਂ ਬੇਜ਼ੁਬਾਨ ਪੰਛੀਆਂ ਦੀ ਸੇਵਾ ਮਾਨਵਤਾ ਦੀ ਸਭ ਤੋਂ ਵੱਡੀ ਸੇਵਾ ਹੈ ਅਤੇ ਬਹੁਤ ਹੀ ਵੱਡਾ ਪੁੰਨ ਦਾ ਕਾਰਜ ਹੈ, ਉਹਨਾਂ ਹੋਰਨਾਂ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਉਹੋ ਵੀ ਪੰਛੀਆਂ ਲਈ ਪਾਣੀ ਪੀਣ ਲਈ ਮਿੱਟੀ ਦੇ ਕਟੋਰੇ ਵੱਖ ਵੱਖ ਥਾਵਾਂ ਉਪਰ ਰੱਖਣ ਤਾ ਜੋ ਕੋਈ ਵੀ ਪੰਛੀ ਪਾਣੀ ਦੀ ਪਿਆਸ ਕਾਰਨ ਨਾ ਮਰ ਸਕੇ ,

ਇਸ ਮੌਕੇ ਗਿਆਨ ਜੋਤੀ ਐਜੂਕੇਸ਼ਨ ਸੁਸਾਇਟੀ ਦੇ ਪ੍ਰਧਾਨ ਉਪਕਾਰ ਸਿੰਘ ਨੇ ਕਿਹਾ ਕਿ ਉਹਨਾਂ ਦੀ ਸੰਸਥਾ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਨਾਲ ਮਿਲਕੇ ਪਟਿਆਲਾ ਜ਼ਿਲ੍ਹੇ ਦੇ ਵੱਖ ਵੱਖ ਥਾਵਾਂ ਉਪਰ 500 ਤੋਂ ਉਪਰ ਮਿੱਟੀ ਦੇ ਕਟੋਰੇ ਪੰਛੀਆਂ ਦੇ ਪਾਣੀ ਪੀਣ ਲਈ ਰੱਖਣਗੇ।

# ਸੁਖਬੀਰ ਬਾਦਲ ਆਪਣੇ ਸਹੀ ਸਲਾਹਕਾਰਾਂ ਦੀ ਪਛਾਣ ਕਰਨ: ਬੀਬੀ ਜਗੀਰ ਕੌਰ

**ਜਲੰਧਰ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੋਮਣੀ ਅਕਾਲੀ ਦਲ ਦੀ ਲੋਕ ਸਭਾ ਚੋਣਾਂ ਵਿੱਚ ਹੋਈ ਹਾਰ ਕਾਰਨ ਪਾਰਟੀ ਅੰਦਰ ਸੰਨਾਟਾ ਛਾ ਗਿਆ ਹੈ। ਕੋਈ ਵੀ ਅਕਾਲੀ ਆਗੂ ਇਸ ਨਮੋਸ਼ੀਜਨਕ ਹਾਰ 'ਤੇ ਖੁੱਲ੍ਹ ਕੇ ਗੱਲ ਕਰਨ ਲਈ ਤਿਆਰ ਨਹੀਂ ਹੈ ਪਰ ਸਾਰੇ ਅੰਦਰਖਾਤੇ ਦੱਬੀ ਸੁਰ ਵਿੱਚ ਇਸ ਹਾਰ ਦਾ ਮੰਥਨ ਕਰਨ ਵਿੱਚ ਲੱਗੇ ਹੋਏ ਹਨ। ਪਾਰਟੀ ਦੀ ਸੀਨੀਅਰ ਆਗੂ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਲੋਕ ਸਭਾ ਦੀਆਂ ਚੋਣਾਂ ਵਿੱਚ ਪਾਰਟੀ ਦੀ ਹੋਈ ਕਰਾਰੀ ਹਾਰ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਸ ਵੇਲੇ ਨਾਜ਼ੁਕ ਦੌਰ ਵਿੱਚੋਂ ਲੰਘ ਰਿਹਾ ਹੈ। ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਪਾਰਟੀ ਨੂੰ ਇਸ ਸੰਕਟ ਵਿੱਚੋਂ ਕੱਢਣ ਲਈ ਮਜ਼ਬੂਤ ਹੋਣਾ ਬੇਹੱਦ ਜ਼ਰੂਰੀ ਹੈ। ਬੀਬੀ ਜਗੀਰ ਕੌਰ ਨੇ ਸੁਖਬੀਰ ਬਾਦਲ ਨੂੰ ਸਲਾਹ ਵੀ ਦਿੱਤੀ ਹੈ ਕਿ ਉਹ ਆਪਣੇ ਸਹੀ ਸਲਾਹਕਾਰਾਂ ਦੀ ਪਛਾਣ ਕਰਨ। ਜਦੋਂ ਪੰਜਾਬ ਵਿੱਚ ਚੋਣ ਪ੍ਰਚਾਰ ਸਿਖਰ 'ਤੇ ਸੀ ਤਾਂ ਸੁਖਬੀਰ ਸਿੰਘ ਬਾਦਲ ਨੂੰ ਕਿਹੜੇ ਆਗੂ ਨੇ ਇਹ ਸਲਾਹ ਦਿੱਤੀ ਕਿ ਅਕਾਲੀ ਆਗੂ ਆਦੇਸ਼ਪ੍ਰਤਾਪ ਸਿੰਘ ਕੈਰੋਂ ਨੂੰ ਪਾਰਟੀ ਵਿੱਚੋਂ ਬਾਹਰ ਦਾ ਰਸਤਾ ਦਿਖਾਇਆ ਜਾਵੇ, ਇਸ ਸਲਾਹ ਨੇ ਵੀ ਪਾਰਟੀ ਦਾ ਨੁਕਸਾਨ ਕੀਤਾ। ਬੀਬੀ ਜਗੀਰ ਕੌਰ ਨੇ ਕਿਹਾ ਕਿ ਇਸੇ ਤਰ੍ਹਾਂ ਜਦੋਂ ਸੀਨੀਅਰ ਆਗੂ ਮੁੜ ਪਾਰਟੀ ਦੀ ਮਜ਼ਬੂਤੀ ਲਈ ਪਾਰਟੀ ਦੀ ਮੁੱਖ ਧਾਰਾ ਵਿੱਚ ਆ ਰਹੇ ਸਨ ਤਾਂ ਉਸ ਵੇਲੇ ਢੀਂਡਸਾ ਵਰਗੇ ਸੀਨੀਅਰ ਤੇ ਸਿਆਣੇ ਆਗੂ ਨੂੰ ਟਿਕਟ ਨਾ ਦੇਣ ਦੀ ਸਲਾਹ ਨੇ ਵੀ ਪਾਰਟੀ ਅੰਦਰ ਨਿਰਾਸ਼ਾ ਪੈਦਾ ਕੀਤੀ।

# ਹੁਣ ਜ਼ਿਮਨੀ ਚੋਣਾਂ ਵਿੱਚ ਹੋਵੇਗੀ ਸੱਤਾਧਾਰੀ ਧਿਰ ਦੀ ਪ੍ਰੀਖਿਆ



**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਚਾਰ ਵਿਧਾਇਕਾਂ ਵੱਲੋਂ ਲੋਕ ਸਭਾ ਚੋਣਾਂ ਵਿੱਚ ਜਿੱਤ ਤੋਂ ਬਾਅਦ ਚਾਰ ਵਿਧਾਨ ਸਭਾ ਹਲਕੇ ਖਾਲੀ ਹੋ ਗਏ ਹਨ, ਜਦੋਂ ਕਿ ਇਕ ਵਿਧਾਨ ਸਭਾ ਹਲਕੇ ਦੇ ਵਿਧਾਇਕ ਵੱਲੋਂ ਅਸਤੀਫ਼ਾ ਦੇਣ ਤੋਂ ਬਾਅਦ ਕੁੱਲ ਪੰਜ ਵਿਧਾਨ ਸਭਾ ਸੀਟਾਂ ਖਾਲੀ ਹੋਈਆਂ ਹਨ ਜਿਨ੍ਹਾਂ 'ਤੇ ਜ਼ਿਮਨੀ ਚੋਣ ਹੋਣਾ ਤੈਅ ਹੈ। ਲੋਕ ਸਭਾ ਚੋਣਾਂ ਤੋਂ ਬਾਅਦ ਜ਼ਿਮਨੀ ਚੋਣਾਂ ਵਿੱਚ ਵੀ ਸੱਤਾਧਾਰੀ ਧਿਰ 'ਆਪ' ਲਈ ਪ੍ਰੀਖਿਆ ਦੀ ਘੜੀ ਹੈ। ਉੱਧਰ ਹੋਰਨਾਂ ਰਾਜਸੀ ਪਾਰਟੀਆਂ ਨੇ ਜ਼ਿਮਨੀ ਚੋਣਾਂ ਵਿੱਚ ਸੂਬਾ ਸਰਕਾਰ ਨੂੰ ਘੇਰਨ ਦੀਆਂ ਤਿਆਰੀਆਂ ਖਿੱਚ ਲਈਆਂ ਹਨ।ਜਾਣਕਾਰੀ ਅਨੁਸਾਰ ਵਿਧਾਨ ਸਭਾ ਹਲਕਾ ਬਰਨਾਲਾ ਤੋਂ ਵਿਧਾਇਕ ਗੁਰਮੀਤ ਸਿੰਘ ਮੀਤ ਹੇਅਰ ਨੇ ਲੋਕ ਸਭਾ ਹਲਕਾ ਸੰਗਰੂਰ, ਚੱਬੇਵਾਲ ਦੇ ਵਿਧਾਇਕ ਡਾ. ਰਾਜ ਕੁਮਾਰ ਚੱਬੇਵਾਲ ਨੇ ਲੋਕ ਸਭਾ ਹਲਕਾ ਹੁਸ਼ਿਆਰਪੁਰ, ਗਿੱਦੜਬਾਹਾ ਦੇ ਵਿਧਾਇਕ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਲੋਕ ਸਭਾ ਹਲਕਾ ਲੁਧਿਆਣਾ ਅਤੇ ਡੇਰਾ ਬਾਬਾ ਨਾਨਕ ਦੇ ਵਿਧਾਇਕ ਸੁਖਜਿੰਦਰ ਸਿੰਘ ਰੰਧਾਵਾ ਨੇ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਜਿੱਤ ਹਾਸਲ ਕੀਤੀ ਹੈ ਜਦੋਂ ਕਿ ਵਿਧਾਨ ਸਭਾ ਹਲਕਾ ਜਲੰਧਰ ਪੱਛਮੀ ਦੇ ਵਿਧਾਇਕ ਸ਼ੀਤਲ ਅੰਗੁਰਾਲ ਨੇ ਅਸਤੀਫ਼ਾ ਦੇ ਦਿੱਤਾ ਸੀ, ਜਿਸ ਨੂੰ ਵਿਧਾਨ ਸਭਾ ਸਪੀਕਰ ਨੇ ਪ੍ਰਵਾਨ ਕਰ ਲਿਆ ਹੈ। ਹਾਲਾਂਕਿ ਅੰਗੁਰਾਲ ਵੱਲੋਂ ਅਸਤੀਫ਼ਾ ਵਾਪਸ ਲੈਣ ਦਾ ਦਾਅਵਾ ਕੀਤਾ ਜਾ ਰਿਹਾ ਹੈ।ਇਸ ਤਰ੍ਹਾਂ ਵਿਧਾਨ ਸਭਾ ਹਲਕਾ ਬਰਨਾਲਾ, ਚੱਬੇਵਾਲ, ਗਿੱਦੜਬਾਹਾ, ਡੇਰਾ ਬਾਬਾ ਨਾਨਕ ਅਤੇ ਜਲੰਧਰ ਪੱਛਮੀ ਦੀਆਂ ਸੀਟਾਂ 'ਤੇ ਜ਼ਿਮਨੀ ਚੋਣਾਂ ਹੋਣਗੀਆਂ। ਲੋਕ ਸਭਾ ਚੋਣਾਂ ਤੋਂ ਬਾਅਦ ਸਾਰੀਆਂ ਰਾਜਸੀ ਪਾਰਟੀਆਂ ਨੇ ਜ਼ਿਮਨੀ ਚੋਣਾਂ ਦੀਆਂ ਤਿਆਰੀਆਂ ਖਿੱਚ ਲਈਆਂ ਹਨ। ਉੱਧਰ ਪੰਜਾਬ ਦੀ ਸੱਤਾਧਾਰੀ ਧਿਰ 'ਆਪ' ਲਈ ਸਾਰੀਆਂ ਜ਼ਿਮਨੀ ਚੋਣਾਂ 'ਤੇ ਜਿੱਤ ਹਾਸਲ ਕਰਨਾ ਵੀ ਵਕਾਰ ਦਾ ਸਵਾਲ ਬਣ ਗਿਆ ਹੈ। 'ਆਪ' ਵੱਲੋਂ ਦੋ ਸਾਲਾਂ ਵਿੱਚ 300 ਯੂਨਿਟ ਮੁਫ਼ਤ ਬਿਜਲੀ, ਹਜ਼ਾਰਾਂ ਨੌਜਵਾਨਾਂ ਨੂੰ ਰੁਜ਼ਗਾਰ, ਸਿਹਤ ਤੇ ਸਿੱਖਿਆ ਦੇ ਖੇਤਰ ਵਿਚ ਇਤਿਹਾਸਕ ਕੰਮ ਕਰਨ ਦਾ ਦਾਅਵਾ ਕੀਤਾ ਜਾ ਰਿਹਾ ਹੈ। ਇਸੇ ਕਰਕੇ 'ਆਪ' ਵੱਲੋਂ ਪੰਜੋਂ ਜ਼ਿਮਨੀ ਚੋਣਾਂ ਜਿੱਤਣ ਲਈ ਅੰਦਰਖਾਤੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।ਜ਼ਿਕਰਯੋਗ ਹੈ ਕਿ ਪੰਜਾਬ ਵਿੱਚ ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ 'ਆਪ' ਨੇ 42 ਫ਼ੀਸਦ ਦੇ ਕਰੀਬ ਵੋਟਾਂ ਹਾਸਲ ਕਰਕੇ 117 ਵਿੱਚੋਂ 92 ਵਿਧਾਨ ਸਭਾ ਸੀਟਾਂ 'ਤੇ ਜਿੱਤ ਹਾਸਲ ਕੀਤੀ ਸੀ

# ਕੰਗਨਾ ਨੂੰ ਥੱਪੜ ਮਾਰਨ ਵਾਲੀ ਮਹਿਲਾ ਮੁਲਾਜ਼ਮ ਦੇ ਹੱਕ 'ਚ ਆਏ ਲੱਖੋਵਾਲ

**ਮਾਛੀਵਾੜਾ ਸਾਹਿਬ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਅੱਜ ਚੰਡੀਗੜ੍ਹ ਵਿੱਚ ਭਾਜਪਾ ਦੀ ਸੰਸਦ ਮੈਂਬਰ ਕੰਗਨਾ ਰਣੌਤ ਦੇ ਕਿਸਾਨੀ ਮੁੱਦਿਆਂ ਨੂੰ ਲੈ ਕੇ ਥੱਪੜ ਮਾਰਨ ਵਾਲੀ ਮਹਿਲਾ ਕਰਮਚਾਰੀ ਦੇ ਹੱਕ ਵਿੱਚ ਆ ਗਏ ਹਨ। ਹਰਿੰਦਰ ਸਿੰਘ ਲੱਖੋਵਾਲ ਨੇ ਕਿਹਾ ਕਿ ਨਵੀਂ ਬਣੀ ਕੰਗਨਾ ਰਣੌਤ ਨੇ ਕਿਸਾਨਾਂ ਤੇ ਸਿੱਖਾਂ ਖਿਲਾਫ਼ ਮੰਦੀ ਸ਼ਬਦਾਵਲੀ ਬੋਲੀ ਸੀ ਜਿਸ ਦਾ ਅੱਜ ਇੱਕ ਪੰਜਾਬੀ ਸਿੱਖ ਬੀਬੀ ਤੇ ਮਹਿਲਾ ਕਰਮਚਾਰੀ ਨੇ ਜਵਾਬ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਤੇ ਸਿੱਖ ਗਲਤ ਸਲੂਕ ਕਰਨ ਵਾਲਿਆਂ ਦੀਆਂ ਗੱਲਾਂ ਬਰਦਾਸ਼ਤ ਨਹੀਂ ਕਰਦੇ। ਉਨ੍ਹਾਂ ਅਪੀਲ ਕੀਤੀ ਕਿ ਸਿਆਸੀ ਆਗੂ ਮੰਦੀ ਸ਼ਬਦਾਵਲੀ ਵਰਤਣ ਤੋਂ ਗੁਰੇਜ਼ ਕਰਨ। ਉਨ੍ਹਾਂ ਕਿਹਾ ਕਿ ਜਿਹੜੇ ਵੀ ਭਾਜਪਾ ਆਗੂ ਮਾੜੀ ਸ਼ਬਦਾਵਲੀ ਬੋਲਦੇ ਸਨ ਉਨ੍ਹਾਂ ਦਾ ਡਟ ਕੇ ਵਿਰੋਧ ਹੋਇਆ। ਉਨ੍ਹਾਂ ਕਿਹਾ ਕਿ ਭਾਜਪਾ ਨੇ ਕਿਸਾਨਾਂ ਦੀਆਂ ਮੰਗਾਂ ਨਹੀਂ ਮੰਨੀਆਂ, ਇਸ ਕਰ ਕੇ ਉਨ੍ਹਾਂ ਨੂੰ ਪੂਰਨ ਬਹੁਮਤ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਜੇਕਰ ਭਾਜਪਾ ਕਿਸਾਨਾਂ ਦੀਆਂ ਮੰਗਾਂ ਮੰਨ ਲੈਂਦੀ ਤਾਂ ਅੱਜ ਉਸ ਨੂੰ ਪੂਰਨ ਬਹੁਮਤ ਮਿਲ ਜਾਂਦਾ। ਜ਼ਿਕਰਯੋਗ ਹੈ ਕਿ ਕਿਸਾਨੀ ਅੰਦੋਲਨ ਦੌਰਾਨ ਕੰਗਨਾ ਵੱਲੋਂ ਕਿਸਾਨ ਬੀਬੀਆਂ ਖ਼ਿਲਾਫ਼ ਟਿੱਪਣੀਆਂ ?ਕੀਤੀਆਂ ?ਗਈਆਂ ਸਨ ਜਿਸ ਕਾਰਨ ਕਿਸਾਨਾਂ ਵਿਚ ਬੌਲੀਵੁਡ ਅਦਾਕਾਰਾ ਖ਼ਿਲਾਫ਼ ਰੋਸ ਵੱਧ ਗਿਆ ਸੀ। ਇਸ ਤੋਂ ਇਲਾਵਾ ਕੰਗਨਾ ਤੇ ਦਿਲਜੀਤ ਦੋਸਾਂਝ ਦਰਮਿਆਨ ਵੀ ਸ਼ਬਦੀ ਜੰਗ ਚੱਲੀ ਸੀ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਫਿਲਮ ਕਲਾਕਾਰ ਤੋਂ ਸੰਸਦ ਮੈਂਬਰ ਕੰਗਨਾ ਰਣੌਤ ਵੱਲੋਂ ਲਗਾਤਾਰ ਪੰਜਾਬ ਅਤੇ ਪੰਜਾਬੀਆਂ ਨੂੰ ਨਿਸ਼ਾਨੇ ਉੱਤੇ ਲੈ ਕੇ ਨਫ਼ਰਤੀ ਸੋਚ ਦਾ ਪ੍ਰਗਟਾਵਾ ਕਰਨਾ ਮੰਦਭਾਗਾ ਅਤੇ ਦੁਖਦਾਈ ਹੈ। ਚੰਡੀਗੜ੍ਹ ਦੇ ਹਵਾਈ ਅੱਡੇ 'ਤੇ ਇੱਕ ਪੰਜਾਬੀ ਸੁਰੱਖਿਆ ਕਰਮੀ ਨਾਲ ਹੋਈ ਬਹਿਸ ਤੋਂ ਬਾਅਦ ਇਸ ਮਾਮਲੇ ਨੂੰ ਲੈ ਕੇ ਕੰਗਨਾ ਰਣੌਤ ਵੱਲੋਂ ਪੰਜਾਬੀਆਂ ਵਿਰੁੱਧ ਨਫ਼ਰਤੀ ਟਿੱਪਣੀ ਕਰਨਾ ਉਸ ਦੀ ਪੰਜਾਬ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਹੈ। ਕੰਗਨਾ ਰਣੌਤ ਦਾ ਇਹ ਕਹਿਣਾ ਕਿ ਪੰਜਾਬ ਵਿੱਚ ਅਤਿਵਾਦ ਵਧ ਰਿਹਾ ਹੈ, ਇਹ ਉਸ ਦੀ ਬਿਮਾਰ ਮਾਨਸਿਕਤਾ ਦਾ ਪ੍ਰਗਟਾਵਾ ਹੈ, ਜਦਕਿ ਸੱਚ ਇਹ ਹੈ ਕਿ ਉਸ ਦੀ ਅਜਿਹੀ ਸੋਚ ਦੇਸ਼ ਦੇ ਮਾਹੌਲ ਨੂੰ ਦੂਸ਼ਿਤ ਕਰ ਰਹੀ ਹੈ। ਐਡਵੋਕੇਟ ਧਾਮੀ ਨੇ ਆਖਿਆ ਕਿ ਕੰਗਨਾ ਰਣੌਤ ਨੂੰ ਇਹ ਕਦੇ ਨਹੀਂ ਭੁੱਲਣਾ ਚਾਹੀਦਾ ਕਿ ਜੇਕਰ ਅੱਜ ਦੇਸ਼ ਦਾ ਬਹੁ-ਕੌਮੀ ਤੇ ਬਹੁ-ਭਾਸ਼ਾਈ ਸੱਭਿਆਚਾਰ ਜ਼ਿੰਦਾ ਹੈ ਤਾਂ ਉਸ ਪਿੱਛੇ ਪੰਜਾਬੀਆਂ ਦੀਆਂ ਦੇਸ਼ ਲਈ ਕੀਤੀਆਂ ਕੁਰਬਾਨੀਆਂ ਹਨ।

# ਨਵੇਂ ਸੰਸਦ ਮੈਂਬਰ ਤਨਦੇਹੀ ਨਾਲ ਜ਼ਿੰਮੇਵਾਰੀ ਨਿਭਾਉਣ: ਭਗਵੰਤ ਮਾਨ



**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ 'ਆਪ' ਦੇ ਤਿੰਨੋਂ ਜੇਤੂ ਸੰਸਦ ਮੈਂਬਰਾਂ ਨਾਲ ਇੱਥੇ ਆਪਣੀ ਰਿਹਾਇਸ਼ 'ਤੇ ਮੀਟਿੰਗ ਕੀਤੀ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ।

ਸ੍ਰੀ ਮਾਨ ਨੇ ਕਿਹਾ ਕਿ ਹੁਣ ਲੋਕ ਸਭਾ ਵਿੱਚ ਪੰਜਾਬ ਅਤੇ ਇੱਥੋਂ ਦੇ ਲੋਕਾਂ ਦੀ ਨੁਮਾਇੰਦਗੀ ਕਰਨਾ ਉਨ੍ਹਾਂ (ਸੰਸਦ ਮੈਂਬਰਾਂ) ਦੀ ਜ਼ਿੰਮੇਵਾਰੀ ਹੋਵੇਗੀ ਅਤੇ ਉਹ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ। ਮੀਟਿੰਗ ਵਿੱਚ ਲੋਕ ਸਭਾ ਹਲਕਿਆਂ ਸੰਗਰੂਰ, ਹੁਸ਼ਿਆਰਪੁਰ ਅਤੇ ਸ੍ਰੀ ਆਨੰਦਪੁਰ ਸਾਹਿਬ ਤੋਂ 'ਆਪ' ਵਿਧਾਇਕ ਤੇ ਚੇਅਰਮੈਨ ਵੀ ਸ਼ਾਮਲ ਹੋਏ। ਜ਼ਿਕਰਯੋਗ ਹੈ ਕਿ 'ਆਪ' ਦੇ ਗੜ੍ਹ ਸੰਗਰੂਰ ਤੋਂ ਗੁਰਮੀਤ ਸਿੰਘ ਮੀਤ ਹੇਅਰ ਜਦਕਿ ਹੁਸ਼ਿਆਰਪੁਰ ਤੋਂ ਡਾ. ਰਾਜ ਕੁਮਾਰ ਚੱਬੇਵਾਲ ਅਤੇ ਸ੍ਰੀ ਆਨੰਦਪੁਰ ਸਾਹਿਬ ਤੋਂ ਮਲਵਿੰਦਰ ਸਿੰਘ ਕੰਗ ਜੇਤੂ ਰਹੇ ਹਨ।

ਮਾਨ ਨੇ 'ਆਪ' ਦੇ ਜੇਤੂ ਉਮੀਦਵਾਰਾਂ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣ ਦੀ ਹਦਾਇਤ ਦਿੰਦਿਆਂ ਕਿਹਾ ਕਿ ਉਹ ਪੰਜਾਬ ਦੀ ਨੁਮਾਇੰਦਗੀ ਕਰਨ ਜਾ ਰਹੇ ਹਨ।

ਇਸ ਲਈ ਉਹ ਹਮੇਸ਼ਾ ਸੰਸਦ ਵਿੱਚ ਪੰਜਾਬ ਦੇ ਲੋਕਾਂ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਨ। ਮੀਤ ਹੇਅਰ ਨੇ ਕਿਹਾ ਕਿ ਸੰਗਰੂਰ 'ਆਪ' ਦੀ ਰਾਜਧਾਨੀ ਹੈ ਅਤੇ ਹਮੇਸ਼ਾ ਰਹੇਗੀ। ਉਨ੍ਹਾਂ ਕਿਹਾ,'ਸੰਗਰੂਰ ਦੇ ਲੋਕਾਂ ਨੇ ਪੰਜਾਬ ਸਰਕਾਰ ਵਜੋਂ ਸਾਡੇ ਲੋਕ ਭਲਾਈ ਦੇ ਕੰਮਾਂ ਦਾ ਇਨਾਮ ਦੇਣ ਲਈ ਸਾਨੂੰ ਵੋਟਾਂ ਪਾਈਆਂ ਹਨ। ਅਸੀਂ ਲਗਾਤਾਰ ਲੋਕਾਂ ਦੀ ਸੇਵਾ ਕਰਦੇ ਰਹਾਂਗੇ।'

ਮਲਵਿੰਦਰ ਸਿੰਘ ਕੰਗ ਨੇ ਆਪਣੀ ਜਿੱਤ ਦਾ ਸਿਹਰਾ 'ਆਪ' ਲੀਡਰਸ਼ਿਪ ਅਤੇ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਦਿੱਤਾ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਇਹ ਹੁਸ਼ਿਆਰਪੁਰ ਦੇ ਲੋਕਾਂ ਦੀ ਜਿੱਤ ਹੈ। ਹੁਸ਼ਿਆਰਪੁਰ ਦੇ ਹਰ ਵਾਲੰਟੀਅਰ ਅਤੇ ਆਗੂ ਦੀ ਟੀਮ ਦੇ ਯਤਨਾਂ ਸਦਕਾ ਉਨ੍ਹਾਂ ਨੇ ਭਾਜਪਾ ਨੂੰ ਉਨ੍ਹਾਂ ਦੇ ਗੜ੍ਹ ਵਿੱਚ ਹਰਾਇਆ।

# ਮੋਬਾਈਲ ਟਾਵਰ 'ਤੇ ਡਟੀ ਹੋਈ ਹੈ ਪੁਲੀਸ ਭਰਤੀ ਉਮੀਦਵਾਰ

**ਚੰਡੀਗੜ੍ਹ, 9 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਪਿਛਲੇ ਕਰੀਬ ਤਿੰਨ ਮਹੀਨਿਆਂ ਤੋਂ ਵੱਧ ਸਮੇਂ ਤੋਂ ਪੰਜਾਬ ਪੁਲੀਸ ਭਰਤੀ-2016 ਦੀ ਉਮੀਦਵਾਰ ਲੜਕੀ ਹਰਦੀਪ ਕੌਰ ਇੱਥੇ ਜ਼ੀਰਕਪੁਰ-ਬਠਿੰਡਾ ਕੌਮੀ ਹਾਈਵੇਅ 'ਤੇ ਪਟਿਆਲਾ ਬਾਈਪਾਸ ਓਵਰਬ੍ਰਿਜ ਨੇੜੇ ਇੱਕ ਮੋਬਾਈਲ ਟਾਵਰ ਉੱਪਰ ਚੜ੍ਹੀ ਹੋਈ ਹੈ ਜਦੋਂ ਕਿ ਮੋਬਾਈਲ ਟਾਵਰ ਨਜ਼ਦੀਕ ਪੁਲੀਸ ਭਰਤੀ ਉਮੀਦਵਾਰਾਂ ਵੱਲੋਂ ਪੱਕਾ ਧਰਨਾ ਜਾਰੀ ਹੈ। ਪ੍ਰਦਰਸ਼ਨਕਾਰੀ ਸੰਨ-2016 ਦੀ ਪੰਜਾਬ ਪੁਲੀਸ ਭਰਤੀ ਦੀ ਵੇਟਿੰਗ ਸੂਚੀ ਪ੍ਰਕਿਰਿਆ ਮੁਕੰਮਲ ਕਰ ਕੇ ਨਿਯੁਕਤੀ ਪੱਤਰ ਦੇਣ ਦੀ ਮੰਗ ਕਰ ਰਹੇ ਹਨ। ਜੇਠ ਮਹੀਨੇ ਦੀ ਗਰਮੀ ਦੇ ਬਾਵਜੂਦ ਮੋਬਾਈਲ ਟਾਵਰ 'ਤੇ ਡਟੀ ਹਰਦੀਪ ਕੌਰ ਅਬੋਹਰ ਟੱਸ ਤੋਂ ਮੱਸ ਨਹੀਂ ਹੋਈ। ਬੀਤੀ ਰਾਤ ਵੀ ਤੇਜ਼ ਹਨੇਰੀ ਦੌਰਾਨ ਵੀ ਉਹ ਮੋਬਾਈਲ ਟਾਵਰ 'ਤੇ ਮੌਜੂਦ ਰਹੀ। ਉਸ ਦੇ ਸਾਥੀ ਪੁਲੀਸ ਭਰਤੀ ਉਮੀਦਵਾਰ ਹੇਠਾਂ ਧਰਨੇ 'ਤੇ ਡਟੇ ਹੋਏ ਹਨ ਜਿਨ੍ਹਾਂ ਦਾ ਬੀਤੀ ਰਾਤ ਤੇਜ਼ ਹਨੇਰੀ ਤੇ ਝੱਖੜ ਨੇ ਟੈਂਟ ਪੁੱਟ ਸੁੱਟਿਆ ਸੀ।ਇਸ ਮੌਕੇ ਪੁਲੀਸ ਭਰਤੀ ਉਮੀਦਵਾਰਾਂ ਦੇ ਆਗੂਆਂ ਅਮਨਦੀਪ ਸਿੰਘ ਫਾਜ਼ਿਲਕਾ, ਧਰਮ ਸਿੰਘ ਬਰਨਾਲਾ, ਗੁਰਪ੍ਰੀਤ ਸਿੰਘ ਗੁਰਦਾਸਪੁਰ ਤੇ ਮਹਾਂਵੀਰ ਸਿੰਘ ਫਰੀਦਕੋਟ ਨੇ ਦੱਸਿਆ ਕਿ ਹਰਦੀਪ ਕੌਰ ਅਬੋਹਰ ਮੋਬਾਈਲ ਟਾਵਰ ਉਪਰ ਬੇਹੱਦ ਪ੍ਰੇਸ਼ਾਨ ਹੈ ਕਿਉਂਕਿ 3 ਮਹੀਨਿਆਂ ਤੋਂ ਵੱਧ ਸਮਾਂ ਹੋ ਚੁੱਕਿਆ ਹੈ ਅਤੇ ਮੋਬਾਈਲ ਟਾਵਰ 'ਤੇ ਲੱਗੀ ਇੱਕ ਲੋਹੇ ਦੇ ਪਲੇਟ 'ਤੇ ਥੋੜ੍ਹੀ ਜਿਹੀ ਜਗ੍ਹਾ ਵਿਚ ਰੈਣ ਬਸੇਰਾ ਬਣਾਇਆ ਹੋਇਆ ਹੈ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੇ ਸ਼ਰਤ ਲਗਾਈ ਹੈ ਕਿ ਜਦੋਂ ਤੱਕ ਹਰਦੀਪ ਕੋਰ ਨੂੰ ਮੋਬਾਈਲ ਟਾਵਰ ਤੋਂ ਹੇਠਾਂ ਨਹੀਂ ਉਤਾਰਦੇ, ਕੋਈ ਮੀਟਿੰਗ ਨਹੀਂ ਹੋ ਸਕਦੀ। ਉਨ੍ਹਾਂ ਕਿਹਾ ਕਿ ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਮੋਬਾਈਲ ਟਾਵਰ 'ਤੇ ਚੜ੍ਹੀ ਲੜਕੀ ਦਾ ਹਨੇਰੀ ਕਾਰਨ ਜਾਂ ਸਿਹਤ ਖਰਾਬ ਹੋਣ ਕੋਈ ਨੁਕਸਾਨ ਹੋਇਆ ਤਾਂ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਜ਼ਿੰਮੇਵਾਰ ਹੋਵੇਗਾ।

# ਗੁਰੂ ਅਰਜਨ ਦੇਵ ਜੀ ਜੀਵਨ ਤੇ ਸ਼ਹਾਦਤ



ਅਰਜਨ ਪਾਤਸ਼ਾਹ ਛੋਟੇ ਸਨ। ਉਹ ਗੁਰੂ ਰਾਮਦਾਸ ਜੀ ਨੂੰ ਜਾਣ ਲਈ ਨਾਂਹ ਨਾ ਕਰ ਸਕੇ ਤੇ ਨੇਤਰਾਂ ਵਿਚ ਅੱਥਰੂ ਆ ਗਏ-ਪਰ ਕਹਿਣ ਲੱਗੇ ਕਿ ਤੁਹਾਡੇ ਦਰਸ਼ਨਾਂ ਤੋਂ ਬਿਨਾਂ ਮੇਰਾ ਜਿਊਣਾ ਔਖਾ ਹੈ:

''ਜਿਉ ਮਛੁਲੀ ਬਿਨੁ ਪਾਣੀਐ, ਕਿਉ ਜੀਵਣੁ ਪਾਵੈ।'' (ਪੰਨਾ 708)

ਗੁਰੂ ਰਾਮਦਾਸ ਜੀ ਨੇ ਇਨ੍ਹਾਂ ਨੂੰ ਹੋਰ ਆਗਿਆ ਕੀਤੀ ਕਿ ਉਥੇ ਰਹਿ ਕੇ ਸਤਿਸੰਗ ਕਰਨਾ ਹੈ ਤੇ ਤੀਜੀ ਗੱਲ ਹੈ ਕਿ ਜਦ ਤਕ ਅਸੀ ਨਾ ਬੁਲਾਈਏ, ਤਦ ਤਕ ਵਾਪਸ ਨਹੀਂ ਆਉਣਾ। ਸੋ ਇਸੇ ਤਰ੍ਹਾਂ ਹੁਕਮਾਂ ਦੀ ਤਾਮੀਲ ਹੋਈ। ਅਰਜਨ ਦੇਵ ਜੀ ਨੂੰ ਉਡੀਕਦੇ-ਉਡੀਕਦੇ ਇਕ ਸਾਲ ਹੋ ਗਿਆ। ਆਪ ਜੀ ਨੇ ਪਿਤਾ ਗੁਰੂ ਰਾਮਦਾਸ ਜੀ ਨੂੰ ਦੋ ਚਿਠੀਆਂ ਲਿਖ ਕੇ ਭੇਜੀਆਂ, ਜਿਹੜੀਆਂ ਪ੍ਰਿਥੀ ਚੰਦ ਨੇ ਰੱਖ ਲਈਆਂ ਤੇ ਗੁਰੂ ਰਾਮਦਾਸ ਤਕ ਪਹੁੰਚਣ ਹੀ ਨਾ ਦਿਤੀਆਂ। ਤੀਜੀ ਚਿੱਠੀ ਦੇ ਕੇ ਸਿੱਖ ਨੂੰ ਤਾਕੀਦ ਕੀਤੀ ਕਿ ਖ਼ੁਦ ਗੁਰੂ ਰਾਮਦਾਸ ਜੀ ਨੂੰ ਚਿੱਠੀ ਦੇਣੀ ਹੈ। ਬਿਰਹੋ ਦੀ ਹਾਲਤ ਨੂੰ ਚੌਥੇ ਪਾਤਸ਼ਾਹ ਨੇ ਵਾਚਿਆ :

ਇਕ ਘੜੀ ਨਾ ਮਿਲਤੇ ਹਾਂ ਕਲਜੁਗੁ ਹੋਤਾ। ਹੁਣਿ ਕਦਿ ਮਿਲੀਐ ਪ੍ਰਿਅ ਤੁਧੁ ਭਗਵੰਤਾ। (ਪੰਨਾ 97)

ਚੌਥੇ ਪਾਤਸ਼ਾਹ ਗੁਰੂ ਰਾਮਦਾਸ ਜੀ ਨੇ ਇਹ ਮਹਿਸੂਸ ਕੀਤਾ ਕਿ ਗੁਰਗੱਦੀ ਦਾ ਭਾਰ ਤਾਂ ਉਹੀ ਸੰਭਾਲ ਸਕਦਾ ਹੈ ਜਿਸ ਵਿਚ ਧੀਰਜ ਤੇ ਨਿਮਰਤਾ ਹੋਵੇ। ਬਾਬਾ ਬੁੱਢਾ ਜੀ, ਪੰਜ ਸਿੱਖਾਂ ਨੂੰ ਨਾਲ ਲੈ ਕੇ ਲਾਹੌਰ ਤੋਂ ਅਰਜਨ ਦੇਵ ਜੀ ਨੂੰ ਲੈ ਆਏ ਤੇ ਸਿੱਖੀ ਮਰਯਾਦਾ ਅਨਸਾਰ ਉਨ੍ਹਾਂ ਨੂੰ ਤਿਲਕ ਲਗਾਇਆ। ਕੇਵਲ ਦੋ ਦਿਨ ਗੁਰੂ ਰਾਮਦਾਸ ਜੀ, ਅੰਮ੍ਰਿਤਸਰ ਰਹਿ ਕੇ ਤੀਜੇ ਦਿਨ ਗੁਰੂ ਅਰਜਨ ਦੇਵ ਜੀ ਨਾਲ ਗੋਇੰਦਵਾਲ ਸਾਹਿਬ ਆ ਗਏ ਤੇ ਫਿਰ ਉਸੇ ਦਿਲ ਉਥੇ ਜੋਤੀ ਜੋਤ ਸਮਾ ਗਏ।

ਗੁਰੂ ਅਰਜਨ ਸਾਹਿਬ ਦੇ ਵੱਡੇ ਭਰਾ ਪ੍ਰਿਥੀ ਚੰਦ ਵਲੋਂ ਰਜਵੀਂ ਵਿਰੋਧਤਾ ਹੋਈ ਪਰ ਆਪ ਸ਼ਾਂਤ ਸੁਭਾਅ ਵਾਲੇ ਪੂਰੀ ਨਿਮਰਤਾ ਵਿਚ ਰਹੇ। ਸ੍ਰੀ ਹਰਿਮੰਦਰ ਸਾਹਿਬ ਵਿਚ 1604 ਈਸਵੀ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸੰਪਾਦਨ ਸਪੰਨ ਹੋ ਗਿਆ ਤੇ ਹਰਿਮੰਦਰ ਸਾਹਿਬ ਵਿਚ ਪ੍ਰਕਾਸ਼ ਮਾਨ ਹੋਇਆ। ਗੁਰੂ ਗ੍ਰੰਥ ਸਾਹਿਬ ਵਿਚ ਸਿੱਖ ਗੁਰੂ ਸਾਹਿਬਾਨ, ਹਿੰਦੂ ਭਗਤਾਂ ਤੇ ਮੁਸਲਮਾਨ ਫ਼ਕੀਰਾਂ ਦੀ ਰਚਨਾ ਨੂੰ ਸੰਮਿਲਤ ਕਰਨਾ ਲੋਕਾਂ ਲਈ ਅਜੀਬ ਘਟਨਾ ਸੀ। ਪੰਜਵੇਂ ਗੁਰੂ ਸਾਹਿਬ ਨੇ ਆਪ ਰੱਬੀ ਪਿਆਰ ਵਿਚ ਮਖ਼ਮੂਰ ਰਹਿੰਦੇ ਸਨ, ਜਿਹੜੀ ਗੱਲ ਬਾਣੀ ਵਿਚੋਂ ਭਲੀ ਭਾਂਤ ਪ੍ਰਗਟ ਹੁੰਦੀ ਹੈ।

ਭਾਈ ਗੁਰਦਾਸ ਜੀ ਨੇ ਆਪ ਜੀ ਦੀ ਸ਼ਖ਼ਸੀਅਤ ਨੂੰ ਇਸ ਤਰ੍ਹਾਂ ਬਿਆਨ ਕੀਤਾ ਹੈ:

ਰਹਿੰਦੇ ਗੁਰ ਦਰੀਆਉ ਵਿਚ ਮੀਨ ਕੁਲੀਨ ਹੇਤੁ ਨਿਰਬਾਣੀ।
ਦਰਸ਼ਨ ਦੇਖ ਪਤੰਗ ਜਿਉਂ ਜੋਤੀ ਅੰਦਰ ਜੋਤਿ ਸਮਾਣੀ। (ਪੰਨਾ 430)

1430 ਅੰਗਾਂ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਪਹਿਲੇ 5 ਗੁਰੂ ਸਾਹਿਬਾਨ ਦੀ ਬਾਣੀ ਤੋਂ ਬਿਨਾਂ ਹਿੰਦੁਸਤਾਨ ਦੇ ਵੱਖ-ਵੱਖ ਸੂਬਿਆਂ ਵਿਚੋਂ 15 ਭਗਤਾਂ ਸੰਤਾਂ, ਸੂਫ਼ੀ ਫ਼ਕੀਰਾਂ ਤੇ 11 ਭੱਟਾਂ ਦੀ ਰਚਨਾ ਵੱਖ-ਵੱਖ ਰਾਗਾਂ ਵਿਚ ਸੰਮਿਲਤ ਕਰ ਕੇ ਸਰਬ ਮਨੁੱਖਤਾ ਦੇ ਸਾਡੇ ਧਾਰਮਕ ਗ੍ਰੰਥ ਸਾਹਿਬ ਨੂੰ ਹਰਿਮੰਦਰ ਸਾਹਿਬ ਵਿਚ ਪ੍ਰਕਾਸ਼ਮਾਨ ਕੀਤਾ ਹੈ। ਮਨੁੱਖੀ ਭਾਈਚਾਰੇ ਦੀ ਬਰਾਬਰੀ, ਸਾਂਝੀਵਾਲਤਾ ਤੇ ਪ੍ਰਸਪਰ ਪਿਆਰ ਦੀ ਵਜ੍ਹਾ ਕਰ ਕੇ ਹਿੰਦੂ ਭਾਈਚਾਰੇ ਵਿਚ ਸਾਂਝ ਲਿਆਂਦੀ ਤੇ ਮੁਸਲਿਮ ਭਾਈਚਾਰੇ ਨਾਲ ਨਫ਼ਰਤ ਘਟੀ। ਸੂਫ਼ੀ ਫ਼ਕੀਰ ਹਜ਼ਰਤ ਮੀਆਂ ਮੀਰ ਨੇ ਹਰਿਮੰਦਰ ਸਾਹਿਬ ਦੀ ਨੀਂਹ ਰੱਖ ਕੇ ਇਸ ਸਾਂਝੀਵਾਲਤਾ ਨੂੰ ਹੋਰ ਪਰਪੱਕ ਕੀਤਾ। ਪਰ ਸਾਂਝੀਵਾਲਤਾ ਦੀ ਇਹ ਲਹਿਰ ਵਕਤ ਦੇ ਹਾਕਮਾਂ ਨੂੰ ਰੜਕਣ ਲੱਗ ਪਈ।

ਮੌਲਵੀਆਂ ਤੇ ਕਾਜ਼ੀਆਂ ਨੇ ਜੋ ਇਸਲਾਮ ਦਾ ਬੋਲਬਾਲ ਚਾਹੁੰਦੇ ਸਨ, ਉਨ੍ਹਾਂ ਨੂੰ ਅਕਬਰ ਦੀ ਉਦਾਰਵਾਦੀ ਨੀਤੀ ਬਿਲਕੁਲ ਪਸੰਦ ਨਹੀਂ ਸੀ ਤੇ ਉਹ ਸ਼ਹਿਜ਼ਾਦਾ ਖ਼ੁਸਰੋ ਨੂੰ ਵੀ ਪਸੰਦ ਨਹੀਂ ਕਰਦੇ ਸਨ। ਗੁਰੂ ਅਰਜਨ ਸਾਹਿਬ ਉਪਰ ਖ਼ੁਸਰੋ ਦੀ ਮਦਦ ਦਾ ਇਲਜ਼ਾਮ ਲਗਾਇਆ ਗਿਆ ਤੇ ਇਹ ਸਾਜ਼ਸ਼ ਘੜੀ ਗਈ ਕਿ ਗੁਰੂ ਅਰਜਨ ਸਾਹਿਬ ਨੇ ਸ਼ਹਿਜ਼ਾਦਾ ਖ਼ੁਸਰੋ ਨੂੰ ਪਨਾਹ ਦਿਤੀ ਤੇ ਉਸ ਦੀਆਂ ਫ਼ੌਜਾਂ ਨੂੰ ਲੰਗਰ ਛਕਾਇਆ ਹੈ। ਅਕਬਰ ਦੇ ਰਾਜ ਵਿਚ ਵੀ ਸ਼ਿਕਾਇਤਾਂ ਹੁੰਦੀਆਂ ਰਹੀਆਂ ਕਿ ਗੁਰੂ ਗ੍ਰੰਥ ਸਾਹਿਬ ਵਿਚ ਪੀਰਾਂ, ਪੈਗੰਬਰਾਂ, ਸ਼ਸਤਰਾਂ ਤੇ ਕੁਰਾਨ ਸ਼ਰੀਫ਼ ਦੀ ਨਿੰਦਿਆ ਕੀਤੀ ਗਈ ਹੈ।

ਬਾਦਸ਼ਾਹ ਨੇ ਪਵਿੱਤਰ ਬਾਣੀ ਸੁਣ ਕੇ ਸੋਨੇ ਦੀਆਂ ਮੋਹਰਾਂ ਭੇਟ ਕੀਤੀਆਂ ਸਨ। ਪਰ ਜਹਾਂਗੀਰ ਦੇ ਰਾਜ ਵਿਚ ਹਾਲਾਤ ਵਖਰੇ ਸਨ ਤੇ ਉਸ ਦੇ ਮਨ ਵਿਚ ਗੁਰੂ ਘਰ ਲਈ ਵਿਰੋਧ ਵੱਧ ਰਿਹਾ ਸੀ। ਇਨ੍ਹਾਂ ਚੁਗ਼ਲਖੋਰਾਂ ਵਿਚ ਪ੍ਰਿਥੀ ਚੰਦ, ਚੰਦੂ ਸ਼ਾਹ, ਸ਼ੇਖ਼ ਮੁਜੱਦਦ ਅਲਫ਼ਸਾਨੀ ਤੇ ਸ਼ੇਖ਼ ਬੁਖਾਰੀ ਸਨ ਜਿਨ੍ਹਾਂ ਨੂੰ ਗੁਰੂ ਘਰ ਵਿਰੁਧ ਜਹਾਂਗੀਰ ਨੂੰ ਗੁਰੂ ਸਾਹਿਬ ਵਿਰੁਧ ਝੂਠੀਆਂ ਤੋਹਮਤਾਂ ਲਗਾਈਆਂ। ਉਹ ਬਿਨਾਂ ਸੋਚੇ ਸਮਝੇ ਇਸ ਸ਼ੀਤਲ ਸੋਮੇ ਨੂੰ ਬੰਦ ਕਰਨ ਤੇ ਤੁਲ ਗਿਆ। ਉਨ੍ਹਾਂ ਨੇ ਜਹਾਂਗੀਰ ਬਾਦਸ਼ਾਹ ਨੂੰ ਗੁਰੂ ਅਰਜਨ ਦੇਵ ਜੀ ਵਿਰੁਧ ਖ਼ੂਬ ਭੜਕਾਇਆ ਤੇ ਖ਼ੁਸਰੋ ਦੀ ਮਦਦ ਕਰਨ ਦਾ ਵੀ ਇਲਜ਼ਾਮ ਲਗਾਇਆ।

ਜਹਾਂਗੀਰ ਨੇ ਅਪਣੀ ਸਵੈ ਜੀਵਨੀ ਤੋਜ਼ਕੇ-ਜਹਾਂਗੀਰੀ ਵਿਚ ਇਸ ਘਟਨਾ ਦਾ ਜ਼ਿਕਰ ਕੀਤਾ ਹੈ। ਇਨ੍ਹਾਂ ਚੁਗ਼ਲਖੋਰਾਂ ਦੀਆਂ ਗੱਲਾਂ ਮੰਨਦੇ ਹੋਏ ਗੁਰੂ ਸਾਹਿਬ ਨੂੰ ਗ੍ਰਿਫ਼ਤਾਰ ਕਰਨ ਦਾ ਹੁਕਮ ਜਾਰੀ ਕੀਤਾ ਗਿਆ। ਜਦੋਂ ਜਹਾਂਗੀਰ ਰਾਜ ਸਿਘਾਸਣ ਉਤੇ ਬੈਠਿਆ ਤਾਂ ਮੁੱਲਾ ਮੁਲਾਣਿਆਂ ਨੇ ਉਸ ਕੋਲੋਂ ਪ੍ਰਣ ਲੈ ਲਿਆ ਸੀ ਕਿ ਉਹ ਰਾਜ ਸ਼ਾਸਨ ਦੀ ਨੀਹ ਵਿਚ ਸ਼ਰਾ ਨੂੰ ਹੀ ਸੱਭ ਕੁੱਝ ਸਮਝੇਗਾ। ਗੁਰੂ ਅਰਜਨ ਦੇਵ ਜੀ ਨੂੰ ਰਾਜ ਦੋਸ਼ੀ ਠਹਿਰਾਇਆ ਗਿਆ ਤੇ ਦੋਸ਼ ਨਮਿਤ ਤਿੰਨ ਲੱਖ ਰੁਪਏ ਦਾ ਜੁਰਮਾਨਾ ਕੀਤਾ ਗਿਆ। ਗੁਰੂ ਸਾਹਿਬ ਨੇ ਜੁਰਮਾਨਾ ਦੇਣ ਤੋਂ ਇਨਕਾਰ ਕਰ ਦਿਤਾ।

ਜਹਾਂਗੀਰ ਨੇ, ਗੁਰੂ ਸਾਹਿਬ ਦੇ ਇਸ ਨਿਧੜਕ ਫ਼ੈਸਲੇ ਨੂੰ ਅਪਣੀ ਹੇਠੀ ਸਮਝਿਆ ਤੇ ਗੁਰੂ ਸਾਹਿਬ ਨੂੰ ਸ਼ਹੀਦ ਕਰਨ ਦਾ ਫ਼ੈਸਲਾ ਕਰ ਲਿਆ। ਉਸ ਨੇ ਅਪਣੀ ਆਤਮ ਕਥਾ ਤੋਜ਼ਕੇ-ਜਹਾਂਗੀਰੀ ਦੇ ਪੰਨਾ 35 ਉਤੇ ਲਿਖਿਆ ਹੈ ਕਿ ਗੁਰੂ ਅਰਜਨ ਦੇਵ ਨੂੰ ਬਸਿਯਾਸਤ-ਵ-ਬ-ਯਾਸਾ ਰਸਨੰਦ ਅਨੁਸਾਰ ਸ਼ਹੀਦ ਕਰ ਦਿਤਾ ਜਾਵੇ। ਯਾਸਾ ਤਾਂ ਉਸ ਪੁਰਸ਼ ਨੂੰ ਦਿਤੀ ਜਾਂਦੀ ਹੈ ਜੋ ਆਤਮਕ ਤੌਰ ਤੇ ਬਲਵਾਨ ਹੋਵੇ ਤੇ ਰਾਜਦੰਡ ਦਾ ਅਧਿਕਾਰੀ ਹੋਵੇ। ਇਹ ਤਰ੍ਹਾਂ ਦੀ ਸਜ਼ਾ ਦਾ ਮਤਲਬ ਇਹ ਹੈ ਕਿ ਅਪਰਾਧੀ ਨੂੰ ਮੌਤ ਦੀ ਸਜ਼ਾ ਦਿੰਦੇ ਉਸ ਦਾ ਖ਼ੂਨ ਜ਼ਮੀਨ ਤੇ ਨਾ ਡੁੱਲ੍ਹੇ। ਗੁਰੂ ਸਾਹਿਬ ਨੂੰ ਤੱਤੀ ਤਵੀ ਤੇ ਬਿਠਾਇਆ ਗਿਆ, ਫਿਰ ਉਬਲਦੇ ਪਾਣੀ ਦੀ ਦੇਗ ਵਿਚ ਉਬਾਲ ਕੇ ਬਾਅਦ ਵਿਚ ਰਾਵੀ ਦਰਿਆ ਵਿਚ ਰੋੜ੍ਹ ਦਿਤਾ ਗਿਆ। ਇਹ ਸੱਭ ਤਸੀਹੇ ਵੀ ਗੁਰੂ ਸਾਹਿਬ ਨੂੰ ਅਪਣੇ ਆਦਰਸ਼ ਤੋਂ ਪਾਸੇ ਨਾ ਹਟਾ ਸਕੇ ਤੇ ਆਪ ਸ਼ਹਾਦਤ ਪਾ ਗਏ ਤੇ ਬਾਬਾ ਨਾਨਕ ਸਾਹਿਬ ਦੀ ਦਰਸਾਈ ਵਿਚਾਰ ਪ੍ਰੰਪਰਾ ਹੋਰ ਗੌਰਵਮਈ ਤੇ ਸ਼ਕਤੀਸ਼ਾਲੀ ਬਣ ਗਈ। ਪੰਚਮ ਪਾਤਸ਼ਾਹ ਨੂੰ ਇਹ ਸਾਰੀਆਂ ਸਜ਼ਾਵਾਂ ਭੁਲੜ ਤੇ ਈਰਖਾਵਾਦੀ ਚੰਦੂ ਦੀ ਦੇਖ ਰੇਖ ਵਿਚ ਦਿਤੀਆਂ ਗਈਆਂ।

ਸੂਰਜ ਪ੍ਰਕਾਸ਼ ਵਿਚ ਲਿਖਿਆ ਹੈ :


ਕਰਿ ਚਾਕਰ ਸੋ ਦੇਗ ਉਬਾਰੀ। ਪਕਰੋ ਦੇਹੁ, ਤਿਸੀਂ ਮਹਿ ਭਾਰੀ।
ਤਬਿ ਸਤਿਗੁਰੁ ਉਠਿ ਆਪੇ ਗਏ। ਤਪਤਿ ਨੀਰ ਮਹਿ ਬੈਠਤਿ ਭਏ। (ਪੰਨਾ 2364)

ਇਸ ਤਰ੍ਹਾਂ ਸੁਖਮਨੀ ਸਾਹਿਬ ਦੇ ਕਰਤਾ ਤੇ ਗੁਰੂ ਗ੍ਰੰਥ ਸਾਹਿਬ ਦੇ ਸੰਪਾਦਨ ਕਰਨ ਵਾਲੇ, ਸਿੱਖ ਸੰਗਤ ਨੂੰ ਧੀਰਜ ਤੇ ਸਬਰ ਦਾ ਉਪਦੇਸ਼ ਦੇਣ ਵਾਲੇ, ਇਸ ਪੰਜ ਭੂਤਕ ਸ੍ਰੀਰ ਨੂੰ ਤਿਆਗ ਗਏ। ਪੰਚਮ ਪਾਤਸ਼ਾਹ ਨੇ ਅੰਮ੍ਰਿਤਸਰ ਵਿਖੇ ਗ੍ਰਿਫ਼ਤਾਰੀ ਦੇਣ ਤੋਂ ਪਹਿਲਾਂ, ਗੁਰਤਾਗੱਦੀ ਦੀ ਜ਼ਿੰਮੇਵਾਰੀ ਸ੍ਰੀ ਗੁਰੂ ਹਰਗੋਬਿੰਦ ਜੀ ਨੂੰ ਸੌਂਪ ਕੇ, ਤਾਕੀਦ ਕੀਤੀ ਸੀ:- ''ਬਿਖੜੇ ਸਮੇਂ ਆ ਰਹੇ ਹਨ। ਬਦੀ ਦੀਆਂ ਤਾਕਤਾਂ ਮਨੁੱਖਤਾਂ ਨੂੰ ਹੜਪਣ ਲਈ ਤਿਆਰ ਹਨ... ਜੇ ਜਰਵਾਣੇ ਸ਼ਾਂਤਮਈ ਢੰਗ ਨਾਲ ਨਾ ਸਮਝਣ ਤਾਂ ਜਿਹੜੀ ਬੋਲੀ (ਸ਼ਸਤਰ ਦੀ) ਉਹ ਸਮਝਦੇ ਹਨ, ਉਸ ਨਾਲ ਉਨ੍ਹਾਂ ਨੂੰ ਸਿੱਧੇ ਰਸਤੇ ਪਾਉਣ।'' ਗੁਰੂ ਹਰਗੋਬਿੰਦ ਜੀ ਨੇ ਦੋ ਤਲਵਾਰਾਂ ਮੀਰੀ ਤੇ ਪੀਰੀ ਦੀਆਂ ਪਹਿਨੀਆਂ ਤੇ ਜ਼ੁਲਮ ਦਾ ਟਾਕਰਾ ਸ਼ਸਤਰਾਂ ਨਾਲ ਕਰਨ ਦੀ ਨਵੀਂ ਪ੍ਰੰਪਰਾ ਚਲਾਈ, ਜਿਹੜੀ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਵੇਲੇ ਹੋਰ ਵੀ ਪ੍ਰਚੰਡ ਰੂਪ ਧਾਰ ਗਈ। ਗੁਰੂ ਅਰਜਨ ਦੇਵ ਪਾਤਸ਼ਾਹ ਜੀ ਨੇ ਖ਼ੁਦ ਸ਼ਹੀਦੀ ਦੇ ਕੇ ਉਹ ਸਿੱਖ ਕੌਮ ਵਿਚ ਪਹਿਲੇ ਸ਼ਹੀਦਾਂ ਦਾ ਸਿਰਤਾਜ ਬਣੇ ਤੇ ਇਸ ਤੋਂ ਮਗਰੋਂ ਹੋਰ ਸ਼ਹੀਦੀਆਂ ਦੀ ਪ੍ਰੰਪਰਾ ਚਲਦੀ ਰਹੀ।

ਸੰਪਰਕ : 88720-06924

# ਸ੍ਰੀ ਗੁਰੂ ਨਾਨਕ ਜਹਾਜ਼ (ਕੋਮਾਗਾਟਾ ਮਾਰੂ) ਦੇ ਮੁਸਾਫ਼ਿਰਾਂ ਦੀ ਦਰਦ ਭਰੀ ਕਹਾਣੀ





ਡਾ. ਗੁਰਵਿੰਦਰ ਸਿੰਘ
001-604-825-1550

ਸੰਸਾਰ ਦੇ ਇਤਿਹਾਸ ਵਿੱਚ ਸਮੁੰਦਰੀ ਬੇੜੇ ਕੋਮਾਗਾਟਾ ਮਾਰੂ ਦੇ ਦੁਖਾਂਤ ਦੀ ਘਟਨਾ ਖ਼ਾਸ ਮਹੱਤਵ ਰੱਖਦੀ ਹੈ। ਜਦੋਂ ਨਸਲਵਾਦੀ ਸਰਕਾਰ ਨੇ ਮਨੁੱਖੀ ਹੱਕਾਂ ਦੀਆਂ ਧੱਜੀਆਂ ਉਡਾਉਂਦੇ ਹੋਏ ਸਮੁੰਦਰੀ ਬੇੜੇ ਨੂੰ, ਕੈਨੇਡਾ ਦੀ ਵੈਨਕੂਵਰ ਬੰਦਰਗਾਹ 'ਤੇ ਜਬਰੀ ਰੋਕੀ ਰੱਖਿਆ ਅਤੇ ਮੁਸਾਫਰਾਂ ਨੂੰ ਬਾਹਰ ਨਾ ਨਿਕਲਣ ਦਿੱਤਾ। ਦਰਅਸਲ 109 ਵਰ੍ਹੇ ਪਹਿਲਾਂ ਦੇ ਕੈਨੇਡਾ ਦੀ ਨਸਲੀ ਸਰਕਾਰ ਨੇ 376 ਮੁਸਾਫ਼ਿਰਾਂ ਵਾਲੇ ਸਮੁੰਦਰੀ ਬੇੜੇ 'ਸ੍ਰੀ ਗੁਰੂ ਨਾਨਕ ਜਹਾਜ਼ (ਕੋਮਾਗਾਟਾ ਮਾਰੂ)', ਜਿਸ ਨੂੰ ਉਸ ਦੇ ਜਾਪਾਨੀ ਨਾਂਅ ਕੋਮਾਗਾਟਾ ਮਾਰੂ ਨਾਲ ਹੀ ਜਾਣਿਆ ਜਾਂਦਾ ਹੈ, ਜਬਰੀ ਭਾਰਤ ਵਾਪਸ ਮੋੜ ਦਿੱਤਾ ਸੀ। ਸ੍ਰੀ ਗੁਰੂ ਨਾਨਕ ਜਹਾਜ਼ (ਕੋਮਾਗਾਟਾ ਮਾਰੂ) ਦੇ ਮੁਸਾਫ਼ਰਾਂ ਨੇ ਨਸਲਵਾਦ ਹੰਢਾਇਆ, ਉਹ ਬਸਤੀਵਾਦ ਦੇ ਖਿਲਾਫ ਲੜੇ। ਉਹ ਦੇਸ਼ ਦੇ ਆਜ਼ਾਦੀ ਘੁਲਾਟੀਏ ਸਨ, ਜਿਹਨਾਂ ਨੇ ਵਿਸਾਰਨਾ ਅਕ੍ਰਿਤਘਣਤਾ ਦੀ ਸਿਖਰ ਹੈ। ਦਰਅਸਲ ਸੰਸਾਰ ਦੇ ਇਤਿਹਾਸ ਵਿੱਚ ਸਮੁੰਦਰੀ ਬੇੜੇ ਕੋਮਾਗਾਟਾਮਾਰੂ ਦੇ ਦੁਖਾਂਤ ਦੀ ਘਟਨਾ ਖ਼ਾਸ ਮਹੱਤਵ ਰੱਖਦੀ ਹੈ। ਜਦੋਂ ਨਸਲਵਾਦੀ ਸਰਕਾਰ ਨੇ ਮਨੁੱਖੀ ਹੱਕਾਂ ਦੀਆਂ ਧੱਜੀਆਂ ਉਡਾਉਂਦੇ ਹੋਏ ਸਮੁੰਦਰੀ ਬੇੜੇ ਨੂੰ, ਕੈਨੇਡਾ ਦੀ ਵੈਨਕੂਵਰ ਬੰਦਰਗਾਹ 'ਤੇ ਜਬਰੀ ਰੋਕੀ ਰੱਖਿਆ ਅਤੇ ਮੁਸਾਫਰਾਂ ਨੂੰ ਬਾਹਰ ਨਾ ਨਿਕਲਣ ਦਿੱਤਾ। ਦਰਅਸਲ 108 ਵਰ੍ਹੇ ਪਹਿਲਾਂ ਦੇ ਕੈਨੇਡਾ ਦੀ ਨਸਲੀ ਸਰਕਾਰ ਨੇ 376 ਮੁਸਾਫ਼ਿਰਾਂ ਵਾਲੇ ਸਮੁੰਦਰੀ ਬੇੜੇ 'ਗੁਰੂ ਨਾਨਕ ਜਹਾਜ਼' ਉਸ ਨੂੰ ਜਬਰੀ ਵਾਪਸ ਮੋੜ ਦਿੱਤਾ ਸੀ।

ਇਹ ਸਮੁੰਦਰੀ ਬੇੜਾ ਜਾਪਾਨ ਤੋਂ ਖ਼ਰੀਦਣ ਵਾਲੇ ਬਾਬਾ ਗੁਰਦਿੱਤ ਸਿੰਘ ਸਰਹਾਲੀ ਨੇ ਇਸ ਦਾ ਨਾਂ ਸ੍ਰੀ ਗੁਰੂ ਨਾਨਕ ਜਹਾਜ਼ ਰੱਖਿਆ ਸੀ, ਜਿਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਉਨ੍ਹਾਂ ਆਤਮ-ਕਥਾ (ਜ਼ੁਲਮੀ ਕਥਾ) "ਸ੍ਰੀ ਗੁਰੂ ਨਾਨਕ ਜਹਾਜ਼ (ਕੋਮਾਗਾਟਾ ਮਾਰੂ) ਦੇ ਮੁਸਾਫਿਰਾਂ ਦੀ ਦਰਦ ਭਰੀ ਕਹਾਣੀ" ਵਿੱਚ ਬਿਆਨ ਕੀਤੀ ਹੈ। ਚਾਹੇ ਬਹੁਤ ਸਾਰੇ ਇਤਿਹਾਸਕਾਰਾਂ ਵੱਲੋਂ ਅੱਜ ਵੀ ਜਾਣ-ਬੁੱਝ ਕੇ ਜਾਂ ਅਣਜਾਣੇ ਵਿੱਚ ਇਸ ਨੂੰ ਜਾਪਾਨੀ ਨਾਂਅ ਕੋਮਾਗਾਟਾਮਾਰੂ ਨਾਲ ਹੀ ਜਾਣਿਆ ਜਾਂਦਾ ਹੈ, ਪਰ ਜਹਾਜ਼ ਖ਼ਰੀਦਣ ਮਗਰੋਂ ਇਸ ਦਾ ਨਾਮ ਗੁਰੂ ਨਾਨਕ ਜਹਾਜ਼ ਰੱਖਿਆ ਗਿਆ ਸੀ। ਬਾਬਾ ਗੁਰਦਿੱਤ ਸਿੰਘ ਸਰਹਾਲੀ ਵੱਲੋਂ ਅਣਥੱਕ ਯਤਨਾਂ ਨਾਲ ਇਥੇ ਲਿਆਂਦੇ ਸਮੁੰਦਰੀ ਜਹਾਜ਼ ਦੇ ਮੁਸਾਫ਼ਿਰਾਂ ਨੂੰ 23 ਮਈ 1914 ਤੋਂ ਲੈ ਕੇ 23 ਜੁਲਾਈ 1914 ਤੱਕ ਦੋ ਮਹੀਨੇ ਵੈਨਕੂਵਰ ਦੀ ਬੰਦਰਗਾਹ 'ਤੇ ਬੰਦੀ ਬਣਾਈ ਰੱਖਿਆ। ਜ਼ੁਲਮ-ਸਿਤਮ ਦੀ ਇਹ ਹੱਦ ਸੀ ਕਿ ਮੁਸਾਫ਼ਿਰਾਂ ਨਾਲ ਅਣਮਨੁੱਖੀ ਵਰਤਾਉ ਕੀਤਾ ਗਿਆ ਤੇ ਇਕ ਹੋਰ ਜਹਾਜ਼ ਰਾਹੀਂ ਹਮਲਾ ਕਰਕੇ, ਕੋਮਾਗਾਟਾਮਾਰੂ ਬੇੜੇ ਨੂੰ ਡੋਬਣ ਦੀ ਵੀ ਸਾਜ਼ਿਸ਼ ਰਚੀ ਗਈ।

ਨਸਲੀ ਵਰਤਾਓ ਤੇ ਧੱਕੇਸ਼ਾਹੀ ਕਰਦਿਆਂ ਜਹਾਜ਼ ਨੂੰ ਭਾਰਤ ਵਾਪਸ ਮੋੜ ਦਿੱਤਾ ਗਿਆ, ਜਿਥੇ 28 ਸਤੰਬਰ 1914 ਨੂੰ ਕਲਕੱਤੇ ਦੇ ਬਜਬਜ ਘਾਟ 'ਤੇ ਬ੍ਰਿਟਿਸ਼ ਸਰਕਾਰ ਵੱਲੋਂ ਮੁਸਾਫ਼ਿਰਾਂ 'ਤੇ ਗੋਲੀਆਂ ਵਰ੍ਹਾਈਆਂ ਗਈਆਂ। ਨਤੀਜੇ ਵਜੋਂ 19 ਵਿਅਕਤੀ ਸ਼ਹੀਦ ਹੋ ਗਏ ਤੇ ਅਨੇਕਾਂ ਨੂੰ ਸਖ਼ਤ ਸਜ਼ਾਵਾਂ ਹੋਈਆਂ। ਕੈਨੇਡਾ ਦੀ ਧਰਤੀ 'ਤੇ ਕਾਮਾਗਾਟਾਮਾਰੂ ਦੁਖਾਂਤ ਲਈ ਮੁਆਫ਼ੀ ਦੀ ਮੰਗ ਨਿਰੰਤਰ ਉੱਠਦੀ ਰਹੀ। ਗ਼ਦਰੀ ਬਾਬਿਆਂ ਦੀ ਸੋਚ ਵਿਰੋਧੀ ਨਕਲੀ ਵਾਰਿਸਾਂ ਨੇ ਚਾਹੇ ਮੁਆਵਜ਼ੇ ਤੱਕ ਸਵੀਕਾਰ ਕਰ ਲਏ, ਪਰ ਅਸਲੀ ਵਾਰਸਾਂ ਵੱਲੋਂ ਮੁਆਵਜ਼ੇ ਦੀ ਪੇਸ਼ਕਸ਼ ਠੁਕਰਾ ਕੇ, ਮੁਆਫ਼ੀ ਲਈ ਹੀ ਆਵਾਜ਼ ਉਠਾਈ ਗਈ। ਗ਼ਦਰੀ ਬਾਬਿਆਂ ਦੇ ਮੇਲੇ 'ਚ ਆ ਕੇ ਚਾਹੇ ਸਾਬਕਾ ਪ੍ਰਧਾਨ ਮੰਤਰੀ ਸਟੀਫਨ ਹਾਰਪਰ ਨੇ ਮੁਆਫ਼ੀ ਮੰਗੀ, ਪਰ ਕੈਨੇਡਾ ਦੀ ਪਾਰਲੀਮੈਂਟ 'ਚ ਅਜਿਹਾ ਸੰਭਵ ਨਾ ਹੋਇਆ,ਹਾਲਾਂ ਕਿ ਬ੍ਰਿਟਿਸ਼ ਕੋਲੰਬੀਆ ਦੀ ਸੂਬਾਈ ਵਿਧਾਨ ਸਭਾ 'ਚ ਪਹਿਲਾਂ ਹੀ ਅਜਿਹਾ ਕੀਤਾ ਗਿਆ।ਆਖ਼ਰਕਾਰ ਕੈਨੇਡਾ ਦੀ ਮੌਜੂਦਾ ਲਿਬਰਲ ਸਰਕਾਰ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਵਿਸਾਖੀ ਦੇ ਜਸ਼ਨਾਂ ਮੌਕੇ ਮੁਆਫ਼ੀ ਮੰਗਣ ਲਈ 18 ਮਈ, 2016 ਦੇ ਦਿਨ ਦਾ ਐਲਾਨ ਕਰਕੇ ਨਵਾਂ ਅਧਿਆਇ ਸਿਰਜ ਦਿੱਤਾ, ਜਿਸ ਦਾ ਸਭ ਪਾਸਿਓਂ ਸਵਾਗਤ ਹੋਇਆ। ਕੈਨੇਡਾ ਦੀ ਪਾਰਲੀਮੈਂਟ 'ਚ ਇਤਿਹਾਸਕ ਗ਼ਲਤੀਆਂ 'ਤੇ ਮੁਆਫ਼ੀ ਮੰਗਣ ਅਤੇ ਉਨ੍ਹਾਂ ਤੋਂ ਸਬਕ ਸਿੱਖਣ ਦਾ ਇਹ ਕਦਮ ਇਥੇ ਵਸੇ ਪ੍ਰਵਾਸੀਆਂ ਨੂੰ ਮਾਨਤਾ ਦੇਣ ਦੇ ਸੰਦਰਭ 'ਚ ਖ਼ਾਸ ਮਹੱਤਵ ਰੱਖਦਾ ਹੈ। ਸੰਸਾਰ ਭਰ 'ਚ ਆਮ ਕਰਕੇ ਅਤੇ ਭਾਰਤ 'ਚ ਖ਼ਾਸ ਕਰਕੇ ਕੈਨੇਡਾ ਦੀ ਪਾਰਲੀਮੈਂਟ 'ਚ ਮੁਆਫ਼ੀ ਮੰਗੇ ਜਾਣ ਦੀ ਚਰਚਾ ਕੀਤੀ ਗਈ ਅਤੇ ਇਸ ਸਬੰਧੀ ਵੱਖ -ਵੱਖ ਸਰਕਾਰਾਂ ਨੇ ਬਿਆਨ ਵੀ ਦਰਜ ਕੀਤੇ । ਜਿਥੇ ਇਹ ਚੰਗੀ ਗੱਲ ਸੀ, ਉਥੇ ਇਸ ਤੋਂ ਸਬਕ ਸਿੱਖਣ ਦੀ ਵੀ ਲੋੜ ਹੈ। ਜੇਕਰ ਕੈਨੇਡਾ 'ਚੋਂ ਕਾਮਾਗਾਟਾਮਾਰੂ ਜਹਾਜ਼ ਵਾਪਸ ਮੋੜਿਆ ਗਿਆ, ਤਾਂ ਕੈਨੇਡਾ ਨੇ ਉਸ ਗ਼ਲਤੀ ਦਾ ਸੰਸਦ 'ਚ ਪਛਤਾਵਾ ਕੀਤਾ ਹੈ।

ਜੇਕਰ ਕੈਨੇਡਾ 'ਚੋਂ ਕੋਮਾਗਾਟਾਮਾਰੂ ਜਹਾਜ਼ ਵਾਪਸ ਮੋੜਿਆ ਗਿਆ, ਤਾਂ ਕੈਨੇਡਾ ਨੇ ਉਸ ਗ਼ਲਤੀ ਦਾ ਸੰਸਦ 'ਚ ਪਛਤਾਵਾ ਕੀਤਾ ਹੈ। ਕੈਨੇਡਾ ਤੋਂ ਭਾਰਤ ਪੁੱਜਣ 'ਤੇ ਇਸ ਜਹਾਜ਼ ਦੇ 19 ਮੁਸਾਫ਼ਿਰਾਂ ਨੂੰ ਗੋਲੀਆਂ ਮਾਰ ਕੇ ਸ਼ਹੀਦ ਕੀਤਾ ਗਿਆ, ਇਹ ਉਸ ਤੋਂ ਵੀ ਵੱਡਾ ਦੁਖਾਂਤ ਸੀ। ਕੈਨੇਡਾ ਤੋਂ ਸੇਧ ਲੈ ਕੇ ਭਾਰਤ ਦੀ ਸੰਸਦ 'ਚ ਵੀ ਕਾਮਾਗਾਟਾਮਾਰੂ ਦੇ ਦੁਖਾਂਤ ਸਬੰਧੀ ਮਤਾ ਪੇਸ਼ ਕੀਤਾ ਜਾਣਾ ਬਣਦਾ ਸੀ ਤੇ ਇਸ ਦੇ ਮੁਸਾਫ਼ਿਰਾਂ ਦੀ ਕੁਰਬਾਨੀ ਨੂੰ ਵੀ ਚੇਤੇ ਕੀਤਾ ਜਾਣਾ ਚਾਹੀਦਾ ਸੀ। ਪਰ ਦੁੱਖ ਅਤੇ ਸ਼ਰਮ ਦੀ ਗੱਲ ਇਹ ਹੈ ਕਿ ਭਾਰਤ ਦੀ ਨਾ ਕੇਂਦਰੀ ਸਰਕਾਰ ਤੇ ਨਾ ਹੀ ਪੰਜਾਬ ਦੀ ਸਰਕਾਰ ਨੇ ਗੁਰੂ ਨਾਨਕ ਜਹਾਜ਼ ਦੇ ਮੁਸਾਫ਼ਰਾਂ ਨੂੰ ਯਾਦ ਤੱਕ ਕੀਤਾ। 'ਸ਼ੇਰਾਂ ਦੀਆਂ ਮਾਰਾਂ ਅਤੇ ਗਿੱਦੜਾਂ ਦੀਆਂ ਕਲੋਲਾਂ' ਦੇ ਕਥਨ ਵਾਂਗ ਜਿਨ੍ਹਾਂ ਯੋਧਿਆਂ ਦੀਆਂ ਸ਼ਹੀਦੀਆਂ ਕਰਕੇ ਇਹ ਕੁਰਸੀਆਂ ਮਿਲੀਆਂ, ਉਨ੍ਹਾਂ ਦੇ ਦਿਨ ਵਿਸਾਰ ਕੇ 'ਆਪਣੇ ਸਿਆਸੀ ਆਕਾਵਾਂ' ਦੇ ਸੋਹਲੇ ਗਾਏ ਜਾ ਰਹੇ ਹਨ। ਇਸ ਤੋਂ ਵੱਧ ਮੰਦਭਾਗੀ ਗੱਲ ਕੀ ਹੋ ਸਕਦੀ ਹੈ। ਕੇਂਦਰ ਵਿਚ ਭਾਜਪਾ ਸਰਕਾਰ ਅਤੇ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ, ਵਿਰੋਧੀ ਧਿਰਾਂ ਵਿੱਚ ਕਾਂਗਰਸ ਤੇ ਇੱਥੋਂ ਤੱਕ ਕਿ ਅਕਾਲੀ ਦਲ ਦੇ ਵੱਲੋਂ ਵੀ, ਇਨ੍ਹਾਂ ਯੋਧਿਆਂ ਨੂੰ ਸ਼ਰਧਾਂਜਲੀ ਭੇਟ ਕੀਤੇ ਜਾਣ ਦੀ ਲੋੜ ਨਹੀਂ ਸਮਝੀ ਗਈ। ਕਈ ਵਾਰ ਤਾਂ ਇਉਂ ਜਾਪਦਾ ਹੈ ਕਿ ਗੁਰੂ ਨਾਨਕ ਜਹਾਜ਼ ਕੋਮਾਗਾਟਾ ਮਾਰੂ ਦੇ ਮੁਸਾਫ਼ਰਾਂ ਦੀ ਗੱਲ ਕਰਕੇ ਸਰਕਾਰ ਦਾ ਸਿਆਸੀ ਮੁਫਾਦ ਪੂਰਾ ਨਹੀਂ ਹੁੰਦਾ, ਜਿਸ ਕਰਕੇ ਉਨ੍ਹਾਂ ਨੂੰ ਵਿਸਾਰਿਆ ਗਿਆ ਹੈ, ਜੋ ਕਿ ਇਤਿਹਾਸਕ ਭੁੱਲ ਹੈ। ਇਸ ਗ਼ਲਤ ਦਾ ਦੁੱਖ ਜ਼ਰੂਰ ਮਹਿਸੂਸ ਹੋ ਰਿਹਾ ਹੈ ਕਿ ਸਰਕਾਰ ਦੇ ਨਾਲ-ਨਾਲ ਬਹੁਤਾਤ ਮੀਡੀਏ ਨੇ, ਭਾਰਤੀਆਂ ਨੇ ਅਤੇ ਵਿਸ਼ੇਸ਼ ਕਰਕੇ ਪੰਜਾਬੀਆਂ ਨੇ ਵੀ ਕੋਮਾਗਾਟਾ ਮਾਰੂ ਦੇ ਮੁਸਾਫ਼ਰਾਂ ਨੂੰ ਇਉਂ ਹੀ ਵਿਸਾਰ ਦਿੱਤਾ ਹੈ।

ਭਾਰਤ ਦੀ ਪਾਰਲੀਮੈਂਟ ਜਾਂ ਪੰਜਾਬ ਅਸੈਂਬਲੀ ਵਿਚ ਸ਼ੋਕਮਈ ਮਤੇ ਪਾਸ ਕੀਤੇ ਜਾਣਾ ਤਾਂ ਦੂਰ ਦੀ ਗੱਲ ਹੈ। ਇਉਂ ਇਹ ਸਾਰੇ ਸਿਆਸਤਦਾਨ ਇਤਿਹਾਸ ਦੇ ਦੋਸ਼ੀ ਹਨ। ਗੁਰੂ ਨਾਨਕ ਜਹਾਜ਼ ਕੋਮਾਗਾਟਾ ਮਾਰੂ ਦੇ ਮੁਸਾਫ਼ਰਾਂ ਦੀ ਗੁਨਾਹਗਾਰ ਹਨ। ਕੈਨੇਡਾ ਦੀ ਬ੍ਰਿਟਿਸ਼ ਕੋਲੰਬੀਆ ਵਿਧਾਨ ਸਭਾ ਵਾਂਗ ਪੰਜਾਬ ਦੀ ਵਿਧਾਨ ਸਭਾ 'ਚ ਵੀ ਅਜਿਹਾ ਕਦਮ ਚੁੱਕਿਆ ਜਾਣਾ ਚਾਹੀਦਾ ਸੀ, ਕਿਉਂਕਿ ਕੋਮਾਗਾਟਾਮਾਰੂ ਦੇ ਲਗਪਗ ਸਾਰੇ ਮੁਸਾਫ਼ਿਰ ਅਣਵੰਡੇ ਪੰਜਾਬ ਨਾਲ ਸਬੰਧਤ ਸਨ। ਕੈਨੇਡਾ ਦੀ ਪਹਿਲਕਦਮੀ ਇਹ ਵੀ ਸੁਨੇਹਾ ਦਿੰਦੀ ਹੈ ਕਿ ਜੇਕਰ ਸਰਕਾਰਾਂ ਇਤਿਹਾਸ ਦੀਆਂ ਗ਼ਲਤੀਆਂ ਤੋਂ ਸਬਕ ਲੈ ਕੇ, ਮੁੜ ਗ਼ਲਤੀਆਂ ਨਾ ਦੁਹਰਾਉਣ ਦਾ ਤਹੱਈਆ ਕਰਨ, ਤਾਂ ਇਹ ਸਹੀ ਅਰਥਾਂ 'ਚ ਨਵੀਆਂ ਲੀਹਾਂ ਪਾਉਣ ਦੇ ਬਰਾਬਰ ਹੁੰਦਾ ਹੈ। ਜੇਕਰ ਘੱਲੂਘਾਰਿਆਂ, ਨਸਲਕੁਸ਼ੀਆਂ ਅਤੇ ਦੇਸ਼ ਪੱਧਰੀ ਦੁਖਾਂਤਾਂ ਲਈ ਇਤਿਹਾਸਕ ਗ਼ਲਤੀਆਂ ਦਾ ਪਛਤਾਵਾ ਹੋਵੇ, ਦੋਸ਼ੀਆਂ ਨੂੰ ਸਜ਼ਾਵਾਂ ਮਿਲਣ ਅਤੇ ਘੱਟ-ਗਿਣਤੀਆਂ ਸੁਰੱਖਿਅਤ ਹੋਣ, ਤਦ ਹੀ ਕੋਮਾਗਾਟਾਮਾਰੂ ਦੀ ਕੈਨੇਡਾ 'ਚ ਮੰਗੀ ਮੁਆਫ਼ੀ ਦਾ ਸਾਡੇ ਲੀਡਰਾਂ ਵੱਲੋਂ ਸਵਾਗਤ ਅਰਥ ਰੱਖਦਾ ਹੈ, ਨਹੀਂ ਤਾਂ ਇਹ ਮਹਿਜ਼ ਸਿਆਸੀ ਬਿਆਨਬਾਜ਼ੀ ਤੋਂ ਵੱਧ ਕੁਝ ਨਹੀਂ।

ਸ਼ਹੀਦਾਂ ਨੂੰ ਯਾਦ ਕਰਨ ਅਤੇ ਇਤਿਹਾਸਕ ਗੁਨਾਹਾਂ ਦੀਆਂ ਮੁਆਫ਼ੀਆਂ ਮੰਗਣ ਦੇ ਵਿਚਾਰ ਅਤੇ ਉਪਰਾਲੇ ਸ਼ਲਾਘਾਯੋਗ ਹਨ, ਪਰ ਜ਼ਰੂਰਤ ਇਸ ਗੱਲ ਦੀ ਹੈ ਕਿ ਕਿਤੇ ਵੀ ਮੂਲ ਵਾਸੀ ਲੋਕਾਂ ਜਾਂ ਪ੍ਰਵਾਸੀਆਂ ਨਾਲ ਰੰਗ ਨਸਲ ਜਾਤ ਧਰਮ ਅਤੇ ਬੋਲੀ ਦੇ ਆਧਾਰ ਤੇ ਵਿਤਕਰਾ ਨਹੀਂ ਕੀਤਾ ਜਾਣਾ ਚਾਹੀਦਾ। ਗੁਰੂ ਨਾਨਕ ਜਹਾਜ਼ ਬਨਾਮ ਕੋਮਾਗਾਟਾ ਮਾਰੂ ਦੇ 376 ਮੁਸਾਫਰਾਂ ਵਿੱਚ 337 ਸਿੱਖਾਂ ਤੋਂ ਇਲਾਵਾ ਸਿੱਖਾਂ 12 ਹਿੰਦੂ ਅਤੇ 27 ਮੁਸਲਮਾਨ ਵੀ ਸਵਾਰ ਸਨ, ਪਰ ਸਭ ਨੇ ਆਪੋ -ਆਪਣੇ ਅਕੀਦੇ ਅਤੇ ਧਰਮਾਂ ਨੂੰ ਨਿੱਜੀ ਪੱਧਰ 'ਤੇ ਰੱਖਿਆ ਅਤੇ ਕੈਨੇਡਾ ਦੇ ਨਸਲਵਾਦ ਅਤੇ ਭਾਰਤ ਦੇ ਬਸਤੀਵਾਦ ਖ਼ਿਲਾਫ਼ ਲੜੇ।

ਗੁਰੂ ਨਾਨਕ ਜਹਾਜ਼ (ਕੋਮਾਗਾਟਾ ਮਾਰੂ) ਦੇ ਮੁਸਾਫ਼ਰਾਂ ਦਾ ਸਾਂਝਾ ਸੰਘਰਸ਼ ਇਸ ਗੱਲ ਦਾ ਵੀ ਸੂਚਕ ਹੈ ਕਿ ਭਾਰਤ ਨੂੰ ਬ੍ਰਿਟਿਸ਼ ਬਸਤੀਵਾਦ ਤੋਂ ਆਜ਼ਾਦ ਕਰਵਾਉਣ ਲਈ ਤਾਂ ਸਾਰਿਆਂ ਨੇ ਮਿਲ ਕੇ ਕੁਰਬਾਨੀਆਂ ਕੀਤੀਆਂ, ਪਰ ਹੁਣ ਜਿਸ ਤਰੀਕੇ ਨਾਲ ਘੱਟ ਗਿਣਤੀਆਂ ਨਾਲ ਧੱਕਾ ਹੋ ਰਿਹਾ ਹੈ ਅਤੇ ਉਨ੍ਹਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ, ਇਸ ਤੋਂ ਵੱਡੀ ਦੁਖਦਾਈ ਗੱਲ ਹੋਰ ਕੁੱਝ ਨਹੀਂ ਹੋ ਸਕਦੀ। ਇਹ ਆਜ਼ਾਦੀ ਲਈ ਲੜਨ ਵਾਲੇ ਯੋਧਿਆਂ, ਕੋਮਾਗਾਟਾ ਮਾਰੂ ਜਹਾਜ਼ ਦੇ ਮੁਸਾਫ਼ਰਾਂ ਅਤੇ ਸਮੂਹ ਗ਼ਦਰੀ ਬਾਬਿਆਂ ਨਾਲ ਧਰੋਹ ਵੀ ਹੈ ਅਤੇ ਉਨ੍ਹਾਂ ਦੀ ਸੋਚ ਦਾ ਅਪਮਾਨ ਵੀ। ਨਵ-ਬਸਤੀਵਾਦ ਦੀ ਸਥਾਪਨਾ ਦੀ ਫਾਸ਼ੀਵਾਦੀ ਸੋਚ ਖਿਲਾਫ਼ ਸਭ ਨੂੰ ਇਕੱਠੇ ਹੋਣਾ ਚਾਹੀਦਾ ਹੈ, ਤਦ ਹੀ ਕੋਮਾਗਾਟਾਮਾਰੂ ਦੇ ਮੁਸਾਫਰਾਂ ਨਾਲ ਹੋਏ ਅਨਿਆਂ ਸਬੰਧੀ ਆਵਾਜ਼ ਉਠਾਉਣਾ ਕੋਈ ਅਰਥ ਰੱਖਦਾ ਹੈ, ਨਹੀਂ ਤਾਂ ਆਪਣੇ- ਆਪ ਵਿੱਚ ਇਹ ਦੋਗਲੀ ਨੀਤੀ ਤੋਂ ਵੱਧ ਕੁਝ ਨਹੀਂ ਹੈ। ਬੀਤੇ ਸਮੇਂ ਦਾ ਕੈਨੇਡਾ ਅੱਜ 'ਮਨੁੱਖੀ ਹੱਕਾਂ ਦਾ ਚੈਂਪੀਅਨ' ਅਖਵਾਉਂਦਾ ਹੈ, ਪਰ ਬੀਤੇ ਸਮੇਂ ਦੀ ਬਸਤੀ ਭਾਰਤ ਅੱਜ ਜਿਸ ਦਿਸ਼ਾ ਵਲ ਵੱਧ ਰਿਹਾ ਹੈ, ਉਸ ਦੇ ਨਤੀਜੇ ਅਨੇਕਾਂ ਹੋਰ ਕੋਮਾਗਾਟਾਮਾਰੂ ਦੁਖਾਂਤ ਨੂੰ ਜਨਮ ਦੇ ਸਕਦੇ ਹਨ।

ਨਵ ਬਸਤੀਵਾਦ ਦੀ ਧਾਰਨੀ ਭਾਰਤ ਦੀ ਫਾਸ਼ੀਵਾਦੀ ਸਰਕਾਰ ਵੱਲੋਂ ਆਪਣੇ ਵਿਰੋਧੀਆਂ ਪ੍ਰੋਫ਼ੈਸਰਾਂ, ਐਕਟੀਵਿਸਟਾਂ, ਵਕੀਲਾਂ, ਪੱਤਰਕਾਰਾਂ ਨੂੰ ਜੇਲ੍ਹਾਂ ਚ ਸੁੱਟਿਆ ਜਾ ਰਿਹਾ ਹੈ, ਜੋ ਕਿਸੇ ਹੋਰ ਕੋਮਾਗਾਟਾਮਾਰੂ ਦੇ ਦੁਖਾਂਤ ਤੋਂ ਘੱਟ ਨਹੀਂ। ਸੱਤਾ 'ਤੇ ਕਾਬਜ਼ ਇਹ ਜ਼ਾਲਮ ਲੋਕ ਸਵਰਕਰ ਦੇ ਪੈਰੋਕਾਰ ਤਾਂ ਹਨ, ਪਰ ਗ਼ਦਰੀ ਬਾਬਿਆਂ ਅਤੇ ਗੁਰੂ ਨਾਨਕ ਜਹਾਜ਼ ਦੇ ਮੁਸਾਫ਼ਰਾਂ ਦੇ ਪੈਰੋਕਾਰ ਨਹੀਂ ਹੋ ਸਕਦੇ। ਸਮੁੱਚੇ ਰੂਪ ਵਿਚ ਗੁਰੂ ਨਾਨਕ ਜਹਾਜ਼ ਦੇ ਜਿਨ੍ਹਾਂ ਮੁਸਾਫ਼ਰਾਂ ਨੇ ਸ਼ਹੀਦੀਆਂ ਪਾਈਆਂ, ਉਨ੍ਹਾਂ ਦਾ ਸੁਨਹਿਰੀ ਇਤਿਹਾਸ ਸਦਾ ਮਾਰਗ ਦਰਸ਼ਨ ਕਰਦਾ ਰਹੇਗਾ।

ਕੋਆਰਡੀਨੇਟਰ, ਪੰਜਾਬੀ ਸਾਹਿਤ ਸਭਾ ਮੁੱਢਲੀ (ਰਜਿ.)
ਐਬਟਸਫੋਰਡ, ਕੈਨੇਡਾ

# ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੇ ਕਾਰਨ

ਸਾਹਿਬ ਦਾ ਇਹ ਕਦਮ ਜਿੱਥੇ ਧਰਮ ਦੇ ਨਾਮ 'ਤੇ ਧਾਰਮਿਕ ਅਸਥਾਨਾਂ ਦੁਆਲੇ ਲਗਾਈਆਂ ਧਾਰਮਿਕ ਕੱਟੜਤਾ ਦੀਆਂ ਵਲਗਣਾਂ ਨੂੰ ਤੋੜਨ ਵਾਲਾ ਸੀ, ਉਥੇ ਸਦੀਆਂ ਤੋਂ ਹਿੰਦੂ ਧਰਮ ਦੇ ਵਰਣ-ਆਸ਼ਰਮ ਦੁਆਰਾ ਕੀਤੀ ਜਾਂਦੀ ਮਨੁੱਖਤਾ ਦੀ ਲੁੱਟ ਵਿਰੁੱਧ ਵੰਗਾਰ ਵੀ ਸੀ। ਹਰਿਮੰਦਰ ਦੇ ਚਾਰੇ ਪਾਸੇ ਦਰਵਾਜ਼ੇ ਇਸ ਗੱਲ ਦੇ ਸੂਚਕ ਸਨ ਕਿ ਏਥੇ ਬਿਨਾਂ ਰੰਗ-ਜਾਤ ਭੇਦ ਤੋਂ ਸਭ ਨੂੰ ਗਲੇ ਲਗਾਇਆ ਜਾਵੇਗਾ। ਸਿੱਟੇ ਵਜੋਂ ਆਮ ਭਾਰਤੀ ਪੀੜਤ ਜਨਤਾ ਨੂੰ ਪਹਿਲੀ ਵਾਰ ਇਹ ਅਹਿਸਾਸ ਜਾਗਿਆ ਕਿ ਉਹ ਮਨੁੱਖ ਹੋਣ ਦੇ ਨਾਤੇ ਧਾਰਮਿਕ ਅਸਥਾਨ 'ਤੇ ਵੀ ਜਾ ਸਕਦੇ ਹਨ ਅਤੇ ਪਰਮੇਸ਼ਵਰ ਦਾ ਨਾਮ ਜਪਣ ਦੇ ਅਧਿਕਾਰੀ ਵੀ ਹਨ ਕਿਉਂਕਿ ਭਾਰਤੀ ਧਰਮ ਪ੍ਰਪੰਰਾ ਨੇ ਹੇਠਲੇ ਵਰਣਾਂ ਦੇ ਲੋਕਾਂ ਨੂੰ ਇਸ ਅਧਿਕਾਰ ਤੋਂ ਸੱਖਣਾ ਹੀ ਨਹੀਂ ਸੀ ਰੱਖਿਆ, ਸਗੋਂ ਪ੍ਰਮਾਤਮਾ ਦਾ ਨਾਮ ਜਪਣ ਦੀ ਕੁਤਾਹੀ ਕਰਨ ਜਾਂ ਧਰਮ ਗ੍ਰੰਥ ਦੇ ਦਰਸ਼ਨ ਕਰਨ 'ਤੇ ਸਖ਼ਤ ਸਜ਼ਾਵਾਂ ਦਾ ਭਾਗੀ ਵੀ ਬਣਾ ਦਿੱਤਾ ਸੀ। ਅੰਮ੍ਰਿਤਸਰ ਦੀ ਸਿੱਖ ਧਾਰਮਿਕ ਕੇਂਦਰ ਵਜੋਂ ਸਥਾਪਨਾ ਨਾਲ ਸਿੱਖਾਂ ਨੂੰ ਖਾਸ ਕਰਕੇ ਅਤੇ ਪੰਜਾਬੀਆਂ ਨੂੰ ਆਮ ਕਰਕੇ ਸਾਂਝਾ ਕੇਂਦਰੀ ਸਥਾਨ ਪ੍ਰਾਪਤ ਹੋ ਗਿਆ। ਆਦਿ ਗ੍ਰੰਥ ਦੀ ਸੰਪਾਦਨਾ ਵੇਲੇ ਧਿਆਨ ਵਿਚ ਰੱਖੇ ਪੈਮਾਨੇ ਨੇ ਉਸ ਵੇਲੇ ਦੇ ਨਸਲ ਭੇਦ ਵਿਚ ਉਲਝੇ ਸਮਾਜ ਲਈ ਜਿਥੇ ਇੱਕ ਚੁਣੌਤੀ ਖੜੀ ਕਰ ਦਿੱਤੀ ਸੀ, ਉਥੇ ਸਰਬੱਤ ਦੇ ਭਲੇ ਦਾ ਅਨੋਖਾ ਅਤੇ ਨਿਵੇਕਲਾ ਅਧਿਆਤਮਕ ਮਾਡਲ ਵੀ ਸਾਹਮਣੇ ਲੈ ਆਂਦਾ ਸੀ। ਨਤੀਜੇ ਵਜੋਂ ਸਿੱਖ ਧਰਮ ਲੋਕ-ਮਾਨਸਿਕਤਾ ਵਿਚ ਇਸ ਤਰ੍ਹਾਂ ਉਤਰਿਆ ਕਿ ਹੌਲੀ-ਹੌਲੀ ਸਿੱਖ ਧਰਮ ਇਕ ਲੋਕ ਲਹਿਰ ਬਣ ਗਿਆ। ਲੋਕ ਲਹਿਰ ਦੇ ਨਾਇਕ ਬਾਗ਼ੀ ਰੂਪ ਵਜੋਂ ਮਾਨਤਾ ਪ੍ਰਾਪਤ ਕਰ ਲੈਂਦੇ ਹਨ। ਇਸੇ ਵਿਚੋਂ ਸ਼ਹਾਦਤ ਦੇ ਸੋਮੇ ਫੁੱਟਣੇ ਸੁਭਾਵਿਕ ਗੱਲ ਬਣ ਜਾਂਦੀ ਹੈ। ਗੁਰੂ ਅਰਜਨ ਦੇਵ ਜੀ ਦੋਵੇਂ ਵੱਡੇ ਭਰਾਵਾਂ ਪ੍ਰਿਥੀ ਚੰਦ ਅਤੇ ਮਹਾਂਦੇਵ ਜੀ ਨੂੰ ਬੇਹੱਦ ਪਿਆਰ ਅਤੇ ਸਤਿਕਾਰ ਦਿੰਦੇ ਸਨ, ਪਰ ਉਹ ਦੋਵੇਂ ਪਿਆਰ ਅਤੇ ਸਤਿਕਾਰ ਨੂੰ ਅੱਖੋਂ ਓਹਲੇ ਕਰ ਇਨ੍ਹਾਂ ਪ੍ਰਤੀ ਨਫ਼ਰਤ ਦਾ ਪ੍ਰਗਟਾਅ ਕਰਦੇ ਰਹਿੰਦੇ। ਪ੍ਰਿਥੀ ਚੰਦ ਅੰਦਰੋਂ ਲੋਭ-ਲਾਲਚ ਵਿਚ ਗ੍ਰਸਿਆ ਹੋਇਆ ਸੀ। ਜਿਥੇ ਉਹ ਸੰਸਾਰੀ ਵਸਤਾਂ ਤੇ ਮਾਇਆ ਦੀ ਪਕੜ ਵਿਚ ਸੀ, ਉਥੇ ਚੌਥੇ ਗੁਰੂ ਪਾਤਸ਼ਾਹ ਦਾ ਵੱਡਾ ਪੁੱਤਰ ਹੋਣ ਦੀ ਹਉਮੈ ਨੂੰ ਪਾਲੀ ਬੈਠਾ ਸੀ। ਗੁਰ ਗੱਦੀ ਗੁਰੂ ਅਰਜਨ ਦੇਵ ਜੀ ਨੂੰ ਮਿਲਣ 'ਤੇ ਉਸ ਅੰਦਰ ਈਰਖਾ ਦੇ ਭਾਂਬੜ ਬਲ ਉੱਠੇ ਈਰਖਾ ਦੀ ਅਗਨੀ ਹੋਰ ਵਧੀ ਜਦੋਂ ਗੁਰੂ ਰਾਮਦਾਸ ਜੀ ਦੇ ਭੋਗ 'ਤੇ ਬਾਬਾ ਸ੍ਰੀ ਚੰਦ ਵੱਲੋਂ ਦੋ ਪੱਗਾਂ ਭੇਜੀਆਂ। ਇਸ ਗੱਲ ਦਾ ਪ੍ਰਗਟਾ ਬੰਸਾਵਲੀ ਨਾਮੇ ਵਿਚ ਇਸ ਤਰ੍ਹਾਂ ਕੀਤਾ ਹੋਇਆ ਹੈ: ਸਿਰੀ ਚੰਦ ਸਾਹਿਬ ਜੀ ਪੱਗ ਭਿਜਵਾਈ ਇਕ ਪ੍ਰਿਥੀ ਨੂੰ, ਇਕ ਅਰਜਨ ਨੂੰ ਆਈ ਮਰਨੇ ਕੀ ਪੱਗ ਪ੍ਰਿਥੀਏ ਬੱਧੀ, ਗੁਰਿਆਈ ਪੱਗ ਗੁਰੂ ਅਰਜਨ ਬੱਧੀ। ਪ੍ਰਿਥੀ ਚੰਦ ਨੇ ਗੁਰ ਗੱਦੀ ਹਾਸਲ ਕਰਨ ਲਈ ਹਰ ਤਰੀਕਾ ਵਰਤਿਆ ਮਸੰਦਾਂ, ਗੁਰੂਆਂ ਦੋਖੀਆਂ ਅਤੇ ਰਾਜ ਦੇ ਕਰਮਚਾਰੀਆਂ ਨੂੰ ਲਾਲਚ ਦੇ ਕੇ ਆਪਣੇ ਹੱਕ ਵਿਚ ਕਰਨ ਲਈ ਹਰ ਹਰਬਾ ਵਰਤਿਆ, ਪਰ ਸਫਲਤਾ ਨਾ ਮਿਲੀ। ਗੁਰੂ ਅਰਜਨ ਪਾਤਸ਼ਾਹ ਵਲ ਸਿੱਖਾਂ ਨੇ ਵਹੀਰਾਂ ਘਤ ਲਈਆਂ। ਪ੍ਰਿਥੀ ਚੰਦ ਦਾ ਵਿਰੋਧ ਹੋਰ ਵੀ ਤੇਜ਼ ਹੋ ਗਿਆ। ਪ੍ਰਿਥੀ ਚੰਦ ਨੇ ਸੁਲਹੀ ਖ਼ਾਨ ਜੋ ਉਸ ਦਾ ਦੋਸਤ ਅਤੇ ਬਾਦਸ਼ਾਹ ਅਕਬਰ ਦਾ ਮੁਲਾਜ਼ਮ ਸੀ, ਨੂੰ ਗੁਰੂ ਅਰਜਨ ਦੇਵ ਜੀ ਨੂੰ ਡਰਾਉਣ ਲਈ ਮਨਾ ਲਿਆ। ਉਹ ਪ੍ਰਿਥੀ ਚੰਦ ਦੇ ਚੁੱਕਣ ਉਤੇ ਕਰ ਵਸੂਲਣ ਦੇ ਬਹਾਨੇ ਅੰਮ੍ਰਿਤਸਰ ਵਲ ਵਧਿਆ। ਰਾਤ ਉਹ ਪ੍ਰਿਥੀ ਚੰਦ ਕੋਲ ਰੁਕ ਗਿਆ। ਪਰ ਸਵੇਰੇ ਪ੍ਰਿਥੀ ਚੰਦ ਦੇ ਭੱਠੇ ਦੀ ਅੱਗ ਵਿਚ ਸੜ ਕੇ ਮਰ ਗਿਆ। ਸੁਲਹੀ ਖ਼ਾਨ ਦੇ ਮਰਨ ਨਾਲ ਪ੍ਰਿਥੀ ਚੰਦ ਨੂੰ ਬਹੁਤ ਤਕੜਾ ਧੱਕਾ ਵੱਜਿਆ। ਪਰ ਇਸ ਧੱਕੇ ਨੂੰ ਉਹ ਇਸ ਆਸ 'ਤੇ ਸਹਿਣ ਕਰ ਗਿਆ ਕਿ ਗੁਰੂ ਅਰਜਨ ਦੇਵ ਜੀ ਦੇ ਘਰ ਕੋਈ ਸੰਤਾਨ ਨਹੀਂ ਸੀ। ਇਸ ਕਰਕੇ ਗੁਰ-ਗੱਦੀ ਮੁੜ ਕੇ ਉਸ ਦੇ ਘਰ ਵਿਚ ਆ ਜਾਣ ਦੀ ਆਸ ਸੀ ਕਿਉਂਕਿ ਗੁਰੂ ਅਰਜਨ ਦੇਵ ਜੀ ਉਸ ਦੇ ਬੇਟੇ ਮਿਹਰਬਾਨ ਨੂੰ ਬਹੁਤ ਪਿਆਰ ਕਰਦੇ ਸਨ। ਪਰ ਉਸ ਦੀ ਇਸ ਆਸ ਤੋਂ ਉਸ ਵੇਲੇ ਬੂਰ ਝੜ ਗਿਆ ਜਦੋਂ 1595 ਈ. ਨੂੰ ਬਾਲ ਹਰਿਗੋਬਿੰਦ ਦਾ ਜਨਮ ਹੋ ਗਿਆ। ਪ੍ਰਿਥੀ ਚੰਦ ਲਈ ਇਹ ਅਸਹਿ ਸਦਮਾ ਸੀ। ਪ੍ਰਿਥੀ ਚੰਦ ਨੇ ਹੁਣ ਹਾਰੇ ਹੋਏ ਜੁਆਰੀਏ ਵਾਂਗ ਅੰਤਿਮ ਦਾਅ ਖੇਡਦਿਆਂ, ਦਾਈ ਰਾਹੀਂ ਬੱਚੇ ਨੂੰ ਜ਼ਹਿਰ ਦੇਣ ਦੀ ਕੋਸ਼ਿਸ਼ ਕੀਤੀ ਪਰ ਉਸ ਦੀ ਚਾਲ ਪੂਰੀ ਨਾ ਹੋਈ। ਸੱਪ ਤੋਂ ਡਸਾਉਣ ਦੀ ਕੋਸ਼ਿਸ਼ ਵੀ ਅਸਫਲ ਰਹੀ। ਦਹੀਂ ਵਿੱਚ ਜ਼ਹਿਰ ਪਾ ਕੇ ਖਵਾਉਣ ਲਈ ਰਸੋਈਏ ਨੂੰ ਵੱਢੀ ਦਿੱਤੀ ਪਰ ਬੱਚੇ ਨੂੰ ਹਾਨੀ ਨਾ ਹੋਈ ਸਗੋਂ ਰਸੋਈਆ ਸੂਲ ਹੋ ਕੇ ਮਰ ਗਿਆ। ਇਨ੍ਹਾਂ ਸਾਰੀਆਂ ਗੱਲਾਂ ਦਾ ਪਤਾ ਸਿੱਖ ਸੰਗਤ ਨੂੰ ਲੱਗ ਗਿਆ ਅਤੇ ਉਹ ਪ੍ਰਿਥੀ ਚੰਦ ਨੂੰ ਨਫਰਤ ਕਰਨ ਲੱਗੇ ਪਰ ਉਹ ਹਰਕਤਾਂ ਤੋਂ ਬਾਜ ਨਾ ਆਇਆ ਅਤੇ ਲਗਾਤਾਰ ਗੁਰੂ ਪਾਤਸ਼ਾਹ ਦੀ ਸ਼ਿਕਾਇਤ ਮੁਗਲ ਦਰਬਾਰੇ ਭੇਜਦਾ ਰਿਹਾ। ਅਕਬਰ ਤੱਕ ਉਸਦੀ ਕੋਈ ਚਾਲ ਸਫਲ ਨਾ ਹੋਈ ਪਰ ਜਹਾਂਗੀਰ ਦੇ ਗੱਦੀ 'ਤੇ ਬੈਠਣ ਨਾਲ ਸਮਾਂ ਉਸ ਵਲ ਤਬਦੀਲ ਹੋਣ ਲੱਗਾ। ਅਕਬਰ ਬਾਦਸ਼ਾਹ ਦੀ ਮੌਤ ਤੋਂ ਬਾਅਦ ਉਸ ਦੀ ਸਹਿਨਸ਼ੀਲਤਾ ਦੀ ਨੀਤੀ ਵੀ ਉਸ ਦੀ ਕਬਰ ਵਿੱਚ ਦਫਨ ਕਰ ਦਿੱਤੀ ਗਈ। ਉਸ ਦਾ ਵੱਡਾ ਬੇਟਾ ਸਲੀਮ ਜਹਾਂਗੀਰ ਦੇ ਲਕਬ ਨਾਲ ਰਾਜ ਗੱਦੀ 'ਤੇ ਬੈਠਾ। ਉਹ ਕੱਟੜ ਸੁੰਨੀ ਮੁਸਲਮਾਨ ਸੀ ਅਤੇ ਗੈਰ-ਧਰਮੀਆਂ ਨੂੰ ਸਖਤ ਨਫ਼ਰਤ ਕਰਦਾ ਸੀ। ਪਿਤਾ ਦੀ ਨਿਮਰਤਾ ਅਤੇ ਮਾਤਾ ਦੇ ਗੁਣ ਉਸਨੇ ਗ੍ਰਹਿਣ ਨਹੀਂ ਸਨ ਕੀਤੇ ਜਾਂ ਕਟੜਪੰਥੀ ਮੁਸਲਮਾਨਾਂ ਨੇ ਗ੍ਰਹਿਣ ਕਰਨ ਨਹੀਂ ਸਨ ਦਿੱਤੇ। ਉਸ ਦੇ ਮਨ ਵਿਚ ਕੁੱਟ-ਕੁੱਟ ਕੇ ਕਾਫਰਾਂ ਪ੍ਰਤੀ ਨਫ਼ਰਤ ਭਰ ਦਿੱਤੀ ਸੀ। ਇਸ ਲਈ ਉਸ ਨੇ ਆਪਣੀ ਧਾਰਮਿਕ ਨੀਤੀ ਅਜਿਹੀ ਬਣਾਈ ਜਿਹੜੀ ਗੈਰ-ਮੁਸਲਿਮ ਧਰਮੀਆਂ ਲਈ ਸਮੱਸਿਆ ਬਣਨੀ ਹੀ ਸੀ ਅਤੇ ਇਸ ਗੱਲ ਦਾ ਪ੍ਰਗਟਾਵਾ ਉਸ ਨੇ ਖੁਦ ਆਪਣੀ ਸਵੈ-ਜੀਵਨੀ ਤੁਜ਼ਕੇ-ਜਹਾਂਗੀਰੀ ਵਿਚ ਕੀਤਾ ਹੋਇਆ ਹੈ। ਉਹ ਲਿਖਦਾ ਹੈ: ''ਗੋਇੰਦਵਾਲ ਜੋ ਬਿਆਸ ਦਰਿਆ ਦੇ ਕੰਢੇ ਤੇ ਹੈ ਪੀਰ ਦਾ ਭੇਸ ਧਾਰ ਕੇ ਅਰਜਨ ਮਲ ਨਾਂ ਦਾ ਇਕ ਹਿੰਦੂ ਰਹਿੰਦਾ ਹੈ। ਉਸ ਨੇ ਆਪਣੇ ਤੌਰ- ਤਰੀਕਿਆਂ ਨਾਲ ਬਹੁਤ ਸਾਰੇ ਹਿੰਦੂਆਂ ਅਤੇ ਇਸਲਾਮ ਦੇ ਜਾਹਲ ਤੇ ਮੂਰਖ ਲੋਕਾਂ ਉਤੇ ਡੋਰੇ ਪਾ ਰੱਖੇ ਹਨ। ਉਸ ਨੇ ਮਹਾਨ ਅਧਿਆਤਮਕ ਅਤੇ ਸੰਸਾਰਿਕ ਨੇਤਾ ਹੋਣ ਦਾ ਢੌਂਗ ਰਚਾ ਰੱਖਿਆ ਹੈ। ਉਹ ਉਸ ਨੂੰ ਗੁਰੂ ਕਹਿੰਦੇ ਹਨ ਅਤੇ ਹਰ ਪਾਸੇ ਤੋਂ ਮੂਰਖ ਲੋਕ ਉਸ ਦੀ ਪੂਜਾ ਕਰਨ ਲਈ ਆਉਂਦੇ ਹਨ ਤੇ ਉਸ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਕਰਦੇ ਹਨ। ਤਿੰਨ ਜਾਂ ਚਾਰ ਪੀੜ੍ਹੀਆਂ ਤੋਂ ਉਨ੍ਹਾਂ ਦੀ ਇਹ ਝੂਠ ਦੀ ਦੁਕਾਨ ਸਰਗਰਮ ਹੈ। ਬਹੁਤ ਚਿਰ ਤੋਂ ਮੇਰੇ ਮਨ ਵਿੱਚ ਇਹ ਵਿਚਾਰ ਆ ਰਿਹਾ ਹੈ ਕਿ ਇਸ ਝੂਠ ਦੀ ਦੁਕਾਨ ਨੂੰ ਬੰਦ ਕਰ ਦੇਵਾਂ ਜਾਂ ਇਸਲਾਮ ਦੇ ਝੰਡੇ ਥੱਲੇ ਲੈ ਆਵਾਂ।'' ਉਪਰੋਕਤ ਤੋਂ ਸਪਸ਼ਟ ਹੈ ਕਿ ਗੁਰੂ ਜੀ ਦਾ ਰਸੂਖ਼ ਬਹੁਤ ਵਧ ਰਿਹਾ ਸੀ। ਹਿੰਦੂ ਅਤੇ ਮੁਸਲਮਾਨ ਦੋਵੇਂ ਹੀ ਸਿੱਖ ਬਣ ਰਹੇ ਸਨ। ਇਸਲਾਮੀ ਰਾਜ ਵਿਚ ਮੁਸਲਮਾਨ ਦਾ ਧਰਮ ਬਦਲਣਾ ਬਹੁਤ ਵੱਡਾ ਗੁਨਾਹ ਹੈ, ਇਹ ਗੁਨਾਹ ਭਾਵੇਂ ਛੋਟੇ ਪੈਮਾਨੇ 'ਤੇ ਹੋਵੇ, ਗੁਰੂ ਪਾਤਸ਼ਾਹ ਕਰ ਰਹੇ ਸਨ। ਇਸ ਕਰਕੇ ਜਹਾਂਗੀਰ ਇਸ 'ਦੁਕਾਨ' ਨੂੰ ਬੰਦ ਕਰਨਾ ਚਾਹੁੰਦਾ ਸੀ, ਉਹ ਕੇਵਲ ਗੁਰੂ ਅਰਜਨ ਜੀ ਨੂੰ ਹੀ ਘ੍ਰਿਣਾ ਨਹੀਂ ਸੀ ਕਰਦਾ, ਸਗੋਂ ਚਾਰ ਪੀੜ੍ਹੀਆਂ ਤੋਂ ਚਲੀ ਆ ਰਹੀ ਗੁਰ-ਗੱਦੀ ਨੂੰ ਵੀ 'ਝੂਠ ਦੀ ਦੁਕਾਨ' ਸਮਝਦਾ ਸੀ। ਪਰ ਉਸ ਨੇ ਆਪਣੀ ਇਹ ਰਾਏ ਮੁੱਲਾਂ-ਮੁਲਾਣਿਆਂ ਜਾਂ ਗੁਰੂ-ਨਿੰਦਕਾਂ ਤੋਂ ਸੁਣ-ਸੁਣ ਕੇ ਹੀ ਬਣਾਈ ਸੀ। ਉਹ ਇਨ੍ਹਾਂ ਦੀਆਂ ਗੱਲਾਂ ਵਿੱਚ ਆਉਣ ਕਾਰਨ ਅੱਗ-ਬਬੂਲਾ ਹੋਈ ਫਿਰਦਾ ਸੀ ਅਤੇ ਅਜਿਹੇ ਮੌਕੇ ਦੀ ਉਡੀਕ ਵਿਚ ਸੀ ਜਦੋਂ ਉਹ ਗੁਰੂ ਸਾਹਿਬ ਨੂੰ ਇਸ ਦੀ ਬਣੀ ਸਜ਼ਾ ਦੇ ਸਕੇ। ਇਸਲਾਮ ਧਰਮ ਦੇ ਭਰਾਤਰੀ ਭਾਵ ਅਤੇ ਰੱਬੀ ਪਿਆਰ ਵਰਗੇ ਸੰਦੇਸ਼ ਜਦੋਂ ਇਸਲਾਮੀ ਕੱਟੜਤਾ ਦੀ ਭੇਟ ਚੜ੍ਹ ਗਏ ਤਾਂ ਇਸ ਦੇ ਵਿਰੋਧ ਵਿਚ ਸੂਫੀਵਾਦ ਨਾਂ ਦੀ ਇਕ ਲਹਿਰ ਚੱਲੀ, ਜਿਸ ਨੇ ਕੱਟੜਤਾ ਦੀ ਹਨ੍ਹੇਰੀ ਨੂੰ ਠੱਲ੍ਹ ਪਾਉਣ ਦਾ ਯਤਨ ਕੀਤਾ। ਇਸ ਲਹਿਰ ਦਾ ਬਾਨੀ ਅਬੂ ਹਾਸ਼ਮ ਕੂਫੀ ਸੀ ਜੋ ਕੂਫ ਸ਼ਹਿਰ ਦਾ ਵਸਨੀਕ ਸੀ। ਇਸ ਲਹਿਰ ਦੇ ਪੈਰੋਕਾਰ ਹਰ ਮਜ਼੍ਹਬ, ਹਰ ਬੰਦੇ ਵਿਚ ਅੱਲ੍ਹਾ ਦੇ ਦੀਦਾਰੇ ਕਰਦੇ। ਹਿੰਦੁਸਤਾਨ ਦੀ ਧਰਤੀ 'ਤੇ ਇਹ ਲਹਿਰ ਨੌਵੀਂ ਸਦੀ ਤਕ ਪਹੁੰਚੀ। ਪਰ ਇੱਥੇ ਪਹੁੰਚਣ ਤਕ ਇਹ ਲਹਿਰ ਕਈ ਹਿੱਸਿਆਂ ਵਿਚ ਵੰਡੀ ਗਈ ਸੀ। ਜਿਨ੍ਹਾਂ ਨੂੰ ਸਿਲਸਲੇ ਦਾ ਨਾਂ ਦਿੱਤਾ ਗਿਆ ਸੀ। ਇਨ੍ਹਾਂ ਵਿਚ ਪ੍ਰਮੁੱਖ ਸਿਲਸਿਲੇ ਸਨ ਸੁਹਰਾਵਰਦੀ, ਚਿਸ਼ਤੀ, ਕਾਦਰੀ ਅਤੇ ਨਕਸ਼ਬੰਦੀ। ਇਨ੍ਹਾਂ ਸਿਲਸਿਲਿਆਂ ਦੇ ਸਿੱਖ ਧਰਮ ਨਾਲ ਪਿਆਰ ਅਤੇ ਵਿਰੋਧ ਵਾਲੇ ਦੋਵੇਂ ਸਬੰਧ ਰਹੇ ਹਨ। ਚਿਸ਼ਤੀ ਸਿਲਸਿਲੇ ਦੇ ਦੈਵੀ ਫਕੀਰ ਬਾਬਾ ਫਰੀਦ ਜੀ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਹਿੱਸਾ ਹੈ। ਕਾਦਰੀ ਸਿਲਸਿਲੇ ਦੇ ਫਕੀਰ ਸਾਈਂ ਮੀਆਂ ਮੀਰ ਨੇ ਗੁਰੂ ਪੰਚਮ ਪਾਤਸ਼ਾਹ ਦੇ ਹੁਕਮਾਂ ਨਾਲ ਹਰਿਮੰਦਰ ਸਾਹਿਬ ਦੀ ਨੀਂਹ ਹੀ ਨਹੀਂ ਸੀ ਰੱਖੀ ਸਗੋਂ ਜਹਾਂਗੀਰ ਦੁਆਰਾ ਸ੍ਰੀ ਗੁਰੂ ਅਰਜਨ ਪਾਤਸ਼ਾਹ 'ਤੇ ਕੀਤੇ ਜ਼ੁਲਮਾਂ ਕਰਕੇ ਉਸ ਨੂੰ ਹਮੇਸ਼ਾ ਹਮੇਸ਼ਾ ਲਈ ਦੁਰਕਾਰ ਵੀ ਦਿੱਤਾ ਸੀ। ਪਰ ਨਕਸ਼ਬੰਦੀ ਸਿਲਸਿਲੇ ਦਾ ਰੋਲ ਬਹੁਤ ਹੀ ਨਾਂਹ- ਪੱਖੀ ਸੀ ਅਤੇ ਇਸ ਸਿਲਸਿਲੇ ਨੇ ਪੰਚਮ ਪਾਤਸ਼ਾਹ ਹਜ਼ੂਰ ਅਤੇ ਨੌਵੇਂ ਪਾਤਸ਼ਾਹ ਹਜ਼ੂਰ ਦੀ ਸ਼ਹਾਦਤ ਲਈ ਅਹਿਮ ਭੂਮਿਕਾ ਨਿਭਾ ਕੇ ਸਿੱਖ ਇਤਿਹਾਸ ਵਿਚ ਆਪਣੇ-ਆਪ ਨੂੰ ਹਮੇਸ਼ਾ ਲਈ ਕਲੰਕਤ ਕਰ ਲਿਆ ਸੀ। ਸਮੁੱਚੀ ਸਿੱਖ ਕੌਮੀਅਤ ਅੱਜ ਬਾਬਾ ਫਰੀਦ ਅਤੇ ਸਾਈਂ ਮੀਆਂ ਮੀਰ ਨੂੰ ਨਤਮਸਤਕ ਕਰਦੀ ਹੈ ਪਰ ਨਕਸ਼- ਬੰਦੀ ਸਿਲਸਲੇ ਪ੍ਰਤੀ ਨਫ਼ਰਤ ਉਨ੍ਹਾਂ ਦੇ ਮਨ ਦਾ ਹਿੱਸਾ ਹੋ ਚੁੱਕੀ ਹੈ। ਨਕਸ਼ਬੰਦੀ ਸਿਲਸਿਲੇ ਨੇ ਸੂਫੀਵਾਦ ਦੇ ਨਿਮਰਤਾ ਅਤੇ ਪਿਆਰ ਦੇ ਗੁਣਾਂ ਨੂੰ ਤਿਲਾਂਜਲੀ ਦੇ ਦਿੱਤੀ ਅਤੇ ਕੱਟੜਤਾ ਨੂੰ ਹੀ ਆਪਣਾ ਧਰਮ ਪ੍ਰਵਾਨ ਕਰ ਲਿਆ ਸੀ। ਆਪਣੀ ਕੱਟੜਤਾ ਦੀ ਇਸ ਅਗਨੀ ਵਿਚ ਉਹ ਕੁੱਲ 'ਕਾਫਰਾਂ' ਨੂੰ ਫਨਾਹ ਕਰਨ ਹਿਤ ਤਾਕਤ ਲਈ ਅੱਲ੍ਹਾ ਅੱਗੇ ਅਰਜੋਈਆਂ ਵੀ ਕਰਦੇ ਸਨ ਅਤੇ ਹਾਕਮਾਂ ਨੂੰ ਗੈਰ ਧਰਮੀਆਂ ਨੂੰ ਖਤਮ ਕਰਨ ਦਾ ਸੰਦੇਸ਼ ਵੀ ਦਿੰਦੇ ਸਨ। ਨਫਰਤ ਦੇ ਇਸ ਕਰਮ ਦਾ ਸਿਖਰ ਸ਼ੇਖ ਅਹਿਮਦ ਸਰਹਿੰਦੀ ਦਾ ਵੇਲਾ ਸੀ। ਉਹ ਮੁਜ਼ੱਦਦ ਅਲਫਿਸਾਨੀ (ਹਜ਼ਾਰਾਂ ਯੁੱਗਾਂ ਦਾ ਸੁਧਾਰਕ) ਦਾ ਖਿਤਾਬ ਧਾਰਨ ਕਰਕੇ ਪਿਛਾਹਖਿਚੂ ਸ਼ਕਤੀਆਂ ਦਾ ਆਗੂ ਬਣ ਬੈਠਾ ਸੀ। ਉਸ ਦੀ ਇੱਛਾ ਸੀ ਕਿ ਸਭ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਮਾਮਲਿਆਂ ਦਾ ਨਿਪਟਾਰਾ ਪੁਰਾਤਨ ਸੁੰਨੀ ਅਸੂਲਾਂ ਅਨੁਸਾਰ ਕੀਤਾ ਜਾਵੇ। ਅਕਬਰ ਦਾ ਦੀਨ-ਈਲਾਹੀ, ਹਿੰਦੂਆਂ ਨਾਲ ਵਿਆਹ ਸਬੰਧ ਅਤੇ ਉਨ੍ਹਾਂ ਦੇ ਤਿਥਾਂ ਤਿਉਹਾਰਾਂ ਵਿਚ ਉਸ ਦੀ ਸ਼ਮੂਲੀਅਤ ਨੂੰ ਉਹ ਇਸਲਾਮ ਵਾਸਤੇ ਖਤਰਾ ਤਸੱਵਰ ਕਰਦਾ ਸੀ। ਇਕ ਅਜਿਹਾ ਖਤਰਾ ਜੋ ਇਲਸਾਮੀ ਰਾਜ ਅਤੇ ਇਸਲਾਮੀ ਧਰਮ ਨੂੰ ਹਿੰਦੁਸਤਾਨ ਵਿਚੋਂ ਖਤਮ ਕਰ ਸਕਦਾ ਸੀ। ਸ਼ੇਖ ਅਹਿਮਦ ਸਰਹਿੰਦੀ ਲਿਖਦਾ ਹੈ: ਕਾਫਰਾਂ ਨੂੰ ਸਮਾਜ ਵਿਚ ਸ਼ਾਮਲ ਕਰਨਾ, ਆਪਣੇ ਨਾਲ ਬਠਾਉਣਾ ਤੇ ਇਨ੍ਹਾਂ ਨਾਲ ਗੱਲਬਾਤ ਕਰਨਾ ਵੀ ਇਕ ਤਰ੍ਹਾਂ ਨਾਲ ਉਨ੍ਹਾਂ ਦੀ ਇੱਜ਼ਤ ਕਰਨ ਦੇ ਤੁੱਲ ਹੈ, ਜੋ ਨਹੀਂ ਹੋਣੀ ਚਾਹੀਦੀ। ਸੱਚ ਤਾਂ ਇਹ ਹੈ ਕਿ ਇਨ੍ਹਾਂ ਕਾਫਰਾਂ ਨੂੰ ਕੁੱਤਿਆਂ ਦੀ ਤਰ੍ਹਾਂ ਦੂਰੇ-ਦੂਰੇ ਕਰਦੇ ਰਹਿਣਾ ਚਾਹੀਦਾ ਹੈ। ਸ੍ਰੀ ਗੁਰੂ ਅਰਜਨ ਪਾਤਸ਼ਾਹ ਵੇਲੇ ਪੰਜਾਬ ਦੀ ਸਾਰੀ ਧਰਤੀ 'ਤੇ 'ਗੁਰ ਮਹਿਮਾ ਦਾ ਗਾਇਨ' ਸੀ। ਸਿੱਖ ਧਰਮ ਦਾ ਪ੍ਰਭਾਵ ਇੱਥੋਂ ਤਕ ਵੱਧ ਗਿਆ ਕਿ ਪੰਜਾਬੀ ਮਾਨਸਿਕਤਾ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ 'ਸੱਚੇ ਪਾਤਸ਼ਾਹ' ਵਜੋਂ ਪ੍ਰਵਾਨ ਕਰ ਲਿਆ ਸੀ। ਇਹ ਸਮਾਂ ਸੀ ਜਦੋਂ ਗੁਰੂ ਸਾਹਿਬ ਦੀ ਅਗਵਾਈ ਵਿਚ ਸਿੱਖਾਂ ਦੀ ਗਿਣਤੀ ਬੜੀ ਤੇਜ਼ੀ ਨਾਲ ਵੱਧਣ ਲਗ ਪਈ। ਇਸ ਲੋਕ ਪਿਆਰ ਨੇ ਗੁਰੂਘਰ ਪ੍ਰਤੀ ਈਰਖਾ ਅਤੇ ਸਾੜੇ ਦੀ ਭਾਵਨਾ ਵੀ ਭਰ ਦਿੱਤੀ ਸੀ। ਇਸਲਾਮੀ ਰਾਜ ਵਿਚ ਕਾਫਰ ਧਰਮ ਦਾ ਪ੍ਰਕਾਸ਼ ਨਕਸ਼ਬੰਦੀਆਂ ਲਈ ਕਿਆਮਤ ਦੇ ਦਿਨਾਂ ਵਰਗਾ ਸੀ। ਪਰ ਅਕਬਰ ਦੀ ਨੀਤੀ ਕਾਰਨ ਉਹ ਕੁਝ ਵੀ ਕਰਨ ਤੋਂ ਅਸਮਰਥ ਸਨ। 1605 ਈਸਵੀ ਨੂੰ ਹਿੰਦੁਸਤਾਨ ਦੇ ਬਾਦਸ਼ਾਹ ਅਕਬਰ ਦੀ ਮੌਤ ਹੋ ਜਾਂਦੀ ਹੈ ਅਤੇ ਜਹਾਂਗੀਰ ਗੱਦੀ-ਨਸ਼ੀਨ ਹੁੰਦਾ ਹੈ। ਜਹਾਂਗੀਰ ਨਕਸ਼ਬੰਦੀਆਂ ਦੇ ਪ੍ਰਭਾਵ ਹੇਠ ਸੀ ਕਿਉਂਕਿ ਗੱਦੀ ਹਾਸਲ ਕਰਨ ਵਿਚ ਨਕਸ਼ਬੰਦੀਆਂ ਨੇ ਅਹਿਮ ਰੋਲ ਅਦਾ ਕੀਤਾ ਸੀ। ਇਸ ਲਈ ਇਨ੍ਹਾਂ ਦੇ ਪ੍ਰਭਾਵ ਨੂੰ ਗ੍ਰਹਿਣ ਕਰਦਿਆਂ ਉਸ ਨੇ ਕੱਟੜਪੁਣੇ ਦੀ ਤਲਵਾਰ ਨੂੰ ਤੇਜ਼ ਕਰ ਦਿੱਤਾ। ਸਿੱਟੇ ਵਜੋਂ ਉਨ੍ਹਾਂ ਸਾਰੇ ਲੋਕਾਂ ਦੇ ਚਿਹਰੇ 'ਤੇ ਮੁਸਕਾਨ ਆ ਗਈ ਸੀ ਜਿਹੜੇ ਸਿੱਖ ਧਰਮ ਦੀ ਵਧਦੀ ਲਹਿਰ ਦੇ ਵਿਰੋਧੀ ਸਨ ਅਤੇ ਇਨ੍ਹਾਂ ਵਿੱਚ ਸਭ ਤੋਂ ਵੱਡੀ ਭੂਮਿਕਾ ਨਕਸ਼ਬੰਦੀ ਸਿਲਸਿਲਾ ਨਿਭਾਅ ਰਿਹਾ ਸੀ। ਉਸ ਨੇ ਹੁਣ ਸਿੱਖ ਧਰਮ ਨੂੰ ਤਕੜੇ ਹੱਥੀਂ ਨਜਿੱਠਣ ਦਾ ਮਨ ਬਣਾਇਆ ਅਤੇ ਇਸਲਾਮਕ ਫਤਵਿਆਂ ਨੂੰ ਆਪਣੀ ਰੰਗਤ ਦੇ ਕੇ ਸ਼ਾਹੀ ਫੁਰਮਾਨ ਵਜੋਂ ਜਾਰੀ ਕਰਵਾਉਣ ਵਿਚ ਸਫਲ ਹੋ ਗਿਆ। ਇਕ ਫਤਵਾ ਉਦਾਹਰਣ ਲਈ ਪੇਸ਼ ਹੈ: ਅੱਲ੍ਹਾ ਬਿਨਾਂ ਹੋਰ ਕੋਈ ਖੁਦਾ ਨਹੀਂ ਅਤੇ ਮੁਹੰਮਦ ਸਾਹਿਬ ਹੀ ਅੱਲ੍ਹਾ ਦਾ ਸੁਨੇਹਾ ਦੇਣ ਵਾਲਾ ਪੈਗੰਬਰ ਹੈ। ਇਸ ਕਲਮੇ 'ਤੇ ਯਕੀਨ ਰੱਖਣ ਵਾਲਾ ਮੋਮਿਨ (ਇਮਾਨਵਾਲਾ) ਅਤੇ ਇਸ ਨੂੰ ਨਾ ਮੰਨਣ ਵਾਲਾ ਕਾਫ਼ਰ (ਨਾਸਤਕ) ਹੈ। ਅੱਲਾਹ ਦੀ ਸ਼ਾਨ ਨੂੰ ਰੁਸ਼ਨਾਉਣ ਲਈ ਮੋਮਿਨ ਦਾ ਫਰਜ਼ ਹੈ ਕਿ ਉਹ ਕਾਫ਼ਰਾਂ ਦੀ ਹਥਿਆਰਬੰਦ (ਦਾਰੁਲਾ ਹਰਬ) ਦੁਨੀਆਂ ਨੂੰ ਸ਼ਾਂਤੀ ਦੀ ਦੁਨੀਆਂ (ਦਾਰੁਲ-ਇਸਲਾਮ) ਵਿਚ ਤਬਦੀਲ ਕਰਨ ਲਈ ਧਰਮ ਯੁੱਧ (ਜਹਾਦ) ਕਰਨ। ਸਪਸ਼ਟ ਹੈ ਕਿ ਸਿੱਖ ਧਰਮ ਦੀ ਹਰਮਨਪਿਆਰਤਾ ਉਸ ਲਈ ਕਿਵੇਂ ਅਸਹਿ ਹੋ ਰਹੀ ਸੀ। ਇੱਥੋਂ ਤਕ ਕਿ ਉਹ ਕਾਦਰੀ ਸਿਲਸਿਲੇ ਦੇ ਉਸ ਵੇਲੇ ਦੇ ਮੁਖੀ ਨੂੰ ਵੀ ਸਖਤ ਨਫ਼ਰਤ ਦੀ ਨਿਗਾਹ ਨਾਲ ਵੇਖਦਾ ਸੀ ਕਿਉਂਕਿ ਉਹ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਰੱਬੀ ਰੂਹ ਦੇ ਤੌਰ 'ਤੇ ਮਾਨਤਾ ਦਿੰਦਾ ਸੀ। ਜਹਾਂਗੀਰ ਨਕਸ਼ਬੰਦੀ ਸਕੂਲ ਦੇ ਬੇਹੱਦ ਪ੍ਰਭਾਵ ਵਿਚ ਸੀ। ਇਸ ਕਰਕੇ ਸਪਸ਼ਟ ਸੀ ਕਿ ਨਕਸ਼ਬੰਦੀ ਸਿਲਸਿਲਾ ਹੁਣ ਸਿੱਖ ਧਰਮ ਲਈ ਸਮੱਸਿਆਵਾਂ ਖੜੀਆਂ ਕਰਨ ਦੀ ਕੋਸ਼ਿਸ਼ ਕਰੇਗਾ। ਖੁਸਰੋ ਜਹਾਂਗੀਰ ਦਾ ਸਭ ਤੋਂ ਵੱਡਾ ਬੇਟਾ ਸੀ ਅਤੇ ਆਪਣੇ ਦਾਦੇ ਅਕਬਰ ਵਾਂਗ ਬੇਹੱਦ ਸਹਿਨਸ਼ੀਲ ਮਨੁੱਖ ਸੀ। ਪਰ ਇਹ ਸਹਿਨਸ਼ੀਲਤਾ ਉਸ ਲਈ ਸਮੱਸਿਆ ਬਣ ਗਈ, ਅਕਬਰ ਜਦੋਂ ਬਿਮਾਰੀ ਦੀ ਹਾਲਤ ਵਿਚ ਮੌਤ ਦੀਆਂ ਘੜੀਆਂ ਗਿਣ ਰਿਹਾ ਸੀ ਤਾਂ ਉਸ ਦੀ ਪ੍ਰਬਲ ਇੱਛਾ ਸੀ ਕਿ ਰਾਜਗੱਦੀ ਉਸ ਦੇ ਪੁੱਤਰ ਦੀ ਥਾਂ ਪੋਤਰੇ ਨੂੰ ਦਿੱਤੀ ਜਾਵੇ, ਕਿਉਂਕਿ ਉਹ ਜਹਾਂਗੀਰ ਦੇ ਹਠੀ ਸੁਭਾਅ ਅਤੇ ਉਸ ਨਾਲ ਜੁੜੇ ਹੋਏ ਕਟੜਪੰਥੀ ਟੋਲੇ ਦੀਆਂ ਚਾਲਾਂ ਨੂੰ ਪੂਰੀ ਤਰ੍ਹਾਂ ਸਮਝਦਾ ਸੀ। ਉਸ ਦਾ ਇਹ ਅਟੱਲ ਵਿਸ਼ਵਾਸ ਸੀ ਕਿ ਹਿੰਦੋਸਤਾਨ ਵਿਚ ਸਦਾ ਲਈ ਮੁਗਲਈ ਹਕੂਮਤ ਦੀ ਸਥਾਪਨਾ ਲਈ ਸਖ਼ਤੀ ਦੀ ਨਹੀਂ ਪਿਆਰ ਦੀ ਲੋੜ ਹੈ ਅਤੇ ਅਜਿਹੇ ਪਿਆਰ ਦੀ ਠੰਢੀ ਹਵਾ ਖੁਸਰੋ ਵਰਗਾ ਰਹਿਮਦਿਲ ਮਨੁੱਖ ਹੀ ਦੇ ਸਕਦਾ ਸੀ, ਜਹਾਂਗੀਰ ਨਹੀਂ। ਅਕਬਰ ਦੇ ਦਰਬਾਰ ਵਿਚ ਦੋ ਧਿਰਾਂ ਖੜੀਆਂ ਹੋ ਗਈਆਂ। ਜਿਨ੍ਹਾਂ ਵਿਚੋਂ ਕੁਝ ਜਹਾਂਗੀਰ ਦੀ ਪਿੱਠ 'ਤੇ ਸਨ ਅਤੇ ਕੁਝ ਖੁਸਰੋ ਦੀ 'ਤੇ। ਕੱਟੜਪੰਥੀਆਂ ਦੀ ਜਿੱਤ ਹੋਈ। ਅਕਬਰ ਦੀ ਮੌਤ ਦੇ ਨਾਲ ਹੀ ਜਹਾਂਗੀਰ ਹਿੰਦੁਸਤਾਨ ਦਾ ਬਾਦਸ਼ਾਹ ਘੋਸ਼ਿਤ ਕਰ ਦਿੱਤਾ। ਤਖਤ 'ਤੇ ਬੈਠਦਿਆਂ ਹੀ ਜਹਾਂਗੀਰ ਨੇ ਖੁਸਰੋ ਨੂੰ ਬਾਗੀ ਗਰਦਾਨ ਕੇ ਆਗਰੇ ਵਿਚ ਜੇਲ੍ਹ ਦੀਆਂ ਸਲਾਖਾਂ ਪਿਛੇ ਡੱਕ ਦਿੱਤਾ। ਇਕ ਦਿਨ ਖੁਸਰੋ ਨੇ ਬੇਨਤੀ ਕੀਤੀ ਕਿ ਉਹ ਆਪਣੇ ਦਾਦੇ ਦੀ ਕਬਰ 'ਤੇ ਸਿਜਦਾ ਕਰਨਾ ਚਾਹੁੰਦਾ ਹੈ। ਬੇਨਤੀ ਪਰਵਾਨ ਕਰ ਲਈ ਗਈ। ਖੁਸਰੋ ਜੇਲ ਵਿਚੋਂ ਬਾਹਰ ਆਇਆ ਅਤੇ ਆਪਣੇ ਪਿਤਾ ਵਿਰੁੱਧ ਬਗਾਵਤ ਦਾ ਐਲਾਨ ਕਰ ਦਿੱਤਾ। ਪਰ ਵਸੀਲਿਆਂ ਦੀ ਅਣਹੋਂਦ ਉਸ ਦੇ ਰਾਹ ਦਾ ਅੜਿੱਕਾ ਸੀ। ਉਸ ਨੇ ਮਨ ਬਣਾਇਆ ਕਿ ਅਫਗਾਨਿਸਤਾਨ ਪਹੁੰਚ ਕੇ ਤਾਕਤ ਇਕੱਠੀ ਕੀਤੀ ਜਾਵੇ ਤੇ ਜਹਾਂਗੀਰ ਨੂੰ ਗੱਦੀ ਤੋਂ ਲਾਹ ਕੇ ਅਕਬਰ ਵਰਗੇ ਉਦਾਰ ਸ਼ਾਸਨ ਦੀ ਬਹਾਲੀ ਕੀਤੀ ਜਾਵੇ। ਅਫਗਾਨਿਸਤਾਨ ਵੱਲ ਜਾਂਦੇ ਹੋਏ ਰਸਤੇ ਵਿਚ ਉਹ ਗੋਇੰਦਵਾਲ ਰੁਕਿਆ। ਗੁਰੂ ਸਾਹਿਬ ਕੋਲੋਂ ਅਸ਼ੀਰਵਾਦ ਲਿਆ, ਲੰਗਰ ਛਕਿਆ ਅਤੇ ਅੱਗੇ ਚਲ ਪਿਆ। ਪਰ ਜਲਦੀ ਹੀ ਜਹਾਂਗੀਰ ਦੀਆਂ ਫੌਜਾਂ ਨੇ ਉਸ ਨੂੰ ਘੇਰ ਲਿਆ, ਗ੍ਰਿਫਤਾਰ ਕੀਤਾ ਅਤੇ ਉਸ ਦੇ ਪਿਤਾ ਦੇ ਸਨਮੁਖ ਪੇਸ਼ ਕਰ ਦਿੱਤਾ। ਜਹਾਂਗੀਰ ਨੇ ਉਸ ਦੇ ਸਾਥੀਆਂ ਨੂੰ ਮੌਤ ਦੀ ਸਜ਼ਾ ਸੁਣਾਈ ਅਤੇ ਖੁਸਰੋ ਨੂੰ ਅੰਨਿਆਂ ਕਰ ਹਮੇਸ਼ਾ ਹਮੇਸ਼ਾ ਲਈ ਆਗਰੇ ਦੇ ਕਿਲੇ ਵਿਚ ਸੁੱਟ ਦੇਣ ਦਾ ਹੁਕਮ ਕੀਤਾ। ਜਹਾਂਗੀਰ ਨੂੰ ਜਦੋਂ ਇਸ ਗੱਲ ਦਾ ਪਤਾ ਲੱਗਾ ਕਿ ਖੁਸਰੋ ਗੋਇੰਦਵਾਲ ਰੁਕਿਆ ਤੇ ਗੁਰੂ ਸਾਹਿਬ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ ਸੀ ਤਾਂ ਉਸ ਦੇ ਗੁੱਸੇ ਦੀ ਸੀਮਾ ਸਾਰੀਆਂ ਹੱਦਾਂ ਪਾਰ ਕਰ ਗਈ। ਉਸ ਨੇ ਤੁਰੰਤ ਗੁਰੂ ਸਾਹਿਬ ਦੀ ਗ੍ਰਿਫਤਾਰੀ ਦੇ ਹੁਕਮ ਜਾਰੀ ਕਰ ਦਿੱਤੇ। ਇਸ ਗੱਲ ਦਾ ਪ੍ਰਗਟਾਵਾ ਉਹ ਖੁਦ ਆਪਣੇ ਸਵੈ-ਜੀਵਨੀ ਵਿੱਚ ਕਰਦਾ ਹੋਇਆ ਲਿਖਦਾ ਹੈ: ਉਹ ਫਕੀਰ ਮਨੁੱਖ ਨੇ ਖੁਸਰੋ ਨੂੰ ਪਨਾਹ ਦਿੱਤੀ। ਉਸ ਨੂੰ ਪੰਜ ਹਜ਼ਾਰ ਰੁਪਇਆ ਸਹਾਇਤਾ ਵਜੋਂ ਦਿੱਤਾ ਅਤੇ ਉਸ ਦੇ ਮੱਥੇ 'ਤੇ ਕੇਸਰ ਦਾ ਟਿਕਾ ਲਗਾਇਆ, ਜਿਸਨੂੰ ਹਿੰਦੂਸਤਾਨ ਦੀ ਧਰਤੀ 'ਤੇ ਜਿੱਤ ਦਾ ਪ੍ਰਤੀਕ ਮੰਨਿਆ ਜਾਂਦਾ ਹੈ। ਮੈਂ ਮੁਰਤਜਾ ਖਾਨ ਨੂੰ ਹੁਕਮ ਦਿੱਤਾ ਕਿ ਉਸ ਨੂੰ ਗ੍ਰਿਫਤਾਰ ਕਰਕੇ ਲਾਹੌਰ ਲਿਆਂਦਾ ਜਾਵੇ, ਉਸ ਦੀ ਸਾਰੀ ਜਾਇਦਾਦ ਜ਼ਬਤ ਕਰ ਲਈ ਜਾਵੇ ਅਤੇ ਉਸ ਨੂੰ ਤਸੀਹੇ ਦੇ ਕੇ ਮਾਰ ਦਿੱਤਾ ਜਾਵੇ।

## ਕੈਂਟਰ ਦੇ ਪਿੱਛੇ ਵੱਜਣ ਕਾਰਨ ਮੋਟਰਸਾਈਕਲ ਚਾਲਕ ਦੀ ਮੌਤ

ਭਵਾਨੀਗੜ੍ਹ 9 ਜੂਨ। ਇੱਥੇ ਸੰਗਰੂਰ ਰੋਡ 'ਤੇ ਕੈਂਟਰ ਦੇ ਪਿੱਛੇ ਟਕਰਾ ਜਾਣ ਕਾਰਨ ਮੋਟਰਸਾਈਕਲ ਸਵਾਰ ਇੱਕ ਵਿਅਕਤੀ ਦੀ ਦਰਦਨਾਕ ਮੌਤ ਹੋ ਗਈ। ਪੁਲਸ ਨੇ ਘਟਨਾ ਸਬੰਧੀ ਮਾਮਲਾ ਦਰਜ ਕਰਕੇ ਕਾਰਵਾਈ ਸੂਰੂ ਕਰ ਦਿੱਤੀ। ਜਾਣਕਾਰੀ ਅਨੁਸਾਰ ਭੱਟੀਵਾਲ ਕਲਾਂ ਦੇ ਰਹਿਣ ਵਾਲੇ ਸੁਰਜੀਤ ਸਿੰਘ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਹ ਲੰਘੀ 7 ਜੂਨ ਨੂੰ ਕੰਮ ਤੋਂ ਬਾਅਦ ਆਪਣੇ ਭਰਾ ਗੁਰਮਿੰਦਰ ਸਿੰਘ ਨਾਲ ਘਰ ਪਰਤ ਰਿਹਾ ਸੀ ਅਤੇ ਉਸ ਦਾ ਛੋਟਾ ਪੁੱਤਰ ਜਸਪ੍ਰੀਤ ਸਿੰਘ, ਜੋ ਕਿ ਇੱਕ ਪ੍ਰਾਈਵੇਟ ਲਿਮਿਟਡ ਕੰਪਨੀ ਵਿੱਚ ਕੰਮ ਕਰਦਾ ਸੀ, ਵੀ ਆਪਣੀ ਡਿਊਟੀ ਖਤਮ ਕਰਨ ਉਪਰੰਤ ਆਪਣੇ ਮੋਟਰਸਾਈਕਲ 'ਤੇ ਉਨ੍ਹਾਂ ਦੇ ਅੱਗੇ-ਅੱਗੇ ਜਾ ਰਿਹਾ ਸੀ। ਸੁਰਜੀਤ ਸਿੰਘ ਨੇ ਦੱਸਿਆ ਕਿ ਇਸ ਦੌਰਾਨ ਜਦੋਂ ਉਹ ਹਸਪਤਾਲ ਤੋਂ ਥੋੜ੍ਹਾ ਪਿੱਛੇ ਹੀ ਸਨ ਤਾਂ ਸੰਗਰੂਰ ਸਾਈਡ ਤੋਂ ਆ ਰਹੇ ਇੱਕ ਤੇਜ ਰਫਤਾਰ ਕੈਂਟਰ ਦੇ ਚਾਲਕ ਨੇ ਜਸਪ੍ਰੀਤ ਸਿੰਘ ਦੇ ਮੋਟਰਸਾਈਕਲ ਅੱਗੇ ਆਪਣੇ ਕੈਂਟਰ ਨੂੰ ਰੋਕ ਲਿਆ, ਜਿਸ ਕਾਰਨ ਜਸਪ੍ਰੀਤ ਸਿੰਘ ਕੈਂਟਰ ਦੇ ਪਿੱਛੇ ਜੋਰਦਾਰ ਤਰੀਕੇ ਨਾਲ ਜਾ ਵੱਜਾ। ਘਟਨਾ ਦੌਰਾਨ ਗੱਲ 'ਤੇ ਡੂੰਘੇ ਕੱਟ ਦਾ ਨਿਸ਼ਾਨ ਪੈਣ ਅਤੇ ਲੱਤਾਂ ਟੁੱਟ ਜਾਣ ਕਾਰਨ ਜਸਪ੍ਰੀਤ ਗੰਭੀਰ ਜਖਮੀ ਹੋ ਗਿਆ। ਸ਼ਿਕਾਇਤਕਰਤਾ ਅਨੁਸਾਰ ਘਟਨਾ ਤੋਂ ਬਾਅਦ ਇਲਾਜ ਲਈ ਜਸਪ੍ਰੀਤ ਨੂੰ ਸਰਕਾਰੀ ਹਸਪਤਾਲ ਭਵਾਨੀਗੜ੍ਹ ਵਿਖੇ ਲਿਜਾਂਦਾ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਨੇ ਸ਼ਿਕਾਇਤ ਦੇ ਆਧਾਰ 'ਤੇ ਥਾਣਾ ਭਵਾਨੀਗੜ੍ਹ ਵਿਖੇ ਕੈਂਟਰ ਦੇ ਅਣਪਛਾਤੇ ਚਾਲਕ ਖ਼ਿਲਾਫ ਮਾਮਲਾ ਦਰਜ ਕਰਕੇ ਉਸ ਦੀ ਭਾਲ ਸੂਰੂ ਕਰ ਦਿੱਤੀ ਹੈ।

## ਨਕੋਦਰ ਰੇਲਵੇ ਸਟੇਸ਼ਨ 'ਤੇ ਕਰੰਟ ਲੱਗਣ ਕਾਰਨ ਠੇਕਾ ਕਰਮਚਾਰੀ ਦੀ ਮੌਤ

ਜਲੰਧਰ 9 ਜੂਨ। ਰੇਲਵੇ ਦੇ ਨਕੋਦਰ ਯਾਰਡ ਵਿਚ ਠੇਕੇਦਾਰ ਅਧੀਨ ਕੰਮ ਕਰ ਰਹੇ ਲੇਬਰ ਕਰਮਚਾਰੀ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਜਲੰਧਰ ਜੀ. ਆਰ. ਪੀ. ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਲਾਸ਼ ਨੂੰ ਸਿਵਲ ਹਸਪਤਾਲ ਨਕੋਦਰ ਵਿਚ ਰਖਵਾਇਆ ਗਿਆ ਹੈ। ਐਤਵਾਰ ਨੂੰ ਪੋਸਟਮਾਰਟਮ ਕਰਵਾਇਆ ਜਾਵੇਗਾ। ਰੇਲਵੇ ਵੱਲੋਂ ਪਿਛਲੇ ਕੁਝ ਦਿਨਾਂ ਤੋਂ ਨਕੋਦਰ ਯਾਰਡ 'ਤੇ ਲੋਹੀਆਂ ਖਾਸ ਤੋਂ ਫਿਲੌਰ ਸੈਕਸ਼ਨ ਦੀ ਮੇਨਟੀਨੈਂਸ ਕਰਵਾਈ ਜਾ ਰਹੀ ਹੈ। ਸ਼ਨੀਵਾਰ ਨੂੰ ਠੇਕੇਦਾਰ ਵੱਲੋਂ ਕੰਮ ਕਰਵਾਇਆ ਜਾ ਰਿਹਾ ਸੀ ਕਿ ਇਸ ਦੌਰਾਨ ਨਕੋਦਰ ਦੇ ਰੇਲਵੇ ਯਾਰਡ 'ਤੇ ਹਾਦਸਾ ਵਾਪਰ ਗਿਆ। ਬਿਜਲੀ ਦੇ ਪੋਲ 'ਤੇ ਚੜ੍ਹ ਕੇ ਬਲਾਕ ਲਗਾਉਂਦੇ ਸਮੇਂ ਠੇਕਾ ਕਰਮਚਾਰੀ ਨੂੰ ਕਰੰਟ ਲੱਗ ਗਿਆ, ਜਿਸ ਨਾਲ ਉਹ ਬੁਰੀ ਤਰ੍ਹਾਂ ਨਾਲ ਝੁਲਸ ਗਿਆ। ਹਾਦਸੇ ਤੋਂ ਤੁਰੰਤ ਬਾਅਦ ਦੁਰਗੇਸ਼ ਕੁਮਾਰ (35) ਪੁੱਤਰ ਮੋਹਨ ਲਾਲ ਨਿਵਾਸੀ ਯੂ. ਪੀ. ਨੂੰ ਨਕੋਦਰ ਦੇ ਸਿਵਲ ਹਸਪਤਾਲ ਲੈ ਕੇ ਗਿਆ, ਜਿੱਥੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਮ੍ਰਿਤਕ ਦੁਰਗੇਸ਼ ਨਾਲ ਉਸ ਦੇ ਪਰਿਵਾਰ ਵੀ ਲੇਬਰ ਦਾ ਕੰਮ ਕਰ ਰਹੇ ਸਨ। ਉਨ੍ਹਾਂ ਦੇ ਬਿਆਨ ਵੀ ਪੁਲਸ ਵੱਲੋਂ ਦਰਜ ਕੀਤੇ ਗਏ ਹਨ। ਪੋਸਟਮਾਰਟਮ ਤੋਂ ਬਾਅਦ ਮਾਮਲੇ ਦੀ ਜਾਂਚ ਅੱਗੇ ਵਧੇਗੀ।

# ਮਾਨਸੂਨ ਸੀਜ਼ਨ ਦੌਰਾਨ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਤਿਆਰ : ਅਨੁਰਾਗ ਵਰਮਾ

ਕਿਸ਼ਨ ਪਾਲ

ਚੰਡੀਗੜ੍ਹ 9 ਜੂਨ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਗਾਮੀ ਮਾਨਸੂਨ ਸੀਜ਼ਨ ਦੌਰਾਨ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪ੍ਰਬੰਧਾਂ ਦਾ ਜਾਇਜ਼ਾ ਲੈਣ ਦੇ ਦਿੱਤੇ ਨਿਰਦੇਸ਼ਾਂ ਉਤੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਸਬੰਧਤ ਵਿਭਾਗਾਂ ਦੇ ਉੱਚ ਅਧਿਕਾਰੀਆਂ ਅਤੇ ਸਮੂਹ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗ ਕਰਕੇ ਹੜ੍ਹਾਂ ਦੀ ਰੋਕਥਾਮ ਸਬੰਧੀ ਕੰਮਾਂ ਦੀ ਸਥਿਤੀ ਅਤੇ ਤਿਆਰੀਆਂ ਦਾ ਜਾਇਜ਼ਾ ਲਿਆ। ਮੁੱਖ ਸਕੱਤਰ ਵਰਮਾ ਨੇ ਕਿਹਾ ਕਿ ਸੂਬਾ ਸਰਕਾਰ ਆਉਣ ਵਾਲੇ ਮਾਨਸੂਨ ਸੀਜ਼ਨ ਦੌਰਾਨ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਕਿਹਾ ਕਿ ਸੂਬੇ 'ਚ ਵੱਡੀ ਗਿਣਤੀ 'ਚ ਕੰਮ ਪ੍ਰਗਤੀ ਅਧੀਨ ਹਨ, ਜੋ ਮਾਨਸੂਨ ਸ਼ੁਰੂ ਹੋਣ ਤੋਂ ਪਹਿਲਾਂ ਮੁਕੰਮਲ ਕਰ ਲਏ ਜਾਣਗੇ। ਹੜ੍ਹਾਂ ਦੇ ਸੀਜ਼ਨ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਨੋਟਿਸ ਲੈਂਦਿਆਂ ਮੁੱਖ ਸਕੱਤਰ ਨੇ ਡਿਪਟੀ ਕਮਿਸ਼ਨਰਾਂ ਨੂੰ ਪਿਛਲੀਆਂ ਘਟਨਾਵਾਂ ਨੂੰ ਧਿਆਨ 'ਚ ਰੱਖਦਿਆਂ ਵੱਖ-ਵੱਖ ਰਣਨੀਤਕ ਥਾਵਾਂ 'ਤੇ ਮਿੱਟੀ ਨਾਲ ਭਰੇ ਈ.ਸੀ. ਥੈਲਿਆਂ ਦਾ ਸਟਾਕ ਰੱਖਣ ਦੇ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਆਪੋ-ਆਪਣੇ ਜ਼ਿਲ੍ਹਿਆਂ 'ਚ ਕੀਤੇ ਗਏ ਕੰਮਾਂ ਦਾ ਜਾਇਜ਼ਾ ਲੈਣ ਅਤੇ ਆਪਣੇ ਅਧਿਕਾਰ ਖੇਤਰ ਅਧੀਨ ਨਾਜ਼ੁਕ ਥਾਵਾਂ ਦਾ ਦੌਰਾ ਕਰ ਕੇ ਸਮੀਖਿਆ ਕਰਨ। ਮੁੱਖ ਸਕੱਤਰ ਨੇ ਸੂਬਾ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਦੇ ਵੇਰਵੇ ਜਾਰੀ ਕਰਦਿਆਂ ਦੱਸਿਆ ਕਿ ਜਲ ਸਰੋਤ ਵਿਭਾਗ ਵੱਲੋਂ ਪਹਿਲੀ ਵਾਰ ਸਟੇਟ ਡਿਜ਼ਾਸਟਰ ਮਿਟੀਗੇਸ਼ਨ ਫੰਡ (ਐੱਸ. ਡੀ. ਐੱਮ. ਐੱਫ.) ਰਾਹੀਂ 75 ਕਰੋੜ ਰੁਪਏ ਦੀ ਲਾਗਤ ਵਾਲੇ 65 ਕੰਮ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਮਗਨਰੇਗਾ ਅਧੀਨ ਅਤੇ



ਉਨ੍ਹਾਂ ਨਾਲ ਮਿਲ ਕੇ ਲਗਭਗ 150 ਕਰੋੜ ਰੁਪਏ ਦੇ 716 ਕੰਮ ਕੀਤੇ ਜਾ ਰਹੇ ਹਨ। ਇਸ ਦੇ ਨਾਲ ਹੀ ਲਗਭਗ 15 ਕਰੋੜ ਰੁਪਏ ਦੇ 129 ਕੰਮ ਵਿਭਾਗੀ ਮਸ਼ੀਨਰੀ ਰਾਹੀਂ ਪੂਰੇ ਕੀਤੇ ਜਾਣੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਤਰਜੀਹ ਅਤੇ ਜ਼ਰੂਰਤ ਦੇ ਆਧਾਰ 'ਤੇ ਸਟੇਟ ਫੰਡਾਂ ਰਾਹੀਂ ਲਗਭਗ 81 ਕਰੋੜ ਰੁਪਏ ਦੇ 327 ਕੰਮ ਕੀਤੇ ਜਾਣ ਦੀ ਤਜਵੀਜ਼ ਹੈ। ਇਸ ਤਰ੍ਹਾਂ ਜਲ ਸਰੋਤ ਵਿਭਾਗ ਵੱਲੋਂ ਸਾਲ 2024-25 'ਚ ਲਗਭਗ 321 ਕਰੋੜ ਰੁਪਏ ਦੇ ਕੁੱਲ 1237 ਕੰਮ ਕੀਤੇ ਜਾਣਗੇ। ਇਸ ਵਾਰ ਡਰੇਨਾਂ ਦੇ ਕਿਨਾਰਿਆਂ 'ਤੇ ਬਾਂਸ ਦੇ ਪੌਦੇ ਲਗਾ ਕੇ ਨਵੀਂ ਪਹਿਲਕਦਮੀ ਸ਼ੁਰੂ ਕੀਤੀ ਹੈ। ਬਾਂਸ ਦੇ ਪੌਦੇ ਕੁਦਰਤੀ ਰੁਕਾਵਟ ਵਜੋਂ ਕੰਮ ਕਰਦੇ ਹਨ ਅਤੇ ਡਰੇਨਾਂ ਦੇ ਕਿਨਾਰਿਆਂ ਨੂੰ ਹੋਣ ਵਾਲੇ ਨੁਕਸਾਨ ਨੂੰ ਰੋਕਦੇ ਹਨ। ਡਰੇਨਾਂ ਦੇ ਨਾਲ ਕੁੱਲ 2,50,000 ਬਾਂਸ ਦੇ ਪੌਦੇ ਲਗਾਏ ਗਏ ਹਨ। ਵਿਭਾਗ ਵੱਲੋਂ ਹੜ੍ਹਾਂ ਦੀ ਰੋਕਥਾਮ ਲਈ ਚੈਕ ਡੈਮਾਂ ਦੀ ਉਸਾਰੀ ਦਾ ਕੰਮ ਵੀ ਸ਼ੁਰੂ ਕੀਤਾ ਗਿਆ ਹੈ। ਡਰੇਨਾਂ/ਚੋਅ 'ਤੇ ਲਗਭਗ 432 ਚੈਕ ਡੈਮ ਬਣਾਏ ਗਏ ਹਨ। ਮੁੱਖ ਸਕੱਤਰ ਵਰਮਾ ਨੇ ਐੱਨ. ਐੱਚ. ਏ. ਆਈ., ਲੋਕ ਨਿਰਮਾਣ ਵਿਭਾਗ ਅਤੇ ਮੰਡੀ ਬੋਰਡ ਨੂੰ ਹੜ੍ਹਾਂ ਦੇ ਪਾਣੀ 'ਚ ਆਉਣ ਵਾਲੀਆਂ ਸੰਭਾਵਿਤ ਰੁਕਾਵਟਾਂ ਨੂੰ ਦੂਰ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਪਾਣੀ ਦੇ ਵਹਾਅ 'ਚ ਕੋਈ ਰੁਕਾਵਟ ਨਾ ਆਵੇ। ਐੱਨ. ਐੱਚ. ਏ. ਆਈ. ਨੇ ਕਿਹਾ ਕਿ ਮਾਨਸੂਨ ਦੀ ਸ਼ੁਰੂਆਤ ਤੋਂ ਪਹਿਲਾਂ ਡਰੇਨਾਂ ਦੀ ਸਫਾਈ ਨੂੰ ਯਕੀਨੀ ਬਣਾਇਆ ਜਾਵੇਗਾ। ਮੀਟਿੰਗ 'ਚ ਪ੍ਰਮੁੱਖ ਸਕੱਤਰ ਵਿੱਤ ਅਜੋਏ ਕੁਮਾਰ ਸਿਨਹਾ, ਪ੍ਰਮੁੱਖ ਸਕੱਤਰ ਜਲ ਸਰੋਤ ਕ੍ਰਿਸ਼ਨ ਕੁਮਾਰ, ਸਕੱਤਰ ਲੋਕ ਨਿਰਮਾਣ ਪ੍ਰਿਆਂਕ ਭਾਰਤੀ, ਸਕੱਤਰ ਮਾਲ ਅਰਸ਼ਦੀਪ ਸਿੰਘ ਥਿੰਦ, ਸਕੱਤਰ ਵਿੱਤ ਦਿਪਰਵਾ ਲਾਕੜਾ, ਸਕੱਤਰ ਪੇਂਡੂ ਵਿਕਾਸ ਅਤੇ ਪੰਚਾਇਤ ਅਮਿਤ ਕੁਮਾਰ, ਸਕੱਤਰ ਖੇਤੀਬਾੜੀ ਅਜੀਤ ਜੋਸ਼ੀ ਅਤੇ ਵੀਡਿਓ ਕਾਨਫਰੰਸਿੰਗ ਰਾਹੀਂ ਐੱਨ.ਐੱਚ.ਆਈ. ਦੇ ਅਧਿਕਾਰੀ ਅਤੇ ਸਮੂਹ ਡਿਪਟੀ ਕਮਿਸ਼ਨਰ ਹਾਜ਼ਰ ਸਨ।

## ਬਿਕਰਮ ਮਜੀਠੀਆ ਨੂੰ ਐੱਸ. ਆਈ. ਟੀ. ਨੇ ਮੁੜ ਕੀਤਾ ਤਲਬ

ਪਟਿਆਲਾ 9 ਜੂਨ। ਬਹੁ-ਕਰੋੜੀ ਡਰੱਗ ਮਾਮਲੇ 'ਚ ਇਕ ਵਾਰ ਫਿਰ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਐੱਸ. ਆਈ. ਟੀ. ਵਲੋਂ ਤਲਬ ਕੀਤਾ ਗਿਆ ਹੈ। ਐੱਸ. ਆਈ. ਟੀ. ਵਲੋਂ ਮਜੀਠੀਆ ਨੂੰ 18 ਜੂਨ ਨੂੰ ਪਟਿਆਲਾ ਵਿਖੇ ਤਲਬ ਕੀਤਾ ਗਿਆ ਹੈ। ਜਿੱਥੇ ਉਨ੍ਹਾਂ ਕੋਲੋਂ ਉਕਤ ਮਾਮਲੇ ਸਬੰਧੀ ਪੁੱਛਗਿੱਛ ਕੀਤੀ ਜਾਵੇਗੀ। ਇਸ ਮਾਮਲੇ ਦੀ ਜਾਂਚ ਪਟਿਆਲਾ ਰੇਂਜ ਦੇ ਡੀ. ਆਈ. ਜੀ. ਹਰਚਰਨ ਸਿੰਘ ਭੁੱਲਰ ਵਲੋਂ ਕੀਤੀ ਜਾ ਰਹੀ ਹੈ ਪਰ ਲੋਕ ਸਭਾ ਚੋਣਾਂ ਕਾਰਨ ਇਹ ਮਾਮਲਾ ਠੰਡਾ ਪੈ ਗਿਆ ਸੀ ਅਤੇ ਅਪ੍ਰੈਲ-ਮਈ ਦੌਰਾਨ ਕਿਸੇ ਤੋਂ ਵੀ ਪੁੱਛਗਿੱਛ ਨਹੀਂ ਕੀਤੀ ਗਈ। ਹੁਣ ਜਿਵੇਂ ਹੀ ਚੋਣਾਂ ਖਤਮ ਹੋਈਆਂ ਤਾਂ ਜਾਂਚ ਨੇ ਫਿਰ ਤੇਜੀ ਫੜ੍ਹ ਲਈ ਹੈ। ਇਸ ਤੋਂ ਪਹਿਲਾਂ ਬਿਕਰਮ ਮਜੀਠੀਆ ਦੇ ਕਰੀਬੀ ਲੋਕਾਂ ਤੋਂ ਵੀ ਪੁੱਛਗਿੱਛ ਕੀਤੀ ਜਾ ਚੁੱਕੀ ਹੈ। ਦੱਸਣਯੋਗ ਹੈ ਕਿ ਪੁਲਸ ਨੇ ਮਜੀਠੀਆ ਖ਼ਿਲਾਫ ਇਹ ਕੇਸ 3 ਸਾਲ ਪਹਿਲਾਂ 20 ਦਸੰਬਰ, 2021 ਨੂੰ ਕਾਂਗਰਸ ਸਰਕਾਰ ਵੇਲੇ ਦਰਜ ਕੀਤਾ ਸੀ। ਇਸ ਤੋਂ ਬਾਅਦ ਉਸ ਨੂੰ ਜੇਲ੍ਹ ਵੀ ਜਾਣਾ ਪਿਆ ਸੀ।

## ਸ਼ੇਅਰ ਬਜਾਰ : ਸੈਂਸੈਕਸ 1618 ਅੰਕ ਚੜ੍ਹ ਕੇ ਹੋਇਆ ਬੰਦ

ਮੁੰਬਈ 9 ਜੂਨ। ਅੱਜ ਹਫਤੇ ਦੇ ਆਖਰੀ ਕਾਰੋਬਾਰੀ ਦਿਨ ਯਾਨੀ 7 ਜੂਨ ਨੂੰ ਬਾਜਾਰ ਸਭ ਤੋਂ ਉੱਚੇ ਪੱਧਰ 'ਤੇ ਪਹੁੰਚ ਗਿਆ ਹੈ। ਦਿਨ ਦੇ ਕਾਰੋਬਾਰ 'ਚ ਸੈਂਸੈਕਸ 76,795 ਦੇ ਪੱਧਰ 'ਤੇ ਪਹੁੰਚ ਗਿਆ। ਇਸ ਦੇ ਨਾਲ ਹੀ ਨਿਫਟੀ 'ਚ ਵੀ ਕਰੀਬ 500 ਅੰਕਾਂ ਦਾ ਵਾਧਾ ਹੋਇਆ ਹੈ, ਇਹ 23,310 ਦੇ ਪੱਧਰ 'ਤੇ ਕਾਰੋਬਾਰ ਕਰਦਾ ਦੇਖਿਆ ਗਿਆ। ਕਾਰੋਬਾਰ ਦੇ ਅੰਤ 'ਚ ਸੈਂਸੈਕਸ 1618 ਅੰਕਾਂ ਦੀ ਤੇਜੀ ਨਾਲ 76,693 'ਤੇ ਪਹੁੰਚ ਗਿਆ, ਜਦਕਿ ਨਿਫਟੀ ਵੀ 468 ਅੰਕਾਂ ਦੀ ਮਜਬੂਤੀ ਨਾਲ 23,290 ਦੇ ਪੱਧਰ 'ਤੇ ਬੰਦ ਹੋਇਆ। ਵੀਰਵਾਰ ਨੂੰ ਅਮਰੀਕੀ ਬਾਜਾਰ 'ਚ ਸਪਾਟ ਕਾਰੋਬਾਰ ਦੇਖਣ ਨੂੰ ਮਿਲਿਆ। ਡਾਓ ਜੋਂਸ 79 ਅੰਕ ਚੜ੍ਹ ਕੇ 38,886 'ਤੇ ਬੰਦ ਹੋਇਆ। ਇਸ ਦੇ ਨਾਲ ਹੀ ਨੈਸਡੈਕ ਅਤੇ × 500 ਸੂਚਕਾਂਕ ਮਾਮੂਲੀ ਗਿਰਾਵਟ ਨਾਲ ਬੰਦ ਹੋਏ ਹਨ। ਨੈਸਡੈਕ 14 ਅੰਕ ਡਿੱਗ ਕੇ 17,173 'ਤੇ ਅਤੇ × 500 ਸੂਚਕਾਂਕ 1. ਅੰਕ ਡਿੱਗ ਕੇ 5,352 'ਤੇ ਬੰਦ ਹੋਇਆ। ਵਿਦੇਸ਼ੀ ਸੰਸਥਾਗਤ ਨਿਵੇਸਕਾਂ ਨੇ ਵੀਰਵਾਰ ਨੂੰ ਆਪਣੀ ਵਿਕਰੀ ਜਾਰੀ ਰੱਖੀ, ਉਨ੍ਹਾਂ ਨੇ 6,867.72 ਕਰੋੜ ਰੁਪਏ ਦੇ ਭਾਰਤੀ ਸੇਅਰ ਵੇਚੇ। ਜਦੋਂ ਕਿ, ਘਰੇਲੂ ਸੰਸਥਾਗਤ ਨਿਵੇਸਕਾਂ ਨੇ 3,718.38 ਕਰੋੜ ਰੁਪਏ ਦੇ ਸੇਅਰ ਖਰੀਦੇ। ਇਸ ਤੋਂ ਪਹਿਲਾਂ ਕੱਲ੍ਹ ਯਾਨੀ 6 ਜੂਨ ਨੂੰ ਸੈਂਸੈਕਸ 'ਚ ਵਾਧਾ ਦੇਖਣ ਨੂੰ ਮਿਲਿਆ ਸੀ। ਸੈਂਸੈਕਸ 692 ਅੰਕਾਂ ਦੇ ਵਾਧੇ ਨਾਲ 75,074 'ਤੇ ਬੰਦ ਹੋਇਆ। ਨਿਫਟੀ 'ਚ ਵੀ 201 ਅੰਕਾਂ ਦਾ ਵਾਧਾ ਦਰਜ ਕੀਤਾ ਗਿਆ। 22,821 ਦੇ ਪੱਧਰ 'ਤੇ ਬੰਦ ਹੋਇਆ। ਮਿਡਕੈਪ ਸੂਚਕਾਂਕ ਵਿੱਚ 2.28% ਅਤੇ ਸਮਾਲਕੈਪ ਸੂਚਕਾਂਕ ਵਿੱਚ 3.06% ਦਾ ਵਾਧਾ ਦੇਖਣ ਨੂੰ ਮਿਲਿਆ। ਸੈਂਸੈਕਸ ਦੇ 30 ਸੇਅਰਾਂ 'ਚੋਂ 23 ਵਧੇ ਅਤੇ 7 'ਚ ਗਿਰਾਵਟ ਦਰਜ ਕੀਤੀ ਗਈ। ਇਸ ਦੇ ਨਾਲ ਹੀ ਟੈਕ, ਸਰਕਾਰੀ ਬੈਂਕ ਅਤੇ ਰੀਅਲਟੀ ਸੇਅਰਾਂ 'ਚ ਸਭ ਤੋਂ ਜ਼ਿਆਦਾ ਵਾਧਾ ਦਰਜ ਕੀਤਾ ਗਿਆ। ਟੈੱਕ ਮਹਿੰਦਰਾ ਦੇ ਸੇਅਰ 4.43% ਵਧ ਕੇ 1,323 ਰੁਪਏ 'ਤੇ ਬੰਦ ਹੋਏ। ਅਡਾਨੀ ਗਰੁੱਪ ਦੇ ਸਾਰੇ 10 ਸੇਅਰ ਵਾਧੇ ਨਾਲ ਬੰਦ ਹੋਏ।

## ਚੋਣਾਂ 'ਚ ਮਿਲੀ ਹਾਰ ਮਗਰੋਂ ਗਾਇਕ ਹੰਸ ਰਾਜ ਹੰਸ ਦਾ ਵੱਡਾ ਬਿਆਨ

ਏਜੰਸੀਆਂ

ਜਲੰਧਰ 9 ਜੂਨ। ਲੋਕ ਸਭਾ ਚੋਣਾਂ ਵਿਚ ਫਰੀਦਕੋਟ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਰਹੇ ਰਾਜ ਗਾਇਕ ਅਤੇ ਨਵੀਂ ਦਿੱਲੀ ਤੋਂ ਸਾਬਕਾ ਸੰਸਦ ਮੈਂਬਰ



ਹੰਸਰਾਜ ਹੰਸ ਨੇ ਚੋਣਾਂ ਵਿਚ ਮਿਲੀ ਹਾਰ ਤੋਂ ਬਾਅਦ ਜਲੰਧਰ ਵਿਚ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਚੋਣ ਪ੍ਰਚਾਰ ਦੌਰਾਨ ਉਨ੍ਹਾਂ ਨੂੰ ਬਾਬਾ ਫਰੀਦ ਦੀ ਨਗਰੀ ਫਰੀਦਕੋਟ ਦੇ ਲੋਕਾਂ ਦਾ ਕਾਫੀ ਪਿਆਰ ਮਿਲਿਆ ਹੈ। ਜਿਸ ਤਰ੍ਹਾਂ ਭਾਜਪਾ ਆਗੂਆਂ, ਵਰਕਰਾਂ ਅਤੇ ਸਥਾਨਕ ਲੋਕਾਂ ਨੇ ਉਨ੍ਹਾਂ ਦਾ ਸਾਥ ਦਿੱਤਾ ਹੈ, ਉਹ ਉਸ ਲਈ ਹਮੇਸ਼ਾ ਉਨ੍ਹਾਂ ਦੇ ਧੰਨਵਾਦੀ ਰਹਿਣਗੇ। ਪਦਮਸ਼੍ਰੀ ਹੰਸਰਾਜ ਹੰਸ ਨੇ ਕਿਹਾ ਕਿ ਉਨ੍ਹਾਂ ਨੂੰ ਸਿਆਸਤ ਦੀਆਂ ਬਾਰੀਕੀਆਂ ਬਾਰੇ ਅਜੇ ਤਕ ਕੁਝ ਨਹੀਂ ਪਤਾ। ਉਹ ਸਿਰਫ ਮੁਹੱਬਤ ਵੰਡਣ ਲਈ ਹੀ ਲੋਕਾਂ ਵਿਚ ਗਏ। ਉਨ੍ਹਾਂ ਕਿਹਾ ਕਿ ਪ੍ਰਚਾਰ ਦੌਰਾਨ ਨਾ ਤਾਂ ਮੈਂ ਕੋਈ ਝੂਠ ਬੋਲਿਆ ਅਤੇ ਨਾ ਹੀ ਵੋਟਾਂ ਹਾਸਲ ਕਰਨ ਲਈ ਹੋਰ ਪਾਰਟੀਆਂ ਵਾਂਗ ਜਹਿਰ ਰੂਪੀ ਸ਼ਰਾਬ ਹੀ ਵੰਡੀ। ਇਸ ਦੇ ਬਾਵਜੂਦ ਚੋਣਾਂ ਵਿਚ ਮਿਲੀ ਹਾਰ ਬਾਰੇ ਪੁੱਛਣ 'ਤੇ ਹੰਸਰਾਜ ਹੰਸ ਨੇ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਆਪਣੇ ਕੰਮਾਂ ਨੂੰ ਲੈ ਕੇ ਜਨਤਾ ਵਿਚ ਗਏ ਸਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਲਗਭਗ ਸਵਾ ਲੱਖ ਲੋਕਾਂ ਨੇ ਵੋਟ ਪਾਈ ਹੈ, ਜਿਨ੍ਹਾਂ ਦੇ ਉਹ ਧੰਨਵਾਦੀ ਹਨ। ਉਨ੍ਹਾਂ ਦੇ ਵੀ ਧੰਨਵਾਦੀ ਹਨ, ਜਿਨ੍ਹਾਂ ਨੇ ਉਨ੍ਹਾਂ ਨੂੰ ਵੋਟ ਨਹੀਂ ਪਾਈ। ਕਿਸਾਨਾਂ ਵੱਲੋਂ ਕੀਤੇ ਗਏ ਵਿਰੋਧ ਬਾਰੇ ਹੰਸਰਾਜ ਹੰਸ ਨੇ ਕਿਹਾ ਕਿ ਉਹ ਇਕ ਬੁਰੇ ਸੁਫਨੇ ਵਾਂਗ ਸੀ, ਜਿਸ ਨੂੰ ਮੈਂ ਦੋਬਾਰਾ ਯਾਦ ਨਹੀਂ ਕਰਨਾ ਚਾਹੁੰਦਾ। ਹੁਣ ਚੋਣਾਂ ਦਾ ਮੈਚ ਵੀ ਓਵਰ ਹੋ ਗਿਆ ਹੈ ਪਰ ਮੈਂ ਇੰਨਾ ਜਰੂਰ ਕਹਾਂਗਾ ਕਿ ਮੈਂ ਜ਼ਿੰਦਗੀ ਵਿਚ ਇੰਨੀ ਤਕਲੀਫ ਕਦੀ ਨਹੀਂ ਝੱਲੀ, ਜਿੰਨੀ ਮੈਨੂੰ ਇਸ ਸਮੇਂ ਹੋਈ। ਹੰਸਰਾਜ ਹੰਸ ਨੇ ਕਿਹਾ ਕਿ ਚੋਣ ਪ੍ਰਚਾਰ ਦੌਰਾਨ ਉਨ੍ਹਾਂ ਨੇ ਵਿਰੋਧੀ ਪਾਰਟੀਆਂ ਦੇ ਕਿਸੇ ਵੀ ਉਮੀਦਵਾਰ ਖ਼ਿਲਾਫ ਅਪਸ਼ਬਦ ਨਹੀਂ ਬੋਲਿਆ। ਕਿਸੇ ਪਰਿਵਾਰ ਦੀ ਬੇਟੀ ਨਾਲ ਜਿਨ੍ਹਾਂ ਲੋਕਾਂ ਨੇ ਬੇਇਨਸਾਫੀ ਕੀਤੀ, ਉਹ ਉਸ ਖ਼ਿਲਾਫ ਜਰੂਰ ਖੜ੍ਹੇ ਹੋਏ ਸਨ। ਅਕਾਲੀ ਨੇਤਾ ਬਿਕਰਮ ਸਿੰਘ ਮਜੀਠੀਆ ਵੱਲੋਂ ਚੋਣ ਕਮਿਸ਼ਨ ਕੋਲ ਹੰਸਰਾਜ ਦੀ ਸ਼ਿਕਾਇਤ ਦੇ ਸਵਾਲ 'ਤੇ ਉਨ੍ਹਾਂ ਕਿਹਾ ਕਿ ਮਜੀਠੀਆ ਨੇ ਮੇਰੇ ਖ਼ਿਲਾਫ 3-4 ਵੀਡੀਓ ਸੋਸ਼ਲ ਮੀਡੀਆ 'ਤੇ ਪੋਸਟ ਕੀਤੇ ਸਨ। ਮੈਂ ਅਕਾਲੀ ਦਲ ਨੂੰ ਆਪਣੀ ਜ਼ਿੰਦਗੀ ਦੇ 10-12 ਸਾਲ ਮੁਫਤ ਦਿੱਤੇ ਹਨ। ਇਸ ਦੇ ਬਦਲੇ ਮੈਂ ਕੁਝ ਨਹੀਂ ਲਿਆ। ਜੇਕਰ ਅਜਿਹੇ ਲੋਕ ਇਸ ਤਰ੍ਹਾਂ ਦੇ ਕੰਮ ਕਰਨਗੇ ਤਾਂ ਇਹ ਠੀਕ ਨਹੀਂ ਹੈ। ਹੰਸਰਾਜ ਹੰਸ ਨੇ ਕਿਹਾ ਕਿ ਇਸ ਵਾਰ ਭਾਜਪਾ ਦਾ ਵੋਟ ਸ਼ੇਅਰ ਪਹਿਲਾਂ ਦੇ ਮੁਕਾਬਲੇ ਕਾਫੀ ਵਧਿਆ ਹੈ। ਆਉਣ ਵਾਲੇ ਸਮੇਂ ਵਿਚ ਭਾਜਪਾ ਮਜਬੂਤ ਹੋਵੇਗੀ ਅਤੇ 2027 ਵਿਚ ਪੂਰੀ ਮਜਬੂਤੀ ਨਾਲ ਪੰਜਾਬ ਵਿਚ ਆਪਣੀ ਸਰਕਾਰ ਬਣਾਵੇਗੀ। ਅਕਾਲੀ ਦਲ ਨਾਲ ਜੇਕਰ ਭਾਜਪਾ ਦਾ ਗਠਜੋੜ ਹੁੰਦਾ ਤਾਂ ਉਨ੍ਹਾਂ ਨੂੰ ਪੰਜਾਬ ਵਿਚ 5 ਤੋਂ 6 ਸੀਟਾਂ ਮਿਲ ਸਕਦੀਆਂ ਸਨ, ਇਸ 'ਤੇ ਹੰਸ ਨੇ ਕਿਹਾ ਕਿ ਗਠਜੋੜ ਨਾ ਹੋਣ 'ਤੇ ਦੋਵਾਂ ਦਾ ਨੁਕਸਾਨ ਤਾਂ ਹੋਇਆ ਹੀ ਹੈ। ਇਸ 'ਤੇ ਪਾਰਟੀ ਵੱਲੋਂ ਚਿੰਤਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਉਹ ਫਰੀਦਕੋਟ ਵਾਸੀਆਂ ਦੀ ਸੇਵਾ ਵਿਚ ਹਰ ਸਮੇਂ ਹਾਜਰ ਰਹਿਣਗੇ। ਉਹ ਜਦੋਂ ਵੀ ਉਨ੍ਹਾਂ ਨੂੰ ਬੁਲਾਉਣਗੇ ਤਾਂ ਉਹ ਉਥੇ ਜਰੂਰ ਜਾਣਗੇ। ਉਨ੍ਹਾਂ ਨੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਨਰਿੰਦਰ ਭਾਈ ਮੋਦੀ ਹੈਟ੍ਰਿਕ ਬਣਾਉਂਦੇ ਹੋਏ ਤੀਜੀ ਵਾਰ ਦੇਸ਼ ਦੇ ਪ੍ਰਧਾਨ ਮੰਤਰੀ ਅਹੁਦੇ ਦੀ ਸਹੁੰ ਚੁੱਕਣ ਜਾ ਰਹੇ ਹਨ, ਇਸ ਲਈ ਉਨ੍ਹਾਂ ਨੇ ਸਮੂਹ ਦੇਸ਼ਵਾਸੀਆਂ ਨੂੰ ਵਧਾਈ ਦਿੱਤੀ।

# ਜੰਮੂ ਦੀ 13 ਸਾਲਾ ਅਰਸੀਆ ਸਰਮਾ ਨੇ ਅਮਰੀਕਾ 'ਚ ਮਚਾਈ ਧੂਮ

ਏਜੰਸੀਆਂ

ਨਿਊਯਾਰਕ 9 ਜੂਨ। ਬੀਤੇਂ ਦਿਨ ਜੰਮੂ ਦੀ ਇਕ 13 ਸਾਲ ਦੀ ਧੀ ਨੇ ਅਮਰੀਕਾ ਵਿੱਚ 'ਅਮਰੀਕਾਜ ਗੌਟ ਟੈਲੇਂਟ' 'ਚ ਅਜਿਹਾ ਡਾਂਸ ਕੀਤਾ, ਜਿਸ ਨੇ ਸਭ ਨੂੰ ਹਿਲਾ ਕੇ ਰੱਖ ਦਿੱਤਾ। ਜੰਮੂ-ਕਸਮੀਰ ਦੀ ਰਹਿਣ ਵਾਲੀ 13 ਸਾਲ ਦੀ ਅਰਸੀਆ ਸਰਮਾ ਦੀ 'ਅਮਰੀਕਾਜ ਗੌਟ ਟੈਲੇਂਟ' 'ਚ ਉਸ ਦੇ ਡਾਂਸ ਦੀ ਇਨ੍ਹੀਂ ਦਿਨੀਂ ਸੋਸਲ ਮੀਡੀਆ 'ਤੇ ਇਕ ਵੀਡੀਓ ਵਾਇਰਲ ਹੋ ਰਹੀ ਹੈ। ਇਸ ਵੀਡੀਓ 'ਚ ਅਰਸ਼ੀਆ ਨੇ ਦੁਨੀਆ ਦੇ ਸਭ ਤੋਂ ਮਸਹੂਰ ਰਿਐਲਿਟੀ ਸੋਅ 'ਅਮਰੀਕਾਜ ਗੌਟ ਟੇਲੇਂਟ' 'ਚ ਆਪਣੇ ਡਾਂਸ ਮੂਵ ਨਾਲ ਸਭ ਨੂੰ ਹੈਰਾਨ ਕਰ ਦਿੱਤਾ ਹੈ। ਬੱਚੀ ਦੇ ਡਾਂਸ ਨੂੰ ਦੇਖ ਕੇ ਸੋਅ ਦੇ ਦਰਸਕ ਹੀ ਨਹੀਂ ਬਲਕਿ ਜੱਜ ਵੀ ਖੜ੍ਹੇ ਹੋ ਗਏ ਅਤੇ ਤਾੜੀਆਂ ਵਜਾਉਣ ਲੱਗੇ। ਅਸੀਂ ਗੱਲ ਕਰ ਰਹੇ ਹਾਂ ਅਰਸੀਆ ਸਰਮਾ ਦੀ, ਜੋ ਜੰਮੂ-ਕਸਮੀਰ ਦੀ ਰਹਿਣ ਵਾਲੀ ਹੈ। ਉਸ ਨੂੰ 'ਅਮਰੀਕਾਜ ਗੌਟ ਟੈਲੇਂਟ' ਦੇ ਅਗਲੇ ਦੌਰ ਲਈ ਚੁਣਿਆ ਗਿਆ ਹੈ। ਅਰਸੀਆ ਸਰਮਾ ਦੀ ਡਰਾਉਣੀ ਡਾਂਸ ਦੀ ਅਦਾਕਾਰੀ ਨੇ ਸਭ ਨੂੰ ਹੈਰਾਨ ਕਰ ਦਿੱਤਾ। 13 ਸਾਲਾ ਦੀ ਅਰਸੀਆ ਸਰਮਾ ਨੇ 'ਅਮਰੀਕਾਜ ਗੌਟ ਟੇਲੇਂਟ' ਦੇ ਸੀਜਨ-19 ਦੇ ਸਟੇਜ 'ਤੇ ਡਰਾਉਣੀ ਫ਼ਿਲਮ 'ਦ ਐਕਸੋਰਸਿਸਟ' ਤੋਂ ਪ੍ਰੇਰਿਤ ਡਾਂਸ ਕੀਤਾ। ਅਰਸੀਆ ਦੇ ਅਨੋਖੇ ਡਰਾਉਣੇ ਥੀਮ ਵਾਲੇ ਡਾਂਸ ਪਰਫਾਰਮੈਂਸ ਨੂੰ ਦੇਖ ਕੇ ਹਰ ਕੋਈ ਹੈਰਾਨ ਰਹਿ ਗਿਆ ਅਤੇ ਤਾੜੀਆਂ ਨਾਲ ਸਟੂਡੀਓ ਗੂੰਜ ਉੱਠਿਆ। ਅਰਸੀਆ ਦੇ ਡਾਂਸ ਦੇ ਐਪੀਸੋਡ ਦਾ ਪ੍ਰੀਮੀਅਰ ਬੀਤੇਂ ਦਿਨੀਂ 28 ਮਈ ਨੂੰ ਹੋਇਆ ਸੀ। ਅਰਸੀਆ ਸਰਮਾ ਦੇ ਇਸ ਵਾਇਰਲ ਡਾਂਸ ਪਰਫਾਰਮੈਂਸ ਦੇ ਵੀਡੀਓ ਵਿੱਚ ਜੰਮੂ ਦੀ ਇਸ ਕੁੜੀ ਨੇ ਆਪਣੇ ਆਪ ਨੂੰ ਬਦਲਿਆ ਅਤੇ ਫਿਰ ਆਪਣੀਆਂ ਹਰਕਤਾਂ ਨਾਲ ਸਭ ਨੂੰ ਹੈਰਾਨ ਕਰ



ਦਿੱਤਾ। ਇਸ ਸਬੰਧ ਵਿਚ ਅਰਸੀਆ ਦਾ ਕਹਿਣਾ ਹੈ ਕਿ ਉਹ ਦੂਜਿਆਂ ਤੋਂ ਵੱਖਰਾ ਦਿਖਾਉਣਾ ਚਾਹੁੰਦੀ ਸੀ। ਉਸ ਨੇ ਆਪਣੇ ਡਾਂਸ ਪ੍ਰਦਰਸਨ ਤੋਂ ਪਹਿਲਾਂ ਅਰਸੀਆ ਸਰਮਾ ਨੇ 'ਅਮਰੀਕਾਜ ਗੌਟ ਟੈਲੇਂਟ' ਦੇ ਜੱਜਾਂ ਨਾਲ ਗੱਲਬਾਤ ਕੀਤੀ ਅਤੇ ਆਪਣੀ ਜਾਣ-ਪਛਾਣ ਕਰਵਾਈ। ਅਰਸੀਆ ਨੇ ਕਿਹਾ, 'ਮੈਂ ਜੰਮੂ-ਕਸਮੀਰ, ਭਾਰਤ ਤੋਂ ਹਾਂ, ਮੈਂ ਇੱਕ ਡਾਂਸਰ ਹਾਂ ਪਰ ਮੈਂ ਦੂਜਿਆਂ ਵਰਗਾ ਨਹੀਂ ਬਣਨਾ ਚਾਹੁੰਦੀ। ਮੈਂ ਵੱਖਰਾ ਕਰਨਾ ਚਾਹੁੰਦੀ ਹਾਂ, ਇਸ ਲਈ ਮੈਂ ਜਿਮਨਾਸਟਿਕ ਸਿੱਖਿਆ ਅਤੇ ਆਪਣੇ ਡਾਂਸ ਵਿੱਚ ਲਚਕਤਾ ਨੂੰ ਸਾਮਲ ਕੀਤਾ। ਮੈਂ ਦੂਜਿਆਂ ਤੋਂ ਵੱਖਰਾ ਦਿਖਣ ਦੀ ਕੋਸ਼ਿਸ ਕਰਦੀ ਹਾਂ ਤਾਂ ਕਿ ਕੁਝ ਵੱਖਰਾ ਦਿਖਾ ਸਕਾਂ। ਅਰਸੀਆ ਨੇ ਇਹ ਵੀ ਦੱਸਿਆ ਕਿ ਉਹ ਪਹਿਲੀ ਵਾਰ ਭਾਰਤ ਤੋਂ ਬਾਹਰ ਪਰਫਾਰਮ ਕਰ ਰਹੀ ਹੈ। ਇਸ ਤੋਂ ਪਹਿਲਾਂ ਉਹ ਰਿਐਲਿਟੀ ਟੀਵੀ ਸੋਅ 'ਡਾਂਸ ਮਾਸਟਰ ਇੰਡੀਆ 2' ਅਤੇ 'ਡੀਆਈਡੀ ਲਿਟਲ ਮਾਸਟਰ' ਵਿੱਚ ਵੀ ਪ੍ਰਦਰਸਨ ਕਰ ਚੁੱਕੀ ਹੈ। ਦੱਸ ਦੇਈਏ ਕਿ ਅਰਸੀਆ ਸਰਮਾ ਸਾਨਦਾਰ ਐਕਟਿੰਗ ਵੀ ਕਰਦੀ ਹੈ। ਇਕ ਸਾਨਦਾਰ ਡਾਂਸਰ ਹੀ ਨਹੀਂ ਸਗੋਂ ਉਹ ਇਕ ਅਭਿਨੇਤਰੀ ਵੀ ਹੈ। ਇਨ੍ਹੀਂ ਦਿਨੀਂ ਅਰਸੀਆ ਟੈਲੀਵਿਜਨ ਸੀਰੀਅਲ 'ਮੰਗਲ ਲਕਸਮੀ' 'ਚ ਵੀ ਨਜਰ ਆ ਰਹੀ ਹੈ। ਸੋਅ 'ਚ ਅਰਸੀਆ ਮੁੱਖ ਕਿਰਦਾਰ ਮੰਗਲ ਦੀ ਬੇਟੀ ਈਸਾਨਾ ਦਾ ਕਿਰਦਾਰ ਨਿਭਾਅ ਰਹੀ ਹੈ। ਇਸ ਤੋਂ ਇਲਾਵਾ ਉਹ ਇੱਕ ਲਘੂ ਫ਼ਿਲਮ ਵਿੱਚ ਵੀ ਕੰਮ ਕਰ ਚੁੱਕੀ ਹੈ। ਡਾਂਸ ਦੇ ਨਾਲ-ਨਾਲ ਉਹ ਜਿਮਨਾਸਟਿਕ 'ਚ ਵੀ ਗੋਲਡ ਮੈਡਲ ਹਾਸਲ ਕਰ ਚੁੱਕੀ ਹੈ। ਅਰਸੀਆ ਨੇ 'ਅਮਰੀਕਾਜ ਗੌਟ ਟੈਲੇਂਟ' ਵਿੱਚ ਆਪਣੇ ਸਾਨਦਾਰ ਪ੍ਰਦਰਸਨ ਨਾਲ ਆਪਣੇ ਭਾਰਤ ਦਾ ਨਾਂ ਰੌਸਨ ਕੀਤਾ ਹੈ।

## ਰਾਸ਼ਨ ਕਾਰਡ ਧਾਰਕਾਂ ਲਈ ਅਹਿਮ ਖਬਰ, ਪੰਜਾਬ ਸਰਕਾਰ ਨੇ ਜਾਰੀ ਕੀਤੇ ਹੁਕਮ

ਚੰਡੀਗੜ੍ਹ/ਜਲੰਧਰ 9 ਜੂਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਹੈ ਕਿ ਸੂਬਾ ਸਰਕਾਰ ਘਰ-ਘਰ ਰਾਸਨ ਯੋਜਨਾ ਅਧੀਨ ਲਾਭਪਾਤਰੀਆਂ ਨੂੰ ਰਾਸਨ ਦੀ ਬਿਨਾਂ ਰੁਕਾਵਟ ਸਪਲਾਈ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਸਕੀਮ ਦਾ ਜਾਇਜਾ ਲੈਣ ਲਈ ਸੁੱਕਰਵਾਰ ਰੱਖੀ ਬੈਠਕ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੁਝ ਲੋਕ ਸਵਾਰਥੀ ਸਿਆਸੀ ਹਿੱਤਾਂ ਕਾਰਨ ਲੋਕਾਂ ਨੂੰ ਗੁੰਮਰਾਹ ਕਰਨ ਲਈ ਕੋਝੀਆਂ ਚਾਲਾਂ ਖੇਡ ਰਹੇ ਹਨ। ਉਨ੍ਹਾਂ ਇਹ ਅਫਵਾਹ ਫੈਲਾਈ ਹੈ ਕਿ ਸੂਬਾ ਸਰਕਾਰ ਨੇ ਰਾਸਨ 'ਚ ਭਾਰੀ ਕਟੌਤੀ ਕੀਤੀ ਹੈ। ਇਹ ਪੂਰੀ ਤਰ੍ਹਾਂ ਬੇਬੁਨਿਆਦ ਹੈ ਕਿਉਂਕਿ ਇਸ ਸਕੀਮ ਅਧੀਨ ਸਾਰੇ ਲਾਭਪਾਤਰੀਆਂ ਨੂੰ ਇਹ ਸਹੂਲਤ ਮਿਲ ਰਹੀ ਹੈ । ਉਨ੍ਹਾਂ ਨੂੰ ਪੂਰਾ ਰਾਸਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ 'ਚ 40.19 ਲੱਖ ਰਾਸਨ ਕਾਰਡਾਂ ਰਾਹੀਂ 1.54 ਕਰੋੜ ਲਾਭਪਾਤਰੀ ਰਾਸਨ ਪ੍ਰਾਪਤ ਕਰ ਰਹੇ ਹਨ। ਇਹ ਸਹੂਲਤ ਹਰ ਹਾਲਤ 'ਚ ਜਾਰੀ ਰਹੇਗੀ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਹੁਣ ਲਾਭਪਾਤਰੀਆਂ ਦੇ ਘਰਾਂ ਦੇ ਨੇੜੇ ਹੀ ਰਾਸਨ ਵੰਡ ਕੇ ਇਕ ਨਵੇਂ ਯੁੱਗ ਦੀ ਸੁਰੂਆਤ ਕੀਤੀ ਗਈ ਹੈ। ਇਸ ਨਾਲ ਜਿੱਥੇ ਲੋਕਾਂ ਨੂੰ ਪੌਸਟਿਕ ਭੋਜਨ ਦੀ ਵਿਵਸਥਾ ਯਕੀਨੀ ਹੋਵੇਗੀ, ਉੱਥੇ ਹੀ ਉਨ੍ਹਾਂ ਦਾ ਸਮਾਂ, ਪੈਸਾ ਅਤੇ ਊਰਜਾ ਦੀ ਵੀ ਬੱਚਤ ਹੋਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਉਹ ਇਸ ਸਬੰਧੀ ਪਹਿਲਾਂ ਹੀ ਸੂਬੇ ਦੇ ਸਾਰੇ ਡਿਪਟੀ ਕਮਿਸਨਰਾਂ ਤੋਂ ਰਿਪੋਰਟ ਮੰਗ ਚੁੱਕੇ ਹਨ ਤਾਂ ਜੋ ਲਾਭਪਾਤਰੀਆਂ ਨੂੰ ਇਸ ਸਕੀਮ ਦਾ ਲਾਭ ਮਿਲ ਸਕੇ। ਸਮੁੱਚੇ ਪੰਜਾਬ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਸਥਾਪਿਤ ਮਾਡਲ ਫੇਅਰ ਪ੍ਰਾਈਸ ਸਾਪਸ ਰਾਹੀਂ ਲਾਭਪਾਤਰੀਆਂ ਨੂੰ ਰਾਸਨ ਵੰਡਿਆ ਜਾ ਰਿਹਾ ਹੈ। 40.19 ਲੱਖ ਰਾਸਨ ਕਾਰਡਾਂ ਰਾਹੀਂ 1.54 ਕਰੋੜ ਲਾਭਪਾਤਰੀ ਰਾਸਨ ਪ੍ਰਾਪਤ ਕਰ ਰਹੇ ਹਨ। ਇਹ ਸਹੂਲਤ ਹਰ ਹਾਲਤ 'ਚ ਜਾਰੀ ਰਹੇਗੀ।

## ਸ਼੍ਰੀ ਅਨੰਦਪੁਰ ਸਾਹਿਬ ਤੋਂ ਭਾਜਪਾ ਉਮੀਦਵਾਰ ਨੇ ਚੋਣ ਨਤੀਜਿਆਂ 'ਤੇ ਜਤਾਈ ਤਸੱਲੀ

ਮੋਹਾਲੀ 9 ਜੂਨ। ਸ੍ਰੀ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਵਜੋਂ ਚੋਣ ਲੜਨ ਵਾਲੇ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਡਾ: ਸੁਭਾਸ ਸਰਮਾ ਨੇ ਚੋਣਾਂ ਦੇ ਨਤੀਜਿਆਂ 'ਤੇ ਤਸੱਲੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ 20 ਦਿਨਾਂ ਦੇ ਥੋੜ੍ਹੇ ਸਮੇਂ ਦੇ ਬਾਵਜੂਦ ਪਾਰਟੀ ਨੇ ਪ੍ਰਭਾਵਸਾਲੀ ਪ੍ਰਚਾਰ ਕੀਤਾ ਅਤੇ ਵਿਧਾਨ ਸਭਾ ਚੋਣਾਂ ਨਾਲੋਂ ਲਗਭਗ ਤਿੰਨ ਗੁਣਾ ਵੱਧ ਵੋਟਾਂ ਪ੍ਰਾਪਤ ਕੀਤੀਆਂ। ਉਨ੍ਹਾਂ ਪਾਰਟੀ ਦੀ ਸਾਨਦਾਰ ਕਾਰਗੁਜਾਰੀ ਲਈ ਭਾਜਪਾ ਵਰਕਰਾਂ ਅਤੇ ਵੋਟਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਭਾਜਪਾ ਨੇ ਹੁਣ ਆਉਣ ਵਾਲੀਆਂ ਪੰਚਾਇਤ ਅਤੇ ਬਲਾਕ ਸੰਮਤੀ ਚੋਣਾਂ ਦੀ ਤਿਆਰੀ ਸੁਰੂ ਕਰ ਦਿੱਤੀ ਹੈ। ਅਗਲੇ ਚਾਰ ਮਹੀਨਿਆਂ ਵਿੱਚ ਸ੍ਰੀ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਦੇ ਹਰ ਵਿਧਾਨ ਸਭਾ ਹਲਕੇ ਅਤੇ ਪਿੰਡਾਂ ਵਿੱਚ ਮੀਟਿੰਗਾਂ ਕਰ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਜਾਵੇਗਾ ਤਾਂ ਜੋ ਲੋਕਾਂ ਦਾ ਭਰੋਸਾ ਬਰਕਰਾਰ ਰੱਖਿਆ ਜਾ ਸਕੇ। ਸ੍ਰੀ ਅਨੰਦਪੁਰ ਸਾਹਿਬ ਲੋਕ ਸਭਾ ਹਲਕੇ ਦੇ ਵਿਕਾਸ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਮੋਹਾਲੀ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਵੋਟਰਾਂ ਦਾ ਧੰਨਵਾਦ



ਕਰਦਿਆਂ ਸੁਭਾਸ ਸਰਮਾ ਨੇ ਕਿਹਾ ਕਿ ਬੇਸੱਕ ਅਸੀਂ ਚੋਣਾਂ ਹਾਰ ਗਏ ਹਾਂ, ਪਰ ਅਸੀਂ ਚੋਣਾਂ ਤੋਂ ਪਹਿਲਾਂ ਜਾਰੀ ਕੀਤੇ ਚੋਣ ਮਨੋਰਥ ਪੱਤਰ 'ਤੇ ਗੰਭੀਰਤਾ ਨਾਲ ਕੰਮ ਕਰਾਂਗੇ। ਪੰਜਾਬ ਵਿੱਚ ਭਾਜਪਾ ਦੀ ਕਾਰਗੁਜਾਰੀ ਬਾਰੇ ਗੱਲ ਕਰਦਿਆਂ ਡਾ: ਸਰਮਾ ਨੇ ਕਿਹਾ ਕਿ ਸੂਬੇ ਵਿੱਚ ਉਨ੍ਹਾਂ ਦੀ ਵੋਟ ਪ੍ਰਤੀਸਤਤਾ 6 ਤੋਂ ਵੱਧ ਕੇ ਲਗਭਗ 19 ਹੋ ਗਈ ਹੈ ਜੋ ਕਿ ਤਿੰਨ ਗੁਣਾ ਹੈ। ਉਨ੍ਹਾਂ ਕਿਹਾ ਕਿ ਹੁਣ ਭਾਜਪਾ ਆਗੂਆਂ ਤੇ ਵਰਕਰਾਂ ਨੇ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਤਿਆਰੀ ਸੁਰੂ ਕਰ ਦਿੱਤੀ ਹੈ। ਜੇਕਰ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਚਾਇਤ ਜਾਂ ਨਗਰ ਨਿਗਮ ਦੀਆਂ ਚੋਣਾਂ ਹੁੰਦੀਆਂ ਹਨ ਤਾਂ ਭਾਜਪਾ ਉਸ ਵਿੱਚ ਵੀ ਜਰੂਰ ਹਿੱਸਾ ਲਵੇਗੀ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਮੁਹਾਲੀ ਭਾਜਪਾ ਦੇ ਪ੍ਰਧਾਨ ਸੰਜੀਵ ਵਸ਼ਿਸਟ, ਸੂਬਾ ਸਕੱਤਰ ਭਾਨੂ ਪ੍ਰਤਾਪ ਰਾਣਾ, ਸਹਿ-ਖਜਾਨਚੀ ਸੁਖਵਿੰਦਰ ਗੋਲਡੀ ਅਤੇ ਪੰਜਾਬ ਭਾਜਪਾ ਮੀਡੀਆ ਇੰਚਾਰਜ ਹਰਦੇਵ ਉੱਭਾ ਆਦਿ ਹਾਜਰ ਸਨ।

# ਨਵੀਂ ਕੇਂਦਰ ਸਰਕਾਰ 'ਚ ਨਵਾਂ ਮੰਤਰੀ ਆਉਣ 'ਤੇ ਤੇਜ ਹੋ ਸਕਦੀ ਹੈ ਜਲੰਧਰ ਸਮਾਰਟ ਸਿਟੀ ਦੇ ਘਪਲਿਆਂ ਦੀ ਜਾਂਚ

ਸਰਦੂਲ ਸਿੰਘ

ਜਲੰਧਰ 9 ਜੂਨ। ਕੰਟਰੋਲਰ ਐਂਡ ਆਡਿਟਰ ਜਨਰਲ ਆਫ ਇੰਡੀਆ (ਕੈਗ) ਦੀ ਇਕ ਟੀਮ ਨੇ ਸੀਨੀਅਰ ਆਡਿਟ ਆਫਿਸਰ ਸ਼ਸ਼ੀ ਕੁਮਾਰ ਦੀ ਅਗਵਾਈ ਵਿਚ ਜਲੰਧਰ ਸਮਾਰਟ ਸਿਟੀ ਦੇ 2015-16 ਤੋਂ ਲੈ ਕੇ 2022-23 ਤਕ ਦੇ ਖਾਤਿਆਂ ਦਾ ਆਡਿਟ ਕਰਕੇ ਜੋ ਰਿਪੋਰਟ ਤਿਆਰ ਕੀਤੀ ਹੈ, ਉਸ ਨਾਲ ਜਲੰਧਰ ਸਮਾਰਟ ਸਿਟੀ ਵਿਚ ਉਨ੍ਹਾਂ ਘਪਲਿਆਂ ਦੇ ਕਈ ਸਬੂਤ ਸਾਹਮਣੇ ਆ ਗਏ ਹਨ, ਜਿਨ੍ਹਾਂ ਸਬੰਧੀ ਕਈ ਸਾਲਾਂ ਤੋਂ ਦੋਸ਼ ਲੱਗ ਰਹੇ ਹਨ। ਕੈਗ ਦੀ ਇਸ ਰਿਪੋਰਟ ਤੋਂ ਪਤਾ ਲੱਗਦਾ ਹੈ ਕਿ ਜਲੰਧਰ ਸਮਾਰਟ ਸਿਟੀ ਵਿਚ ਸਭ ਤੋਂ ਜ਼ਿਆਦਾ ਘਪਲੇ 2021 ਅਤੇ 2022 ਵਿਚ ਹੋਏ, ਜਦੋਂ ਪੰਜਾਬ ਅਤੇ ਜਲੰਧਰ ਨਿਗਮ ਵਿਚ ਕਾਂਗਰਸ ਦੀ ਸਰਕਾਰ ਸੀ। ਉਨ੍ਹਾਂ 2 ਸਾਲਾਂ ਦੌਰਾਨ ਖਰਚ 535 ਕਰੋੜ ਤੋਂ ਵੀ ਜ਼ਿਆਦਾ ਹੋ ਗਿਆ। ਰਿਪੋਰਟ ਵਿਚ ਸਾਫ ਲਿਖਿਆ ਹੈ ਕਿ ਕਿਸ ਤਰ੍ਹਾਂ ਚਹੇਤੇ ਠੇਕੇਦਾਰਾਂ ਨੂੰ ਵਾਰ-ਵਾਰ ਫਾਇਦਾ ਪਹੁੰਚਾਇਆ ਗਿਆ ਅਤੇ ਅੱਖਾਂ ਬੰਦ ਕਰਕੇ ਉਨ੍ਹਾਂ ਦੀ ਪੇਮੈਂਟ ਕੀਤੀ ਗਈ। ਅਜਿਹਾ ਕਰਕੇ ਕਿਸ ਤਰ੍ਹਾਂ ਸਰਕਾਰੀ ਅਫਸਰਾਂ ਨੇ ਸਰਕਾਰੀ ਖਜਾਨੇ ਨੂੰ ਵਿੱਤੀ ਨੁਕਸਾਨ ਪਹੁੰਚਾਇਆ। ਪਿਛਲੇ 10 ਸਾਲਾਂ ਦੌਰਾਨ ਜਲੰਧਰ ਸਮਾਰਟ ਸਿਟੀ ਵਿਚ ਹੋਏ ਕਰੋੜਾਂ ਰੁਪਏ ਦੇ ਘਪਲਿਆਂ ਦਾ ਮੁੱਦਾ ਕੇਂਦਰ ਸਰਕਾਰ ਕੋਲ ਪਹੁੰਚ ਚੁੱਕਾ ਹੈ ਅਤੇ ਕੇਂਦਰ ਸਰਕਾਰ ਨੇ ਕੁਝ ਮਹੀਨੇ ਪਹਿਲਾਂ ਜਲੰਧਰ ਵਿਚ ਇਕ ਟੀਮ ਭੇਜ ਕੇ ਸਮਾਰਟ ਸਿਟੀ ਵਿਚ ਹੋਏ ਘਪਲਿਆਂ ਸਬੰਧੀ ਕਾਫੀ ਵੇਰਵਾ ਜੁਟਾ ਵੀ ਲਿਆ ਸੀ। ਕੇਂਦਰ ਸਰਕਾਰ ਤਕ ਇਹ ਮਾਮਲਾ ਤਤਕਾਲੀਨ ਮੰਤਰੀ ਅਰਜੁਨ ਰਾਮ ਮੇਘਵਾਲ, ਅਨੁਰਾਗ ਠਾਕੁਰ ਅਤੇ ਹਰਦੀਪ ਸਿੰਘ ਪੁਰੀ ਆਦਿ ਵੱਲੋਂ ਪਹੁੰਚਾਇਆ ਗਿਆ ਸੀ ਪਰ ਹੁਣ ਜਿਸ ਤਰ੍ਹਾਂ ਨਵੀਂ ਕੇਂਦਰ ਸਰਕਾਰ ਦਾ ਗਠਨ ਹੋਣ ਜਾ ਰਿਹਾ ਹੈ ਅਤੇ ਉਸ ਸਰਕਾਰ ਵਿਚ ਕੇਂਦਰੀ ਮੰਤਰੀ ਵੀ ਨਵੇਂ ਹੋਣਗੇ, ਇਸ ਲਈ ਮੰਨਿਆ ਜਾ ਰਿਹਾ ਹੈ ਕਿ ਜਲਦ ਹੀ ਕੇਂਦਰੀ ਪੱਧਰ 'ਤੇ ਜਲੰਧਰ ਸਮਾਰਟ ਸਿਟੀ ਸਕੈਂਡਲ ਦੀ ਜਾਂਚ ਦਾ ਕੰਮ ਤੇਜ ਹੋ ਜਾਵੇਗਾ। ਕੈਗ ਦੀ ਰਿਪੋਰਟ ਵਿਚ ਇਹ ਸਾਫ ਹੋ ਚੁੱਕਾ ਹੈ ਕਿ ਜਲੰਧਰ ਸਮਾਰਟ ਸਿਟੀ ਦੇ ਜ਼ਿਆਦਾਤਰ ਪ੍ਰਾਜੈਕਟਾਂ ਵਿਚ ਗੜਬੜੀ ਹੋਈ। ਕੈਗ ਰਿਪੋਰਟ ਤਾਂ ਇਹ ਵੀ ਦੱਸ ਚੁੱਕੀ ਹੈ ਕਿ ਜ਼ਿਆਦਾ ਗੜਬੜੀ ਕਿਸ ਅਫਸਰ ਦੇ ਕਾਰਜਕਾਲ ਵਿਚ ਹੋਈ, ਕਦੋਂ-ਕਦੋਂ ਹੋਈ, ਕਿੰਨੇ ਦੀ ਹੋਈ ਅਤੇ ਕਿਵੇਂ-ਕਿਵੇਂ ਹੋਈ। ਇਸ ਲਈ ਮੰਨਿਆ ਜਾ




ਰਿਹਾ ਹੈ ਕਿ ਪੰਜਾਬ ਸਰਕਾਰ ਨੂੰ ਵੀ ਕੈਗ ਰਿਪੋਰਟ ਦੇ ਆਧਾਰ 'ਤੇ ਕਾਰਵਾਈ ਕਰਨੀ ਪਵੇਗੀ। ਵੈਸੇ ਵੀ ਸਟੇਟ ਵਿਜੀਲੈਂਸ ਇਸ ਮਾਮਲੇ ਵਿਚ ਜਾਂਚ ਸ਼ੁਰੂ ਕਰ ਚੁੱਕੀ ਹੈ। ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲਗਭਗ 2 ਸਾਲ ਪਹਿਲਾਂ ਸਮਾਰਟ ਸਿਟੀ ਦੇ ਸਾਰੇ ਪ੍ਰਾਜੈਕਟਾਂ ਦੀ ਜਾਂਚ ਦਾ ਜ਼ਿੰਮਾ ਸਟੇਟ ਵਿਜੀਲੈਂਸ ਨੂੰ ਸੌਂਪਿਆ ਸੀ। ਵਿਜੀਲੈਂਸ ਦੇ ਜਲੰਧਰ ਬਿਊਰੋ ਨੇ ਇਸ ਦਿਸ਼ਾ ਵਿਚ ਜਾਂਚ ਸ਼ੁਰੂ ਵੀ ਕਰ ਰੱਖੀ ਹੈ। ਵਿਜੀਲੈਂਸ ਦੇ ਅਧਿਕਾਰੀਆਂ ਨੇ ਸਮਾਰਟ ਸਿਟੀ ਜਲੰਧਰ ਆਫਿਸ ਜਾ ਕੇ ਉਨ੍ਹਾਂ ਅਫਸਰਾਂ ਦਾ ਰਿਕਾਰਡ ਜੁਟਾ ਲਿਆ ਹੈ, ਜੋ ਪ੍ਰਾਜੈਕਟਾਂ ਸਮੇਂ ਤਾਇਨਾਤ ਰਹੇ। ਵਿਜੀਲੈਂਸ ਵੱਲੋਂ ਹੁਣ ਜਾਂਚ ਕੰਮ ਵਿਚ ਪੰਜਾਬ ਸਰਕਾਰ ਵੱਲੋਂ ਉਪਲੱਬਧ ਕਰਵਾਈਆਂ ਜਾ ਰਹੀਆਂ ਟੈਕਨੀਕਲਾਂ ਟੀਮਾਂ ਦਾ ਸਹਿਯੋਗ ਲਿਆ ਜਾਵੇਗਾ। ਮੰਨਿਆ ਜਾ ਰਿਹਾ ਹੈ ਕਿ ਵਿਜੀਲੈਂਸ ਅਤੇ ਟੈਕਨੀਕਲ ਟੀਮਾਂ ਨਾਲ ਜੁੜੇ ਅਧਿਕਾਰੀ ਪ੍ਰਾਜੈਕਟਾਂ ਦੀ ਸਾਈਟ 'ਤੇ ਜਾ ਕੇ ਟੈਕਨੀਕਲ ਰਿਪੋਰਟ ਤਿਆਰ ਕਰਨਗੇ, ਜਿਸ ਦੇ ਆਧਾਰ 'ਤੇ ਐੱਫ. ਆਈ. ਆਰ. ਦਰਜ ਕੀਤੀ ਜਾਵੇਗੀ। ਜਲੰਧਰ ਸਮਾਰਟ ਸਿਟੀ ਦੇ ਘਪਲਿਆਂ ਸਬੰਧੀ ਕਈ ਫਾਈਲਾਂ ਵਿਜੀਲੈਂਸ ਬਿਊਰੋ ਦੇ ਜਲੰਧਰ ਯੂਨਿਟ ਕੋਲ ਪਈਆਂ ਹੋਈਆਂ ਹਨ। ਅਜਿਹੇ ਵਿਚ ਜਲੰਧਰ ਸਮਾਰਟ ਸਿਟੀ ਅਤੇ ਜਲੰਧਰ ਨਗਰ ਨਿਗਮ ਵਿਚ ਕੰਮ ਕਰ ਰਹੇ ਅਫਸਰਾਂ ਵਿਚ ਵਿਜੀਲੈਂਸ ਦਾ ਡਰ ਬਣਿਆ ਹੋਇਆ ਹੈ। ਅਜਿਹੇ ਵਿਚ ਕੋਈ ਵੀ ਅਫਸਰ ਸਮਾਰਟ ਸਿਟੀ ਦੀ ਕਿਸੇ ਵੀ ਫਾਈਲ ਨੂੰ ਹੱਥ ਨਹੀਂ ਲਗਾ ਰਿਹਾ ਤਾਂ ਜੋ ਉਸ ਨੂੰ ਬਾਅਦ ਵਿਚ ਵਿਜੀਲੈਂਸ ਦੀ ਪੁੱਛਗਿੱਛ ਦਾ ਸ਼ਿਕਾਰ ਨਾ ਹੋਣਾ ਪਵੇ। ਇਸੇ ਕਾਰਨ ਸਮਾਰਟ ਸਿਟੀ ਦੇ ਜ਼ਿਆਦਾਤਰ ਪ੍ਰਾਜੈਕਟ ਲਟਕੇ ਹੋਏ ਹਨ। ਅਧੂਰੇ ਪ੍ਰਾਜੈਕਟਾਂ ਕਾਰਨ ਲੋਕ ਪ੍ਰੇਸ਼ਾਨ ਹੋ ਰਹੇ ਹਨ। ਸਮਾਰਟ ਸਿਟੀ ਪ੍ਰਾਜੈਕਟਾਂ ਨੂੰ ਲੈ ਕੇ ਆ ਰਹੀਆਂ ਸ਼ਿਕਾਇਤਾਂ ਕਾਰਨ ਕਾਂਗਰਸ ਸਰਕਾਰ ਦੇ ਸਮੇਂ ਪੰਜਾਬ ਸਰਕਾਰ ਵੱਲੋਂ ਨਿਯੁਕਤ ਥਰਡ ਪਾਰਟੀ ਏਜੰਸੀ ਸ਼੍ਰੀਖੰਡੇ ਕੰਸਲਟੈਂਸੀ ਨੇ ਸਮਾਰਟ ਸਿਟੀ ਦੇ ਕੁਝ ਪ੍ਰਾਜੈਕਟਾਂ ਦਾ ਥਰਡ ਪਾਰਟੀ ਆਡਿਟ ਕਰਕੇ ਕਈ ਕਮੀਆਂ ਕੱਢੀਆਂ ਸਨ ਪਰ ਉਨ੍ਹਾਂ ਕਮੀਆਂ ਨੂੰ ਵੀ ਦੂਰ ਨਹੀਂ ਕੀਤਾ ਗਿਆ ਅਤੇ ਨਾ ਹੀ ਉਸ ਰਿਪੋਰਟ ਨੂੰ ਗੰਭੀਰਤਾ ਨਾਲ ਲਿਆ ਗਿਆ। ਹੁਣ ਕੈਗ ਰਿਪੋਰਟ ਵਿਚ ਵੀ ਅਜਿਹੀਆਂ ਹੀ ਗੜਬੜੀਆਂ ਦਾ ਜ਼ਿਕਰ ਹੈ।